ਮੰਗਲਵਾਰ, 21 ਅਪ੍ਰੈਲ, 2026
8 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 320

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • TUESDAY, 21 APRIL, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਟਰੰਪ ਦੀ ਮੁਨੀਰ ਨਾਲ ਲੰਮੀ ਗੱਲਬਾਤ

**ਇਸਲਾਮਾਬਾਦ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਮਵਾਰ ਪਾਕਿਸਤਾਨੀ ਆਰਮੀ ਚੀਫ ਆਸਿਮ ਮੁਨੀਰ ਨਾਲ ਗੱਲਬਾਤ ਕੀਤੀ, ਜਿਸ ਵਿੱਚ ਮੁਨੀਰ ਨੇ ਕਿਹਾ ਕਿ ਅਮਰੀਕਾ ਨੇ ਹਾਰਮੁਜ਼ ਜਲਡਮਰੂ ਦੀ ਨਾਕਾਬੰਦੀ ਖਤਮ ਨਾ ਕੀਤੀ ਤਾਂ ਈਰਾਨ ਨਾਲ ਗੱਲ ਹੋਣੀ ਮੁਸ਼ਕਲ ਹੈ। ਪਾਕਿਸਤਾਨੀ ਰੱਖਿਆ ਸੂਤਰ ਮੁਤਾਬਕ ਟਰੰਪ ਨੇ ਕਿਹਾ ਕਿ ਉਹ ਇਸ 'ਤੇ ਵਿਚਾਰ ਕਰਨਗੇ। ਸੂਤਰ ਮੁਤਾਬਕ ਦੋਹਾਂ ਵਿਚਾਲੇ ਇਸ ਮੁੱਦੇ 'ਤੇ ਵਿਸਥਾਰ ਵਿੱਚ ਚਰਚਾ ਹੋਈ।

ਈਰਾਨ ਨੇ ਅਮਰੀਕਾ ਵੱਲੋਂ ਉਸ ਦੇ ਜਹਾਜ਼ ਟੂਸਕਾ ਨੂੰ ਕਬਜ਼ੇ ਵਿੱਚ ਲੈਣ 'ਤੇ ਸਖਤ ਨਾਰਾਜ਼ਗੀ ਜਤਾਈ ਹੈ ਤੇ ਇਸ ਨੂੰ ਸਮੁੰਦਰੀ ਡਾਕਾ ਕਰਾਰ ਦਿੰਦਿਆਂ ਛੇਤੀ ਹੀ ਜਵਾਬ ਦੇਣ ਦੀ ਗੱਲ ਕਹੀ ਹੈ।

ਉਧਰ, ਖਾੜੀ ਦੇ ਪ੍ਰਸਿੱਧ ਚੈਨਲ ਅਲ ਜਜ਼ੀਰਾ ਨੇ ਕਿਹਾ ਹੈ ਕਿ ਈਰਾਨ ਤੇ ਅਮਰੀਕਾ ਵਿਚਾਲੇ ਹੋਣ ਵਾਲੀ ਗੱਲਬਾਤ ਕਈ ਦਿਨ ਚੱਲ ਸਕਦੀ ਹੈ। ਕੋਸ਼ਿਸ਼ ਇਹੀ ਹੈ ਕਿ ਇੱਕ


ਇਸਲਾਮਾਬਾਦ ਦਾ ਸੇਰੇਨਾ ਹੋਟਲ, ਜਿੱਥੇ ਅਮਰੀਕਾ ਤੇ ਈਰਾਨ ਵਿਚਾਲੇ ਗੱਲਬਾਤ ਹੋਣ ਦੀ ਉਮੀਦ ਸੀ।

ਆਰਜ਼ੀ ਕਰਾਰ ਹੋ ਜਾਵੇ, ਤਾਂ ਕਿ ਜੰਗਬੰਦੀ ਅੱਗੇ ਵਧ ਸਕੇ ਅਤੇ ਕਰੀਬ 60 ਦਿਨ ਦਾ ਹੋਰ ਸਮਾਂ ਮਿਲ ਜਾਵੇ, ਤਾਂ ਕਿ ਸਮਝੌਤਾ ਤਿਆਰ ਹੋ ਸਕੇ।

ਰੂਸ ਨੇ ਕਿਹਾ ਕਿ ਗੱਲਬਾਤ ਜਾਰੀ ਰਹਿਣੀ ਚਾਹੀਦੀ ਹੈ। ਗੱਲਬਾਤ ਨਾਲ ਹੀ ਤਣਾਅ ਘਟੇਗਾ। ਰੂਸ ਨੇ ਕਿਹਾ ਕਿ ਉਹ ਵਿਚੋਲਗਿਰੀ ਨਹੀਂ ਕਰ ਰਿਹਾ, ਪਰ ਪੁਰਅਮਨ ਹੱਲ ਵਿੱਚ ਹਰ ਸੰਭਵ ਮਦਦ ਕਰਨ ਲਈ ਤਿਆਰ ਹੈ। ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਸਾਊਦੀ ਅਰਬ ਦੇ ਸ਼ਹਿਜ਼ਾਦੇ ਨਾਲ ਗੱਲਬਾਤ ਵਿੱਚ ਮੱਧ-ਪੂਰਬ 'ਚ ਜਾਰੀ ਤਣਾਅ ਦਰਮਿਆਨ ਫੌਰੀ ਤੇ ਵਿਆਪਕ ਜੰਗਬੰਦੀ 'ਤੇ ਜ਼ੋਰ ਦਿੱਤਾ ਹੈ। ਉਨ੍ਹਾ ਕਿਹਾ ਕਿ ਖੇਤਰੀ ਵਿਵਾਦਾਂ ਦਾ ਹੱਲ ਸਿਆਸੀ ਤੇ ਕੂਟਨੀਤਕ ਮਾਧਿਅਮਾਂ ਨਾਲ ਕੱਢਿਆ ਜਾਣਾ ਚਾਹੀਦਾ ਹੈ। ਇਸੇ ਦੌਰਾਨ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨੇ ਸਾਊਦੀ ਅਰਬ ਪਹੁੰਚ ਕੇ ਉੱਥੋਂ ਦੇ ਵਿਦੇਸ਼ ਮੰਤਰੀ, ਊਰਜਾ ਮੰਤਰੀ ਤੇ ਕੌਮੀ ਸੁਰੱਖਿਆ ਸਲਾਹਕਾਰ ਨਾਲ ਗੱਲਬਾਤ ਕੀਤੀ ਹੈ।

## ਮੋਹਾਲੀ 'ਚ ਸਥਾਪਤ ਹੋਵੇਗਾ ਵਿਸ਼ਵ ਪੱਧਰੀ ਆਰ ਐਂਡ ਡੀ ਸੈਂਟਰ : ਮਾਨ

### ਦਿੱਗਜ ਟੈਕਨਾਲੋਜੀ ਕੰਪਨੀਆਂ ਨੂੰ ਪੰਜਾਬ 'ਚ ਨਿਵੇਸ਼ ਦਾ ਸੱਦਾ

**ਐਮਸਟਰਡਮ** : ਪੰਜਾਬ ਨੂੰ ਗਲੋਬਲ ਸੈਮੀਕੰਡਕਟਰ ਅਤੇ ਐਡਵਾਂਸਡ ਇਲੈਕਟ੍ਰਾਨਿਕਸ ਈਕੋਸਿਸਟਮ ਖੇਤਰ ਵਿੱਚ ਮੋਹਰੀ ਕਤਾਰ 'ਚ ਖੜ੍ਹਾ ਕਰਨ ਲਈ ਮਹੱਤਵਪੂਰਨ ਯਤਨ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਟੋਮੋਟਿਵ ਅਤੇ ਸਕਿਓਰ ਕੁਨੈਕਟੀਵਿਟੀ ਸੈਮੀਕੰਡਕਟਰ ਸਲਿਊਸ਼ਨਜ਼ ਦੇ ਖੇਤਰ ਵਿੱਚ ਗਲੋਬਲ



ਲੀਡਰ ਅਤੇ ਬਹੁਕੌਮੀ ਤਕਨਾਲੋਜੀ ਮੋਹਰੀ ਕੰਪਨੀ ਐਨ ਐਕਸ ਪੀ ਸੈਮੀਕੰਡਕਟਰਜ਼ ਨੂੰ ਮੋਹਾਲੀ ਵਿੱਚ ਇੱਕ ਖੋਜ ਅਤੇ ਵਿਕਾਸ (ਆਰ ਐਂਡ ਡੀ) ਕੇਂਦਰ ਸਥਾਪਤ ਕਰਨ ਦੀ ਸੰਭਾਵਨਾ ਦੀ ਪੜਚੋਲ ਕਰਨ ਦਾ ਸੱਦਾ ਦਿੱਤਾ ਹੈ।ਇਹ ਕਦਮ ਇਲੈਕਟ੍ਰਾਨਿਕਸ ਸਿਸਟਮ ਡਿਜ਼ਾਇਨ, ਆਈਟੀ ਅਤੇ ਅਤਿ ਆਧੁਨਿਕ ਮੋਬਿਲਟੀ ਸਲਿਊਸ਼ਨਜ਼ ਵਿੱਚ ਮੋਹਾਲੀ ਦੀ ਮੁੱਖ ਕੇਂਦਰ ਵਜੋਂ ਉੱਭਰ ਰਹੀ ਸਥਿਤੀ ਦਾ ਲਾਭ ਉਠਾ ਕੇ ਨਿਵੇਸ਼ਾਂ ਨੂੰ ਆਕਰਸ਼ਿਤ ਕਰਨ, ਆਪਣੇ ਇਨੋਵੇਸ਼ਨ ਈਕੋਸਿਸਟਮ ਨੂੰ ਮਜ਼ਬੂਤ ਕਰਨ ਅਤੇ ਸੂਬੇ ਨੂੰ ਗਲੋਬਲ ਸੈਮੀਕੰਡਕਟਰ ਵੈਲਯੂ ਚੇਨ ਵਿੱਚ ਸ਼ਾਮਲ ਕਰਨ ਲਈ ਪੰਜਾਬ ਸਰਕਾਰ ਦੀ ਕੇਂਦਰਿਤ ਰਣਨੀਤੀ ਦਾ ਹਿੱਸਾ ਹੈ।ਐਨ.ਐਕਸ.ਪੀ. ਸੈਮੀਕੰਡਕਟਰਜ਼ ਨੀਦਰਲੈਂਡ ਦੇ ਕਾਰਜਕਾਰੀ ਡਾਇਰੈਕਟਰ ਅਤੇ ਕੰਟਰੀ ਮੈਨੇਜਰ ਮੌਰਿਸ ਗੇਰੇਟਸ ਅਤੇ ਐਨ.ਐਕਸ.ਪੀ. ਸੈਮੀਕੰਡਕਟਰਜ਼ ਦੇ ਪਬਲਿਕ ਪਾਲਿਸੀ ਹੈੱਡ ਡਾ. ਅੰਕਿਤ ਪਾਲ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਐਡਵਾਂਸਡ ਇਲੈਕਟ੍ਰਾਨਿਕਸ, ਸੈਮੀਕੰਡਕਟਰ ਡਿਜ਼ਾਇਨ ਅਤੇ ਨਵੀਨ ਖੋਜ-ਅਧਾਰਤ ਈਕੋਸਿਸਟਮ ਵਿੱਚ ਸਹਿਯੋਗ ਦੇ ਮੌਕੇ ਲੱਭਣ ਲਈ ਕਿਹਾ।ਮੁੱਖ ਮੰਤਰੀ ਨੇ ਨਿਅਰ ਫੀਲਡ ਕਮਿਊਨੀਕੇਸ਼ਨ (ਐਨਐਫਸੀ), ਐਡਵਾਂਸਡ ਡਰਾਈਵਰ ਅਸਿਸਟੈਂਸ ਸਿਸਟਮ (ਏਡੀਏਐਸ) ਅਤੇ ਸਕਿਓਰ ਕੁਨੈਕਟੀਵਿਟੀ ਤਕਨਾਲੋਜੀਆਂ, ਜੋ • ਬਾਕੀ ਸਫਾ 2 'ਤੇ

## ਬੇਅਦਬੀ ਵਿਰੋਧੀ ਕਾਨੂੰਨ ਦਾ ਨੋਟੀਫਿਕੇਸ਼ਨ ਜਾਰੀ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ 'ਜਾਗਤ ਜੋਤਿ ਸ੍ਰੀ ਗੁਰੂ ਗਰੰਥ ਸਾਹਿਬ ਸਤਿਕਾਰ (ਸੋਧ) ਐਕਟ-2026' ਦਾ ਨੋਟੀਫਿਕੇਸ਼ਨ ਸੋਮਵਾਰ ਜਾਰੀ ਕਰ ਦਿੱਤਾ, ਜਿਸ ਨਾਲ ਬੇਅਦਬੀ ਵਿਰੁੱਧ ਕਾਨੂੰਨ ਫੌਰੀ ਤੌਰ 'ਤੇ ਅਮਲ 'ਚ ਆ ਗਿਆ। ਪੰਜਾਬ ਦੇ ਰਾਜਪਾਲ ਨੇ 18 ਅਪਰੈਲ ਨੂੰ ਇਸ ਸੋਧ ਬਿੱਲ ਨੂੰ ਸਹਿਮਤੀ ਦੇ ਦਿੱਤੀ ਸੀ। ਪੰਜਾਬ ਦੇ ਕਾਨੂੰਨੀ ਤੇ ਵਿਧਾਨਕ ਮਾਮਲਿਆਂ ਬਾਰੇ ਵਿਭਾਗ ਨੇ ਨੋਟੀਫਿਕੇਸ਼ਨ ਜਾਰੀ ਕਰਕੇ ਬੇਅਦਬੀ ਵਿਰੁੱਧ ਕਾਨੂੰਨ ਨੂੰ ਲਾਗੂ ਕਰ ਦਿੱਤਾ ਹੈ।

2015 'ਚ ਫਰੀਦਕੋਟ ਜ਼ਿਲ੍ਹੇ 'ਚ ਬੇਅਦਬੀ ਦੀਆਂ ਘਟਨਾਵਾਂ ਤੇਜ਼ੀ ਨਾਲ ਸ਼ੁਰੂ ਹੋਈਆਂ ਸਨ ਅਤੇ ਹੁਣ ਤੱਕ ਸੂਬੇ 'ਚ 597 ਬੇਅਦਬੀ ਦੇ ਕੇਸ ਸਾਹਮਣੇ ਆ ਚੁੱਕੇ ਹਨ। ਠੀਕ ਗਿਆਰਾਂ ਸਾਲ ਮਗਰੋਂ ਸਖਤ ਸਜ਼ਾਵਾਂ ਵਾਲਾ ਬੇਅਦਬੀ ਵਿਰੁੱਧ ਕਾਨੂੰਨ ਅਮਲ 'ਚ ਆਇਆ ਹੈ।

ਪੰਜਾਬ ਵਿਧਾਨ ਸਭਾ ਨੇ 13 ਅਪਰੈਲ ਨੂੰ ਸਰਬਸੰਮਤੀ ਨਾਲ ਸੋਧ ਬਿੱਲ ਨੂੰ ਪਾਸ ਕਰ ਦਿੱਤਾ ਸੀ ਅਤੇ ਰਾਜਪਾਲ ਦੀ ਸਹਿਮਤੀ ਮਗਰੋਂ ਇਸ ਸੋਧ ਬਿੱਲ ਨੂੰ ਲੈ ਕੇ ਬਣੇ ਸਿਆਸੀ ਤੇ ਕਾਨੂੰਨੀ ਤੌਖਲੇ ਵੀ ਦੂਰ ਹੋ ਗਏ ਸਨ। ਮੁੱਖ ਮੰਤਰੀ ਭਗਵੰਤ ਮਾਨ ਪਹਿਲਾਂ ਹੀ ਕਹਿ ਚੁੱਕੇ ਸਨ ਕਿ ਬੇਅਦਬੀ ਵਿਰੁੱਧ ਕਾਨੂੰਨ ਸਟੇਟ ਦੇ ਦਾਇਰੇ 'ਚ ਹੈ, ਜਿਸ ਵਾਸਤੇ ਰਾਸ਼ਟਰਪਤੀ ਦੀ ਪ੍ਰਵਾਨਗੀ ਦੀ ਲੋੜ ਨਹੀਂ।

ਨਵੇਂ ਕਾਨੂੰਨ ਮੁਤਾਬਕ ਹੁਣ ਸ੍ਰੀ ਗੁਰੂ ਗਰੰਥ ਸਾਹਿਬ ਦੀ ਬੇਅਦਬੀ ਦੇ ਕਿਸੇ ਵੀ ਕਾਰੇ 'ਚ ਸ਼ਾਮਲ ਜਾਂ ਅਜਿਹੀ ਸਾਜ਼ਿਸ਼ ਦਾ ਹਿੱਸਾ ਬਣਨ ਵਾਲੇ ਨੂੰ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਹੋਵੇਗੀ ਅਤੇ ਪੰਜ ਲੱਖ ਤੋਂ 25 ਲੱਖ ਰੁਪਏ ਤੱਕ ਦਾ ਜੁਰਮਾਨਾ ਹੋਵੇਗਾ। ਇਸ ਤੋਂ ਇਲਾਵਾ ਜਾਇਦਾਦ ਜ਼ਬਤ ਕੀਤੇ ਜਾਣ ਦੀ ਵੀ ਵਿਵਸਥਾ ਇਸ ਕਾਨੂੰਨ 'ਚ ਕੀਤੀ ਗਈ ਹੈ।

## ਜੱਜ ਰਾਹੁਲ ਦੇ ਮਾਮਲੇ ਦੀ ਸੁਣਵਾਈ ਤੋਂ ਅੱਡ

**ਲਖਨਊ** : ਕਾਂਗਰਸ ਆਗੂ ਰਾਹੁਲ ਗਾਂਧੀ ਦੀ ਦੋਹਰੀ ਨਾਗਰਿਕਤਾ ਦੇ ਕੇਸ ਵਿੱਚ ਇਲਾਹਾਬਾਦ ਹਾਈ ਕੋਰਟ ਦੇ ਜੱਜ ਸੁਭਾਸ਼ ਵਿਦਿਆਰਥੀ ਨੇ ਖੁਦ ਨੂੰ ਅੱਡ ਕਰ ਲਿਆ ਹੈ।ਸੋਮਵਾਰ ਉਨ੍ਹਾ ਇਹ ਫੈਸਲਾ ਪਟੀਸ਼ਨਰ ਦੀ ਪੋਸਟ ਤੋਂ ਨਾਰਾਜ਼ ਹੋ ਕੇ ਲਿਆ। ਪਟੀਸ਼ਨਰ ਨੇ ਪੋਸਟ ਪਾਈ ਸੀ ਕਿ ਜੇ ਤੁਸੀਂ ਕਿਸੇ ਤੋਂ ਪੈਸੇ ਲਏ ਹਨ ਤਾਂ ਵਾਪਸ ਕਰ ਦਿਓ, ਵਰਨਾ ਜੇਲ੍ਹ ਜਾਣਾ ਪਵੇਗਾ। ਹਾਲਾਂਕਿ ਉਸ ਨੇ ਪੋਸਟ ਵਿੱਚ ਜੱਜ ਦਾ ਨਾਂਅ ਨਹੀਂ ਲਿਆ ਸੀ। ਫਾਜ਼ਲ ਜੱਜ ਨੇ 17 ਅਪ੍ਰੈਲ ਨੂੰ ਰਾਹੁਲ ਖਿਲਾਫ ਐੱਫ ਆਈ ਆਰ ਦਰਜ ਕਰਨ ਤੇ ਮਾਮਲੇ ਦੀ ਸੀ ਬੀ ਆਈ ਜਾਂਚ ਦਾ ਹੁਕਮ ਦਿੱਤਾ ਸੀ।



ਅਗਲੇ ਹੀ ਦਿਨ ਫੈਸਲਾ ਬਦਲਦਿਆਂ ਕਿਹਾ ਸੀ ਕਿ ਰਾਹੁਲ ਨੂੰ ਨੋਟਿਸ ਜਾਰੀ ਕਰਕੇ ਉਨ੍ਹਾ ਦੀ ਗੱਲ ਸੁਣੇ ਬਿਨਾਂ ਫੈਸਲਾ ਕਰਨਾ ਵਾਜਬ ਨਹੀਂ।

ਕਰਨਾਟਕ ਦੇ ਭਾਜਪਾ ਕਾਰਕੁਨ ਵਿਗਨੇਸ਼ ਸ਼ਿਸ਼ਿਰ ਨੇ ਰਾਹੁਲ 'ਤੇ ਭਾਰਤ ਦੇ ਨਾਲ-ਨਾਲ ਬ੍ਰਿਟਿਸ਼ ਨਾਗਰਿਕਤਾ ਲੈਣ ਦਾ ਦੋਸ਼ ਲਾਉਂਦਿਆਂ ਐੱਫ ਆਈ ਆਰ ਦੀ ਮੰਗ ਕੀਤੀ ਸੀ। ਐੱਮ ਪੀ-ਐੱਮ ਐੱਲ ਏ ਕੋਰਟ ਨੇ ਅਰਜ਼ੀ ਖਾਰਜ ਕਰ ਦਿੱਤੀ ਸੀ। ਇਸ ਦੇ ਬਾਅਦ ਇਲਾਹਾਬਾਦ ਹਾਈ ਕੋਰਟ ਦੀ ਲਖਨਊ ਬੈਂਚ ਕੋਲ ਉਸ ਨੇ ਪਟੀਸ਼ਨ ਦਾਇਰ ਕੀਤੀ ਸੀ। ਲਖਨਊ ਬੈਂਚ ਵੱਲੋਂ ਐੱਫ ਆਈ ਆਰ ਦਾ ਹੁਕਮ ਰੋਕ ਲੈਣ ਤੋਂ ਬਾਅਦ ਸ਼ਿਸ਼ਿਰ ਨੇ 18 ਅਪ੍ਰੈਲ ਨੂੰ ਇੱਕ ਘੰਟੇ ਵਿੱਚ ਦੋ ਪੋਸਟਾਂ ਪਾਈਆਂ। ਉਸ ਨੇ ਕਿਹਾ ਕਿ ਉਸ ਕੋਲ ਪੈਸੇ ਲੈਣ ਦਾ ਕਾਲ ਰਿਕਾਰਡ ਹੈ। ਉਹ ਉਸ ਨੂੰ ਟਵਿੱਟਰ 'ਤੇ ਅਪਲੋਡ ਕਰ ਦੇਵੇਗਾ।

## ਊਧਮਪੁਰ ਕੋਲ ਬੱਸ ਹਾਦਸੇ 'ਚ 21 ਮੌਤਾਂ




**ਊਧਮਪੁਰ** : ਜੰਮੂ-ਕਸ਼ਮੀਰ ਦੇ ਊਧਮਪੁਰ ਜ਼ਿਲ੍ਹੇ ਵਿੱਚ ਸੋਮਵਾਰ ਸਵੇਰੇ 10 ਵਜੇ ਦੇ ਕਰੀਬ ਰਾਮਨਗਰ ਇਲਾਕੇ ਦੇ ਪਿੰਡ ਕਗੋਟ ਨੇੜੇ ਇੱਕ ਅੰਨ੍ਹੇ ਮੋੜ 'ਤੇ ਬੱਸ ਦੇ ਪਹਾੜੀ ਤੋਂ ਹੇਠਾਂ ਡਿੱਗਣ ਕਾਰਨ ਘੱਟੋ-ਘੱਟ 21 ਲੋਕਾਂ ਦੀ ਮੌਤ ਹੋ ਗਈ ਅਤੇ 60 ਜ਼ਖ਼ਮੀ ਹੋ ਗਏ। ਸਰਕਾਰੀ ਬੱਸ ਰਾਮਨਗਰ ਤੋਂ ਊਧਮਪੁਰ ਵੱਲ ਆ ਰਹੀ ਸੀ। ਬਹੁਤੇ ਲੋਕ ਰੋਜ਼ਾਨਾ ਕੰਮ 'ਤੇ ਆਉਣ ਵਾਲੇ ਸਨ। ਜ਼ਖਮੀਆਂ ਮੁਤਾਬਕ ਬੱਸ ਓਵਰਲੋਡ ਸੀ।

## ਨਸ਼ਾ ਤੇ ਹਥਿਆਰ ਤਸਕਰੀ ਮਾਡਿਊਲ ਦੇ ਚਾਰ ਕਾਰਕੁੰਨ ਗ੍ਰਿਫ਼ਤਾਰ : ਡੀ ਜੀ ਪੀ



**ਹੁਸ਼ਿਆਰਪੁਰ/ਗੜ੍ਹਸ਼ੰਕਰ (ਬਲਵੀਰ ਸਿੰਘ ਸੈਣੀ, ਫੂਲਾ ਸਿੰਘ ਬੀਰਮਪੁਰ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਹੁਸ਼ਿਆਰਪੁਰ ਪੁਲਿਸ ਨੇ ਇੱਕ ਵੱਡੇ ਅੰਤਰ-ਰਾਜੀ/ਵਿਦੇਸ਼ੀ ਸਬੰਧਾਂ ਵਾਲੇ ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦੇ ਚਾਰ ਕਾਰਕੁਨਾਂ ਨੂੰ 9.925 ਕਿਲੋਗ੍ਰਾਮ ਹੈਰੋਇਨ, ਦੋ .30 ਬੋਰ ਦੇ ਵਿਦੇਸ਼ੀ ਪਿਸਤੌਲਾਂ ਸਮੇਤ ਅੱਠ ਮੈਗਜ਼ੀਨ ਅਤੇ 40 ਜ਼ਿੰਦਾ ਕਾਰਤੂਸ ਨਾਲ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ ਪੰਜਾਬ ਗੌਰਵ ਯਾਦਵ ਨੇ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਨਜਿੰਦਰ ਸਿੰਘ ਉਰਫ ਸੋਨੂੰ ਵਾਸੀ ਪਿੰਡ ਪਥਰਾਲੀਆਂ (ਹੁਸ਼ਿਆਰਪੁਰ), ਸ਼ਿਵਮ ਭੰਡਾਰੀ ਵਾਸੀ ਧੀਨਾ (ਜਲੰਧਰ), ਸਾਹਿਲ ਮਸੀਹ ਉਰਫ ਮੋਨੂੰ ਵਾਸੀ ਪਿੰਡ ਪੱਖੋਕੇ ਟਾਹਲੀ (ਗੁਰਦਾਸਪੁਰ) ਅਤੇ ਰਮੇਲ ਰੌਜਰ ਵਾਸੀ ਗੜ੍ਹਸ਼ੰਕਰ (ਹੁਸ਼ਿਆਰਪੁਰ) ਵਜੋਂ ਦੱਸੀ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਦੇਸ਼ੀ ਗੈਂਗਸਟਰਾਂ ਨਾਲ ਸਿੱਧੇ ਸੰਪਰਕ ਵਿੱਚ ਸਨ ਅਤੇ ਉਨ੍ਹਾਂ ਦੇ ਸਥਾਨਕ ਹੈਂਡਲਰਾਂ ਵਜੋਂ ਕੰਮ ਕਰਦੇ ਹੋਏ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਦੇ ਸਨ। ਡੀ ਜੀ ਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਪੂਰੇ ਨੈੱਟਵਰਕ ਦਾ ਖ਼ਾਤਮਾ ਕੀਤਾ ਜਾ ਸਕੇ। ਆਪ੍ਰੇਸ਼ਨ ਸੰਬੰਧੀ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਪੁਲਿਸ ਸੁਪਰਡੈਂਟ ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਗੜ੍ਹਸ਼ੰਕਰ ਦੇ ਅਧਿਕਾਰ ਖੇਤਰ ਵਿੱਚ • ਬਾਕੀ ਸਫਾ 2 'ਤੇ

## ਕੇਂਦਰ ਕਾਸ਼ੀ ਯਾਤਰਾ ਲਈ ਜਲਦ ਤੋਂ ਜਲਦ ਕਰੇ ਰੇਲ ਗੱਡੀਆਂ ਦਾ ਸ਼ਡਿਊਲ ਜਾਰੀ : ਦੀਪਕ ਬਾਲੀ

**ਚੰਡੀਗੜ੍ਹ** : ਪੰਜਾਬ ਸਰਕਾਰ ਦੇ ਸੱਭਿਆਚਾਰਕ ਅਤੇ ਸੈਰ-ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ ਪੰਜਾਬ ਤੋਂ ਕਾਸ਼ੀ (ਵਾਰਾਨਸੀ) ਲਈ ਵਿਸ਼ੇਸ਼ ਰੇਲ ਗੱਡੀਆਂ ਤੁਰੰਤ ਅਲਾਟ ਕੀਤੀਆਂ ਜਾਣ।



ਉਨ੍ਹਾ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਇਸ ਪਵਿੱਤਰ ਅਵਸਰ ਨੂੰ ਫਰਵਰੀ 2026 ਤੋਂ ਫਰਵਰੀ 2027 ਤੱਕ ਬਹੁਤ ਹੀ ਸ਼ਾਨਦਾਰ ਪੱਧਰ 'ਤੇ ਮਨਾ ਰਹੀ ਹੈ। ਸਾਲ ਭਰ ਚੱਲਣ ਵਾਲੇ ਸਮਾਗਮਾਂ ਤਹਿਤ ਦੇਸ਼-ਵਿਦੇਸ਼ ਅਤੇ ਉਨ੍ਹਾਂ ਸਾਰੀਆਂ ਥਾਵਾਂ 'ਤੇ ਕੀਰਤਨ ਦਰਬਾਰ ਅਤੇ ਸ਼ੋਭਾ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ, ਜਿੱਥੇ ਗੁਰੂ ਸਾਹਿਬ ਦੇ ਚਰਨ ਪਏ ਸਨ।ਦੀਪਕ ਬਾਲੀ ਨੇ ਕਿਹਾ ਕਿ ਸੰਗਤਾਂ ਨੂੰ ਗੁਰੂ ਸਾਹਿਬ ਦੀ ਜਨਮ ਭੂਮੀ ਅਤੇ ਤਪ ਅਸਥਾਨ ਕਾਸ਼ੀ ਦੇ ਦਰਸ਼ਨ ਕਰਵਾਉਣ ਲਈ ਪੰਜਾਬ ਸਰਕਾਰ ਨੇ ਪੂਰੇ ਇੱਕ ਸਾਲ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਉਣ ਦੀ ਯੋਜਨਾ ਬਣਾਈ ਹੈ। ਇਸ ਲਈ ਪੰਜਾਬ ਸਰਕਾਰ ਵੱਲੋਂ ਬੀਤੀ 30 ਮਾਰਚ ਨੂੰ ਹੀ ਆਈ ਆਰ ਸੀ ਟੀ ਸੀ ਨੂੰ ਪੱਤਰ ਲਿਖ ਕੇ ਟਰੇਨ ਚਲਾਉਣ ਦੀ ਮੰਗ ਕੀਤੀ ਗਈ ਸੀ। ਹਾਲਾਂਕਿ ਕਰੀਬ ਇੱਕ ਮਹੀਨਾ ਬੀਤ ਜਾਣ ਦੇ ਬਾਵਜੂਦ ਕੇਂਦਰ ਸਰਕਾਰ ਜਾਂ ਰੇਲਵੇ ਵਿਭਾਗ ਵੱਲੋਂ ਕੋਈ ਹਾਂ-ਪੱਖੀ ਹੁੰਗਾਰਾ ਨਹੀਂ ਮਿਲਿਆ।ਉਨ੍ਹਾ ਕਿਹਾ ਕਿ ਉਹਨਾ ਨਿੱਜੀ ਤੌਰ 'ਤੇ ਵੀ ਰੇਲਵੇ ਨਾਲ • ਬਾਕੀ ਸਫਾ 2 'ਤੇ

## ਗ਼ਦਰ ਪਾਰਟੀ ਸਥਾਪਨਾ ਦਿਵਸ ਸਮਾਗਮ ਅੱਜ

**ਜਲੰਧਰ** : ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਗ਼ਦਰ ਪਾਰਟੀ ਦਾ ਸਥਾਪਨਾ ਦਿਹਾੜਾ 21 ਅਪ੍ਰੈਲ ਸਵੇਰੇ 11 ਵਜੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਅੰਦਰ ਬਣੇ ਸ਼ਹੀਦ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿੱਚ ਮਨਾਇਆ ਜਾਏਗਾ।ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਇਸ ਸਮਾਗਮ 'ਚ ਝੰਡਾ ਲਹਿਰਾਉਣ ਦੀ ਰਸਮ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਹਾਇਕ ਸਕੱਤਰ ਪ੍ਰੋ. ਗੋਪਾਲ ਸਿੰਘ ਬੁੱਟਰ ਅਦਾ ਕਰਨ ਉਪਰੰਤ ਸਮਾਗਮ ਨੂੰ ਸੰਬੋਧਨ ਕਰਨਗੇ।ਦੇਸ਼ ਭਗਤ ਯਾਦਗਾਰ ਕਮੇਟੀ ਦੇ ਟਰੱਸਟੀ ਮੰਗਤ ਰਾਮ ਪਾਸਲਾ ਸਮਾਗਮ ਦੇ ਮੁੱਖ ਵਕਤਾ ਹੋਣਗੇ।

## ਤੇਲ ਕੀਮਤਾਂ ਵਧਣ ਦੇ ਅਗਲੇ ਦਿਨ ਹੀ ਜ਼ੋਰਦਾਰ ਪ੍ਰੋਟੈਸਟ ਦਾ ਸੱਦਾ

**ਜਲੰਧਰ** : 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' 'ਚ ਸ਼ਾਮਲ ਪਾਰਟੀਆਂ ਸੀ ਪੀ ਆਈ ਪੰਜਾਬ ਦੇ ਸਕੱਤਰ ਨਿਰਮਲ ਧਾਲੀਵਾਲ, ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕ੍ਰੇਸੀ ਦੇ ਸੀਨੀਅਰ ਆਗੂ ਅਜਮੇਰ ਸਿੰਘ ਸਮਰਾ, ਸੀ ਪੀ ਆਈ (ਐੱਮ ਐੱਲ ) ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤਪੁਰ ਅਤੇ ਐੱਮ ਸੀ ਪੀ ਆਈ (ਯੂ) ਦੀ ਪੋਲਿਟ ਬਿਊਰੋ ਦੇ ਮੈਂਬਰ ਕਿਰਨਜੀਤ ਸੇਖੋਂ ਨੇ ਇਥੋਂ ਜਾਰੀ ਸਾਂਝੇ ਬਿਆਨ ਰਾਹੀਂ ਸਮੂਹ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਹੈ ਕਿ ਮੋਦੀ ਸਰਕਾਰ ਜਿਸ ਦਿਨ ਵੀ ਡੀਜ਼ਲ-ਪੈਟਰੋਲ ਦੀਆਂ ਕੀਮਤਾਂ 'ਚ ਵਾਧੇ ਦਾ ਲੋਕ ਮਾਰੂ ਐਲਾਨ ਕਰੇ, ਉਸ ਤੋਂ ਠੀਕ ਅਗਲੇ ਦਿਨ ਹਰ ਪਿੰਡ, ਕਸਬੇ, ਸ਼ਹਿਰ 'ਚ ਅਤੇ ਮਿੱਲ ਗੇਟ ਤੇ ਖੇਤਾਂ 'ਚ ਆਮ ਲੋਕਾਂ ਨੂੰ ਨਾਲ ਲੈ ਕੇ ਤਿੱਖੇ ਰੋਸ ਪ੍ਰਗਟਾਵੇ ਕੀਤੇ ਜਾਣ। ਫਰੰਟ ਦੇ ਆਗੂਆਂ ਨੇ ਦੂਜੇ ਖੱਬੇ ਪੱਖੀ ਤੇ ਲੋਕ ਹਿਤੈਸ਼ੀ ਦਲਾਂ, ਜਨਤਕ ਜਥੇਬੰਦੀਆਂ ਅਤੇ ਨਿਆਂ ਪਸੰਦ ਸੰਗਠਨਾਂ ਤੇ ਸ਼ਖਸੀਅਤਾਂ ਨੂੰ ਵੀ ਮੋਦੀ ਦੇ ਲੋਕ-ਮਾਰੂ ਕਦਮਾਂ ਦਾ ਡਟਵਾਂ ਵਿਰੋਧ ਕਰਨ ਲਈ ਉਕਤ ਪ੍ਰੋਟੈਸਟ ਐਕਸ਼ਨਾਂ 'ਚ ਵਧ-ਚੜ੍ਹ ਕੇ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਕੀਤੀ ਹੈ।

ਬਿਆਨ ਰਾਹੀਂ ਕਿਹਾ ਗਿਆ ਕਿ ਸਾਮਰਾਜੀ ਧਾੜਵੀ ਅਮਰੀਕਾ ਤੇ ਉਸ ਦੇ ਨਾਪਾਕ ਜੋਟੀਦਾਰ ਇਜ਼ਰਾਈਲ ਵੱਲੋਂ ਈਰਾਨ ਖਿਲਾਫ਼ ਵਿੱਢੀ ਨਿਹੱਕੀ ਜੰਗ ਨੇ ਪਹਿਲਾਂ ਤੋਂ ਹੀ ਸੰਕਟ 'ਚ ਘਿਰੇ ਸੰਸਾਰ ਪੂੰਜੀਵਾਦੀ ਪ੍ਰਬੰਧ ਦਾ ਸਮੁੱਚਾ ਅਰਥਚਾਰਾ ਹੋਰ ਡੂੰਘੀ ਖਾਈ 'ਚ ਸੁੱਟ ਦਿੱਤਾ ਹੈ। ਜੰਗ ਦੇ ਸਿੱਟੇ ਵਜੋਂ ਕੱਚੇ ਤੇਲ ਦੀਆਂ ਕੀਮਤਾਂ 'ਚ ਹੋਏ ਭਾਰੀ ਵਾਧੇ ਨਾਲ ਲੱਕ ਤੋੜ ਮਹਿੰਗਾਈ, ਭੁੱਖਮਰੀ ਤੇ ਬੇਰੁਜ਼ਗਾਰੀ ਛਾਲਾਂ ਮਾਰ ਕੇ ਵਧੀ ਹੈ। ਨਤੀਜਾ ਵਿਸ਼ਵ ਦੀ ਸਮੁੱਚੀ ਕਿਰਤੀ ਜਮਾਤ ਚੌਤਰਫ਼ਾ ਮੁਸੀਬਤਾਂ 'ਚ ਘਿਰ ਗਈ ਹੈ, ਜਦਕਿ ਅਮਰੀਕਾ ਦੇ ਹਥਿਆਰ ਨਿਰਮਾਤਾਵਾਂ ਤੇ ਹੋਰ ਜੰਗੀ ਸਾਜ਼ੋ-ਸਮਾਨ ਤਿਆਰ ਕਰਨ ਵਾਲੇ ਕਾਰਪੋਰੇਟ ਘਰਾਣਿਆਂ ਦੇ ਮੁਨਾਫ਼ਿਆਂ 'ਚ ਅਣਕਿਆਸਿਆ ਵਾਧਾ ਹੋਇਆ ਹੈ। ਇਸ ਦੀ ਸਭ ਤੋਂ ਉਘੜਵੀਂ ਮਿਸਾਲ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪਰਵਾਰ ਦੀ ਆਮਦਨ 'ਚ ਜੰਗ ਦੌਰਾਨ ਹੋਏ 38 ਗੁਣਾ ਵਾਧੇ ਤੋਂ ਬਾਖ਼ੂਬੀ ਮਿਲਦੀ ਹੈ।

'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਦੀ ਰਾਇ ਹੈ ਕਿ ਭਾਰਤ ਦੀਆਂ ਤੇਲ ਕੰਪਨੀਆਂ ਨੇ ਲਗਾਤਾਰ ਇਕ ਕੂੜ ਪ੍ਰਚਾਰ ਵਿੱਢਿਆ ਹੋਇਆ ਹੈ ਕਿ ਸਰਕਾਰ ਵੱਲੋਂ ਤੇਲ ਦੀਆਂ ਕੀਮਤਾਂ 'ਚ ਵਾਧੇ ਦੀ ਇਜ਼ਾਜਤ ਨਾ ਦੇਣ ਕਾਰਨ ਉਹ ਵੱਡੇ ਵਿੱਤੀ ਘਾਟੇ ਦੀ ਮਾਰ ਹੇਠ ਹਨ। ਸਿਆਸੀ ਹਲਕਿਆਂ 'ਚ ਇਨ੍ਹਾਂ ਖ਼ਬਰਾਂ ਦਾ ਬਾਜ਼ਾਰ ਵੀ ਗਰਮ ਹੈ ਕਿ ਮੋਦੀ ਸਰਕਾਰ, ਜੋ ਦੇਸੀ-ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੀ ਸੇਵਾ ਹਿੱਤ ਰਾਤ-ਦਿਨੇ ਜੁਟੀ ਹੋਈ ਹੈ, 5 ਰਾਜਾਂ ਦੀਆਂ ਵਿਧਾਨ ਚੋਣਾਂ ਮੁਕੰਮਲ ਹੋਣ ਦੀ ਉਡੀਕ ਕਰ ਰਹੀ ਹੈ ਅਤੇ ਜਿਉਂ ਹੀ ਮੋਦੀ ਸਰਕਾਰ ਤੇ ਭਾਜਪਾ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਵਿਧਾਨ ਸਭਾਈ ਚੋਣਾਂ ਦਾ 'ਭਵ ਸਾਗਰ' ਪਾਰ ਕਰ ਲਵੇਗੀ, ਤਾਂ ਫਿਰ ਇਹ ਤੁਰੰਤ ਹੀ ਬਿਨਾਂ ਕਿਸੇ ਰੋਕ-ਟੋਕ ਅਤੇ ਝਿਜਕ ਦੇ ਤੇਲ ਕੰਪਨੀਆਂ ਦੇ ਮੁਨਾਫ਼ੇ ਵਧਾਉਣ ਲਈ ਤੇਲ ਕੀਮਤਾਂ 'ਚ ਵਾਧੇ ਦਾ ਐਲਾਨ ਕਰ ਸਕਦੀ ਹੈ। ਮੋਦੀ ਸਰਕਾਰ ਦੇ ਇਸ ਕਦਮ ਨਾਲ ਨਿੱਤ ਵਰਤੋਂ ਦੀਆਂ ਵਸਤਾਂ ਦੀ ਮਹਿੰਗਾਈ ਤੇ ਕਾਲਾਬਾਜ਼ਾਰੀ ਹੋਰ ਵਧੇਗੀ ਤੇ ਆਮ ਲੋਕ ਹੋਰ ਵੀ ਭਿਅੰਕਰ ਦੁਸ਼ਵਾਰੀਆਂ ਦਾ ਸੰਤਾਪ ਹੰਢਾਉਣ ਲਈ ਮਜਬੂਰ ਹੋਣਗੇ।ਬਿਆਨ ਰਾਹੀਂ ਕਿਹਾ ਗਿਆ ਹੈ ਕਿ ਚੰਗਾ ਹੋਵੇ ਜੇਕਰ ਮੋਦੀ ਸਰਕਾਰ ਲੋਕਾਂ ਦੇ ਗੁੱਸੇ ਤੋਂ ਭੈਅ ਖਾਂਦਿਆਂ ਇਹ ਲੋਕ ਮਾਰੂ ਕਦਮ ਨਾ ਹੀ ਚੁੱਕੇ, ਪ੍ਰੰਤੂ ਭਾਰਤ ਦੇ ਲੋਕ, ਜੋ ਮੋਦੀ ਸਰਕਾਰ ਦੀ ਕਾਰਪੋਰੇਟ ਭਗਤੀ ਤੇ ਇਸ ਦੇ ਲੋਕ ਦੋਖੀ ਖਾਸੇ ਤੋਂ ਚੰਗੀ ਤਰ੍ਹਾਂ ਜਾਣੂੰ ਹਨ, ਡੀਜ਼ਲ-ਪੈਟਰੋਲ ਦੀਆਂ ਕੀਮਤਾਂ 'ਚ ਕੀਤੇ ਜਾਣ ਵਾਲੇ ਸੰਭਾਵਤ ਵਾਧੇ ਬਾਰੇ ਡਾਢੇ ਚਿੰਤਤ ਹਨ।

ਇੱਥੇ ਇਹ ਗੱਲ ਉਚੇਚੀ ਨੋਟ ਕਰਨ ਯੋਗ ਹੈ ਕਿ ਪਿਛਲੇ ਸਾਲਾਂ ਦੌਰਾਨ ਵਿਸ਼ਵ ਮੰਡੀ 'ਚ ਕੱਚੇ ਤੇਲ ਦੀਆਂ ਕੀਮਤਾਂ 'ਚ ਭਾਰੀ ਕਟੌਤੀ ਹੋਣ ਦੇ ਬਾਵਜੂਦ ਮੋਦੀ ਸਰਕਾਰ ਦੀਆਂ ਕ੍ਰਿਪਾ ਪਾਤਰ ਭਾਰਤੀ ਤੇਲ ਕੰਪਨੀਆਂ ਨੇ ਡੀਜ਼ਲ-ਪੈਟਰੋਲ ਦੀਆਂ ਕੀਮਤਾਂ ਘਟਾਉਣ ਰਾਹੀਂ ਲੋਕਾਂ ਨੂੰ ਕਾਣੀ ਕੌਡੀ ਦੀ ਵੀ ਰਿਆਇਤ ਨਹੀਂ ਦਿੱਤੀ। ਇਸ ਲਈ ਇਸ ਬੇਤਹਾਸ਼ਾ ਪ੍ਰਸ਼ਾਸਨਿਕ ਲੁੱਟ ਤੋਂ ਮੁਕਤੀ ਹਾਸਲ ਕਰਨ ਲਈ ਲੋਕਾਂ ਕੋਲ ਸੰਘਰਸ਼ਾਂ ਤੋਂ ਬਗੈਰ ਹੋਰ ਕੋਈ ਰਾਹ ਨਹੀਂ ਬਚਦਾ।

## ਅੱਗ ਬੁਝਾਉਂਦਿਆਂ ਕਿਸਾਨ ਦੀ ਮੌਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**
ਬੇਟ ਇਲਾਕੇ ਦੇ ਪਿੰਡ ਸਲਾਣਾ ਬੇਟ ਵਿਖੇ ਸਵੇਰੇ ਵਾਪਰੇ ਹਾਦਸੇ 'ਚ ਕਣਕ ਨੂੰ ਅੱਗ ਬੁਝਾਉਂਦਿਆਂ ਟਰੈਕਟਰ ਸਵਾਰ ਨੌਜਵਾਨ ਕਿਸਾਨ ਮਨਦੀਪ ਸਿੰਘ (42) ਦੀ ਮੌਤ ਹੋ ਗਈ, ਜਿਸ ਕਾਰਨ ਪਿੰਡ ਵਿਚ ਸੋਗ ਦੀ ਲਹਿਰ ਫੈਲ ਗਈ। ਪਿੰਡ ਵਾਸੀਆਂ ਦੇ ਦੱਸਣ ਅਨੁਸਾਰ ਸਵੇਰੇ 8.30 ਵਜੇ ਸ਼ਾਟ ਸਰਕਟ ਕਾਰਨ ਖੇਤਾਂ ਵਿਚ ਖੜੇ ਨਾੜ ਨੂੰ ਅੱਗ ਲੱਗ ਗਈ। ਇਹ ਅੱਗ ਕਿਸਾਨ ਮਨਦੀਪ ਸਿੰਘ ਦੀ ਖੜ੍ਹੀ ਕਣਕ ਫਸਲ ਵੱਲ ਵਧਦੀ ਜਾ ਰਹੀ ਸੀ, ਜਿਸ ਕਾਰਨ ਉਹ ਟਰੈਕਟਰ ਲੈ ਕੇ ਹੋਰ ਪਿੰਡ ਵਾਸੀਆਂ ਦੀ ਮਦਦ ਨਾਲ ਅੱਗ ਨੂੰ ਬੁਝਾਉਣ ਵਿਚ ਲੱਗ ਗਿਆ। ਅੱਗ ਬੁਝਾਉਂਦਿਆਂ ਟ੍ਰੈਕਟਰ ਸਵਾਰ ਮਨਦੀਪ ਸਿੰਘ ਨੇ ਜਦੋਂ ਆਪਣੀ ਕਣਕ ਨੂੰ ਲਪੇਟ ਵਿਚ ਆਉਂਦਿਆਂ ਦੇਖਿਆ ਤਾਂ ਉਹ ਧੂੰਏਂ ਦੀ ਪ੍ਰਵਾਹ ਕੀਤੇ ਬਿਨਾਂ ਉਸ ਨੂੰ ਬੁਝਾਉਣ ਲੱਗ ਪਿਆ।



ਧੂੰਏਂ ਦੀ ਲਪੇਟ ਵਿਚ ਆਉਣ ਕਾਰਨ ਉਸ ਨੂੰ ਦਿਲ ਦਾ ਦੌਰਾ ਪੈ ਗਿਆ। ਪਿੰਡ ਵਾਸੀਆਂ ਵੱਲੋਂ ਮੌਕੇ 'ਤੇ ਮਨਦੀਪ ਸਿੰਘ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਗਈ ਅਤੇ ਇਲਾਜ ਲਈ ਤੁਰੰਤ ਹਸਪਤਾਲ ਲਿਆਂਦਾ ਗਿਆ, ਪਰ ਉਸ ਦੀ ਮੌਤ ਹੋ ਚੁੱਕੀ ਸੀ। ਇਸ ਦੌਰਾਨ ਨਾਇਬ ਤਹਿਸੀਲਦਾਰ ਰਾਜੇਸ਼ ਕੁਮਾਰ ਅਹੂਜਾ ਵੀ ਖ਼ਬਰ ਮਿਲਦੇ ਹੀ ਮੌਕੇ 'ਤੇ ਪੁੱਜੇ। ਉਨ੍ਹਾ ਕਿਹਾ ਕਿ ਪ੍ਰਸ਼ਾਸਨ ਵੱਲੋਂ ਇਸ ਮਾਮਲੇ ਦੀ ਸਾਰੀ ਰਿਪੋਰਟ ਬਣਾ ਕੇ ਉੱਚ ਅਧਿਕਾਰੀਆਂ ਨੂੰ ਭੇਜੀ ਜਾਵੇਗੀ ਅਤੇ ਡਿਪਟੀ ਕਮਿਸ਼ਨਰ ਵੱਲੋਂ ਜੋ ਵੀ ਹਦਾਇਤਾਂ ਆਉਣਗੀਆਂ, ਉਸ ਦੇ ਅਧਾਰ 'ਤੇ ਪੀੜਤ ਪਰਵਾਰ ਨੂੰ ਮੁਆਵਜਾ ਦਿੱਤਾ ਜਾਵੇਗਾ।

## ਅੱਜ-ਨਾਮਾ

ਘੁੱਗੀ ਅਮਨ ਦੀ ਉੱਡਦੀ ਤੇ ਬਹਿ ਜਾਂਦੀ,
ਲੱਗਦੇ ਖੰਭ ਨਹੀਂ ਝੱਲ ਰਹੇ ਭਾਰ ਮੀਆਂ।
ਕਦੇ ਜਦ ਹੰਭਲਾ ਮਾਰ ਵੀ ਉੱਡ ਤੁਰਦੀ,
ਹੋਰਮੁਜ਼ ਲਾਂਘਾ ਨਾ ਲੰਘਦੀ ਪਾਰ ਮੀਆਂ।
ਕਦੀ ਈਰਾਨ ਬਿਆਨ ਕੋਈ ਦਾਗ ਦਿੰਦਾ,
ਦਿੰਦਾ ਟਰੰਪ ਕੁਝ ਗਲਤ ਉਚਾਰ ਮੀਆਂ।
ਕਸੂਤੀ ਪਈ ਅੜਾਉਣੀ ਹੈ ਡਾਢਿਆਂ ਦੀ,
ਮੰਨਦੀ ਧਿਰ ਨਹੀਂ ਕੋਈ ਹੈ ਹਾਰ ਮੀਆਂ।
ਸਾਰੀ ਗੱਲ ਇਰਾਨ-ਇਸਰਾਈਲ ਦੀ ਆ,
ਲੱਤ ਅਮਰੀਕਾ ਸੀ ਆਣ ਫਸਾਈ ਮੀਆਂ।
ਅੱਗੇ ਜਾਣ ਔਖਾ, ਪਿੱਛੇ ਹਟਣ ਮੁਸ਼ਕਲ,
ਸੁੱਕਣੇ ਪਾਈ ਪਈ ਪੂਰੀ ਲੁਕਾਈ ਮੀਆਂ।

-ਤੀਸ ਮਾਰ ਖਾਂ

## ਪੜ੍ਹੇ-ਲਿਖਿਆਂ ਦੇ 'ਡਿਜੀਟਲ ਅਰੈਸਟ' ਦਾ ਸ਼ਿਕਾਰ ਹੋਣ 'ਤੇ ਸੁਪਰੀਮ ਕੋਰਟ ਚਿੰਤਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਇਸ ਗੱਲ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ ਕਿ ਪੜ੍ਹੇ-ਲਿਖੇ ਲੋਕ 'ਡਿਜੀਟਲ ਅਰੈਸਟ' ਦਾ ਸ਼ਿਕਾਰ ਹੋ ਰਹੇ ਹਨ। ਉਸ ਨੇ ਇੱਕ ਤਾਜ਼ਾ ਮਾਮਲੇ ਦਾ ਹਵਾਲਾ ਦਿੱਤਾ, ਜਿਸ ਵਿੱਚ ਇੱਕ ਬਜ਼ੁਰਗ ਔਰਤ ਨੇ ਅਜਿਹੇ ਇੱਕ ਕੇਸ ਵਿੱਚ ਆਪਣੇ ਸੇਵਾਮੁਕਤੀ ਦੇ ਸਾਰੇ ਲਾਭ ਗੁਆ ਦਿੱਤੇ।

ਚੀਫ ਜਸਟਿਸ ਸੂਰੀਆ ਕਾਂਤ ਤੇ ਜਸਟਿਸ ਜੋਇਮਾਲਿਆ ਬਾਗਚੀ ਦੀ ਬੈਂਚ ਨੇ ਕਿਹਾ, "ਇਹ ਹੈਰਾਨੀਜਨਕ ਹੈ ਕਿ ਪੜ੍ਹੇ-ਲਿਖੇ ਲੋਕ ਇਸ ਤਰ੍ਹਾਂ ਠੱਗੀ ਦਾ ਸ਼ਿਕਾਰ ਹੋ ਰਹੇ ਹਨ।" ਇਹ ਟਿੱਪਣੀ ਉਦੋਂ ਕੀਤੀ ਗਈ ਜਦੋਂ ਅਟਾਰਨੀ ਜਨਰਲ ਆਰ ਵੈਂਕਟਾਰਮਣੀ ਨੇ 'ਡਿਜੀਟਲ ਗ੍ਰਿਫਤਾਰੀ' ਦੇ ਪੀੜਤਾਂ ਨਾਲ ਸੰਬੰਧਤ ਸੂ-ਮੋਟੂ (ਅਦਾਲਤ ਵੱਲੋਂ ਖੁਦ ਨੋਟਿਸ ਲੈਣਾ) ਕੇਸ ਦਾ ਜ਼ਿਕਰ ਕੀਤਾ। ਅਟਾਰਨੀ ਜਨਰਲ ਨੇ ਕਿਹਾ, "ਇੱਕ ਅੰਤਰ-ਵਿਭਾਗੀ ਅੰਦਰੂਨੀ ਮੀਟਿੰਗ ਹੋ ਚੁੱਕੀ ਹੈ ਅਤੇ ਅੰਤਮ ਮੀਟਿੰਗ ਜਲਦੀ ਹੋਵੇਗੀ। ਅਸੀਂ ਬਹੁਤ ਤੇਜ਼ੀ ਨਾਲ ਕੰਮ ਕਰ ਰਹੇ ਹਾਂ।" ਉਨ੍ਹਾ ਬੈਂਚ ਨੂੰ ਇਸ ਕੇਸ ਦੀ ਸੁਣਵਾਈ 12 ਮਈ ਨੂੰ ਕਰਨ ਦੀ ਬੇਨਤੀ ਕੀਤੀ।

ਚੀਫ ਜਸਟਿਸ ਨੇ ਇੱਕ ਬਜ਼ੁਰਗ ਔਰਤ ਦੇ ਕੇਸ ਦਾ ਹਵਾਲਾ ਦਿੱਤਾ, ਜਿਸ ਨੂੰ ਉਹ ਆਪਣੀ ਅਧਿਕਾਰਤ ਸਮਰੱਥਾ ਵਿੱਚ ਜਾਣਦੇ ਸਨ। ਜਸਟਿਸ ਕਾਂਤ ਨੇ ਕਿਹਾ, "ਬਦਕਿਸਮਤੀ ਨਾਲ, ਉਸ ਦੇ ਸੇਵਾਮੁਕਤੀ ਦੇ ਸਾਰੇ ਫੰਡਾਂ ਦੀ ਠੱਗੀ ਮਾਰ ਲਈ ਗਈ।" ਬੈਂਚ ਨੇ ਅਟਾਰਨੀ ਜਨਰਲ ਦੀ ਬੇਨਤੀ ਨੂੰ ਪ੍ਰਵਾਨ ਕਰਦਿਆਂ ਮਾਮਲੇ ਦੀ ਅਗਲੀ ਸੁਣਵਾਈ 12 ਮਈ ਲਈ ਤੈਅ ਕੀਤੀ ਹੈ।

ਅਦਾਲਤੀ ਮਦਦਗਾਰ ਅਤੇ ਸੀਨੀਅਰ ਵਕੀਲ ਐੱਨ ਐੱਸ ਨੱਪੀਨਈ ਨੇ ਕਿਹਾ ਕਿ ਪੀੜਤ ਅਕਸਰ ਉਦੋਂ 'ਸੁੰਨ' ਹੋ ਜਾਂਦੇ ਹਨ ਜਦੋਂ ਧੋਖੇਬਾਜ਼ ਪੁਲਸ ਜਾਂ ਜਾਂਚ ਏਜੰਸੀਆਂ ਦੇ ਅਧਿਕਾਰੀ ਬਣ ਕੇ ਧਮਕੀ ਭਰੀਆਂ ਕਾਲਾਂ ਕਰਦੇ ਹਨ। ਉਨ੍ਹਾ ਸੁਝਾਅ ਦਿੱਤਾ ਕਿ ਅਜਿਹੇ ਲੈਣ-ਦੇਣ ਨੂੰ ਰੋਕਣ ਲਈ ਵਿਚੋਲਿਆਂ (ਇੰਟਰਮੀਡੀਅਰੀਜ਼) ਨੂੰ ਇੱਕ 'ਕਿੱਲ-ਸਵਿੱਚ' ਪੇਸ਼ ਕਰਨਾ ਚਾਹੀਦਾ ਹੈ ਤਾਂ ਜੋ ਹੋਣ ਵਾਲੇ ਵਿੱਤੀ ਨੁਕਸਾਨ ਨੂੰ ਰੋਕਿਆ ਜਾ ਸਕੇ।

ਡਿਜੀਟਲ ਅਰੈਸਟ ਸਾਈਬਰ ਅਪਰਾਧ ਦਾ ਇੱਕ ਵਧਦਾ ਰੂਪ ਹੈ, ਜਿਸ ਵਿੱਚ ਠੱਗ ਕਾਨੂੰਨ ਲਾਗੂ ਕਰਨ ਵਾਲੇ ਅਧਿਕਾਰੀ ਜਾਂ ਅਦਾਲਤੀ ਅਧਿਕਾਰੀ ਬਣ ਕੇ ਆਡੀਓ ਅਤੇ ਵੀਡੀਓ ਕਾਲਾਂ ਰਾਹੀਂ ਪੀੜਤਾਂ ਨੂੰ ਡਰਾਉਂਦੇ ਹਨ, ਉਨ੍ਹਾਂ ਨੂੰ ਬੰਦੀ ਬਣਾਉਂਦੇ ਹਨ ਅਤੇ ਪੈਸੇ ਟ੍ਰਾਂਸਫਰ ਕਰਨ ਲਈ ਦਬਾਅ ਪਾਉਂਦੇ ਹਨ। 24 ਜਨਵਰੀ ਨੂੰ ਸੁਪਰੀਮ ਕੋਰਟ ਨੇ ਇੱਕ 78 ਸਾਲਾ ਸੇਵਾਮੁਕਤ ਬੈਂਕਰ ਦੀ ਪਟੀਸ਼ਨ 'ਤੇ ਕੇਂਦਰ, ਸੀ ਬੀ ਆਈ ਅਤੇ ਹੋਰਾਂ ਨੂੰ ਨੋਟਿਸ ਜਾਰੀ ਕੀਤੇ ਸਨ, ਜਿਸ ਤੋਂ ਲੱਗਭੱਗ ਇੱਕ ਮਹੀਨੇ ਤੱਕ 'ਡਿਜੀਟਲ ਅਰੈਸਟ' ਵਿੱਚ ਰੱਖ ਕੇ 23 ਕਰੋੜ ਰੁਪਏ ਦੀ ਠੱਗੀ ਮਾਰੀ ਗਈ ਸੀ। 17 ਅਕਤੂਬਰ 2025 ਨੂੰ ਸੁਪਰੀਮ ਕੋਰਟ ਨੇ ਅਦਾਲਤੀ ਹੁਕਮਾਂ ਦੀ ਨਕਲ ਕਰਕੇ ਲੋਕਾਂ ਨੂੰ ਠੱਗਣ ਦੇ ਮਾਮਲੇ 'ਤੇ ਗੰਭੀਰ ਚਿੰਤਾ ਪ੍ਰਗਟਾਈ ਸੀ। ਜਸਟਿਸ ਸੂਰੀਆ ਕਾਂਤ ਦੀ ਅਗਵਾਈ ਵਾਲੀ ਬੈਂਚ ਨੇ ਅੰਬਾਲਾ ਦੇ ਇੱਕ ਬਜ਼ੁਰਗ ਜੋੜੇ ਨਾਲ ਹੋਈ ਠੱਗੀ ਦਾ ਖੁਦ ਨੋਟਿਸ ਲਿਆ ਸੀ, ਜਿਨ੍ਹਾਂ ਤੋਂ 1.05 ਕਰੋੜ ਰੁਪਏ ਤੋਂ ਵੱਧ ਦੀ ਵਸੂਲੀ ਕੀਤੀ ਗਈ ਸੀ। 9 ਫਰਵਰੀ ਨੂੰ ਅਦਾਲਤ ਨੇ ਡਿਜੀਟਲ ਫਰਾਡ ਰਾਹੀਂ 54,000 ਕਰੋੜ ਰੁਪਏ ਤੋਂ ਵੱਧ ਦੀ ਲੁੱਟ ਨੂੰ ਡਾਕਾ ਕਰਾਰ ਦਿੱਤਾ ਸੀ ਅਤੇ ਕੇਂਦਰ ਨੂੰ ਆਰ ਬੀ ਆਈ ਤੇ ਬੈਂਕਾਂ ਨਾਲ ਸਲਾਹ ਕਰਕੇ ਇੱਕ ਮਿਆਰੀ ਸੰਚਾਲਨ ਪ੍ਰਕਿਰਿਆ ਤਿਆਰ ਕਰਨ ਲਈ ਕਿਹਾ ਸੀ।

ਅਦਾਲਤ ਨੇ ਬੈਂਕਾਂ ਨੂੰ ਸਾਈਬਰ ਧੋਖਾਧੜੀ ਰੋਕਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਪੀੜਤਾਂ ਨੂੰ ਮੁਆਵਜ਼ਾ ਦੇਣ ਲਈ ਇੱਕ ਢਾਂਚਾ ਤਿਆਰ ਕਰਨ ਦੇ ਨਿਰਦੇਸ਼ ਵੀ ਦਿੱਤੇ ਹਨ। ਪਿਛਲੇ ਸਾਲ 1 ਦਸੰਬਰ ਨੂੰ ਸੁਪਰੀਮ ਕੋਰਟ ਨੇ ਪੂਰੇ ਭਾਰਤ ਵਿੱਚ ਡਿਜੀਟਲ ਅਰੈਸਟ ਘੁਟਾਲੇ ਦੇ ਮਾਮਲਿਆਂ ਦੀ ਸੀ ਬੀ ਆਈ ਜਾਂਚ ਦੇ ਹੁਕਮ ਦਿੱਤੇ ਸਨ ਅਤੇ ਬੈਂਕ ਅਧਿਕਾਰੀਆਂ ਦੀ ਮਿਲੀਭੁਗਤ ਦੀ ਜਾਂਚ ਕਰਨ ਲਈ ਵੀ ਕਿਹਾ ਸੀ।

## ਸਸਤੀ ਭਾਲਣ ਵਾਲੇ ਹੋ ਜਾਣ ਖਬਰਦਾਰ

**ਪਟਿਆਲਾ** : ਹਾਲ ਹੀ ਵਿੱਚ ਤਿੰਨ ਵੱਖ-ਵੱਖ ਮਾਮਲਿਆਂ ਵਿੱਚ ਬਰਾਮਦ ਹੋਈਆਂ ਨਕਲੀ ਅਤੇ ਮੁੜ ਭਰੀਆਂ (ਰੀਫਿਲ) ਸ਼ਰਾਬ ਦੀਆਂ ਬੋਤਲਾਂ ਦੀ ਮੁੱਢਲੀ ਜਾਂਚ ਇੱਕ ਡੂੰਘੇ ਗੱਠਜੋੜ ਵੱਲ ਇਸ਼ਾਰਾ ਕਰਦੀ ਹੈ। ਸੀਨੀਅਰ ਅਧਿਕਾਰੀਆਂ ਦਾ ਦਾਅਵਾ ਹੈ ਕਿ ਕੁਝ ਮਹਿੰਗੇ ਬ੍ਰਾਂਡਿਡ ਸਕੌਚ ਅਤੇ ਸਿੰਗਲ ਮਾਲਟ ਬੋਤਲਾਂ ਵਿੱਚ ਨਾਜਾਇਜ਼ ਸ਼ਰਾਬ ਹੋਣ ਦਾ ਵੀ ਸ਼ੱਕ ਹੈ।

ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਮੁਲਜ਼ਮ ਜੌਨੀ ਵਾਕਰ ਬਲੈਕ ਲੇਬਲ, ਬਲੈਕ ਡੌਗ ਗੋਲਡ ਰਿਜ਼ਰਵ ਅਤੇ 100 ਪਾਈਪਰਸ ਵਰਗੇ ਬ੍ਰਾਂਡਾਂ ਦੀਆਂ ਖਾਲੀ ਬੋਤਲਾਂ ਇਕੱਠੀਆਂ ਕਰਦੇ ਸਨ ਅਤੇ ਉਨ੍ਹਾਂ ਵਿੱਚ ਘਟੀਆ ਦਰਜੇ ਦੀ 'ਇੰਡੀਅਨ ਮੀਡੀਅਮ ਫਾਰੇਨ ਲਿਕਰ' ਭਰ ਦਿੰਦੇ ਸਨ। ਆਬਕਾਰੀ ਅਧਿਕਾਰੀ ਨੇ ਦੱਸਿਆ ਕਿ ਇੱਕ ਵਾਰ ਜਦੋਂ ਉਨ੍ਹਾਂ ਕੋਲ ਬੋਤਲਾਂ ਇਕੱਠੀਆਂ ਹੋ ਜਾਂਦੀਆਂ ਸਨ, ਤਾਂ ਉਹ ਉਨ੍ਹਾਂ ਨੂੰ ਚੰਡੀਗੜ੍ਹ ਤੋਂ ਲਿਆ ਕੇ ਸਸਤੇ ਬ੍ਰਾਂਡਾਂ ਜਾਂ ਹੋਰ ਕਿਸੇ ਵੀ ਉਪਲੱਬਧ ਸ਼ਰਾਬ ਨਾਲ ਭਰ ਦਿੰਦੇ ਸਨ ਤੇ ਇਨ੍ਹਾਂ ਨੂੰ ਵਿਆਹਾਂ ਅਤੇ ਹੋਰ ਸਮਾਗਮਾਂ ਵਿੱਚ ਵੇਚਣ ਵਿੱਚ ਕਾਮਯਾਬ ਹੋ ਜਾਂਦੇ ਸਨ, ਜਿੱਥੇ ਜ਼ਿਆਦਾਤਰ ਮਾਮਲਿਆਂ ਵਿੱਚ ਇਸ ਦਾ ਪਤਾ ਨਹੀਂ ਲੱਗਦਾ ਸੀ।

ਪਟਿਆਲਾ ਆਬਕਾਰੀ ਵਿਭਾਗ ਨੇ ਤਿੰਨ ਐੱਫ ਆਈ ਆਰ ਦਰਜ ਕਰਕੇ ਕਈ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਵੱਡੀ ਮਾਤਰਾ ਵਿੱਚ ਨਾਜਾਇਜ਼, ਨਕਲੀ ਅਤੇ ਤਸਕਰੀ ਕੀਤੀ ਸ਼ਰਾਬ ਜ਼ਬਤ ਕੀਤੀ ਹੈ। ਪੁਲਸ ਨੇ ਰਾਇਲ ਚੈਲੇਂਜ (47 ਬੋਤਲਾਂ), ਪੰਜਾਬ ਮੋਟਾ ਸੰਤਰਾ (24), ਪੰਜਾਬ ਰਾਣੋ ਸੌਂਫੀ (7) ਅਤੇ ਰਾਇਲ ਸਟੈਗ (8 ਬੋਤਲਾਂ) ਵੀ ਬਰਾਮਦ ਕੀਤੀਆਂ। ਇੱਕ ਸ਼ਰਾਬ ਠੇਕੇਦਾਰ ਨੇ ਦੱਸਿਆ ਕਿ ਮੁਲਜ਼ਮਾਂ ਵਿੱਚੋਂ ਇੱਕ ਪੁਰਾਣਾ ਅਪਰਾਧੀ ਹੈ ਅਤੇ ਜ਼ਹਿਰੀਲੀ ਸ਼ਰਾਬ ਕਾਂਡ ਤੋਂ ਬਾਅਦ ਬਣਾਏ ਗਏ ਸਖਤ ਕਾਨੂੰਨਾਂ ਤਹਿਤ ਮਾਮਲਾ ਦਰਜ ਕੀਤੇ ਜਾਣ • ਬਾਕੀ ਸਫਾ 2 'ਤੇ

## ਅਣਪਛਾਤੇ ਵਿਅਕਤੀ ਦੀ ਲਾਸ਼ ਦਾ ਕੀਤਾ ਸਸਕਾਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿੰਡ ਲਹਿਰਾ ਮੁਹੱਬਤ ਤੋਂ ਪਿੰਡ ਚੱਕਾਂ ਨੂੰ ਜਾਂਦੀ ਲਿੰਕ ਸੜਕ 'ਤੇ ਸਥਿਤ ਰੇਲਵੇ ਫਾਟਕ ਤੇ ਰੇਲਵੇ ਲਾਈਨਾਂ ਨਜ਼ਦੀਕ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਸੀ। ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਦਿਨੀਂ ਸਹਾਰਾ ਦੇ ਕੰਟਰੋਲ ਰੂਮ 'ਤੇ ਜੀ ਆਰ ਪੀ ਰੇਲਵੇ ਪੁਲਸ ਚੌਕੀ ਰਾਮਪੁਰਾ ਦਾ ਫੋਨ ਆਇਆ ਕਿ ਰੇਲਵੇ ਲਾਈਨਾਂ ਦੇ ਨਜ਼ਦੀਕ ਇੱਕ ਵਿਅਕਤੀ ਦੀ ਲਾਸ਼ ਪਈ ਹੈ ਤਾਂ ਸਹਾਰਾ ਦੀ ਟੀਮ ਸੰਸਥਾ ਦੀ ਐਂਬੂਲੈਂਸ ਸਮੇਤ ਘਟਨਾ ਸਥਾਨ 'ਤੇ ਪਹੁੰਚੀ। ਪੁਲਸ ਦੀ ਮੌਜੂਦਗੀ ਵਿੱਚ ਦੇਖਿਆ ਗਿਆ ਤਾਂ ਮ੍ਰਿਤਕ ਪਾਸੋਂ ਕੋਈ ਵੀ ਪਹਿਚਾਣ ਪੱਤਰ ਨਹੀਂ ਮਿਲਿਆ। ਉਸ ਦਾ ਹੁਲੀਆ ਕੱਦ 5 ਫੁੱਟ 5 ਇੰਚ, ਰੰਗ ਸਾਫ, ਦਾੜੀ ਕੇਸ ਕੱਟੇ ਹੋਏ, ਸਿਹਤ ਦਰਮਿਆਨੀ, ਜਿਸ ਦੇ ਪੈਂਟ ਰੰਗ ਫਿਕਾ ਗਰੇ ਅਸਮਾਨੀ, ਉਸ ਦੇ ਸਰੀਰ ਉੱਪਰ ਹੋਰ ਕੋਈ ਕੱਪੜਾ ਨਹੀਂ ਪਹਿਨਿਆ ਹੋਇਆ ਸੀ। ਲਾਸ਼ ਨੂੰ 72 ਘੰਟੇ ਸ਼ਨਾਖਤ ਲਈ ਰੇਲਵੇ ਪੁਲਸ ਦੀ ਮੌਜੂਦਗੀ ਵਿੱਚ ਸਿਵਲ ਹਸਪਤਾਲ ਰਾਮਪੁਰਾ ਵਿਖੇ ਰੱਖਿਆ ਗਿਆ ਸੀ, ਪਰ ਉਸ ਦੀ ਸ਼ਨਾਖਤ ਨਹੀਂ ਹੋਈ। ਪੁਲਸ ਵੱਲੋਂ ਕਾਰਵਾਈ ਕਰਦਿਆਂ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਧਾਰਮਿਕ ਰੀਤੀ ਰਿਵਾਜਾਂ ਨਾਲ ਅੰਤਿਮ ਸੰਸਕਾਰ ਕਰਨ ਲਈ ਸਹਾਰਾ ਦੇ ਹਵਾਲੇ ਕੀਤੀ ਗਈ। ਸਹਾਰਾ ਵੱਲੋਂ ਫੂਲ ਰੋਡ 'ਤੇ ਸਥਿਤ ਰਾਮਬਾਗ ਵਿਖੇ ਸਸਕਾਰ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਜਨਰਲ ਸੈਕਟਰੀ ਕੇਵਲ ਸਿੰਘ, ਵਾਇਸ ਪ੍ਰਧਾਨ ਸੁਖਦੇਵ ਸਿੰਘ, ਮੈਂਬਰ ਗੁਰਤੇਜ ਸਿੰਘ, ਬਿੰਦਰ ਸਿੰਘ ਤੇ ਪ੍ਰਦੀਪ ਸ਼ਰਮਾ ਆਦਿ ਹਾਜ਼ਰ ਸਨ।

## ਖੇਤੀਬਾੜੀ ਮੰਤਰੀ ਵੱਲੋਂ ਵੱਖ ਵੱਖ ਪਿੰਡਾਂ 'ਚ ਅੱਗ ਨਾਲ ਸੜੀ ਫਸਲ ਦਾ ਜਾਇਜ਼ਾ

### ਪੰਜਾਬ ਸਰਕਾਰ ਹਰ ਸਮੇਂ ਕਿਸਾਨਾਂ ਨਾਲ ਖੜ੍ਹੀ ਹੈ : ਖੁੱਡੀਆਂ



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਓਮ ਪ੍ਰਕਾਸ਼ ਸੇਖੂ)**-ਪਿਛਲੇ ਦਿਨੀਂ ਪਿੰਡ ਕਬਰਵਾਲਾ, ਗੁਰੂਸਰ ਜੋਧਾ ਤੇ ਪੱਕੀ ਟਿੱਬੀ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਕਾਰਨ ਫਸਲਾਂ ਨੂੰ ਭਾਰੀ ਨੁਕਸਾਨ ਪਹੁੰਚਿਆ।ਇਸ ਸਬੰਧ ਵਿੱਚ ਮਾਨਯੋਗ ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ। ਇਸ ਦੌਰਾਨ ਖੇਤੀਬਾੜੀ ਮੰਤਰੀ ਸ੍ਰ. ਖੁੱਡੀਆਂ ਨੇ ਪ੍ਰਭਾਵਿਤ ਕਿਸਾਨ ਪਰਵਾਰਾਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ।ਉਨ੍ਹਾਂ ਕਿਸਾਨਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੰਦਿਆਂ ਕਿਹਾ ਕਿ ਸਰਕਾਰ ਉਨ੍ਹਾਂ ਨਾਲ ਖੜੀ ਹੈ ਤੇ ਨੁਕਸਾਨ ਦੀ ਭਰਪਾਈ ਲਈ ਯੋਗ ਕਦਮ ਚੁੱਕੇ ਜਾਣਗੇ।ਸ੍ਰ. ਖੁੱਡੀਆਂ ਨੇ ਸੰਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮਾਮਲੇ ਦੀ ਜਾਂਚ ਕਰਕੇ ਰਿਪੋਰਟ ਤਿਆਰ ਕੀਤੀ ਜਾਵੇ ਤੇ ਸਬੰਧਤ ਪਟਵਾਰੀਆਂ ਨੂੰ ਹਦਾਇਤ ਕੀਤੀ ਕਿ ਗਰਦੌਰੀ ਜਲਦੀ ਕਰਵਾਈ ਜਾਵੇ, ਤਾਂ ਜੋ ਕਿਸਾਨਾਂ ਦੇ ਫਸਲੀ ਨੁਕਸਾਨ ਦਾ ਮੁਆਵਜ਼ਾ ਬਣਾਉਣ ਵਿੱਚ ਦੇਰੀ ਨਾ ਹੋਵੇ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਤੋਂ ਬਚਾਅ ਲਈ ਹਰ ਸੰਭਵ ਯਤਨ ਕੀਤੇ ਜਾਣ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪ੍ਰਭਾਵਿਤ ਕਿਸਾਨਾਂ ਦੀ ਸਹਾਇਤਾ ਲਈ ਤੁਰੰਤ ਕਾਰਵਾਈ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਨੂੰ ਯੋਗ ਮੁਆਵਜ਼ਾ ਦੇਣ ਦੀ ਪ੍ਰਕਿਰਿਆ ਜਲਦ ਪੂਰੀ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਸਮੇਂ ਕਿਸਾਨ ਭਰਾਵਾਂ ਦੇ ਨਾਲ ਖੜੀ ਹੈ।ਇਸ ਮੌਕੇ ਡੀ ਐੱਸ ਪੀ ਹਰਬੰਸ ਬਰਾੜ, ਐੱਸ ਐੱਚ ਓ ਹਰਪ੍ਰੀਤ ਕੌਰ, ਤਹਿਸੀਲਦਾਰ ਹਰਪ੍ਰੀਤ ਕੌਰ, ਸੁੱਖਾ ਪ੍ਰਧਾਨ ਗੁਰੂਸਰ, ਸ਼ਿੰਗਾਰਾ ਸਿੰਘ ਪ੍ਰਧਾਨ ਗੁਰੂਸਰ, ਗੁਰਬਾਜ ਸਿੰਘ ਬਣਵਾਲਾ, ਏਡੀਓ ਮੰਗਲ ਸੈਨ, ਏਡੀਓ ਗਗਨਦੀਪ ਕੌਰ, ਲਵਜੀਤ ਸਿੰਘ ਲਵਲੀ, ਨਿਰਮਲ ਸਿੰਘ ਭੁੱਲਰ, ਲਾਲੀ ਕਰਮਗੜ੍ਹ, ਬਖਸ਼ੀਸ਼ ਸਿੰਘ, ਨਿਰਮਲ ਸਿੰਘ, ਸਰਪੰਚ ਸੁਖਚੈਨ ਸਿੰਘ, ਦਲਵਿੰਦਰ ਸਿੰਘ ਮਨ, ਮਨਦੀਪ ਸਿੰਘ, ਸਰਪੰਚ ਰਸ਼ਪਾਲ ਸਿੰਘ, ਪੀਏ ਗੁਰਬਾਜ ਖੁੱਡੀਆਂ ਤੇ ਮੀਡੀਆ ਐਡਵਾਈਜ਼ਰ ਮੋਹਿਤ ਸੋਨੀ ਹਾਜ਼ਰ ਸਨ।

## ਬੇਗੋਵਾਲ ਦੇ ਕਈ ਪਰਵਾਰ 'ਆਪ' 'ਚ ਸ਼ਾਮਲ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਬੇਗੋਵਾਲ ਤੋਂ ਅਨੇਕਾਂ ਪਰਵਾਰਾਂ ਨੇ ਰਵਾਇਤੀ ਸਿਆਸੀ ਪਾਰਟੀਆਂ ਨੂੰ ਅਲਵਿਦਾ ਕਹਿੰਦੇ ਹੋਏ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸ ਮੌਕੇ ਹਲਕਾ ਪਾਇਲ ਦੇ ਵਿਧਾਇਕ ਇੰਜੀ. ਮਨਵਿੰਦਰ ਸਿੰਘ ਗਿਆਸਪੁਰਾ ਦੀ ਅਗਵਾਈ ਹੇਠ ਸਮਾਗਮ ਕੀਤਾ ਗਿਆ, ਜਿਸ ਦੌਰਾਨ ਨਵੇਂ ਸ਼ਾਮਲ ਹੋਏ ਪਰਵਾਰਾਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਪਿੰਡ ਬੇਗੋਵਾਲ ਤੋਂ ਨਿਰਮਲ ਸਿੰਘ ਬੇਗੋਵਾਲ (ਪ੍ਰਧਾਨ), ਜੁਗਰਾਜ ਸਿੰਘ (ਚੇਅਰਮੈਨ), ਸਿਰਵੀਰ ਸਿੰਘ, ਪ੍ਰਿਤਪਾਲ ਸਿੰਘ, ਰਾਜਵੀਰ ਸਿੰਘ, ਸੁਰਿੰਦਰ ਸਿੰਘ (ਸ਼ਿੰਦਾ), ਚਰਨਜੀਤ ਸਿੰਘ ਮੇਟ, ਪਰਮਜੀਤ ਸਿੰਘ ਪੰਮੀ (ਐੱਸ.ਸੀ. ਵਿੰਗ ਪ੍ਰਧਾਨ) ਤੇ ਮਿੰਟੂ ਧਾਮੀ ਸਮੇਤ ਹੋਰ ਵਿਅਕਤੀ ਆਮ ਆਦਮੀ ਪਾਰਟੀ ਦੇ ਆਗੂਆਂ ਦੀ ਹਾਜ਼ਰੀ ਵਿੱਚ ਪਾਰਟੀ ਨਾਲ ਜੁੜੇ।ਇਸ ਦੌਰਾਨ ਪਾਰਟੀ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੇ ਵਿਕਾਸ ਮੁੱਖ ਕਾਰਜਾਂ ਕਾਰਨ ਲੋਕ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਹੋਰ ਮਜ਼ਬੂਤ ਹੋਵੇਗੀ।ਇਸ ਸਮਾਗਮ ਵਿੱਚ ਦੋਰਾਹਾ ਦੇ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ, ਸ਼ਹਿਰੀ ਪ੍ਰਧਾਨ ਰਾਣਾ ਕੂਨਰ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸੁਖਵਿੰਦਰ ਸਿੰਘ ਨੋਨਾ ਤੇ ਹੋਰ ਆਗੂ ਮੌਜੂਦ ਰਹੇ।

## ਮਿਮਿਟ ਦੇ ਬੀ ਸੀ ਏ ਵਿਭਾਗ ਵੱਲੋਂ ਕੰਪਿਊਟਰ ਪ੍ਰੋਗਰਾਮਿੰਗ ਮੁਕਾਬਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਰਕਾਰ ਦੁਆਰਾ ਸਥਾਪਤ ਸੰਸਥਾ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨੋਲੋਜੀ ਮਿਮਿਟ ਮਲੋਟ ਵਿਖੇ ਵੱਖ ਵੱਖ ਵਿਭਾਗਾਂ ਦੇ ਚੱਲ ਰਹੇ ਪ੍ਰੋਗਰਾਮਾਂ ਦੀ ਲੜੀ ਦੌਰਾਨ ਬੀਸੀਏ ਵਿਭਾਗ ਵੱਲੋਂ ਵਿਦਿਆਰਥੀਆਂ ਵਿੱਚ ਪ੍ਰੋਗਰਾਮਿੰਗ ਕਰਨ ਨੂੰ ਉਤਸ਼ਾਹਤ ਕਰਨ ਲਈ ਇੱਕ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਪ੍ਰੋਗਰਾਮ ਕੋਆਰਡੀਨੇਟਰ ਡਾ. ਮਨੀਸ਼ ਬਾਂਸਲ ਨੇ ਦੱਸਿਆ ਕਿ ਬੀਸੀਏ ਵਿਭਾਗ ਵੱਲੋਂ ਵਿਦਿਆਰਥੀਆਂ ਵਿੱਚ ਕੋਡਿੰਗ ਕਰਨ ਦੀ ਰੁਚੀ ਨੂੰ ਉਤਸ਼ਾਹਤ ਕਰਨ ਲਈ ਬਰੇਨ ਵਾਈਟ ਕੁਇੱਜ਼ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਕੰਪਿਊਟਰ ਨਾਲ ਸੰਬੰਧਤ ਭਾਸ਼ਾਵਾਂ ਜਿਵੇਂ ਕਿ ਸੀ, ਸੀ ਪਲੱਸ ਪਲੱਸ ਨਾਲ ਸੰਬੰਧਤ ਵਿਦਿਆਰਥੀਆਂ ਤੋਂ ਸਵਾਲ ਪੁੱਛੇ ਗਏ। ਇਸ ਉਪਰੰਤ ਜੋ ਵਿਦਿਆਰਥੀਆਂ ਨੇ ਭਾਸ਼ਾਵਾਂ ਦੇ ਸਬੰਧਤ ਸਹੀ ਉੱਤਰ ਦਿੱਤੇ, ਉਹ ਵਿਦਿਆਰਥੀ ਅਗਲੇ ਪੜਾਅ ਵਿੱਚ ਪਹੁੰਚ ਗਏ, ਜਿਨ੍ਹਾਂ ਵਿੱਚੋਂ ਚੁਣੇ ਗਏ ਵਿਦਿਆਰਥੀਆਂ ਨੂੰ ਕੁਝ ਪ੍ਰੋਗਰਾਮ ਦਿੱਤੇ ਗਏ। ਵਿਦਿਆਰਥੀਆਂ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਇਸ ਮੁਕਾਬਲੇ ਵਿੱਚ ਭਾਗ ਲਿਆ। ਵੱਖ ਵੱਖ ਪੜਾਵਾਂ ਨੂੰ ਪਾਰ ਕਰਦੇ ਹੋਏ ਬੀ ਸੀ ਏ ਵਿਭਾਗ ਦੇ ਦੂਜੇ ਸਮੈਸਟਰ ਦੇ ਵਿਦਿਆਰਥੀ ਭੁਪਿੰਦਰ ਸਿੰਘ ਪਹਿਲਾ, ਲਵਲੀਨ ਕੌਰ ਨੇ ਦੂਜਾ ਤੇ ਪ੍ਰਿੰਸ ਤੀਜੇ ਸਥਾਨ 'ਤੇ ਰਹੇ। ਇਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਪ੍ਰੋਗਰਾਮ ਮੁਕਾਬਲੇ ਵਿੱਚ ਜਿੱਤ ਪ੍ਰਾਪਤ ਕਰਨ ਕਾਰਨ ਸੰਸਥਾ ਦੇ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸੰਸਥਾ ਦੇ ਮਾਨਯੋਗ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਨੇ ਵਿਦਿਆਰਥੀਆਂ ਵਿੱਚ ਪ੍ਰੋਗਰਾਮਿੰਗ ਵਿਸ਼ੇ ਨੂੰ ਉਤਸ਼ਾਹਤ ਕਰਨ ਲਈ ਬੀ ਸੀ ਏ ਵਿਭਾਗ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਬੀਸੀਏ ਵਿਭਾਗ ਤੋਂ ਡਾ. ਸੁਖਵੀਰ ਕੌਰ ਡਾ. ਨਵਦੀਪ ਲਤਾ, ਮੈਡਮ ਪਲਕ, ਮੈਡਮ ਸ਼ਿਵਾਨੀ, ਮੈਡਮ ਰੂਹੀ, ਮੈਡਮ ਜਸਮੀਤ ਕੌਰ ਤੇ ਨਰਿੰਦਰ ਕੁਮਾਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ।

## ਧੂਰੀ ਵਿਕਾਸ ਮੰਚ ਦੀ ਮੁੱਖ ਮੰਤਰੀ ਦੇ ਓ ਐੱਸ ਡੀ ਸਖਵੀਰ ਸਿੰਘ ਨਾਲ ਮੀਟਿੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਨਿਰੋਲ ਗ਼ੈਰ-ਸਿਆਸੀ ਸੰਸਥਾ ਧੂਰੀ ਵਿਕਾਸ ਮੰਚ ਦੇ ਵਫ਼ਦ ਵੱਲੋਂ ਮੰਚ ਦੇ ਪ੍ਰਧਾਨ ਅਮਨਦੀਪ ਗਰਗ ਤੇ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ ਦੀ ਅਗਵਾਈ ਹੇਠ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐੱਸ ਡੀ ਸੁਖਵੀਰ ਸਿੰਘ ਨਾਲ ਕੀਤੀ ਗਈ ਅਹਿਮ ਮੀਟਿੰਗ ਦੌਰਾਨ ਇਲਾਕੇ 'ਚ ਦਰਪੇਸ਼ ਸਮੱਸਿਆਵਾਂ ਤੇ ਸ਼ਹਿਰ ਦੇ ਵਿਕਾਸ ਕਾਰਜਾਂ ਬਾਰੇ ਖੁੱਲ੍ਹੀ ਵਿਚਾਰ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਮੰਚ ਦੇ ਜਨਰਲ ਸਕੱਤਰ ਹੰਸ ਰਾਜ ਬਜਾਜ ਨੇ ਸਮੱਸਿਆਵਾਂ ਤੇ ਵਿਕਾਸ ਕਾਰਜਾਂ ਬਾਰੇ ਓ ਐੱਸ ਡੀ ਸੁਖਵੀਰ ਸਿੰਘ ਨੂੰ ਜਾਣੂ ਕਰਵਾਉਂਦਿਆਂ ਉਨ੍ਹਾਂ ਨੂੰ ਹੱਲ ਕਰਨ ਤੋਂ ਇਲਾਵਾ ਸ਼ਹਿਰ ਅੰਦਰ ਚਲਦੇ ਵਿਕਾਸ ਕਾਰਜਾਂ ਨੂੰ ਜਲਦੀ ਮੁਕੰਮਲ ਕਰਨ ਦੀ ਮੰਗ ਕੀਤੀ ਗਈ। ਸੁਖਵੀਰ ਸਿੰਘ ਨੇ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਮੰਚ ਦੇ ਵਫ਼ਦ ਨੂੰ ਅਮਲ ਕਰਨ ਦਾ ਭਰੋਸਾ ਦਿੰਦਿਆਂ ਕਿਹਾ ਕਿ ਧਿਆਨ 'ਚ ਲਿਆਂਦੀਆਂ ਗਈਆਂ ਕਈ ਮੰਗਾਂ ਬਾਰੇ ਸਰਕਾਰ ਵੱਲੋਂ ਪਹਿਲਾਂ ਹੀ ਤਜਵੀਜ਼ ਬਣਾਈ ਜਾ ਰਹੀ ਹੈ।ਮੀਟਿੰਗ ਦੌਰਾਨ ਮੰਚ ਦੇ ਆਗੂਆਂ 'ਚ ਸੰਦੀਪ ਬਾਂਸਲ ਸੋਨੀ, ਸੰਜੀਵ ਗਰਗ ਜੌਨੀ, ਮੋਹਿਤ ਜਿੰਦਲ, ਅਮਨਦੀਪ ਡਿੰਪੀ, ਐਡਵੋਕੇਟ ਮਨਿੰਦਰ ਸਿੰਘ ਢੀਂਡਸਾ, ਮਨੋਹਰ ਸਿੰਘ ਸੱਗੂ ਆਦਿ ਮੌਜੂਦ ਸਨ।

## ਕਰਿਆਨਾ ਐਸੋਸੀਏਸ਼ਨ ਵੱਲੋਂ ਐੱਸ ਡੀ ਐੱਮ ਨਾਲ ਮੁਲਾਕਾਤ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਕਰਿਆਨਾ ਐਸੋਸੀਏਸ਼ਨ ਮੋਗਾ ਵੱਲੋਂ ਪ੍ਰਧਾਨ ਸੁਰਿੰਦਰ ਕੁਮਾਰ ਦੀ ਅਗਵਾਈ ਹੇਠ ਵੱਲੋਂ ਐੱਸ.ਡੀ.ਐੱਮ. ਨਿਹਾਲ ਸਿੰਘ ਵਾਲਾ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਦੌਰਾਨ ਉਨ੍ਹਾਂ ਨੇ ਐੱਸ.ਡੀ.ਐੱਮ. ਗਗਨਦੀਪ ਨੂੰ ਫੁੱਲਾਂ ਦਾ ਗੁਲਦਸਤਾਂ ਭੇਟ ਕਰਕੇ ਸਨਮਾਨਤ ਕੀਤਾ।ਮੁਲਾਕਾਤ ਸਮੇਂ ਸੁਰਿੰਦਰ ਕੁਮਾਰ ਨੇ ਸ਼ਹਿਰ ਵਿੱਚ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ।ਉਨ੍ਹਾਂ ਸਫਾਈ ਪ੍ਰਬੰਧ, ਟ੍ਰੈਫਿਕ ਜਾਮ ਤੇ ਵਪਾਰ ਨਾਲ ਜੁੜੀਆਂ ਦਿੱਕਤਾਂ ਨੂੰ ਲੈ ਕੇ ਚਿੰਤਾ ਜਤਾਈ ਤੇ ਇਨ੍ਹਾਂ ਸਮੱਸਿਆਵਾਂ ਦੇ ਤੁਰੰਤ ਹੱਲ ਦੀ ਮੰਗ ਕੀਤੀ ਐੱਸ.ਡੀ.ਐੱਮ. ਗਗਨਦੀਪ ਨਿਹਾਲ ਸਿੰਘ ਵਾਲਾ ਨੇ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਸੁਰਿੰਦਰ ਕੁਮਾਰ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਵੱਲੋਂ ਉਠਾਏ ਗਏ ਮੁੱਦਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਤੇ ਸੰਬੰਧਤ ਵਿਭਾਗਾਂ ਨਾਲ ਮਿਲ ਕੇ ਜਲਦ ਤੋਂ ਜਲਦ ਹੱਲ ਕੀਤਾ। ਇਸ ਮੌਕੇ ਕਰਿਆਨਾ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰ ਹਾਜ਼ਰ ਸਨ।

## ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ ਦਾ ਨਤੀਜਾ ਸ਼ਾਨਦਾਰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਦਾ ਸੀਬੀਐੱਸਈ ਦਸਵੀਂ ਜਮਾਤ ਦਾ ਨਤੀਜਾ ਇਸ ਵਰ੍ਹੇ ਬਹੁਤ ਹੀ ਸ਼ਾਨਦਾਰ ਰਿਹਾ। ਸਕੂਲ ਦੇ ਵਿਦਿਆਰਥੀਆਂ ਨੇ ਉੱਚ ਅੰਕ ਪ੍ਰਾਪਤ ਕਰਕੇ ਸਕੂਲ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਵਿਦਿਆਰਥਣ ਭਾਵਨਾ ਨੇ 97.8% ਅੰਕ ਪ੍ਰਾਪਤ ਕਰਕੇ ਪਹਿਲਾ, ਪੁਸ਼ਪਿੰਦਰ ਕੌਰ ਨੇ 96% ਅੰਕਾਂ ਨਾਲ ਦੂਜਾ ਤੇ ਲਵਲੀਨ ਕੌਰ ਨੇ 94.4% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਉਪਲਬਧੀ ਦੀ ਖੁਸ਼ੀ ਵਿੱਚ ਸਕੂਲ ਪ੍ਰੰਗਣ ਵਿੱਚ ਸਨਮਾਨ ਸਮਾਰੋਹ ਕੀਤਾ ਗਿਆ।ਇਸ ਮੌਕੇ ਪ੍ਰਬੰਧਕ ਸਮਿਤੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਂਬਰ ਰਵੀਨੰਦ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਉਨ੍ਹਾਂ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਮੈਡਲ ਤੇ ਹਾਰ ਪਹਿਨਾ ਕੇ ਸਨਮਾਨਤ ਕੀਤਾ ਗਿਆ।ਪ੍ਰਬੰਧਕ ਸੰਮਤੀ ਦੇ ਮੈਨੇਜਰ ਗੁਰਪ੍ਰੀਤ ਸਿੰਘ ਤੇ ਸਮੂਹ ਸੰਮਤੀ ਵੱਲੋਂ ਸਾਰੇ ਬੱਚਿਆਂ ਤੇ ਸਟਾਫ ਨੂੰ ਵਧਾਈ ਭੇਜੀ ਗਈ।ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਅਣਥਕ ਮਿਹਨਤ ਤੇ ਅਧਿਆਪਕਾਂ ਦੀ ਲਗਨ ਦਾ ਨਤੀਜਾ ਹਨ।ਸਮਾਰੋਹ ਦੌਰਾਨ ਪੰਜਾਬੀ ਵਿਸ਼ੇ ਵਿੱਚ 100 ਫੀਸਦੀ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਸੋਸ਼ਲ ਸਟਡੀਜ਼ ਵਿੱਚ 100 ਫੀਸਦੀ ਅੰਕ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਭਾਵਨਾ ਨੂੰ 1100 ਰੁਪਏ ਦੀ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵਾਈਸ ਪ੍ਰਿੰਸੀਪਲ ਬਿਕਰਮਜੀਤ ਸਿੰਘ, ਕੋਆਰਡੀਨੇਟਰ ਅਨਮੋਲ ਕੌਸ਼ਲ ਤੇ ਨਿਰਮਲਜੀਤ ਕੌਰ ਸਮੇਤ ਸਮੂਹ ਸਟਾਫ਼ ਮੈਂਬਰ ਹਾਜ਼ਰ ਰਹੇ।




## ਬਸਪਾ ਦੇ ਸੂਬਾ ਜਨਰਲ ਸਕੱਤਰ ਚਮਕੌਰ ਸਿੰਘ ਵੀਰ ਦੀ ਮੌਤ 'ਤੇ ਦੁੱਖ ਪ੍ਰਗਟ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸੂਬਾਈ ਜਨਰਲ ਸਕੱਤਰ ਤੇ ਸੇਵਾ ਮੁਕਤ ਏ ਆਰ ਸਹਿਕਾਰੀ ਸਭਾਵਾਂ ਚਮਕੌਰ ਸਿੰਘ ਵੀਰ ਦੀ ਹੋਈ ਬੇਵਕਤੀ ਮੌਤ 'ਤੇ ਬਹੁਜਨ ਸਮਾਜ ਪਾਰਟੀ ਦੇ ਦਰਜਾ ਵਾ ਦਰਜਾ ਆਗੂਆਂ ਤੇ ਵਰਕਰਾਂ ਨੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।ਵਿਛੜੀ ਰੂਹ ਨਮਿਤ ਅੰਤਮ ਵਿਦਾਇਗੀ ਤੇ ਸਸਕਾਰ ਉਭਾਵਾਲ ਰੋਡ ਸ਼ਮਸ਼ਾਨਘਾਟ ਵਿਖੇ ਹੋਵੇਗਾ।ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਕੁਲਦੀਪ ਸਿੰਘ ਸਰਦੂਲਗੜ੍ਹ ਜ਼ੋਨ ਇੰਚਾਰਜ ਪੰਜਾਬ ਬਸਪਾ, ਦੌਲਤ ਰਾਮ ਬਠਿੰਡਾ ਸੂਬਾ ਜਨਰਲ ਸਕੱਤਰ ਬਸਪਾ ਪੰਜਾਬ, ਜਗਦੀਪ ਸਿੰਘ ਗੋਗੀ ਤਲਵੰਡੀ ਸਾਬੋ ਸਕੱਤਰ ਬਸਪਾ ਪੰਜਾਬ, ਮੀਨਾ ਰਾਣੀ ਸਕੱਤਰ, ਨਿੱਕਾ ਸਿੰਘ ਸਕੱਤਰ, ਡਾ. ਜੋਗਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਬਠਿੰਡਾ, ਮੰਗਤ ਰਾਏ ਭੀਖੀ, ਬਾਬੂ ਸਿੰਘ ਜ਼ਿਲ੍ਹਾ ਪ੍ਰਧਾਨ ਮਾਨਸਾ, ਅਵਤਾਰ ਸਿੰਘ ਕਟਾਰੀਆ ਹਲਕਾ ਪ੍ਰਧਾਨ ਬੁਢਲਾਡਾ, ਰਾਮਫਲ ਸਿੰਘ ਜਨਰਲ ਸਕੱਤਰ, ਮੱਖਣ ਸਿੰਘ, ਅਮਰੀਕ ਸਿੰਘ ਪ੍ਰਧਾਨ ਆਟੋ ਯੂਨੀਅਨ, ਗੁਰਧਿਆਨ ਸਿੰਘ ਕਟਾਰੀਆ, ਜਸਵੀਰ ਸਿੰਘ ਰਘੜਿਆਲ, ਸੋਨੂੰ ਕਟਾਰੀਆ ਬੁਢਲਾਡਾ, ਤਰਸੇਮ ਸਿੰਘ, ਤੇਜਾ ਸਿੰਘ ਬਰੇਟਾ, ਸਰਬਰ ਕੁਰੇਸ਼ੀ ਭੀਖੀ, ਮਿੱਠਾ ਸਿੰਘ ਗੁਰਨੇ ਕਲਾਂ, ਜਗਤਾਰ ਸਿੰਘ ਫ਼ਤਿਹਪੁਰ, ਸੁਰਜੀਤ ਸਿੰਘ ਤੇ ਸਾਬਕਾ ਪ੍ਰਧਾਨ ਜ਼ਿਲ੍ਹਾ ਪ੍ਰਧਾਨ ਮਾਨਸਾ ਗੁਰਮੇਲ ਸਿੰਘ ਬੋੜਾਵਾਲ ਆਦਿ ਸ਼ਾਮਲ ਹਨ।

## 48 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਗ੍ਰੈਟੀਟਿਊਡ ਵੈੱਲਨੈੱਸ ਰਿਟਰਿਟ, ਮੋਹਾਲੀ ਤੇ ਗਾਂਧੀ ਸਮਾਰਕ ਪ੍ਰਾਕ੍ਰਿਤਿਕ ਚਿਕਿਤਸਾ ਸਮਿਤੀ ਨਵੀਂ ਦਿੱਲੀ ਤੇ ਸਹਿਯੋਗੀ ਸੰਸਥਾਵਾਂ ਦੇ ਸਾਂਝੇ ਪ੍ਰਬੰਧ ਤਹਿਤ ਇੱਕ ਸ਼ਾਨਦਾਰ ਡਿਗਰੀ ਵੰਡ ਸਮਾਰੋਹ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਆਪਣੀ ਮਾਣਯੋਗ ਹਾਜ਼ਰੀ ਨਾਲ ਸਮਾਰੋਹ ਦੀ ਰੌਣਕ ਵਧਾਈ।ਆਪਣੇ ਪ੍ਰੇਰਣਾਦਾਇਕ ਸੰਬੋਧਨ ਵਿੱਚ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਪ੍ਰਾਕ੍ਰਿਤਿਕ ਚਿਕਿਤਸਾ ਤੇ ਯੋਗ ਅੱਜ ਦੇ ਯੁੱਗ ਦੀਆਂ ਬਹੁਤ ਮਹੱਤਵਪੂਰਨ ਸਿਹਤ ਪੱਧਤੀਆਂ ਹਨ, ਜੋ ਨਾ ਸਿਰਫ਼ ਬਿਮਾਰੀਆਂ ਤੋਂ ਮੁਕਤੀ ਦਿੰਦੀਆਂ ਹਨ, ਸਗੋਂ ਜੀਵਨ ਨੂੰ ਸੰਤੁਲਿਤ, ਸੌਖਾ ਤੇ ਸਿਹਤਮੰਦ ਬਣਾਉਂਦੀਆਂ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਸਮਾਜ ਸੇਵਾ, ਨੈਤਿਕ ਮੁੱਲਾਂ ਤੇ ਸਮਰਪਣ ਭਾਵ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਤੋਂ ਇਲਾਵਾ ਸੰਜੀਵ ਸ਼ਰਮਾ, ਡਾ. ਇਸ਼ਿਤਾ ਸ਼ਰਮਾ, ਸ਼੍ਰੀ ਕੇ. ਕੇ. ਸ਼ਾਰਦਾ ਨੇ ਵੀ ਆਪਣੇ ਵਿਚਾਰ ਰੱਖੇ।ਪ੍ਰੋਗਰਾਮ ਦਾ ਸੁਚੱਜਾ ਤੇ ਪ੍ਰਭਾਵਸ਼ਾਲੀ ਸੰਚਾਲਨ ਐੱਚ. ਸੀ. ਗੁਪਤਾ ਵੱਲੋਂ ਕੀਤਾ ਗਿਆ। ਇਸ ਮੌਕੇ ਕੁੱਲ 48 ਵਿਦਿਆਰਥੀਆਂ ਨੂੰ ਡਿਗਰੀਆਂ ਦਿੱਤੀਆਂ ਗਈਆਂ, ਜਿਨ੍ਹਾਂ ਵਿੱਚ ਦਵਾਰਕਾ ਪ੍ਰਸਾਦ ਸ਼ਰਮਾ, ਕਮਲੇਸ਼ ਸ਼ਰਮਾ, ਸੰਦੀਪ ਕੁਮਾਰ, ਡਾ. ਅਨੂਪ ਗੋਯਲ, ਰਾਜੇਸ਼ ਸਿੰਘ ਸੋਲੰਕੀ, ਨੇਹਾ ਸੋਲੰਕੀ, ਆਰਤੀ ਚੌਹਾਨ, ਜੋਤੀ ਕੌਰ, ਡਾ. ਜਿਗਨਾ, ਨਵਦੀਪ ਬੰਸਲ, ਐਡਵੋਕੇਟ ਜਸਪਾਲ ਚੰਦ, ਵੀਰੇਂਦਰ ਸ਼ਰਮਾ, ਅੰਜੂ, ਅਮਨਦੀਪ ਗਰੇਵਰ, ਐੱਸ. ਪੀ. ਸਿੰਘ, ਰਾਜੀਵ ਗਾਂਧੀ, ਡਾ. ਵਿਨੋਦ ਸ਼ਰਮਾ, ਡਾ. ਛਵੀ ਜੈਨ, ਡਾ. ਵਿਜੇ, ਮੀਨੂ ਗੁਪਤਾ, ਡਾ. ਚਿਤਰਾ, ਡਾ. ਪੰਕਜ ਕਪੂਰ ਸਮੇਤ ਹੋਰ ਸ਼ਾਮਲ ਸਨ।

## ਸੇਂਟ ਜੇਵੀਅਰਸ ਇੰਟਰਨੈਸ਼ਨਲ ਸਕੂਲ ਅਤਾਲਾ ਦਾ ਦਸਵੀਂ ਦੇ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ



**ਸਮਾਣਾ (ਇਕਬਾਲ ਸਿੰਘ ਬੱਲ)**-ਸੈਂਟ ਜੇਵੀਅਰਸ ਇੰਟਰਨੈਸ਼ਨਲ ਸਕੂਲ ਅਤਾਲਾ ਨੇ ਇਸ ਸਾਲ ਦੀਆਂ ਦਸਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਇਤਿਹਾਸਕ ਜਿੱਤ ਦਰਜ ਕਰਦਿਆਂ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਅਕਾਦਮਿਕ ਕਾਬਲੀਅਤ ਤੇ ਸਖ਼ਤ ਮਿਹਨਤ ਸਦਕਾ ਸ਼ਾਨਦਾਰ ਅੰਕ ਹਾਸਲ ਕਰਕੇ ਸੰਸਥਾ ਅਤੇ ਮਾਪਿਆਂ ਦਾ ਮਾਣ ਵਧਾਇਆ ਹੈ।ਸਕੂਲ ਦੇ ਇੱਕ ਹੋਣਹਾਰ ਵਿਦਿਆਰਥੀ ਨੇ 98.2% ਅੰਕ ਪ੍ਰਾਪਤ ਕਰਕੇ ਉਤਕ੍ਰਿਸ਼ਟਤਾ ਦਾ ਇੱਕ ਨਵਾਂ ਮਾਪਦੰਡ ਸਥਾਪਤ ਕੀਤਾ ਹੈ।ਕੁੱਲ 10 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਹਾਸਲ ਕਰਕੇ ਆਪਣੀ ਵਿਲੱਖਣ ਪ੍ਰਤਿਭਾ ਦਾ ਸਬੂਤ ਦਿੱਤਾ ਹੈ।ਇਹ ਨਤੀਜੇ ਘੱਗਾ ਤੇ ਪਾਤੜਾਂ ਖੇਤਰ ਵਿੱਚ ਸਭ ਤੋਂ ਬਿਹਤਰੀਨ ਪ੍ਰਾਪਤੀਆਂ ਵਜੋਂ ਉੱਭਰ ਕੇ ਸਾਹਮਣੇ ਆਏ ਹਨ।ਸਕੂਲ ਦੇ ਮੁੱਖ ਪ੍ਰਬੰਧਕ ਅਰਨਬ ਸਰਕਾਰ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਹ ਵੱਡੀ ਕਾਮਯਾਬੀ ਸਕੂਲ ਦੇ ਸਮਰਪਿਤ ਅਧਿਆਪਕਾਂ ਦੀ ਯੋਗ ਅਗਵਾਈ, ਮਾਪਿਆਂ ਦੇ ਨਿਰੰਤਰ ਸਹਿਯੋਗ ਅਤੇ ਵਿਦਿਆਰਥੀਆਂ ਦੇ ਅਟੁੱਟ ਨਿਸ਼ਚੇ ਦਾ ਸਾਂਝਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਸੈਂਟ ਜੇਵੀਅਰਸ ਸਕੂਲ ਹਮੇਸ਼ਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਰਿਹਾ ਹੈ। ? ਸਾਡੇ ਵਿਦਿਆਰਥੀਆਂ ਦੀ ਇਹ ਉਪਲਬਧੀ ਹੋਰਨਾਂ ਬੱਚਿਆਂ ਲਈ ਵੀ ਪ੍ਰੇਰਨਾ ਸਰੋਤ ਬਣੇਗੀ।ਅਸੀਂ ਸਮੂਹ ਸਟਾਫ਼ ਅਤੇ ਮਾਪਿਆਂ ਨੂੰ ਇਸ ਯਾਦਗਾਰੀ ਸਫਲਤਾ ਦੀ ਵਧਾਈ ਦਿੰਦੇ ਹਾਂ। ਅਰਨਬ ਸਰਕਾਰ ਨੇ ਦੱਸਿਆ ਕਿ ਸਕੂਲ ਪ੍ਰਬੰਧਕੀ ਕਮੇਟੀ ਵੱਲੋਂ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਲਈ ਆਉਣ ਵਾਲੇ ਦਿਨਾਂ ਵਿੱਚ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਵੀ ਉਲੀਕਿਆ ਜਾਵੇਗਾ।

## ਨਾਜ਼ੀਆ ਪ੍ਰਵੀਨ ਨੂੰ ਇਨਸਾਫ ਦਿਵਾਉਣ ਲਈ ਜਥੇਬੰਦੀਆਂ ਦੀ ਮੀਟਿੰਗ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੇ ਆਗੂ ਡਾ: ਮਿੱਠੂ ਮੁਹੰਮਦ ਦੀ ਨੂੰਹ ਨਾਜ਼ੀਆ ਪ੍ਰਵੀਨ ਦੇ ਜਣੇਪੇ ਦੌਰਾਨ ਵਰਤੀ ਗਈ ਅਣਗਹਿਲੀ ਕਾਰਨ ਹੋਈ ਮੌਤ ਦੇ ਜ਼ਿੰਮੇਵਾਰ ਡਾਕਟਰ ਤੇ ਸਮੂਹ ਸਟਾਫ ਵਿਰੁੱਧ ਪਰਚਾ ਦਰਜ ਕਰਵਾਉਣ ਦੀ ਮੰਗ ਨੂੰ ਲੈ ਕੇ ਸਾਂਝੇ ਤੌਰ 'ਤੇ ਵਿੱਢੇ ਗਏ ਸੰਘਰਸ਼ ਲਈ ਵੱਖ-ਵੱਖ ਇਨਸਾਫ ਪਸੰਦ ਜਥੇਬੰਦੀਆਂ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ, ਭਾਰਤੀ ਕਿਸਾਨ ਯੂਨੀਅਨ ਡਕੌਂਦਾ-ਧਨੇਰ, ਇਨਕਲਾਬੀ ਕੇਂਦਰ ਪੰਜਾਬ ਦੀ ਅਹਿਮ ਮੀਟਿੰਗ ਇਥੇ ਹੋਈ।

ਇਸ ਮੌਕੇ ਬੋਲਦਿਆਂ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਸੂਬਾਈ ਆਗੂ ਡਾ: ਕੇਸਰ ਖਾਨ, ਡਾ: ਅਮਰਜੀਤ ਸਿੰਘ, ਬਲਾਕ ਪ੍ਰਧਾਨ ਡਾ: ਦਲਬਾਰ ਸਿੰਘ ਮਹਿਲ ਕਲਾਂ, ਡਾ: ਨਿਰਭੈ ਸਿੰਘ ਨਿਹਾਲੂਵਾਲ, ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਡਾ: ਰਾਜਿੰਦਰ ਕੁਮਾਰ, ਭਾਕਿਯੂ ਡਕੌਂਦਾ-ਧਨੇਰ ਦੇ ਜਗਰਾਜ ਸਿੰਘ ਹਰਦਾਸਪੁਰਾ, ਅਜਮੇਰ ਸਿੰਘ ਕਾਲਸਾਂ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਸਤਨਾਮ ਸਿੰਘ ਮੂੰਮ, ਜੱਗਾ ਸਿੰਘ ਮਹਿਲ ਕਲਾਂ, ਚਮਕੌਰ ਸਿੰਘ ਮਹਿਲ ਖ਼ੁਰਦ, ਜੰਗ ਬਹਾਦਰ ਬੋਪਾਰਾਏ, ਵਜ਼ੀਰ ਮੁਹੰਮਦ, ਬਲੌਰ ਸਿੰਘ ਦੱਧਾਹੂਰ, ਗੁਰਜੰਟ ਸਿੰਘ ਚੂਹਾਣਕੇ ਨੇ ਲੁਧਿਆਣਾ ਪੁਲਿਸ ਪ੍ਰਸ਼ਾਸਨ ਦੀ ਘਟੀਆ ਕਾਰਗੁਜ਼ਾਰੀ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਨਾਜ਼ੀਆ ਪ੍ਰਵੀਨ ਦੀ ਮੌਤ ਦੇ ਜ਼ਿੰਮੇਵਾਰ ਦੋਸ਼ੀ ਡਾਕਟਰਾਂ ਖਿਲਾਫ ਤੁਰੰਤ ਸਖਤ ਕਾਰਵਾਈ ਕਰਨ ਦੀ ਮੰਗ ਉਠਾਈ।ਆਗੂਆਂ ਨੇ ਲੁਧਿਆਣਾ ਵਿਖੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇਣ ਲਈ ਦਿੱਤੇ ਧਰਨੇ 'ਚ ਵੱਡੀ ਪੱਧਰ 'ਤੇ ਸ਼ਮੂਲੀਅਤ ਕਰਨ ਲਈ ਸਮੂਹ ਸਾਥੀਆਂ ਦਾ ਧੰਨਵਾਦ ਕਰਦਿਆਂ ਅਗਲੇ ਦਿਨਾਂ 'ਚ ਤੇਜ਼ ਕੀਤੇ ਜਾਣ ਵਾਲੇ ਸੰਘਰਸ਼ ਲਈ ਤਿਆਰ ਬਰ ਤਿਆਰ ਰਹਿਣ ਦਾ ਸੱਦਾ ਦਿੱਤਾ।

## ਕੁੱਟ ਮਾਰ ਕਰਨ ਦੇ ਦੋਸ਼ 'ਚ 11 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਜਾਮਾ ਰਖੱਈਆ ਉਤਾੜ ਵਿਖੇ ਇਕ ਵਿਅਕਤੀ ਦੇ ਸੱਟਾਂ ਮਾਰਨ ਦੇ ਦੋਸ਼ ਵਿੱਚ ਥਾਣਾ ਮਮਦੋਟ ਪੁਲਸ ਨੇ 6 ਬਾਏ ਨੇਮ ਤੇ 5-6 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਅਰੂੜ ਸਿੰਘ ਪੁੱਤਰ ਫੁੱਲਨ ਸਿੰਘ ਵਾਸੀ ਪਿੰਡ ਜਾਮਾ ਰਖੱਈਆ ਉਤਾੜ ਨੇ ਦੱਸਿਆ ਕਿ ਮਿਤੀ 12 ਅਪ੍ਰੈਲ 2026 ਨੂੰ ਕਰੀਬ 10 ਵਜੇ ਉਹ ਆਪਣੇ ਘਰ ਦੇ ਗੇਟ ਕੋਲ ਪੁੱਜਾ ਤਾਂ ਦੋਸ਼ੀ ਸ਼ਰਮਾ ਸਿੰਘ ਨਿੰਬੂ ਪੁੱਤਰ ਤੇਜਾ ਸਿੰਘ, ਨੇ ਲਲਕਾਰਾ ਮਾਰ ਕੇ ਕਿਹਾ ਕਿ ਫੜ ਲਓ ਇਸ ਨੂੰ ਕਿਉਂਕਿ ਇਸ ਦਾ ਲੜਕਾ ਆਪਣੀ ਲੜਕੀ ਨੂੰ ਧੱਕੇ ਨਾਲ ਲੈ ਜਾ ਕੇ ਵਿਆਹ ਕਰਵਾਉਣਾ ਚਾਹੁੰਦਾ ਹੈ। ਅਰੂੜ ਸਿੰਘ ਨੇ ਦੱਸਿਆ ਕਿ ਦੋਸ਼ੀਆਨ ਗੁਰਬਚਨ ਸਿੰਘ ਪੁੱਤਰ ਸੁਰਜਨ ਸਿੰਘ, ਰਾਣੋ ਪਤਨੀ ਗੁਰਬਚਨ ਸਿੰਘ ਵਾਸੀਅਨ ਜਾਮਾ ਰਖੱਈਆ ਉਤਾੜ, ਸ਼ਰਮਾ ਸਿੰਘ ਉਰਫ ਨਿੰਬੂ ਪੁੱਤਰ ਤੇਜਾ ਸਿੰਘ, ਸੋਹਣ ਸਿੰਘ ਪੁੱਤਰ ਬਲਵਿੰਦਰ ਸਿੰਘ, ਲਵਪ੍ਰੀਤ ਸਿੰਘ, ਮੰਗਲ ਸਿੰਘ ਪੁੱਤਰ ਤਿਰਲੋਕ ਸਿੰਘ ਵਾਸੀਅਨ ਸਵਾਇਆ ਰਾਏ ਉਤਾੜ ਤੇ 5-6 ਅਣਪਛਾਤੇ ਵਿਅਕਤੀਆਂ ਨੇ ਉਸ ਦੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਕਾਂਗਰਸ ਨਗਰ ਕੌਂਸਲ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ : ਸ਼ੁਭਮ ਸ਼ਰਮਾ ਸ਼ੁਭੀ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦੇ ਜਨਰਲ ਸਕੱਤਰ ਸ਼ੁਭਮ ਸ਼ਰਮਾ ਸ਼ੁਭੀ ਨੇ ਕਿਹਾ ਕਿ ਆ ਰਹੀਆਂ ਨਗਰ ਕੌਂਸਲ ਚੋਣਾਂ 'ਚ ਪਾਰਟੀ ਧੂਰੀ ਨਗਰ ਕੌਂਸਲ ਦੇ ਸਾਰੇ ਵਾਰਡਾਂ 'ਚ ਆਪਣੇ ਉਮੀਦਵਾਰਾਂ ਨੂੰ ਚੋਣ ਲੜਾਏਗੀ।ਸ਼ੁਭਮ ਸ਼ਰਮਾ ਨੇ ਕਿਹਾ ਕਿ ਜਿਵੇਂ ਪਿਛਲੀਆਂ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ 'ਚ ਕਾਂਗਰਸ ਨੇ ਚੰਗਾ ਪ੍ਰਦਰਸ਼ਨ ਕੀਤਾ, ਉਸੇ ਤਰ੍ਹਾਂ ਨਗਰ ਕੌਂਸਲ ਚੋਣਾਂ ਲਈ ਵੀ ਪਾਰਟੀ ਪੂਰੀ ਤਰ੍ਹਾਂ ਤਿਆਰ ਹੈ ਅਤੇ ਚੰਗੇ ਅਕਸ ਵਾਲੇ ਸਾਫ਼ ਸੁਥਰੇ ਉਮੀਦਵਾਰਾਂ ਨੂੰ ਮੈਦਾਨ 'ਚ ਲਿਆਂਦਾ ਜਾਵੇਗਾ।ਉਨ੍ਹਾਂ ਕਿਹਾ ਕਿ ਸਾਨੂੰ ਪੂਰਨ ਆਸ ਹੈ ਕਿ ਲੋਕ ਕਾਂਗਰਸ 'ਚ ਵਿਸ਼ਵਾਸ ਪ੍ਰਗਟਾਉਣਗੇ ਅਤੇ ਕਾਂਗਰਸ ਚੋਣਾਂ ਜਿੱਤ ਕੇ ਧੂਰੀ ਨਗਰ ਕੌਂਸਲ 'ਤੇ ਕਾਬਜ਼ ਹੋਵੇਗੀ।ਕਾਂਗਰਸ ਛੱਡ ਕੇ ਦੂਜੀਆਂ ਪਾਰਟੀਆਂ 'ਚ ਜਾ ਰਹੇ ਵਰਕਰਾਂ ਬਾਰੇ ਉਨ੍ਹਾਂ ਸ਼ੇਅਰੋ ਸ਼ਾਇਰੀ ਅੰਦਾਜ਼ 'ਚ ਕਿਹਾ ਕਿ ਜਾਣ ਦਿਓ, ਕਿਉਂਕਿ ਸਗੋਂ ਉਨ੍ਹਾਂ ਦੀ ਥਾਂ ਚੰਗੇ ਤੇ ਵਫ਼ਾਦਾਰ ਵਰਕਰਾਂ ਨੂੰ ਮੌਕਾ ਮਿਲੇਗਾ।ਕੀ ਇਹਨਾਂ ਚੋਣਾਂ 'ਚ ਕਾਂਗਰਸ ਕਿਸੇ ਨਾਲ ਰਲ ਕੇ ਲੜੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਚੋਣਾਂ ਕਾਂਗਰਸ ਪਾਰਟੀ ਦੇ ਬੈਨਰ ਹੇਠ ਲੜੀਆਂ ਜਾਣਗੀਆਂ।ਉਨ੍ਹਾਂ ਸੱਤਾਧਾਰੀਆਂ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਉਹ ਆਪਣੇ ਬੰਦਿਆਂ ਨੂੰ ਅੰਦਰਖਾਤੇ ਵੋਟਰ ਸੂਚੀਆਂ ਮੁਹੱਈਆ ਕਰਾ ਕੇ ਪੱਖਪਾਤ ਦਾ ਸਬੂਤ ਦੇ ਰਹੇ ਨੇ।

## ਸਫਾ 1 ਦੇ ਬਾਕੀ...

### ਨਸ਼ਾ ਤੇ ਹਥਿਆਰ ...

ਵਿਸ਼ੇਸ਼ ਨਾਕਾਬੰਦੀ ਕੀਤੀ ਅਤੇ ਸ਼ੱਕ ਦੇ ਆਧਾਰ 'ਤੇ ਇੱਕ ਆਈ-20 ਕਾਰ ਨੂੰ ਰੋਕਿਆ ਅਤੇ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ। ਬਾਅਦ ਵਿੱਚ ਤਲਾਸ਼ੀ ਦੌਰਾਨ ਉਨ੍ਹਾਂ ਦੀ ਗੱਡੀ ਵਿੱਚੋਂ ਹੈਰੋਇਨ ਅਤੇ ਹਥਿਆਰਾਂ ਦੀ ਖੇਪ ਵੀ ਬਰਾਮਦ ਕੀਤੀ ਗਈ ਐਸ.ਐਸ.ਪੀ. ਨੇ ਅੱਗੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵਿੱਚੋਂ ਇੱਕ ਸਾਹਿਲ ਮਸੀਹ, ਜੁਮਾਇਮ ਪੇਸ਼ਾ ਮੁਜਰਿਮ ਹੈ ਤੇ ਜ਼ਿਲ੍ਹਾ ਬਟਾਲਾ ਵਿੱਚ ਪੁਲਿਸ ਪਾਰਟੀ 'ਤੇ ਗੋਲੀਬਾਰੀ ਕਰਨ ਵਿੱਚ ਵੀ ਸ਼ਾਮਲ ਹੈ। ਉਨ੍ਹਾਂ ਅੱਗੇ ਕਿਹਾ ਕਿ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।

### ਕੇਂਦਰ ਕਾਸ਼ੀ ਯਾਤਰਾ...

ਇਸ ਸਬੰਧ ਵਿਚ ਗੱਲ ਕੀਤੀ ਹੈ, ਪਰ ਅਜੇ ਤੱਕ ਸਿਰਫ਼ 'ਵਿਚਾਰ ਕਰ ਰਹੇ ਹਾਂ' ਵਰਗੇ ਜਵਾਬ ਹੀ ਮਿਲ ਰਹੇ ਹਨ, ਜੋ ਕਿ ਗੁਰੂ ਜੀ ਦੀ ਸੰਗਤ ਪ੍ਰਤੀ ਉਚਿਤ ਵਿਹਾਰ ਨਹੀਂ। ਉਹਨਾ ਕੇਂਦਰ ਸਰਕਾਰ ਅਤੇ ਰੇਲ ਮੰਤਰੀ ਅਸ਼ਵਨੀ ਵੈਸ਼ਣਵ ਦੇ ਨਾਲ-ਨਾਲ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਵੀ ਅਪੀਲ ਕੀਤੀ ਕਿ ਇਸ ਪਵਿੱਤਰ ਕਾਰਜ ਨੂੰ ਰਾਜਨੀਤੀ ਦੀ ਭੇਟ ਨਾ ਚੜ੍ਹਾਇਆ ਜਾਵੇ।ਉਨ੍ਹਾ ਕਿਹਾ ਕਿ ਇਹ ਸਿਰਫ਼ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਮੰਗ ਨਹੀਂ, ਸਗੋਂ ਇਹ ਲੱਖਾਂ ਗੁਰੂ ਪ੍ਰੇਮੀ ਸੰਗਤਾਂ ਦੀ ਆਸਥਾ ਦਾ ਸਵਾਲ ਹੈ। ਕੇਂਦਰ ਸਰਕਾਰ ਨੂੰ ਇਸ ਨੂੰ ਸਿਆਸੀ ਚਸ਼ਮੇ ਤੋਂ ਨਹੀਂ ਦੇਖਣਾ ਚਾਹੀਦਾ ਕਿ ਇਹ ਰੇਲ ਗੱਡੀਆਂ ਪੰਜਾਬ ਸਰਕਾਰ ਨੇ ਮੰਗੀਆਂ ਹਨ।ਪੰਜਾਬ ਦੇ ਨੁਮਾਇੰਦੇ ਹੋਣ ਦੇ ਨਾਤੇ ਖਾਸ ਤੌਰ 'ਤੇ ਰਵਨੀਤ ਬਿੱਟੂ ਨੂੰ ਅਪੀਲ ਕਰਦਿਆਂ ਬਾਲੀ ਨੇ ਕਿਹਾ ਕਿ ਉਹ ਗੁਰੂ ਦੇ ਨਿਮਰ ਸੇਵਕ ਬਣ ਕੇ ਇਨ੍ਹਾਂ ਰੇਲ ਗੱਡੀਆਂ ਦੀ ਜਲਦੀ ਮਨਜ਼ੂਰੀ ਦਿਵਾਉਣ। ਉਹਨਾ ਸਮੂਹ ਸੰਤ ਸਮਾਜ ਨੂੰ ਵੀ ਅਪੀਲ ਕੀਤੀ ਕਿ ਉਹ ਕੇਂਦਰ ਸਰਕਾਰ ਅਤੇ ਸੰਬੰਧਤ ਮੰਤਰੀਆਂ 'ਤੇ ਦਬਾਅ ਬਣਾਉਣ, ਤਾਂ ਜੋ ਪੰਜਾਬ ਦੀ ਸੰਗਤ ਜਲਦ ਤੋਂ ਜਲਦ ਗੁਰਧਾਮਾਂ ਦੇ ਦਰਸ਼ਨ ਕਰ ਸਕੇ। ਧਾਰਮਿਕ ਆਸਥਾ ਦੇ ਕਾਰਜਾਂ ਵਿੱਚ ਦੇਰੀ ਕਰਨਾ ਜਾਇਜ਼ ਨਹੀਂ। ਕੇਂਦਰ ਨੂੰ ਆਈ ਆਰ ਸੀ ਟੀ ਸੀ ਕੋਲ ਪੈਂਡਿੰਗ ਪੱਤਰ 'ਤੇ ਤੁਰੰਤ ਕਾਰਵਾਈ ਕਰਕੇ ਰੇਲ ਗੱਡੀਆਂ ਦਾ ਸ਼ਡਿਊਲ ਜਾਰੀ ਕਰਨਾ ਚਾਹੀਦਾ ਹੈ।

### ਮੋਹਾਲੀ 'ਚ ਸਥਾਪਤ ਹੋਵੇਗਾ...

ਆਲਮੀ ਉਦਯੋਗ ਰੁਝਾਨਾਂ ਨਾਲ ਇਕਸਾਰ ਹਨ, ਵਰਗੇ ਖੇਤਰਾਂ ਵਿੱਚ ਹੱਲ ਵਿਕਸਤ ਕਰਨ ਲਈ ਪੰਜਾਬ ਦੇ ਉੱਭਰ ਰਹੇ ਆਟੋਮੋਟਿਵ ਅਤੇ ਆਟੋ-ਕੰਪੋਨੈਂਟ ਈਕੋਸਿਸਟਮ ਦਾ ਲਾਭ ਉਠਾਉਣ ਦੀ ਵੀ ਵਕਾਲਤ ਕੀਤੀ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਮੌਜੂਦ ਪ੍ਰਤਿਭਾ ਦੇ ਮਜ਼ਬੂਤ ਈਕੋਸਿਸਟਮ ਦਾ ਵੀ ਜ਼ਿਕਰ ਕੀਤਾ, ਜਿਸ ਵਿੱਚ ਆਈ.ਆਈ.ਟੀ. ਰੋਪੜ, ਆਈ.ਐਸ.ਬੀ. ਮੋਹਾਲੀ, ਪਲਾਕਸ਼ਾ ਯੂਨੀਵਰਸਿਟੀ, ਪੰਜਾਬ ਇੰਜੀਨੀਅਰਿੰਗ ਕਾਲਜ, ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਅਤੇ ਹੋਰ ਪ੍ਰਮੁੱਖ ਸੰਸਥਾਵਾਂ ਸ਼ਾਮਲ ਹਨ, ਜੋ ਉੱਚ-ਗੁਣਵੱਤਾ ਵਾਲਾ ਖੋਜ ਅਤੇ ਇੰਜੀਨੀਅਰਿੰਗ ਕਾਰਜਬਲ ਤਿਆਰ ਕਰਨ ਲਈ ਸਾਕਾਰਾਤਕ ਕੰਮ ਕਰ ਸਕਦੀਆਂ ਹਨ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨੀਦਰਲੈਂਡ ਵਿੱਚ ਪੰਜਾਬ ਸਰਕਾਰ ਦੇ ਚੱਲ ਰਹੇ ਨਿਵੇਸ਼ ਪ੍ਰੋਤਸਾਹਨ ਪ੍ਰੋਗਰਾਮ ਦੇ ਹਿੱਸੇ ਵਜੋਂ ਉਹ ਰਣਨੀਤਕ ਭਾਈਵਾਲੀ ਦੀ ਪੜਚੋਲ ਕਰਨ ਅਤੇ ਤਰਜੀਹੀ ਖੇਤਰਾਂ ਵਿੱਚ ਨਿਵੇਸ਼ ਆਕਰਸ਼ਿਤ ਕਰਨ ਲਈ ਆਲਮੀ ਪੱਧਰ ਦੀਆਂ ਪ੍ਰਮੁੱਖ ਕੰਪਨੀਆਂ ਨਾਲ ਵਪਾਰਕ ਸਬੰਧ ਸਥਾਪਿਤ ਕਰਨ ਦੀ ਰਾਹ 'ਤੇ ਹਨ।" ਇਸ ਮੌਕੇ ਵਿਚਾਰ-ਵਟਾਂਦਰੇ ਦੌਰਾਨ ਐਨਐਕਸਪੀ ਨੇ ਖੋਜ ਅਤੇ ਵਿਕਾਸ, ਏਮਬੈਡਡ ਸਿਸਟਮ ਅਤੇ ਆਟੋਮੋਟਿਵ ਸੈਮੀਕੰਡਕਟਰ ਸਲਿਊਸ਼ਨਜ਼ 'ਤੇ ਧਿਆਨ ਕੇਂਦਰਿਤ ਕਰਦਿਆਂ ਭਾਰਤ ਵਿੱਚ ਆਪਣੀ ਮਜ਼ਬੂਤ ਵਿਸ਼ਵਵਿਆਪੀ ਮੌਜੂਦਗੀ ਅਤੇ ਵਿਆਪਕ ਸਾਖ ਨੂੰ ਉਜਾਗਰ ਕੀਤਾ। ਕੰਪਨੀ ਨੇ ਉੱਭਰ ਰਹੇ ਵਿਸ਼ਵਵਿਆਪੀ ਰੁਝਾਨਾਂ, ਜਿਸ ਵਿੱਚ ਇੰਟੈਲੀਜੈਂਟ ਐੱਜ ਪ੍ਰਣਾਲੀਆਂ, ਆਟੋਮੋਟਿਵ ਇਲੈਕਟ੍ਰਾਨਿਕਸ, ਆਈਓਟੀ ਅਤੇ ਸੁਰੱਖਿਅਤ ਕਨੈਕਟੀਵਿਟੀ ਤਕਨਾਲੋਜੀਆਂ ਦੇ ਗਤੀਸ਼ੀਲ ਵਿਕਾਸ ਸ਼ਾਮਲ ਹਨ, ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਹੋਰ ਵੀ ਮੌਜੂਦ ਸਨ।

### ਸਸਤੀ ਭਾਲਣ ਵਾਲੇ ...

ਦੇ ਬਾਵਜੂਦ, ਉਹ ਲਗਾਤਾਰ ਜ਼ਮਾਨਤ 'ਤੇ ਬਾਹਰ ਆ ਜਾਂਦਾ ਹੈ ਅਤੇ ਇਸੇ ਕਾਰੋਬਾਰ ਵਿੱਚ ਸ਼ਾਮਲ ਹੋ ਜਾਂਦਾ ਹੈ। ਉਸ ਨੇ ਪੁਸ਼ਟੀ ਕੀਤੀ, ਉਹ ਮਹਿੰਗੇ ਬ੍ਰਾਂਡਾਂ ਵਿੱਚ ਸਸਤੀ ਘਟੀਆ ਸ਼ਰਾਬ ਅਤੇ ਹੋਰ ਅਲਕੋਹਲ ਭਰਦਾ ਹੈ, ਜੋ ਕਿਸੇ ਵੀ ਦਿਨ ਵੱਡੇ ਹਾਦਸੇ ਦਾ ਕਾਰਨ ਬਣ ਸਕਦੀ ਹੈ।

ਇਸ ਲਈ ਸਮੇਂ ਦੀ ਲੋੜ ਹੈ ਕਿ ਅਜਿਹੇ ਲੋਕਾਂ 'ਤੇ ਕਤਲ ਦੀ ਕੋਸ਼ਿਸ਼ ਦਾ ਮਾਮਲਾ ਦਰਜ ਕੀਤਾ ਜਾਵੇ, ਕਿਉਂਕਿ ਉਨ੍ਹਾਂ ਵੱਲੋਂ ਸਪਲਾਈ ਕੀਤੀ ਗਈ ਸ਼ਰਾਬ ਕਿਸੇ ਵੀ ਦਿਨ ਜਾਨੀ ਨੁਕਸਾਨ ਦਾ ਕਾਰਨ ਬਣ ਸਕਦੀ ਹੈ।

## ਨਗਰ ਨਿਗਮ ਚੋਣਾਂ ਨੂੰ ਲੈ ਕੇ ਅਕਾਲੀ ਦਲ ਨੇ ਕੱਸੀ ਕਮਰ



ਮੋਗਾ (ਇਕਬਾਲ ਸਿੰਘ ਖਹਿਰਾ)-ਪਿੰਡ ਤਲਵੰਡੀ ਭੰਗੇਰੀਆਂ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਦੀ ਅਗਵਾਈ ਹੇਠ ਉਨ੍ਹਾਂ ਦੇ ਗ੍ਰਹਿ ਵਿਖੇ ਅਕਾਲੀ ਆਗੂਆਂ ਦੀ ਮੀਟਿੰਗ ਹੋਈ, ਜਿਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ ਪੱਤੋ, ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ, ਹਲਕਾ ਧਰਮਕੋਟ ਦੇ ਇੰਚਾਰਜ ਬਰਜਿੰਦਰ ਸਿੰਘ ਮੱਖਣ ਬਰਾੜ, ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ ਰਾਜਵਿੰਦਰ ਸਿੰਘ ਧਰਮਕੋਟ ਵੱਲੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਗਈ।ਆਗੂਆਂ ਨੇ ਕਿਹਾ ਕਿ ਨਗਰ ਨਿਗਮ ਮੋਗਾ ਦੀਆਂ ਹੋਣ ਵਾਲੀਆਂ ਚੋਣਾਂ ਲਈ ਅਕਾਲੀ ਦਲ ਵੱਲੋਂ ਤਿਆਰੀ ਆਰੰਭ ਕਰ ਦਿੱਤੀ ਹੈ ਤੇ ਸ਼੍ਰੋਮਣੀ ਅਕਾਲੀ ਦਲ ਹਰ ਵਾਰਡ ਵਿੱਚ ਆਪਣੇ ਉਮੀਦਵਾਰ ਖੜੇ ਕਰੇਗਾ। ਜਥੇਦਾਰ ਤੀਰਥ ਸਿੰਘ ਮਾਹਲਾ ਤੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਨੇ ਦੱਸਿਆ ਕਿ ਜਲਦ ਹੀ ਮੋਗਾ ਵਿਖੇ ਚੋਣਾਂ ਦੇ ਸੰਬੰਧ ਵਿੱਚ ਚਾਰੇ ਵਿਧਾਨ ਸਭਾ ਹਲਕਿਆਂ ਦੇ ਆਗੂਆਂ ਦੀ ਵਿਸ਼ੇਸ਼ ਮੀਟਿੰਗ ਬੁਲਾਈ ਜਾਵੇਗੀ, ਜਿਸ ਵਿੱਚ ਚਾਰੇ ਹਲਕਿਆਂ ਦੇ ਸਰਕਲ ਪ੍ਰਧਾਨ, ਸੀਨੀਅਰ ਅਕਾਲੀ ਆਗੂ, ਯੂਥ ਵਿੰਗ ਤੇ ਸ਼੍ਰੋਮਣੀ ਕਮੇਟੀ ਮੈਂਬਰਾਂ ਸ਼ਮੂਲੀਅਤ ਕਰਨਗੇ ਤਾਂ ਜੋ ਚੋਣਾਂ ਸਬੰਧੀ ਅਗਲੀ ਰਣਨੀਤੀ ਤਿਆਰ ਕੀਤੀ ਜਾ ਸਕੇ।ਇਸ ਮੌਕੇ ਨਿਹਾਲ ਸਿੰਘ ਭੁੱਲਰ ਨੇ ਕਿਹਾ ਕਿ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ ਵੱਡੀਆਂ ਰੈਲੀਆਂ ਕਰ ਰਿਹਾ ਹੈ ਤਾਂ ਜੋ ਇਨ੍ਹਾਂ ਰੈਲੀਆਂ ਦਾ ਉਦੇਸ਼ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਜਿੱਤ ਦਾ ਪਰਚਮ ਲਹਿਰਾਇਆ ਜਾ ਸਕੇ।

## ਵਿਧਾਇਕ ਗੁਰਲਾਲ ਘਨੌਰ ਨੇ ਰਾਜਪੁਰਾ-ਖਾਨਪੁਰ-ਭੋਗਲਾਂ ਸੜਕ ਦਾ ਰੱਖਿਆ ਨੀਂਹ ਪੱਥਰ



**ਰਾਜਪੁਰਾ (ਰਮੇਸ਼ ਕਟਾਰੀਆ)**-ਹਲਕਾ ਘਨੌਰ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਦੇਣ ਦੇ ਉਦੇਸ਼ ਨਾਲ ਵਿਧਾਇਕ ਗੁਰਲਾਲ ਘਨੌਰ ਨੇ ਪਿੰਡ ਭੋਗਲਾਂ ਵਿੱਚ ਕਈ ਅਹਿਮ ਪ੍ਰੋਜੈਕਟਾਂ ਦਾ ਉਦਘਾਟਨ ਤੇ ਨੀਂਹ ਪੱਥਰ ਰੱਖਣ ਦੀ ਰਸਮ ਅਦਾ ਕੀਤੀ।ਇਸ ਮੌਕੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਪਹੁੰਚੇ ਪਿੰਡ ਵਾਸੀਆਂ ਨੇ ਵਿਕਾਸ ਕਾਰਜਾਂ ਲਈ ਖੁਸ਼ੀ ਦਾ ਪ੍ਰਗਟਾਵਾ ਕੀਤਾ।ਇਸ ਦੌਰਾਨ ਵਿਧਾਇਕ ਗੁਰਲਾਲ ਘਨੌਰ ਨੇ ਰਾਜਪੁਰਾ ਤੋਂ ਖਾਨਪੁਰ-ਭੋਗਲਾਂ ਰਾਹੀਂ ਸੁਹਰੋਂ ਤੱਕ ਲਗਭਗ 2.52 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਲਿੰਕ ਸੜਕ ਦਾ ਉਦਘਾਟਨ ਕੀਤਾ।ਉਨ੍ਹਾਂ ਦੱਸਿਆ ਕਿ ਇਸ ਸੜਕ ਦੇ ਨਵੀਨੀਕਰਨ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਤੇ ਸਮੇਂ ਦੀ ਬਚਤ ਹੋਵੇਗੀ।ਇਸ ਨਾਲ ਨਾਲ ਵਪਾਰਕ ਗਤੀਵਿਧੀਆਂ ਨੂੰ ਵੀ ਵਾਧਾ ਮਿਲੇਗਾ।ਇਸ ਤੋਂ ਇਲਾਵਾ 32 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਹੈਲਥ ਵੈਲਨੈੱਸ ਸੈਂਟਰ ਦਾ ਵੀ ਉਦਘਾਟਨ ਕੀਤਾ ਗਿਆ। ਇਸ ਮੌਕੇ ਹੋਰ ਵਿਕਾਸ ਕਾਰਜਾਂ ਦਾ ਵੀ ਐਲਾਨ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀਆਂ ਨੇ ਮਾਨ ਸਰਕਾਰ ਤੇ ਵਿਧਾਇਕ ਗੁਰਲਾਲ ਘਨੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਪਿੰਡ ਦੀ ਤਰੱਕੀ ਨੂੰ ਨਵੀਂ ਦਿਸ਼ਾ ਮਿਲੇਗੀ।ਇਸ ਮੌਕੇ ਪਾਰਟੀ ਅਹੁਦੇਦਾਰ ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਰਿਟਾ. ਆਫੀਸਰਜ਼ ਤੇ ਕਲੈਰੀਕਲ ਸਟਾਫ ਪੀ ਡਬਲਯੂ ਡੀ ਦੀ ਮੀਟਿੰਗ



**ਸਰਹਿੰਦ ਮੰਡੀ (ਪ੍ਰਮੋਦ ਭਾਰਦਵਾਜ)**-ਰਿਟਾ. ਆਫੀਸਰਜ਼ ਤੇ ਕਲੈਰੀਕਲ ਸਟਾਫ ਪੰਜਾਬ ਪੀ ਡਬਲਯੂ ਡੀ ਦੀ ਮੀਟਿੰਗ ਦਰਸ਼ਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਦਾ ਰਾਮ ਸ਼ਰਮਾ ਰਿਟਾ. ਰਜਿਸਟ੍ਰਾਰ ਨੇ ਦਿੱਤੀ।ਮੀਟਿੰਗ ਵਿੱਚ ਸੇਵਾ ਮੁਕਤ ਕਰਮਚਾਰੀਆਂ ਦੀਆਂ ਮੁਸ਼ਕਲਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਕਿਹਾ ਕਿ ਯੂਨੀਅਨ ਦੀਆਂ ਰਹਿੰਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਅਧਿਕਾਰੀਆਂ ਨੂੰ ਮਿਲਿਆ ਜਾਵੇਗਾ।ਮੀਟਿੰਗ ਵਿੱਚ ਪੀ ਸੀ ਸ਼ਾਹੀ, ਗੁਰਚਰਨ ਸਿੰਘ, ਆਰ ਸੀ ਸ਼ਰਮਾ, ਗੁਰਨਾਮ ਸਿੰਘ, ਓਮ ਪ੍ਰਕਾਸ਼, ਚੰਦ ਸਿੰਘ, ਰਾਮ ਲਾਲ, ਪ੍ਰਸ਼ੋਤਮ ਕੁਮਾਰ, ਧਰਮਵੀਰ ਸ਼ਰਮਾ, ਦਰਸ਼ਨ ਸਿੰਘ, ਮਸ਼ਹੂਰ ਅਲੀ, ਜਰਨੈਲ ਸਿੰਘ, ਦੀਦਾਰ ਸਿੰਘ ਆਦਿ ਹਾਜ਼ਰ ਸਨ।

## ਦਸਵੀਂ ਦੇ ਨਤੀਜਿਆਂ 'ਚ ਬਰੌਂਡਵੇ ਸਕੂਲ ਨੇ ਫਿਰ ਸਿਰਜਿਆ ਇਤਿਹਾਸ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਂਡਵੇ ਪਬਲਿਕ ਸਕੂਲ ਮਨਾਲ ਦੇ ਵਿਦਿਆਰਥੀਆਂ ਨੇ ਕੇਂਦਰੀ ਮਾਧਿਮਿਕ ਸਿੱਖਿਆ ਬੋਰਡ ਸੀ ਬੀ ਐੱਸ ਈ ਦਸਵੀਂ ਸ਼੍ਰੇਣੀ ਦੇ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਸਕੂਲ ਦੇ ਦਸਵੀਂ ਜਮਾਤ ਦੇ ਨਤੀਜੇ 100 ਪ੍ਰਤੀਸ਼ਤ ਰਹੇ, ਜੋ ਕਿ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਤੇ ਪ੍ਰਬੰਧਕ ਕਮੇਟੀ ਦੀ ਯੋਗ ਅਗਵਾਈ ਦਾ ਨਤੀਜਾ ਹੈ।ਇਸ ਸਾਲ ਸਕੂਲ ਦੀ ਹੋਣਹਾਰ ਵਿਦਿਆਰਥਣ ਉਪਨੀਤ ਕੌਰ ਨੇ 98 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ, ਨਵਰੀਤ ਕੌਰ (97.7 ਫੀਸਦੀ) ਦੂਸਰਾ ਤੇ ਗੁਰਪ੍ਰੀਤ ਸਿੰਘ (97.2 ਫੀਸਦੀ) ਤੀਸਰਾ ਸਥਾਨ ਹਾਸਲ ਕੀਤਾ।ਸਕੂਲ ਪ੍ਰਿੰਸੀਪਲ ਸ੍ਰੀ ਐੱਮ. ਏ. ਸੈਫ਼ੀ ਤੇ ਪ੍ਰਬੰਧਕ ਕਮੇਟੀ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਵਧੀਆ ਪ੍ਰਦਰਸ਼ਨ ਦੀ ਆਸ ਜਤਾਈ।

## ਗਲੋਬਲ ਡਿਸਕਵਰੀ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿੱਚ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਕਾਵਿਆ ਅਸੀਜਾ ਦੀ ਅਗਵਾਈ ਹੇਠ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਇਸ ਵਿੱਚ ਮੁੱਖ ਮਹਿਮਾਨ ਵਜੋਂ ਸਕੂਲ ਦੇ ਚੇਅਰਮੈਨ ਇੰਜੀਨੀਅਰ ਕਮਲੇਸ਼ ਸਰਾਫ਼, ਉਪ-ਚੇਅਰਮੈਨ ਅਮਿਤ ਸਰਾਫ਼ ਤੇ ਬੋਰਡ ਮੈਂਬਰ ਸ੍ਰੀਮਤੀ ਚੰਦਨ ਸਰਾਫ਼ ਤੇ ਸ੍ਰੀਮਤੀ ਬਿੰਦਿਆ ਸਰਾਫ਼ ਹਾਜ਼ਰ ਰਹੇ।ਪ੍ਰੋਗਰਾਮ ਦੀ ਸ਼ੁਰੂਆਤ ਮਾਤਾ ਸਰਸਵਤੀ ਦੀ ਵੰਦਨਾ ਨਾਲ ਜੋਤ ਪ੍ਰਜਵਲਿਤ ਕਰਕੇ ਤੇ ਫੁੱਲ ਅਰਪਿਤ ਕਰਕੇ ਕੀਤੀ ਗਈ।ਇਸ ਤੋਂ ਬਾਅਦ ਸਕੂਲ ਦੇ ਵਿਦਿਆਰਥੀਆਂ ਵੱਲੋਂ ਸੰਸਕ੍ਰਿਤਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਕੂਲ ਮੈਨੇਜਮੈਂਟ ਵੱਲੋਂ ਸੈਸ਼ਨ 2025-26 ਦੀਆਂ ਵੱਖ-ਵੱਖ ਕਲਾਸਾਂ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫ਼ੀਆਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬੱਚਿਆਂ ਵੱਲੋਂ ਕੀਤੀਆਂ ਰੰਗਾਰੰਗ ਪ੍ਰਸਤੁਤੀਆਂ ਤੇ ਮਾਪਿਆਂ ਦੀ ਹਾਜ਼ਰੀ ਨੇ ਪ੍ਰੋਗਰਾਮ ਦੀ ਸ਼ੋਭਾ ਵਧਾਈ।ਸਕੂਲ ਦੇ ਉਪ-ਚੇਅਰਮੈਨ ਅਮਿਤ ਸਰਾਫ਼ ਨੇ ਬੱਚਿਆਂ ਨੂੰ ਚੰਗੇ ਪਰੀਖਿਆ ਨਤੀਜਿਆਂ ਵਿੱਚ ਵਧੀਆ ਅੰਕ ਪ੍ਰਾਪਤ ਕਰਨ 'ਤੇ ਵਧਾਈ ਦਿੱਤੀ ਤੇ ਉਨ੍ਹਾਂ ਦਾ ਹੌਸਲਾ ਵਧਾਇਆ।ਸਕੂਲ ਐਡਮਿਨ ਮੈਨੇਜਰ ਨੰਦਿਨੀ ਗਰਗ ਨੇ ਪ੍ਰੋਗਰਾਮ ਵਿੱਚ ਪਹੁੰਚੇ ਮਾਪਿਆਂ ਦਾ ਧੰਨਵਾਦ ਕੀਤਾ ਤੇ ਬੱਚਿਆਂ ਨੂੰ ਉਨ੍ਹਾਂ ਦੀ ਸਫਲਤਾ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਗੁਰਦਾਸਪੁਰ-ਮੁਕੇਰੀਆਂ ਸੜਕ ਦੀ ਚੌੜਾਈ ਘੱਟ ਹੋਣ ਕਾਰਨ ਨਿੱਤ ਦਿਨ ਵਾਪਰ ਰਹੇ ਨੇ ਹਾਦਸੇ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ ਨੂੰ ਚੌੜਾ ਕਰਨਾ ਸਮੇਂ ਦੀ ਅਹਿਮ ਲੋੜ ਹੈ ਕਿਉਂਕਿ ਇਸ ਸੜਕ ਦੀ ਚੌੜਾਈ ਘੱਟ ਹੋਣ ਕਰਕੇ ਆਏ ਦਿਨ ਇਸ ਸੜਕ 'ਤੇ ਹਾਦਸਿਆਂ ਵਿਚ ਲੋਕ ਆਪਣੀਆਂ ਜਾਨਾਂ ਗੁਆ ਰਹੇ ਹਨ। ਇਸ ਸਬੰਧੀ ਜਸਵਿੰਦਰ ਸਿੰਘ ਲਾਡੀ, ਨਵਜੋਤ ਸਿੰਘ ਸੋਨੂੰ, ਡਾ. ਜੋਗਿੰਦਰ ਕੋਛੜ, ਵਿਪਨ ਕੁਮਾਰ, ਸੁਖਦੇਵ ਦਿਲਬਾਗ ਸਿੰਘ, ਤਰਸੇਮ ਸਿੰਘ, ਮੱਖਣ ਸਿੰਘ ਤੇ ਇਲਾਕਾ ਵਾਸੀਆਂ ਨੇ ਦੱਸਿਆ ਕਿ ਗੁਰਦਾਸਪੁਰ-ਮੁਕੇਰੀਆਂ ਸੜਕ ਕਾਫ਼ੀ ਸਮਾਂ ਪਹਿਲਾਂ ਬਣੀ ਸੀ ਪਰ ਉਸ ਸਮੇਂ ਇਸ ਸੜਕ 'ਤੇ ਜ਼ਿਆਦਾ ਆਵਾਜਾਈ ਨਹੀਂ ਸੀ ਜਦੋਂ ਕਿ ਹੁਣ ਵੱਡੀ ਗਿਣਤੀ ਵਿਚ ਵਾਹਨ ਰੋਜ਼ਾਨਾਂ ਇਸ ਸੜਕ ਰਾਹੀਂ ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਆਉਂਦੇ-ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਹ ਸੜਕ ਸੰਬੰਧੀ ਸਬੰਧਿਤ ਵਿਭਾਗ ਨੂੰ ਬੇਨਤੀਆਂ ਕੀਤੀਆਂ ਹਨ ਅਤੇ ਫਿਰ ਵੀ ਇਸ ਸੜਕ ਦਾ ਕੋਈ ਹੱਲ ਨਹੀਂ ਹੋ ਰਿਹਾ। ਉਨ੍ਹਾਂ ਦੱਸਿਆ ਕਿ ਇਸ ਸੜਕ ਤੋਂ ਗੁਰਦਾਸਪੁਰ ਤੋਂ ਹਿਮਾਚਲ ਪ੍ਰਦੇਸ਼ ਜੰਮੂ-ਕਸ਼ਮੀਰ ਜਲੰਧਰ ਲੁਧਿਆਣਾ ਅਤੇ ਚੰਡੀਗੜ੍ਹ ਤੋਂ ਇਲਾਵਾ ਦਿੱਲੀ ਤੇ ਹੋਰ ਰਾਜਾਂ ਨੂੰ ਟਰੱਕ ਤੇ ਬੱਸਾਂ ਨਿੱਤ ਹਜ਼ਾਰਾਂ ਦੀ ਤਾਦਾਦ ਵਿੱਚ ਗੁਜ਼ਰਦੀਆਂ ਹਨ। ਉਨ੍ਹਾਂ ਦੱਸਿਆ ਕਿ ਟ੍ਰੈਫਿਕ ਜ਼ਿਆਦਾ ਹੋਣ ਕਰਕੇ ਸੜਕ ਤੇ ਰੋਜ਼ਾਨਾ ਅਨੇਕਾਂ ਹਾਦਸੇ ਵਾਪਰਨ ਨਾਲ ਲੋਕਾਂ ਦੀਆਂ ਕੀਮਤੀ ਜਾਨਾਂ ਜਾ ਰਹੀਆਂ ਹਨ, ਇਸ ਨਾਲ ਲੋਕਾਂ ਦਾ ਮਾਲੀ ਨੁਕਸਾਨ ਕਾਫੀ ਹੋ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸੜਕ ਦੀ ਚੌੜਾਈ ਬਹੁਤ ਘੱਟ ਹੈ ਅਤੇ ਦੋਪਹੀਆ ਵਾਹਨ ਚਾਲਕ ਲੰਘਣ ਸਮੇਂ ਵਾਹਨ ਚਾਲਕਾਂ ਨੂੰ ਕਾਫੀ ਮੁਸ਼ਕਿਲ ਆਉਂਦੀ ਹੈ। ਇਲਾਕਾ ਵਾਸੀਆਂ ਨੇ ਭਾਰਤ ਸਰਕਾਰ ਦੇ ਲੋਕ ਨਿਰਮਾਣ ਮੰਤਰਾਲੇ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ-ਮੁਕੇਰੀਆਂ ਸੜਕ ਨੂੰ ਦੋਹਰਾ ਮਾਰਗ ਬਣਾਉਣ ਲਈ ਜਲਦੀ ਮਨਜ਼ੂਰੀ ਦਿੱਤੀ ਜਾਵੇ ਜਿਸ ਨਾਲ ਆਏ ਦਿਨ ਵਾਪਰ ਰਹੇ ਹਾਦਸਿਆਂ ਨੂੰ ਠੱਲ ਪੈ ਸਕੇ। ਇਸ ਸਬੰਧੀ ਜਦੋਂ ਲੋਕ ਨਿਰਮਾਣ ਵਿਭਾਗ ਦੇ ਐੱਸਡੀਓ ਲਵਜੀਤ ਸਿੰਘ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।



# ਸ਼ੈਰੀ ਕਲਸੀ ਨੇ ਏ ਪੀ ਕੇ ਤੋਂ ਅਠਵਾਲ ਤੱਕ ਸੜਕ ਦੀ ਸਪੈਸ਼ਲ ਰਿਪੇਅਰ ਦਾ ਨੀਂਹ ਪੱਥਰ ਰੱਖਿਆ



**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਜਿੱਥੇ ਬਟਾਲਾ ਸ਼ਹਿਰ ਅੰਦਰ ਵਿਕਾਸ ਕੰਮ ਕਰਵਾਏ ਜਾ ਰਹੇ ਉਸਦੇ ਨਾਲ ਹਲਕੇ ਦੇ ਪਿੰਡਾਂ ਵਿੱਚ ਵੀ ਵੱਖ-ਵੱਖ ਵਿਕਾਸ ਕਾਰਜ ਜਾਰੀ ਹਨ ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਲਿੰਕ ਸੜਕ ਏ. ਪੀ. ਕੇ. ਰੋਡ ਤੋਂ ਅਠਵਾਲ ਦੀ ਸਪੈਸ਼ਲ ਰਿਪੇਅਰ ਦਾ ਕੰਮ ਕਰਵਾਉਣ ਦਾ ਨੀਂਹ ਪੱਥਰ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਰੱਖਿਆ ਗਿਆ।ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਲਗਾਤਾਰ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ।ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ।ਉਨ੍ਹਾਂ ਕਿਹਾ ਪਿੰਡ ਵਾਸੀਆਂ ਦੀ ਮੰਗ ਪੂਰੀ ਕਰਦਿਆਂ ਵਿਕਾਸ ਕੰਮ ਸ਼ੁਰੂ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪਿੰਡਾਂ ਦੀਆਂ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਤਾਂ ਜੋ ਰਾਹਗੀਰਾਂ ਨੂੰ ਕੋਈ ਦਿੱਕਤ ਨਾ ਆਵੇ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਲਗਾਤਾਰ ਵਚਨਬੱਧ ਹੈ।ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਪਿੰਡਾਂ ਵਿਚੋਂ ਮੁੱਢਲੀਆਂ ਸਹੂਲਤਾਂ ਦੀ ਪੂਰਤੀ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਸੋਚ ਹੈ ਕਿ ਪਿੰਡਾਂ ਤੇ ਸ਼ਹਿਰਾਂ ਵਿਚ ਵੱਧ ਤੋਂ ਵੱਧ ਵਿਕਾਸ ਪ੍ਰੋਜੈਕਟ ਉਲੀਕੇ ਜਾਣ ਤਾਂ ਜੋ ਪਿੰਡਾਂ ਤੇ ਸ਼ਹਿਰ ਵਿਕਾਸ ਦੀਆਂ ਲੀਹਾਂ ਤੋਂ ਵਾਂਝੇ ਨਾ ਰਹਿਣ।ਪਿੰਡਾਂ ਅੰਦਰ ਸੜਕਾਂ, ਗਲੀਆਂ, ਨਾਲੀਆਂ ਆਦਿ ਹਰ ਪੱਖੋਂ ਸਹੂਲਤਾਂ ਦੀ ਪੂਰਤੀ ਨਾਲ ਲੈਸ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਉਹ ਦਿਨ ਰਾਤ ਲੋਕ ਭਲਾਈ ਕਾਰਜਾਂ ਵਿਚ ਲੱਗੇ ਹੋਏ ਹਨ ਤਾਂ ਜੋ ਲੋਕਾਂ ਨੂੰ ਸਰਕਾਰ ਦੀਆਂ ਸਕੀਮਾਂ ਤੇ ਯੋਜਨਾਵਾਂ ਦਾ ਲਾਹਾ ਮੁਹੱਈਆ ਕਰਵਾਇਆ ਜਾ ਸਕੇ।

# ਬੇਅਦਬੀ ਸੋਧ ਕਾਨੂੰਨ ਮਾਨ ਸਰਕਾਰ ਦਾ ਇਤਿਹਾਸਕ ਕਦਮ : ਪ੍ਰੋ. ਕੋਟ ਮੁਹੰਮਦ ਖਾਂ



**ਖਡੂਰ ਸਾਹਿਬ (ਸਰਬਜੀਤ ਸਿੰਘ ਬਾਗਾ)**-ਮੁੱਖ ਮੰਤਰੀ ਭਗਵੰਤ ਮਾਨ ਨੇ ਵਿਸ਼ੇਸ਼ ਸੈਸ਼ਨ ਵਿਸਾਖੀ ਵਾਲੇ ਦਿਨ ਬੁਲਾ ਕੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੋਧ ਬਿੱਲ ਬਣਾਇਆ, ਜੋ ਪੰਜਾਬ ਦੇ ਗਵਰਨਰ ਕਟਾਰੀਆ ਦੇ ਦਸਤਖ਼ਤਾਂ ਤੋਂ ਬਾਅਦ ਕਾਨੂੰਨ ਬਣ ਗਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਮੁਹੰਮਦ ਖਾਂ ਬੁਲਾਰਾ ਪੰਜਾਬ ਨੇ ਪੱਤਰਕਾਰਾਂ ਨਾਲ ਕੀਤਾ।ਉਨ੍ਹਾਂ ਦੱਸਿਆ ਕਿ ਹੁਣ ਜੋ ਵੀ ਵਿਅਕਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਕਿਸੇ ਹੋਰ ਧਾਰਮਿਕ ਗ੍ਰੰਥ ਦੀ ਬੇਅਦਬੀ ਕਰਦਾ ਹੈ ਤਾਂ ਉਸਨੂੰ 5 ਲੱਖ ਤੋਂ 25 ਲੱਖ ਰੁਪਏ ਤੱਕ ਦਾ ਜੁਰਮਾਨਾ ਹੋਵੇਗਾ।12 ਸਾਲ ਤੋਂ 20 ਸਾਲ ਤੱਕ ਅਤੇ ਉਮਰ ਕੈਦ ਤੱਕ ਦੀ ਸਜ਼ਾ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਕਾਨੂੰਨ ਨਾਲ ਹੁਣ ਕੋਈ ਵੀ ਬੇਅਦਬੀ ਨਹੀਂ ਕਰੇਗਾ। ਜੇਕਰ ਫਿਰ ਵੀ ਕੋਈ ਮਾੜਾ ਅਨਸਰ ਕਰਦਾ ਹੈ ਤਾਂ ਉਸਨੂੰ ਬਹੁਤ ਸਖ਼ਤ ਸਜ਼ਾ ਦਾ ਸਾਹਮਣਾ ਕਰਨਾ ਪਵੇਗਾ।

# ਬੁਰਜ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਪਿੰਡ-ਪਿੰਡ ਕਾਂਗਰਸੀ ਵਰਕਰਾਂ ਦੀ ਲਾਮਬੰਦੀ ਦਾ ਸੱਦਾ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਕਾਂਗਰਸ ਹਾਈ ਕਮਾਂਡ ਦੇ ਹੁਕਮਾਂ ਤੇ ਕਾਂਗਰਸ ਪਾਰਟੀ ਨੂੰ ਹਲਕਾ ਤਰਨਤਾਰਨ ਵਿੱਚ ਮਜ਼ਬੂਤ ਕਰਨ ਲਈ ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਵੱਲੋਂ ਪਿੰਡ ਪਿੰਡ ਤੋਂ ਸ਼ੁਰੂ ਕੀਤੀਆਂ ਮੀਟਿੰਗਾਂ ਤਹਿਤ ਕਾਂਗਰਸ ਪਾਰਟੀ ਦੀ ਮੀਟਿੰਗ ਝਬਾਲ ਖਾਮ ਵਿਖੇ ਸਾਬਕਾ ਸਰਪੰਚ ਨਰਿੰਦਰ ਪੱਪਾ ਦੇ ਗ੍ਰਹਿ ਵਿਖੇ ਹੋਈ, ਜਿਸ ਵਿੱਚ ਇਕੱਤਰ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਨੇ ਕਿਹਾ ਕਿ ਕਾਂਗਰਸ ਨੂੰ ਹਲਕੇ ਵਿੱਚ ਮਜ਼ਬੂਤ ਕਰਨ ਲਈ ਪਿੰਡ ਪਿੰਡ ਬੂਥ ਪੱਧਰ ਤੇ ਵਰਕਰਾਂ ਦੀਆਂ ਮੀਟਿੰਗਾਂ ਕਰਕੇ ਉਨ੍ਹਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ ਤਾਂ ਕਿ 2027 ਵਿੱਚ ਵੱਡੀ ਲੀਡ ਨਾਲ ਇਹ ਸੀਟ ਜਿੱਤ ਕੇ ਕਾਂਗਰਸ ਹਾਈ ਕਮਾਂਡ ਦੀ ਝੋਲੀ ਪਾਈ ਜਾ ਸਕੇ।ਇਸ ਸਮੇਂ ਮਾਸਟਰ ਪ੍ਰਿਤਪਾਲ ਸਿੰਘ ਅਤੇ ਸਾਬਕਾ ਸਰਪੰਚ ਨਰਿੰਦਰ ਝਬਾਲ ਨੇ ਕਰਨਬੀਰ ਸਿੰਘ ਬੁਰਜ ਨੂੰ ਜੀ ਆਇਆਂ ਕਹਿੰਦਿਆਂ ਹਰ ਤਰਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਸ ਸਮੇਂ ਹਾਜ਼ਰ ਆਗੂਆਂ ਵਿੱਚ ਸਾਬਕਾ ਬਲਾਕ ਪ੍ਰਧਾਨ ਗੁਰਪਾਲ ਸਿੰਘ ਜਗਤਪੁਰਾ, ਸਰਪੰਚ ਗੁਰਚਰਨ ਸਿੰਘ ਖੈਰਦੀ, ਸਾਬਕਾ ਮੈਂਬਰ ਹਰਮਿੰਦਰ ਸਿੰਘ, ਸਾਬਕਾ ਮੈਂਬਰ ਬਲਵਿੰਦਰ ਸਿੰਘ ਹਵੇਲੀਆਂ, ਬਲਬੀਰ ਚੰਦ, ਮਾਸਟਰ ਜਸਪਾਲ ਸਿੰਘ, ਸੁਖਵਿੰਦਰ ਸਿੰਘ ਬਿੱਟੂ, ਪ੍ਰਧਾਨ ਗੁਰਵਿੰਦਰ ਸਿੰਘ ਫੌਜੀ, ਗੁਰਜੀਤ ਸਿੰਘ, ਮੰਗੀ, ਮੇਜਰ ਸਿੰਘ, ਸਿਮੀ ਢਿੱਲੋਂ, ਸਾਬਕਾ ਸਰਪੰਚ ਸੁੱਚਾ ਸਿੰਘ, ਮਨਜੀਤ ਸਿੰਘ ਕੇਬਲ ਵਾਲਾ ਅਤੇ ਗਗਨ ਢਿੱਲੋਂ ਆਦਿ ਹਾਜ਼ਰ ਸਨ।

# ਸਰਹੱਦੀ ਖੇਤਰ ਦੀਆਂ ਟੁੱਟੀਆਂ ਸੜਕਾਂ ਦੀ ਸਾਰ ਨਹੀਂ ਲੈ ਰਹੀ ਸਰਕਾਰ; ਰਾਹਗੀਰਾਂ ਦਾ ਲੰਘਣਾ ਹੋਇਆ ਮੁਹਾਲ

**ਗੁਰਦਾਸਪੁਰ, (ਜਨਕ ਮਹਾਜਨ)**

ਪਿਛਲੇ ਸਮੇਂ ਦੌਰਾਨ ਦਰਿਆ ਰਾਵੀ ਵਿਚ ਆਏ ਹੜ੍ਹਾਂ ਕਾਰਨ ਸਰਹੱਦੀ ਖੇਤਰ ਦੇ ਲੋਕਾਂ ਦਾ ਜਿੱਥੇ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਸੀ ਉੱਥੇ ਹੀ ਇਲਾਕੇ ਦੀਆਂ ਸੜਕਾਂ ਵੀ ਬੁਰੀ ਤਰ੍ਹਾਂ ਨਾਲ ਟੁੱਟ ਭੱਜ ਤੇ ਰੁੜ੍ਹ ਗਈਆਂ ਸਨ। ਟੁੱਟੀਆਂ ਇਨ੍ਹਾਂ ਸੜਕਾਂ ਦੀ ਸਰਕਾਰ ਵੱਲੋਂ ਅਜੇ ਤੱਕ ਕੋਈ ਸਾਰ ਨਾ ਲੈਣ ਕਾਰਨ ਲੋਕਾਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਸਰਹੱਦੀ ਖੇਤਰ ਦੇ ਲੋਕਾਂ ਨੇ ਦੱਸਿਆ ਕਿ ਦਰਿਆ ਰਾਵੀ ਵਿਚ ਹੜ੍ਹ ਆਉਣ ਨਾਲ ਧੁੱਸੀ ਬੰਨ੍ਹ ਕਈ ਜਗ੍ਹਾ ਤੋਂ ਟੁੱਟਣ ਕਾਰਨ ਉਨ੍ਹਾਂ ਜਿਥੇ ਬਹੁਤ ਜ਼ਿਆਦਾ ਮਾਲੀ ਨੁਕਸਾਨ ਹੋਇਆ ਸੀ ਉੱਥੇ ਹੀ ਇਲਾਕੇ ਦੀਆਂ ਸਾਰੀਆਂ ਸੜਕਾਂ ਬੁਰੀ ਤਰ੍ਹਾਂ ਟੁੱਟ ਭੱਜ ਕੇ ਰੁੜ੍ਹ ਗਈਆਂ ਸਨ। ਉਨ੍ਹਾਂ ਕਿਹਾ ਕਿ ਰੋਜ਼ਾਨਾ ਸਕੂਲੀ ਬੱਚਿਆਂ ਦੀਆਂ ਬੱਸਾਂ ਇਨ੍ਹਾਂ ਖਸਤਾ ਹਾਲ ਸੜਕਾਂ ਤੋਂ ਬੜੀ ਮੁਸ਼ਕਿਲ ਨਾਲ ਲੰਘਦੀਆਂ ਹਨ ਤੇ ਕਈ ਵਾਰ ਹਾਦਸਿਆਂ ਦਾ ਸ਼ਿਕਾਰ ਹੋ ਜਾਂਦੀਆਂ ਹਨ। ਇਸ ਤੋਂ ਇਲਾਵਾ ਇਨ੍ਹਾਂ ਸੜਕਾਂ ਦੇ ਕੰਢੇ ਵੀ ਬੁਰੀ ਤਰ੍ਹਾਂ ਨਾਲ ਰੁੜ੍ਹ ਚੁੱਕੇ ਹਨ ਜੋ ਰਾਤ ਦੇ ਹਨੇਰੇ ਵਿਚ ਬਿਲਕੁਲ ਵੀ ਦਿਖਾਈ ਨਹੀਂ ਦਿੰਦੇ ਅਤੇ ਜੇਕਰ ਕੋਈ ਅਣਜਾਣ ਵਾਹਨ ਚਾਲਕ ਇਨ੍ਹਾਂ ਸੜਕਾਂ ਦੇ ਉੱਪਰੋਂ ਗੁਜ਼ਰਦੇ ਹਨ ਤਾਂ ਉਹ ਸੜਕਾਂ ਦੇ ਕੰਢੇ ਨਾ ਹੋਣ ਕਾਰਨ ਹਾਦਸੇ ਦਾ ਸ਼ਿਕਾਰ ਹੋ ਜਾਂਦੇ ਹਨ।



ਲੋਕਾਂ ਨੇ ਦੱਸਿਆ ਕਿ ਬਹਿਰਾਮਪੁਰ ਤੋਂ ਗਾਹਲੜੀ ਨੂੰ ਜਾਣ ਵਾਲੀ ਸੜਕ, ਬਹਿਰਾਮਪੁਰ ਤੋਂ ਝਬਕਰੇ ਨੂੰ ਜਾਣ ਵਾਲੀ ਸੜਕ, ਝਬਕਰੇ ਤੋਂ ਠੱਠੀ, ਫਰੀਦਕੋਟ ਨੂੰ ਜਾਣ ਵਾਲੀ ਸੜਕ, ਠੱਠੀ ਪਿੰਡ ਤੋਂ ਸੰਦਰਪੁਰ ਨੂੰ ਜਾਣ ਵਾਲੀ ਸੜਕ, ਪਿੰਡ ਨੁਸ਼ਹਿਰੇ ਤੋਂ ਦੋਰਾਂਗਲਾ ਨੂੰ ਜਾਣ ਵਾਲੀ ਸੜਕ ਅਤੇ ਟੋਟੇ ਤੋਂ ਦੋਰਾਂਗਲਾ ਨੂੰ ਜਾਣ ਵਾਲੀ ਸੜਕ ਤੋਂ ਇਲਾਵਾ ਹੋਰ ਵੀ ਅਨੇਕਾਂ ਸੜਕਾਂ ਜੋ ਸਰਹੱਦੀ ਖੇਤਰ ਨਾਲ ਜੁੜੀਆਂ ਹੋਈਆਂ ਹਨ, ਜਿਨ੍ਹਾਂ ਦੀ ਹਾਲਤ ਬੇਹੱਦ ਮਾੜੀ ਹੋ ਚੁੱਕੀ ਹੈ। ਲੋਕਾਂ ਨੇ ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਮੰਤਰੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਵਿਸ਼ੇਸ਼ ਬਜਟ ਤਿਆਰ ਕਰਕੇ ਸਰਹੱਦੀ ਖੇਤਰ ਅੰਦਰ ਹੜ੍ਹਾਂ ਦੌਰਾਨ ਨੁਕਸਾਨੀਆਂ ਗਈਆਂ ਸੜਕਾਂ ਦੀ ਪਹਿਲ ਦੇ ਆਧਾਰ 'ਤੇ ਮੁਰੰਮਤ ਕਰਵਾਈ ਜਾਵੇ ਤਾਂ ਜੋ ਉਨ੍ਹਾਂ ਨੂੰ ਆ ਰਹੀ ਇਸ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ।

# ਨਸ਼ਾ ਵੇਚਣ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ : ਭਰਤ ਮਸੀਹ



**ਫਿਲੌਰ (ਨਿਰਮਲ)**-ਫਿਲੌਰ ਸਬ ਡਿਵੀਜ਼ਨ ਵਿੱਚ ਪੁਲਿਸ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸ੍ਰੀ ਭਰਤ ਮਸੀਹ ਡੀ.ਐਸਪੀ ਫਿਲੌਰ ਸਬ ਡਿਵੀਜ਼ਨ ਦੇ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਹਰਵਿੰਦਰ ਸਿੰਘ ਵਿਰਕ ਸੀਨੀਅਰ ਪੁਲਿਸ ਕਪਤਾਨ ਜਲੰਧਰ ਦਿਹਾਤੀ ਨੇ ਚਲਾਈ ਹੋਈ ਹੈ। ਜ਼ਿਲ੍ਹਾ ਪੁਲਿਸ ਮੁਖੀ ਦੇ ਦਿਸ਼ਾ ਨਿਰਦੇਸ਼ਾਂ ਤੇ ਜ਼ਿਲੇ ਅੰਦਰ ਜੋ ਨਸ਼ਿਆਂ ਵਿਰੁੱਧ ਮੁਹਿੰਮ ਸ਼ੁਰੂ ਕੀਤੀ ਗਈ ਹੈ ਨਸ਼ਾ ਵੇਚਣ ਵਾਲੇ ਫੜੇ ਵਿਅਕਤੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਤੇ ਗੁਰਸ਼ਰਨ ਸਿੰਘ ਐੱਸ ਐੱਚ ਓ ਬਿਲਗਾ (ਫਿਲੌਰ) ਤੇ ਹੋਰ ਪੁਲਿਸ ਅਫਸਰ ਹਾਜਰ ਸਨ। ਇਲਾਕੇ ਦੇ ਮੋਹਤਬਰਾਂ ਪੰਚਾਂ ਸਰਪੰਚਾਂ ਨੂੰ ਕਿਹਾ ਹੈ ਕਿ ਉਹ ਆਪਣੇ ਆਪਣੇ ਪਿੰਡੇ ਵਿੱਚ ਨਸ਼ਾ ਵੇਚਣ ਵਾਲਿਆਂ ਤੇ ਨਜ਼ਰ ਰੱਖਣ ਤੇ ਉਨ੍ਹਾਂ ਦੀ ਸੂਚਨਾ ਪੁਲਿਸ ਥਾਣੇ ਨੂੰ ਦੇਣ ਨਾ ਪਤਾ ਗੁਪਤ ਰੱਖਿਆ ਜਾਵੇਗਾ। ਨਸ਼ੇ ਦੇ ਬੁਰੇ ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।

# ਰਾਸ਼ਟਰੀ ਅੱਗ ਸੁਰੱਖਿਆ ਹਫਤੇ ਦੌਰਾਨ ਮੌਕ ਡਰਿੱਲਾਂ ਕਰਵਾਈਆਂ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਰਾਸ਼ਟਰੀ ਅੱਗ ਸੁਰੱਖਿਆ ਹਫਤੇ ਦੌਰਾਨ ਫਾਇਰ ਬ੍ਰਿਗੇਡ ਬਟਾਲਾ ਵੱਲੋਂ ਚੱਢਾ ਸ਼ੂਗਰ ਐਂਡ ਮਿੱਲ ਇੰਡਸਟਰੀਜ਼ ਪ੍ਰਾਈਵੇਟ ਲਿਮ: ਕੀੜੀ ਅਫਗਾਨਾ ਤੇ ਵੇਰਕਾ ਕੈਟਲ ਫੀਡ ਪਲਾਂਟ ਘਣੀਏ ਕੇ ਬਾਂਗਰ ਵਿਖੇ ਪਲਾਂਟ ਅੱਗ ਸੁਰੱਖਿਆ ਤੇ ਮੌਕ ਡਰਿਲਾਂ ਕਰਵਾਈਆਂ ਗਈਆਂ। ਅਭਿਆਸ ਕੈਂਪਾਂ ਵਿਚ ਫਾਇਰ ਸਟੇਸ਼ਨ ਇੰਚਾਰਜ ਸਟੇਸ਼ਨ ਨੀਰਜ ਸ਼ਰਮਾ ਦੀ ਅਗਵਾਈ ਵਿਚ ਫਾਇਰ ਅਫ਼ਸਰ ਰਾਕੇਸ਼ ਸ਼ਰਮਾ, ਹਰਬਖਸ਼ ਸਿੰਘ ਸਿਵਲ ਡਿਫੈਂਸ, ਫਾਇਰ ਟੈਂਡਰ/ਫਾਈਟਰ, ਸਮੇਤ ਸਾਰੇ ਸਟਾਫ ਤੇ ਵਰਕਰ ਹਾਜ਼ਰ ਰਹੇ।ਫਾਇਰ ਅਫ਼ਸਰ ਰਾਕੇਸ਼ ਸ਼ਰਮਾ ਅਤੇ ਹਰਬਖਸ਼ ਸਿੰਘ ਸਿਵਲ ਡਿਫੈਂਸ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ 'ਚ ਨਕਲੀ ਅੱਗ ਮੌਕ ਡਰਿਲਾਂ ਦੌਰਾਨ ਐਮਰਜੈਂਸੀ ਅਲਾਰਮ ਵਜਾ ਕੇ ਸਭ ਨੂੰ ਅਲਰਟ ਕੀਤਾ ਤੇ ਸੁਰੱਖਿਅਤ ਜਗਾ ਤੇ ਸਾਰੇ ਇਕੱਠੇ ਹੋਏ। ਇਸੇ ਦੌਰਾਨ ਫਾਇਰ ਟੈਂਡਰ ਕਾਲ ਕੀਤੀ ਗਈ ਫਾਇਰ ਫਾਈਟਰਾਂ ਦੁਆਰਾ ਅੱਗ ਨੂੰ ਕਾਬੂ ਕੀਤਾ।ਵਰਕਰਾਂ ਦੁਆਰਾ ਪਹਿਲਾਂ ਤਿਆਰ ਫਸਟ ਏਡ, ਰੈਸਕਿਊ ਤੇ ਐਂਬੂਲੈਂਸ ਟੀਮਾਂ ਦੁਆਰਾ ਸਾਂਝੇ ਤੌਰ 'ਤੇ, ਕਿਸੇ ਕਾਰਣ ਅੰਦਰ ਰਹਿ ਗਏ ਵਰਕਰਾਂ ਨੂੰ ਸੁਰੱਖਿਅਤ ਰੈਸਕਿਊ ਕੀਤਾ ਗਿਆ।ਇਸ ਤੋਂ ਬਾਅਦ ਦੱਸਿਆ ਗਿਆ ਕਿ ਆਪਣੀ ਸੁਰੱਖਿਆ ਤਹਿਤ ਕੰਮ ਕਰਦੇ ਸਮੇਂ ਕਦੇ ਵੀ ਮੋਬਾਇਲ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਵਰਕਰਾਂ ਪਾਸੋਂ ਅੱਗ ਬੁਝਾਊ ਯੰਤਰਾਂ ਨੂੰ ਵਰਤਣ ਦਾ ਅਭਿਆਸ ਵੀ ਕਰਵਾਇਆ ਗਿਆ।



# ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਮਹਾਂ ਸਿਖਲਾਈ ਮੁਹਿੰਮ ਤਹਿਤ ਕੈਂਪ ਲੱਗਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਭਾਰਤੀ ਜਨਤਾ ਪਾਰਟੀ ਵੱਲੋਂ ਵਰਕਰਾਂ ਅਤੇ ਸੰਗਠਨ ਦੀ ਮਜ਼ਬੂਤੀ, ਪਾਰਟੀ ਦੇ ਸਿਧਾਂਤਾਂ ਅਤੇ ਕਾਰਜ ਪ੍ਰਣਾਲੀ ਬਾਰੇ ਵਿਸਥਾਰ ਨਾਲ ਜ਼ਮੀਨੀ ਪੱਧਰ ਤੇ ਪਾਰਟੀ ਦੀ ਵਿਚਾਰਧਾਰਾ ਲਿਜਾਣ ਲਈ ਮਹਾਂ ਅਭਿਆਨ ਜੋ ਪੰਡਿਤ ਦੀਨ ਦਿਆਲ ਉਪਾਧਿਆਇ ਸਿਖਲਾਈ ਕੈਂਪ 2026 ਤਹਿਤ ਚਲਾਇਆ ਜਾ ਰਿਹਾ ਹੈ, ਇਸ ਲੜੀ ਤਹਿਤ ਜ਼ਿਲ੍ਹਾ ਤਰਨਤਾਰਨ ਦੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਵਿਖੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਅਤੇ ਜ਼ਿਲਾ ਮੀਤ ਪ੍ਰਧਾਨ ਐਡਵੋਕੇਟ ਸਤਨਾਮ ਸਿੰਘ ਭੁੱਲਰ ਦੇ ਉਦਮਾਂ ਸਦਕਾ ਪੰਡਿਤ ਦੀਨ ਦਿਆਲ ਉਪਾਧਆਇ ਮਹਾਂ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕੈਂਪ ਦੇ ਪ੍ਰਦੇਸ਼ ਇੰਚਾਰਜ ਤੇ ਸੀਨੀਅਰ ਅਧਿਕਾਰੀ ਮਨਜੀਤ ਸਿੰਘ ਰਾਏ, ਕੈਂਪ ਇੰਚਾਰਜ ਤੇ ਪ੍ਰਦੇਸ਼ ਸਾਬਕਾ ਸਕੱਤਰ ਰਾਜੇਸ਼ ਹਨੀ, ਮਹਾਂ ਮੰਤਰੀ ਸੁਰਜੀਤ ਸਿੰਘ ਸਾਗਰ, ਮਹਾਂ ਮੰਤਰੀ ਸ਼ਿਵ ਕੁਮਾਰ ਸੋਨੀ, ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਬਾਦ ਤੋਂ ਇਲਾਵਾ ਪਾਰਟੀ ਦੇ ਪ੍ਰਮੁੱਖ ਅਧਿਕਾਰੀਆਂ ਵੱਲੋਂ ਵਿਸੇਸ਼ ਤੌਰ ਤੇ ਸ਼ਿਰਕਤ ਕੀਤੀ ਗਈ। ਜ਼ਿਲਾ ਕੈਂਪ ਇੰਚਾਰਜ ਰਾਜੇਸ਼ ਹਨੀ ਨੇ ਭਾਰਤੀ ਜਨਤਾ ਪਾਰਟੀ ਦੀ ਵਿਚਾਰਧਾਰਾ ਦੇ ਵਿਸ਼ੇ 'ਤੇ ਵਿਧਾਨ ਸਭਾ ਹਲਕਾ ਤਰਨਤਾਰਨ ਦੇ ਸਮੁੱਚੇ ਆਗੂਆਂ ਅਤੇ ਵਰਕਰਾਂ ਨੂੰ ਜਾਣਕਾਰੀ ਦਿੱਤੀ।



# ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਅਜਨੋਹਾ ਦੇ ਸੇਵਾਮੁਕਤ ਹੈੱਡ ਮਾਸਟਰ ਹਰਭਜਨ ਸਿੰਘ ਪਰਮਾਰ ਤੇ ਉਹਨਾਂ ਦੇ ਪਰਵਾਰ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਵਿਖੇ 6ਵੀਂ ਤੋਂ 12ਵੀਂ ਜਮਾਤ ਦੇ ਸਾਰੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ।ਇਸ ਮੌਕੇ ਸਕੂਲ ਪ੍ਰਿੰਸੀਪਲ ਹਰਮਨੋਜ ਕੁਮਾਰ ਤੇ ਸਮੂਹ ਸਟਾਫ ਮੈਂਬਰਾਂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਧੰਨਵਾਦ ਵੀ ਕੀਤਾ।ਹਰਭਜਨ ਸਿੰਘ ਪਰਮਾਰ ਨੇ ਅੱਗੇ ਤੋਂ ਹੋਰ ਵੀ ਲੋੜਵੰਦ ਵਿਦਿਆਰਥੀਆਂ ਨੂੰ ਆਰਥਿਕ ਤੇ ਹਰ ਪ੍ਰਕਾਰ ਦੀ ਮਦਦ ਕਰਨ ਦਾ ਐਲਾਨ ਕੀਤਾ।ਇਸ ਮੌਕੇ ਸਕੂਲ ਪ੍ਰਿੰਸੀਪਲ ਹਰਮਨੋਜ ਕੁਮਾਰ, ਹੈੱਡ-ਟੀਚਰ ਕੁਲਦੀਪ ਕੌਰ, ਡਾ. ਕੁਲਵਿੰਦਰ ਸਿੰਘ, ਮਨਪ੍ਰੀਤ ਕੌਰ, ਜਤਿੰਦਰ ਸਿੰਘ, ਸਰਬਜੀਤ ਕੌਰ, ਸਤਨਾਮ ਕੁਮਾਰ, ਰਾਜਵਿੰਦਰ ਕੌਰ, ਨਰਿੰਦਰ ਸਿੰਘ, ਲਵਦੀਪ ਕੌਰ, ਧਰਮਿੰਦਰ ਸਿੰਘ, ਹਾਫਿਜ, ਅਬਿਨਾਸ਼ ਕੌਰ, ਅਮਨਪ੍ਰੀਤ ਕੌਰ, ਅਮਨਜੀਤ ਕੌਰ, ਦੀਪਕ ਕੁਮਾਰ, ਜਸਪ੍ਰੀਤ ਕੌਰ, ਕੁਲਵਿੰਦਰ ਸਿੰਘ, ਮੁਨੀਸ਼ ਕੁਮਾਰ, ਆਰਤੀ ਥਾਪਰ ਤੇ ਕੈਂਪਸ ਮੈਨੇਜਰ ਹਰਭਜਨ ਸਿੰਘ ਹਾਜ਼ਰ ਸਨ।



# ਦਸਤਾਰ ਸਜਾਉਣ ਮੁਕਾਬਲੇ 'ਚ ਵਿਦਿਆਰਥੀਆਂ ਦੀਆਂ ਸ਼ਾਨਦਾਰ ਮੱਲਾਂ



**ਝਬਾਲ (ਹਰਜਿੰਦਰ ਸਿੰਘ ਸੋਨੀ)**

ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਸ. ਇੰਦਰਬੀਰ ਸਿੰਘ ਜੀ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੇ ਵਿਦਿਆਰਥੀਆਂ ਨੇ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸੰਬੰਧ ਵਿੱਚ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ 18 ਅਪ੍ਰੈਲ ਨੂੰ ਕਰਵਾਏ ਗਏ ਇਲਾਕੇ ਦੇ ਇੰਟਰ ਸਕੂਲ ਦਸਤਾਰ ਮੁਕਾਬਲੇ ਵਿੱਚ ਵਧੀਆ ਪ੍ਰਦਰਸ਼ਨ ਕਰਦਿਆਂ ਆਪਣੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਪਹਿਲਾ ਗਰੁੱਪ (ਛੇਵੀਂ ਤੋਂ ਅੱਠਵੀਂ )ਵਿੱਚੋਂ ਨਰਿੰਦਰਜੋਤ ਸਿੰਘ ਨੇ ਪਹਿਲਾ ਸਥਾਨ, ਨਾਜ਼ਵੀਰ ਸਿੰਘ ਨੇ ਦੂਜਾ ਸਥਾਨ, ਦੂਜੇ ਗਰੁੱਪ (ਨੌਵੀਂ ਤੇ ਦਸਵੀਂ) ਵਿੱਚੋਂ ਸਾਹਿਬਾਜਦੀਪ ਸਿੰਘ ਨੇ ਪਹਿਲਾ ਸਥਾਨ, ਅੰਮ੍ਰਿਤਪਾਲ ਸਿੰਘ ਨੇ ਦੂਜਾ ਸਥਾਨ ਅਤੇ ਤੀਜਾ ਗਰੁੱਪ (ਗਿਆਰਵੀਂ ਤੇ ਬਾਰਵੀਂ ) ਵਿੱਚੋਂ ਅਨੂਪ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਸ਼ਿਰਕਤ ਕੀਤੀ। ਪਹਿਲੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ 3100 ਰੁਪਏ, ਦੂਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ 2100 ਰੁਪਏ ਨਗਦ ਰਾਸ਼ੀ, ਦਸਤਾਰ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਸਰਦਾਰ ਪਗੜੀ ਹਾਊਸ ਅੱਡਾ ਝਬਾਲ ਦੇ ਕਰਮਜੀਤ ਸਿੰਘ ਸੋਨੀ ਵੱਲੋਂ ਵਿਸ਼ੇਸ਼ ਤੌਰ 'ਤੇ ਆਪਣੀ ਦੁਕਾਨ ਤੋਂ ਪੱਗਾਂ ਦੇ ਕੇ ਇਹਨਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਇਸੇ ਤਰ੍ਹਾਂ ਬਾਣੀ ਤੇ ਬਾਣੇ ਦੇ ਧਾਰਨੀ ਹੋ ਕੇ ਰਹਿਣ ਲਈ ਪ੍ਰੇਰਿਤ ਕੀਤਾ।

# ਜਨਵਾਦੀ ਲੇਖਕ ਸੰਘ ਦੀ ਇਕੱਤਰਤਾ 'ਚ ਵਜ਼ੀਰ ਸਿੰਘ ਰੰਧਾਵਾ ਪ੍ਰਧਾਨ ਤੇ ਮਨਮੋਹਨ ਸਿੰਘ ਢਿੱਲੋਂ ਬਣੇ ਸਰਪ੍ਰਸਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਪੰਜਾਬੀ ਲੇਖਕਾਂ ਦੀ ਜਥੇਬੰਦੀ ਜਨਵਾਦੀ ਲੇਖਕ ਸੰਘ ਵੱਲੋਂ ਪੰਜਾਬੀ ਸਾਹਿਤਕਾਰਾਂ ਦੀ ਇਕੱਤਰਤਾ ਸਥਾਨਕ ਆਤਮ ਪਬਲਿਕ ਸਕੂਲ ਇਸਲਾਮਾਬਾਦ ਵਿਖੇ ਕੀਤੀ ਗਈ ਜਿਸ ਵਿਚ ਸਿੱਖ ਚਿੰਤਕ ਅਤੇ ਸਾਹਿਤਕਾਰ ਇਕਵਾਕ ਸਿੰਘ ਪੱਟੀ ਦਾ ਨਵ ਪ੍ਰਕਾਸ਼ਿਤ ਨਾਵਲ 'ਮੈਂ ਮੁੜ ਆਵਾਂਗੀ" ਰਿਲੀਜ਼ ਕੀਤਾ ਗਿਆ। ਲੇਖਕ ਸੰਘ ਜਰਨਲ ਸੱਕਤਰ ਕਹਾਣੀਕਾਰ ਦੀਪ ਦੇਵਿੰਦਰ ਸਿੰਘ ਸਭਾ ਵੱਲੋਂ ਆਏ ਆਦੀਬਾਂ ਦਾ ਸਵਾਗਤ ਕਰਦਿਆਂ ਕਿਹਾ ਮਰਹੂਮ ਸ਼ਾਇਰ ਦੇਵ ਦਰਦ ਅਤੇ ਕਥਾਕਾਰ ਤਲਵਿੰਦਰ ਸਿੰਘ ਦੀ ਸਾਹਿਤਕ ਜੋੜੀ ਨੇ ਸਭਾ ਨੂੰ ਸਾਹਿਤਕ ਬੁਲੰਦੀਆਂ ਤੇ ਪਹੁਚਾਇਆ ਸੀ। ਸਭਾ ਦੇ ਸਕੱਤਰ ਸੁਮੀਤ ਸਿੰਘ ਨੇ ਸਭਾ ਦੀਆਂ ਗਤੀਵਿਧੀਆਂ 'ਤੇ ਚਾਨਣਾ ਪਾਇਆ ਅਤੇ ਹਾਜ਼ਰ ਮੈਂਬਰਾਂ ਨੇ ਸਰਬਸਮਤੀ ਤਾਹਿਤ ਪ੍ਰਮੁੱਖ ਕਾਲਮ ਨਵੀਸ ਮਨਮੋਹਨ ਸਿੰਘ ਢਿੱਲੋਂ ਨੂੰ ਸਭਾ ਦੇ ਸਰਪ੍ਰਸਤ ਅਤੇ ਨਾਵਲਕਾਰ ਵਜ਼ੀਰ ਸਿੰਘ ਰੰਧਾਵਾ ਨੂੰ ਪ੍ਰਧਾਨ ਥਾਪਿਆ ਗਿਆ। ਪ੍ਰਿੰ. ਕੁਲੰਵਤ ਸਿੰਘ ਅਣਖੀ ਨੇ ਦੋਹਾਂ ਸਾਹਿਤਕਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਅਗਲੇ ਸਾਹਿਤਕ ਸਮਾਗਮ ਉਲੀਕਣ ਲਈ ਵੀ ਪ੍ਰੇਰਿਆ। ਰਚਨਾਵਾਂ ਦੇ ਚੱਲੇ ਦੌਰ ਵਿਚ ਮੱਖਣ ਭੈਣੀਵਾਲ ਵਲੋਂ "ਨੀਲੀ ਛੱਤ ਵਾਲਾ ਸਾਡੇ ਕੰਮ ਕਰਦਾ" ਗੀਤ ਗਾ ਕੇ ਸਿਖਰ ਸਿਰਜਿਆ ਜਦਕਿ ਗੁਰਜੀਤ ਕੌਰ ਅਜਨਾਲਾ, ਰਮਿੰਦਰਜੀਤ ਕੌਰ, ਪਰਮਜੀਤ ਕੌਰ, ਜਸਵੰਤ ਗਿੱਲ, ਇਕਵਾਕ ਸਿੰਘ ਪੱਟੀ, ਅੰਗਰੇਜ਼ ਸਿੰਘ ਵਿਰਦੀ ਆਦਿ ਨੇ ਸਹਿਤਕ ਰਚਨਾਵਾਂ ਰਾਹੀਂ ਚੰਗਾ ਰੰਗ ਬੰਨਿਆ। ਮੋਹਿਤ ਸਹਿਦੇਵ ਅਤੇ ਡਾ ਕਸ਼ਮੀਰ ਸਿੰਘ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਤ੍ਰਿਪਤਾ, ਸ਼ਮੀ ਮਹਾਜਨ, ਪੂਨਮ ਸ਼ਰਮਾ, ਮਿਨਾਕਸ਼ੀ ਮਿਸ਼ਰਾ, ਅੰਜੂ ਅਤੇ ਹੋਰ ਅਧਿਆਪਕ ਹਾਜ਼ਰ ਸਨ।



# ਸਾਬਕਾ ਚੇਅਰਮੈਨ ਗੁਰਮੀਤ ਰਾਜੂ ਜ਼ਿਲਾ ਦਿਹਾਤੀ ਦੇ ਮੀਤ ਪ੍ਰਧਾਨ ਨਿਯੁਕਤ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਰਾਜੂ ਭੀਲੋਵਾਲ ਨੂੰ ਜ਼ਿਲਾ ਕਾਂਗਰਸ ਅੰਮ੍ਰਿਤਸਰ ਦਿਹਾਤੀ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਮੀਤ ਸਿੰਘ ਰਾਜੂ ਚੇਅਰਮੈਨ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀ ਸਮੁੱਚੀ ਹਾਈਕਮਾਂਡ ਦੇ ਧੰਨਵਾਦੀ ਹਨ। ਉਹ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਦੇ ਅਤਿ ਧੰਨਵਾਦੀ ਹਨ ਜਿਨ੍ਹਾਂ ਨੇ ਮੇਰੇ 'ਤੇ ਵਿਸ਼ਵਾਸ ਪ੍ਰਗਟ ਕਰਦਿਆਂ ਪਾਰਟੀ ਦੀ ਇਹ ਅਹਿਮ ਜ਼ਿੰਮੇਵਾਰੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਉਹ ਅਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਇੰਚਾਰਜ ਸੱਚਰ ਦੀ ਅਗਵਾਈ ਵਿੱਚ ਮਜੀਠਾ ਦੀ ਸੀਟ ਵੀ ਜਿੱਤ ਕੇ ਕਾਂਗਰਸ ਪਾਰਟੀ ਦੀ ਝੋਲੀ ਵਿੱਚ ਪਾਉਣਗੇ। ਇਸੇ ਹੀ ਤਰ੍ਹਾਂ ਮਜੀਠਾ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਝਿਰਮਲ ਸਿੰਘ ਸਾਧਪੁਰ, ਤਜਿੰਦਰ ਸਿੰਘ ਤਰਫਾਨ, ਸੁਰਜੀਤ ਸਿੰਘ ਭੀਲੋਵਾਲ ਨੇ ਇਥੇ ਜਾਰੀ ਕੀਤੇ ਸਾਂਝੇ ਬਿਆਨ ਵਿੱਚ ਗੁਰਮੀਤ ਸਿੰਘ ਰਾਜੂ ਚੇਅਰਮੈਨ ਨੂੰ ਮੀਤ ਪ੍ਰਧਾਨ ਬਣਾਏ ਜਾਣ ਤੇ ਪੰਜਾਬ ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜਿਲਾ ਦਿਹਾਤੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਅਤੇ ਭਗਵੰਤ ਪਾਲ ਸਿੰਘ ਸੱਚਰ ਦਾ ਧੰਨਵਾਦ ਕੀਤਾ ਹੈ ਜਿਨਾਂ ਨੇ ਬਹੁਤ ਹੀ ਮਿਹਨਤੀ ਵਰਕਰ ਗੁਰਮੀਤ ਸਿੰਘ ਰਾਜੂ ਚੇਅਰਮੈਨ ਭੀਲੋਵਾਲ ਨੂੰ ਜ਼ਿਲਾ ਕਾਂਗਰਸ ਦਿਹਾਤੀ ਦਾ ਮੀਤ ਪ੍ਰਧਾਨ ਨਿਯੁਕਤ ਕਰਕੇ ਮਜੀਠਾ ਹਲਕੇ ਦਾ ਮਾਣ ਵਧਾਇਆ ਹੈ।

# ਭੁਪਿੰਦਰ ਸਿੰਘ ਹੈਪੀ ਨੂੰ ਅੰਮ੍ਰਿਤਸਰ ਦਿਹਾਤੀ ਕਾਂਗਰਸ ਦਾ ਜਨਰਲ ਸਕੱਤਰ ਬਣਨ 'ਤੇ ਦਿੱਤੀ ਵਧਾਈ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਐਡਵੋਕੇਟ ਅਮਨਦੀਪ ਸਿੰਘ ਨੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਪ੍ਰਧਾਨ ਅੰਮ੍ਰਿਤਸਰ ਦਿਹਾਤੀ ਕਾਂਗਰਸ ਵੱਲੋਂ ਜੰਡਿਆਲਾ ਗੁਰੂ ਤੋਂ ਸਾਬਕਾ ਕੌਂਸਲਰ ਅਤੇ ਸਾਬਕਾ ਸ਼ਹਿਰੀ ਕਾਂਗਰਸ ਪ੍ਰਧਾਨ ਭੁਪਿੰਦਰ ਸਿੰਘ ਹੈਪੀ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਦੇ ਹੁਕਮਾਂ ਅਨੁਸਾਰ ਕੀਤੀਆਂ ਨਿਯੁਕਤੀਆਂ ਦੇ ਅਧਾਰ ਤੇ ਅੰਮ੍ਰਿਤਸਰ ਦਿਹਾਤੀ ਕਾਂਗਰਸ ਦਾ ਜਨਰਲ ਸਕੱਤਰ ਨਿਯੁਕਤ ਹੋਣ 'ਤੇ ਵਧਾਈ ਦਿੱਤੀ।ਇਸ ਮੌਕੇ ਐਡਵੋਕੇਟ ਅਮਨਦੀਪ ਸਿੰਘ ਨੇ ਪਾਰਟੀ ਹਾਈਕਮਾਂਡ ਅਤੇ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਾਰਟੀ ਨੇ ਜੋ ਭੁਪਿੰਦਰ ਸਿੰਘ ਹੈਪੀ ਨੂੰ ਜੋ ਜ਼ਿਲ੍ਹਾ ਪੱਧਰੀ ਜ਼ਿੰਮੇਵਾਰੀ ਸੌਂਪੀ ਗਈ ਹੈ, ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਇਹ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਏਗਾ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਹੋਰ ਮਿਹਨਤ ਕਰੇਗਾ ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਅਤੇ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਭਾਰੀ ਬਹੁਮਤ ਨਾਲ ਚੋਣਾਂ ਵਿਚ ਜਿੱਤ ਹਾਸਲ ਕਰੇਗੀ । ਇਸ ਮੌਕੇ ਕਾਂਗਰਸੀ ਆਗੂ ਗੁਰਪਿੰਦਰ ਸਿੰਘ ਰੋਬਿਨ, ਮਨਜਿੰਦਰ ਸਿੰਘ ਹੈਪੀ, ਪ੍ਰਭਦੀਪ ਸਿੰਘ, ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈੱਸ ਕਲੱਬ, ਹਰਿੰਦਰਪਾਲ ਸਿੰਘ, ਵਰੁਣ ਸੋਨੀ ਅਤੇ ਹੈਰੀ ਸੇਠੀ ਹਾਜ਼ਰ ਸਨ।



# ਦਿਵਯ ਜਯੋਤੀ ਜਾਗਰਿਤੀ ਸੰਸਥਾਨ ਤਰਨਤਾਰਨ ਨੇ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਉਤਸਵ ਮਨਾਇਆ



**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਆਸ਼ਰਮ ਦੁਆਰਾ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਉਤਸਵ ਮਨਾਇਆ ਗਿਆ, ਜਿਸ ਵਿੱਚ ਵਿਚਾਰ ਦਿੰਦੇ ਹੋਏ ਸਾਧਵੀ ਨਾਯਨਾ ਭਾਰਤੀ ਨੇ ਕਿਹਾ ਕਿ ਗੁਰੂ ਅੰਗਦ ਦੇਵ ਜੀ ਦਾ ਵਿਅਕਤੀਤਵ ਸਿਰਜਣਾਤਮਕ ਸੀ।ਉਨ੍ਹਾਂ ਵਿੱਚ ਅਜਿਹੀ ਅਧਿਆਤਮਿਕ ਕਿਰਿਆਸ਼ੀਲਤਾ ਸੀ ਕਿ ਉਹ ਪਹਿਲਾਂ ਇੱਕ ਸੱਚੇ ਸਿੱਖ ਬਣੇ, ਫਿਰ ਇੱਕ ਮਹਾਨ ਗੁਰੂ ਬਣੇ।ਗੁਰੂ ਅੰਗਦ ਦੇਵ ਜਿਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸੇਵਾ ਕਰਕੇ ਸੇਵਾ ਦੀ ਇੱਕ ਮਿਸਾਲ ਕਾਇਮ ਕੀਤੀ।ਉਨ੍ਹਾਂ ਦੁਆਰਾ ਰਚਿਤ ਬਾਣੀ ਮਨੁੱਖ ਨੂੰ ਮੋਹ ਮਾਇਆ ਦੀਆਂ ਘੁੰਮਣ ਘੇਰੀਆਂ ਵਿੱਚੋਂ ਕੱਢ ਕੇ ਨਿਰਲੇਪ ਢੰਗ ਨਾਲ ਜੀਵਨ ਜਿਊਣ ਦਾ ਨੁਕਤਾ ਪ੍ਰਦਾਨ ਕਰਦੀ ਹੈ।ਉਨ੍ਹਾਂ ਦੇ ਆਗਮਨ ਦਾ ਮਕਸਦ ਹੀ ਧਰਤੀ ਤੇ ਗਿਆਨ ਦਾ ਪ੍ਰਕਾਸ਼ ਕਰਨਾ ਸੀ।ਉਨ੍ਹਾਂ ਨੇ ਸੰਗਤ ਤੇ ਪੰਗਤ ਦੀ ਪ੍ਰਥਾ ਸ਼ੁਰੂ ਕੀਤੀ ਜਿਸ ਵਿੱਚ ਬਿਨਾਂ ਭੇਦਭਾਵ ਦੇ ਹਰ ਇੱਕ ਹਰ ਇੱਕ ਇਨਸਾਨ ਨੂੰ ਬਰਾਬਰ ਸਮਝਿਆ ਜਾਂਦਾ ਸੀ।ਗੁਰੂ ਅੰਗਦ ਦੇਵ ਜੀ ਨੇ ਗੁਰਮੁਖੀ ਦੀ ਰਚਨਾ ਕਰਕੇ ਸਿੱਖਿਆ ਨੂੰ ਨਵੀਂ ਸੇਧ ਪ੍ਰਦਾਨ ਕੀਤੀ।ਉਨ੍ਹਾਂ ਦੀ ਸੰਪੂਰਨ ਬਾਣੀ ਭਗਤੀ ਭਾਵ ਤੇ ਆਨੰਦ ਨਾਲ ਭਰੀ ਹੋਈ ਹੈ। ਜਿਸ ਨੂੰ ਪੜ੍ਹ ਕੇ ਪ੍ਰਭੂ ਨੂੰ ਮਿਲਣ ਦੀ ਤਾਂਘ ਪੈਦਾ ਹੋ ਜਾਂਦੀ ਹੈ। ਅਗਰ ਅੱਜ ਅਸੀਂ ਵੀ ਚਾਹੁੰਦੇ ਹਾਂ ਕਿ ਐਸਾ ਹੀ ਅਨੰਦ ਮਿਲੇ ਜੋ ਸਦਾ ਹੀ ਰਹੇ ਤਾਂ ਸ਼੍ਰੀ ਗੁਰੂ ਅੰਗਦ ਦੇਵ ਜੀ ਦੁਆਰਾ ਰਚਿਤ ਬਾਣੀ ਦੇ ਮੁਤਾਬਕ ਆਪਣੇ ਜੀਵਨ ਨੂੰ ਜਾਨਣ ਦੀ ਲੋੜ ਹੈ। ਬਾਣੀ ਵਿੱਚ ਸਪੱਸ਼ਟ ਲਿਖਿਆ ਹੈ ਕਿ ਸੰਤ ਦੀ ਸ਼ਰਨ ਵਿੱਚ ਜਾ ਕੇ ਅਕਾਲ ਪੁਰਖ ਨਾਲ ਮਿਲਿਆ ਜਾ ਸਕਦਾ ਹੈ। ਸੰਤ ਮਹਾਂਪੁਰਸ਼ ਦੀ ਸ਼ਰਨ ਵਿੱਚ ਜਾ ਕੇ ਉਹਨਾਂ ਦੀ ਉਪਦੇਸ਼ ਨੂੰ ਜੀਵਨ ਦੇ ਅੰਦਰ ਲਾਗੂ ਕਰੀਏ ਫਿਰ ਹੀ ਗੁਰੂਆਂ ਦੀ ਬਾਣੀ ਦੇ ਨਾਲ ਪ੍ਰੇਮ ਪੈਦਾ ਹੋ ਸਕਦਾ ਹੈ।ਸ਼੍ਰੀ ਗੁਰੂ ਅੰਗਦ ਦੇਵ ਪਾਤਸ਼ਾਹ ਦੀ ਬਾਣੀ ਸਾਡਾ ਮਾਰਗ ਦਰਸ਼ਨ ਹੈ ਜਿਸ ਦੁਆਰਾ ਆਤਮਾ ਨੂੰ ਉਸ ਪਰਮਾਤਮਾ ਦੇ ਵਿੱਚ ਇਕਾਕਾਰ ਕੀਤਾ ਜਾ ਸਕਦਾ ਹੈ।ਪ੍ਰੋਗਰਾਮ ਦੇ ਦੌਰਾਨ ਸਾਧਵੀ ਪਰਮਜੀਤ ਭਾਰਤੀ, ਸਾਧਵੀ ਲਖਵਿੰਦਰ ਭਾਰਤੀ ਨੇ ਗੁਰਬਾਣੀ ਸ਼ਬਦਾਂ ਦਾ ਗਾਇਨ ਕੀਤਾ।

# ਆਈ ਡੀ ਐੱਫ ਸੀ ਫਰਸਟ ਬੈਂਕ ਵੱਲੋਂ ਨਵੀਂ ਸੁਵਿਧਾ ਦਾ ਆਗਾਜ਼

**ਅੰਮ੍ਰਿਤਸਰ**-ਆਈਡੀਐਫਸੀ ਫਰਸਟ ਬੈਂਕ ਨੇ ਅੱਜ ਆਪਣੇ ਨਿੱਜੀ ਅਤੇ ਬਿਜ਼ਨੈੱਸ ਗਾਹਕਾਂ ਲਈ ਨਵੀਂ ਸੁਵਿਧਾ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ, ਜਿਸ ਰਾਹੀਂ ਹੁਣ ਉਹ ਆਈਸਗੇਟ 2.0 ਨਾਲ ਜੁੜ ਕੇ ਕਸਟਮ ਡਿਊਟੀ, ਸੈਂਟਰਲ ਐਕਸਾਈਜ਼ ਅਤੇ ਸਰਵਿਸ ਟੈਕਸ ਦਾ ਡਿਜੀਟਲ ਭੁਗਤਾਨ ਆਸਾਨੀ ਨਾਲ ਕਰ ਸਕਣਗੇ।ਬੈਂਕ ਦੇ ਹੈੱਡ- ਰਿਟੇਲ ਲਾਇਬਿਲਿਟੀਜ਼ ਆਸ਼ੀਸ਼ ਸਿੰਘ ਨੇ ਕਿਹਾ ਕਿ ਕਸਟਮ ਡਿਊਟੀ ਭੁਗਤਾਨ ਵਪਾਰ ਦੀ ਰਫ਼ਤਾਰ ਅਤੇ ਬਿਜ਼ਨੈੱਸ ਦੀ ਲਗਾਤਾਰਤਾ ਲਈ ਬਹੁਤ ਜ਼ਰੂਰੀ ਹੁੰਦੇ ਹਨ।ਆਈਸਗੇਟ 2.0 'ਤੇ ਲਾਈਵ ਹੋ ਕੇ ਅਸੀਂ ਇੰਪੋਰਟਰਜ਼, ਐਕਸਪੋਰਟਰਜ਼ ਅਤੇ ਬਿਜ਼ਨੈੱਸ ਨੂੰ ਇਹ ਸੁਵਿਧਾ ਦੇ ਰਹੇ ਹਾਂ ਕਿ ਉਹ ਆਪਣੇ ਇਹ ਜ਼ਰੂਰੀ ਭੁਗਤਾਨ ਡਿਜੀਟਲ ਤਰੀਕੇ ਨਾਲ ਉਸੇ ਆਸਾਨੀ ਅਤੇ ਭਰੋਸੇ ਨਾਲ ਕਰ ਸਕਣ, ਜਿਵੇਂ ਉਹ ਡਾਇਰੈਕਟ ਟੈਕਸ ਅਤੇ ਜੀਐੱਸਟੀ ਭੁਗਤਾਨ ਵਿੱਚ ਅਨੁਭਵ ਕਰਦੇ ਹਨ।ਆਈਡੀਐੱਫਸੀ ਫਰਸਟ ਬੈਂਕ ਉਨ੍ਹਾਂ ਚੋਣਵੇਂ ਪ੍ਰਾਈਵੇਟ ਸੈਕਟਰ ਬੈਂਕਾਂ ਵਿੱਚ ਸ਼ਾਮਲ ਹੈ, ਜਿਨ੍ਹਾਂ ਨੂੰ ਡਾਇਰੈਕਟ ਟੈਕਸ (ਸੀਬੀਡੀਟੀ), ਜੀਐੱਸਟੀ ਅਤੇ ਕਸਟਮਜ਼ ਭੁਗਤਾਨ ਸਪੋਰਟ ਕਰਨ ਦੀ ਮਨਜ਼ੂਰੀ ਹੈ, ਜਿਸ ਨਾਲ ਗਾਹਕਾਂ ਨੂੰ ਇੱਕੋ ਥਾਂ 'ਤੇ ਬੈਂਕਿੰਗ ਅਤੇ ਜ਼ਰੂਰੀ ਵਿੱਤੀ ਕੰਮ ਪੂਰੇ ਕਰਨ ਦੀ ਸੁਵਿਧਾ ਮਿਲਦੀ ਹੈ। ਆਈਸਗੇਟ 2.0 ਪੋਰਟਲ ਹੁਣ ਗਾਹਕਾਂ ਨੂੰ ਪੂਰੇ ਸਾਲ ਡਿਜੀਟਲ ਤਰੀਕੇ ਨਾਲ ਭੁਗਤਾਨ ਕਰਨ ਦੀ ਸੁਵਿਧਾ ਦਿੰਦਾ ਹੈ, ਜਿਸ ਨਾਲ ਬਿਜ਼ਨੈੱਸ ਨੂੰ ਕੈਸ਼-ਫਲੋ ਪਲਾਨਿੰਗ ਆਸਾਨ ਹੁੰਦੀ ਹੈ ਅਤੇ ਸਾਰੇ ਟੈਕਸਪੇਅਰ ਸਮੇਂ 'ਤੇ ਆਪਣੇ ਕੰਮ ਪੂਰੇ ਕਰ ਸਕਦੇ ਹਨ।

# ਗਿੱਲ ਵੱਲੋਂ ਕੋਆਰਡੀਨੇਟਰ ਮਨਦੀਪ ਸਿੰਘ ਤੇ ਬਲਾਕ ਪ੍ਰਧਾਨਾਂ ਨਾਲ ਮੀਟਿੰਗ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਹਲਕਾ ਮਜੀਠਾ ਦੇ ਕੋਆਰਡੀਨੇਟਰ ਮਨਦੀਪ ਸਿੰਘ ਅਤੇ ਬਲਾਕ ਪ੍ਰਧਾਨਾ ਨਾਲ ਮੀਟਿੰਗ ਕੀਤੀ। ਇਸ ਦੌਰਾਨ ਤਲਬੀਰ ਸਿੰਘ ਨੇ ਕਿਹਾ ਕਿ ਹਲਕੇ ਨੂੰ ਨਸ਼ਾ ਮੁਕਤ ਬਣਾਉਣ ਲਈ ਕੋਈ ਕਸਰ ਨਹੀਂ ਛੱਡਾਂਗੇ ਅਤੇ ਗਿੱਲ ਨੇ 06 ਹੋਰ ਬੁਲਾਕ ਪ੍ਰਧਾਨ ਬਣਾ ਕੇ ਸਖਤ ਹਦਾਇਤ ਦਿੱਤੀ ਕਿ ਕਿਸੇ ਵੀ ਕੀਮਤ ਤੇ ਕੋਈ ਵੀ ਨਸ਼ਾ ਤਸਕਰ ਬਖਸ਼ਿਆ ਨਹੀਂ ਜਾਵੇਗਾ ਅਤੇ ਹਲਕੇ ਦੇ ਲੋਕਾਂ ਨੂੰ ਯਕੀਨ ਦਿਵਾਇਆ ਕਿ ਆਉਣ ਵਾਲੇ ਕੁੱਝ ਹੀ ਸਮੇਂ ਵਿੱਚ ਜੋ ਨਸ਼ਾ ਤਸਕਰ ਚੋਰ ਮੋਰੀਆਂ ਰਾਹੀਂ ਨਸ਼ਾ ਵੇਚ ਰਹੇ ਹਨ ਉਨ੍ਹਾਂ ਖਿਲਾਫ ਜਲਦ ਹੀ ਕਾਨੂੰਨੀ ਕਾਰਵਾਈ ਕਰਵਾਈ ਜਾਵੇਗੀ। ਪੰਜਾਬ ਸਰਕਾਰ ਨਸ਼ੇ ਵਿਰੁੱਧ ਸਖਤ ਕਦਮ ਚੱਕ ਰਹੀ ਹੈ ਅਤੇ ਆਪ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ੇ ਛੁਡਵਾ ਕੇ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ ਤਾਂ ਕਿ ਯੂਥ ਆਪਣੇ ਦੇਸ਼ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨ। ਆਪ ਸਰਕਾਰ ਦੀ ਮੁੱਖ ਤਰਜੀਹ ਪੰਜਾਬ ਨੂੰ ਨਸ਼ਾ ਮੁਕਤ ਅਤੇ ਖੁਸ਼ਹਾਲ ਪੰਜਾਬ ਬਣਾਉਣਾ ਹੈ।

# ਬੇਅਦਬੀ ਸੰਬੰਧੀ ਬਣਾਏ ਕਾਨੂੰਨ ਦੀ ਪ੍ਰਿੰ. ਤਰਸਿੱਕਾ ਨੇ ਕੀਤੀ ਭਰਵੀਂ ਸ਼ਲਾਘਾ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਇਥੇ ਜਾਰੀ ਕੀਤੇ ਇਕ ਬਿਆਨ ਵਿੱਚ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵਿੱਚ ਧੰਨ ਧੰਨ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਜੋਂ ਬਣਾਏ ਗਏ ਕਾਨੂੰਨ ਦੀ ਸ਼ਲਾਘਾ ਕੀਤੀ ਹੈ। ਇਥੇ ਪਿੰਡ ਤਰਫਾਨ ਵਿਖੇ ਗੱਲਬਾਤ ਕਰਦਿਆਂ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਕਿਹਾ ਕਿ ਕਿਉਂਕਿ ਪਿਛਲੇ ਕੁੱਝ ਸਾਲਾਂ ਵਿੱਚ ਕੁਝ ਲੋਕਾਂ ਨੇ ਧੰਨ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਦਾ ਨਿਰਾਦਰ ਕਰਨ ਵਾਲੀਆਂ ਕਾਰਵਾਈਆਂ ਕੀਤੀਆਂ, ਜਿਸ ਨਾਲ ਸਿੱਖ ਸਮਾਜ ਵਿੱਚ ਗੁੱਸੇ ਅਤੇ ਰੋਹ ਦੀ ਲਹਿਰ ਪੂਰੇ ਸਿਖਰਾਂ ਤੇ ਹੈ। ਇਸ ਲਈ ਪੰਜਾਬ ਸਰਕਾਰ ਵੱਲੋਂ ਜੋ ਕਾਨੂੰਨ ਬਣਾਇਆ ਗਿਆ ਹੈ ਉਸ ਨੂੰ ਜਲਦੀ ਲਾਗੂ ਕੀਤਾ ਜਾਵੇ, ਨਾਲ ਧਰਮ ਯੁੱਧ ਸਮਾਣਾ ਮੋਰਚੇ ਦੇ ਆਗੂਆਂ ਨਾਲ ਸਲਾਹ ਮਸ਼ਵਰਾ ਵੀ ਕੀਤਾ ਜਾਵੇ ਤਾਂ ਕਿ ਅਗਾਂਹ ਕੋਈ ਵੀ ਸ਼ਰਾਰਤੀ ਅਨਸਰ ਪਾਪ ਦਾ ਧਾਰਨੀ ਨਾ ਬਣ ਸਕੇ। ਇਸ ਸਮੇਂ ਅਵਤਾਰ ਸਿੰਘ, ਬਲਵਿੰਦਰ ਸਿੰਘ, ਜੋਰਾ ਸਿੰਘ, ਮਨਵਿੰਦਰ ਸਿੰਘ, ਜਸਪਾਲ ਸਿੰਘ, ਬਾਬਾ ਕੁਲਦੀਪ ਸਿੰਘ, ਯੁੱਧਬੀਰ ਸਿੰਘ, ਅਨਮੋਲਜੀਤ ਸਿੰਘ, ਪਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਜੀ ਐੱਨ ਡੀ ਯੂ ਦੇ ਨਤੀਜਿਆਂ 'ਚ ਬਾਬਾ ਬੁੱਢਾ ਕਾਲਜ ਦਾ ਨਤੀਜਾ ਰਿਹਾ ਸੌ ਫੀਸਦੀ

**ਝਬਾਲ (ਹਰਵਿੰਦਰ ਸਿੰਘ ਸੋਨੀ)**

ਬਾਬਾ ਬੁੱਢਾ ਕਾਲਜ ਦੇ ਬੀਏ ਸਮੈਸਟਰ ਪਹਿਲਾ ਅਤੇ ਬੀਕਾਮ. ਤੀਸਰੇ ਦਾ ਨਤੀਜਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨਿਆ ਗਿਆ ਜਿਸ ਵਿੱਚ ਬੀਏ ਸਮੈਸਟਰ ਪਹਿਲਾ ਦੀ ਪਾਸ ਪ੍ਰਤੀਸ਼ਤ 98% ਅਤੇ ਬੀਕਾਮ ਸਮੈਸਟਰ ਤੀਜੇ ਦੀ ਪਾਸ ਪ੍ਰਤੀਸ਼ਤ 100% ਰਹੀ।ਬੀਏ ਸਮੈਸਟਰ ਪਹਿਲੇ ਦੀ ਸਿਮਰਨਜੀਤ ਕੌਰ ਨੇ 70.5% ਨਾਲ ਪਹਿਲਾ, ਜੋਬਨਪ੍ਰੀਤ ਸਿੰਘ ਨੇ 69.6% ਨਾਲ ਦੂਸਰਾ ਅਤੇ ਮਨਪ੍ਰੀਤ ਕੌਰ ਨੇ 69.5% ਨਾਲ ਤੀਸਰਾ ਸਥਾਨ ਹਾਸਲ ਕੀਤਾ।ਇਸ ਦੇ ਨਾਲ ਬੀ.ਕਾਮ ਸਮੈਸਟਰ ਤੀਸਰੇ ਦੀ ਵੀਰਪਾਲ ਕੌਰ ਨੇ 78% ਨਾਲ ਪਹਿਲਾ, ਮਨਪ੍ਰੀਤ ਕੌਰ 74% ਨਾਲ ਦੂਸਰਾ, ਪਰਵੀਨ ਕੌਰ ਅਤੇ ਅਰਸ਼ਦੀਪ ਸਿੰਘ 68% ਨਾਲ ਤੀਸਰਾ ਸਥਾਨ ਹਾਸਲ ਕੀਤਾ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾਕਟਰ ਕਰਨਜੀਤ ਸਿੰਘ ਬੇਦੀ ਨੇ ਪਾਸ ਹੋਏ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਪਹਿਲਾ ਸਥਾਨ ਹਾਸਲ ਕਰਨ ਵਾਲਿਆਂ ਦਾ ਮੂੰਹ ਮਿੱਠਾ ਕਰਵਾਇਆ ।ਡਾ. ਬੇਦੀ ਨੇ ਦੱਸਿਆ ਕਿ ਕਾਲਜ ਵਿੱਚ ਬੀ.ਏ, ਬੀ.ਕਾਮ, ਬੀ.ਐੱਸ.ਸੀ (ਗਣਿਤ ਅਤੇ ਕਿਊਟੀ ਦੇ ਨਾਲ), ਬੀ.ਐੱਸ.ਸੀ (ਕੰਪਿਊਟਰ ਸਾਇੰਸ), ਬੀ.ਸੀ.ਏ, ਬੀ.ਐੱਸ.ਸੀ (ਆਈ ਟੀ), ਪੀ.ਜੀ. ਡੀ.ਸੀ ਦੇ ਕੋਰਸਾਂ ਲਈ ਦਾਖਲੇ ਸ਼ੁਰੂ ਹੋ ਚੁੱਕੇ ਹਨ।ਬਾਬਾ ਬੁੱਢਾ ਕਾਲਜ ਵਿਖੇ ਵਿਦਿਆਰਥੀਆਂ ਨੂੰ ਬੇਹਤਰੀਨ ਸਹੂਲਤਾਂ, ਤਜਰਬੇਕਾਰ ਅਤੇ ਯੋਗ ਅਧਿਆਪਕ, ਖੁੱਲ੍ਹਾ ਕੈਂਪਸ ਅਤੇ ਖੇਡ ਮੈਦਾਨ, ਵਧੀਆ ਹਾਈਟੈਕ ਲਾਇਬ੍ਰੇਰੀ, ਸੈਮੀਨਾਰ ਰੂਮ, ਐੱਸ. ਸੀ. ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਹੈ ।ਸਸਤੀ ਅਤੇ ਮਿਆਰੀ ਸਿੱਖਿਆ ਕਾਰਨ ਅੰਮ੍ਰਿਤਸਰ, ਤਰਨ ਤਾਰਨ ਅਤੇ ਹੋਰਨਾਂ ਖੇਤਰਾਂ ਤੋਂ ਵਿਦਿਆਰਥੀ ਇੱਥੇ ਵਿੱਦਿਆ ਹਾਸਲ ਕਰਨ ਆਉਂਦੇ ਹਨ। ਇਸ ਮੌਕੇ ਡਾ. ਅਮਰਬੀਰ ਸਿੰਘ, ਪ੍ਰੋ. ਸੁਰਿੰਦਰ ਸਿੰਘ, ਪ੍ਰੋ. ਸੁਖਪਾਲ ਕੌਰ, ਪ੍ਰੋ.ਹਰਪ੍ਰੀਤ ਕੌਰ, ਪ੍ਰੋ. ਅੰਮ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।



# ਚੰਗਾ ਹੁੰਦਾ ਜੇ ਸਰਕਾਰ ਧਾਰਮਿਕ ਮੁੱਦੇ ਹੱਲ ਕਰਨ ਦੀ ਬਜਾਏ ਲੋਕ ਮੁੱਦਿਆਂ ਨੂੰ ਹੱਲ ਕਰਦੀ : ਪਾਸਲਾ

**ਪਠਾਨਕੋਟ (ਦਵਿੰਦਰ ਸਿੰਘ)**

ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਪੰਜਾਬ ਦੇ ਲੋਕ ਮੁੱਦਿਆਂ ਨੂੰ ਹੱਲ ਕਰਨ ਵੱਲ ਕੋਈ ਧਿਆਨ ਨਹੀਂ, ਇਸ ਦੀ ਬਜਾਏ ਕੇਂਦਰ ਦੀ ਮੋਦੀ ਸਰਕਾਰ ਦੀ ਤਰਜ਼ ਤੇ ਧਰਮ ਦਾ ਮੁੱਦਾ ਬਣਾ ਕੇ ਧਾਰਮਿਕ ਬਿੱਲ ਪਾਸ ਕਰਕੇ ਦੁਬਾਰਾ ਸੱਤਾ ਹਥਿਆਉਣ ਦੀ ਕੋਸ਼ਿਸ਼ ਕਰ ਰਹੀ ਹੈ।ਆਉਣ ਵਾਲੇ ਸਮੇਂ ਵਿੱਚ ਮਾਨ ਸਰਕਾਰ ਦਾ ਇਹ ਵਰਤਾਰਾ ਪੰਜਾਬ ਅੰਦਰ ਭਾਜਪਾ ਨੂੰ ਹੋਰ ਪੈਰ ਪਸਾਰਨ ਦਾ ਮੌਕਾ ਵੀ ਪ੍ਰਦਾਨ ਕਰੇਗਾ ਅਤੇ ਹਾਕਮ ਧਿਰ ਨੂੰ ਲੋਕਾਂ ਖਿਲਾਫ ਇਕ ਹਥਿਆਰ ਦੇ ਤੌਰ 'ਤੇ ਵਰਤਣ ਦਾ ਮਾਹੌਲ ਤਿਆਰ ਕਰੇਗਾ। ਇਹ ਬਹੁਤ ਚਿੰਤਾਂ ਦਾ ਵਿਸ਼ਾ ਹੈ।ਜਿਸ ਤਰ੍ਹਾਂ ਆਮ ਆਦਮੀ ਪਾਰਟੀ ਦੇ ਵਜ਼ੀਰ ਤੇ ਵਿਧਾਇਕ ਪੰਜਾਬ ਨੂੰ ਦੋਹੀਂ ਹੱਥੀਂ ਲੁੱਟ ਕਰਕੇ ਭਰਿਸ਼ਟਾਚਾਰ ਗੰਭੀਰ ਦੋਸ਼ਾਂ ਦਾ ਸਾਹਮਣਾ ਆਏ ਦਿਨ ਕਰ ਰਹੇ ਹਨ, ਲੋਕਾਂ ਦਾ ਖਦਸ਼ਾ ਝੂਠਾ ਨਹੀਂ ਕਿ ਮਾਨ ਸਰਕਾਰ ਪੂਰੀ ਤਰ੍ਹਾਂ ਮੋਦੀ ਸਰਕਾਰ ਦੇ ਜਾਲ ਵਿਚ ਹੈ।ਇਮਾਨਦਾਰੀ ਦੇ ਦਾਅਵੇ ਕਰਕੇ ਸੱਤਾ ਵਿਚ ਆਈ ਭਗਵੰਤ ਸਰਕਾਰ ਨੇ ਪੰਜਾਬ ਦੀ ਲੁੱਟ ਤੇ ਤਬਾਹੀ ਦੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਹਨ।ਪਾਰਟੀ ਰੁਝੇਵਿਆਂ ਕਾਰਨ ਪਠਾਨਕੋਟ ਪਹੁੰਚੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਦਾ ਯੁੱਧ ਨਸ਼ਿਆਂ ਵਿਰੁੱਧ ਪਤਾ ਨਹੀਂ ਖਤਮ ਹੋਇਆ ਕਿ ਨਹੀਂ ਪਰ ਪੰਜਾਬ ਅੰਦਰ ਕਈ ਪਰਿਵਾਰਾਂ ਦੇ ਪੂਰੇ ਪੂਰੇ ਜੀਅ ਖ਼ਤਮ ਹੋਣ ਦੀਆਂ ਲੂ ਕੰਡੇ ਖੜੇ ਕਰਨ ਦੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ, ਪੰਜਾਬ ਸਰਕਾਰ ਕਹਿ ਰਹੀ ਕਿ ਅਸੀਂ ਯੁੱਧ ਜਿੱਤ ਲਿਆ ਹੈ।ਕਾਮਰੇਡ ਪਾਸਲਾ ਨੇ ਅੱਗੇ ਕਿਹਾ ਕਿ ਆਪ ਸਰਕਾਰ ਦਾ ਸਿਹਤ ਸੇਵਾਵਾਂ ਤੇ ਵਿੱਦਿਆ ਕ੍ਰਾਂਤੀ ਦੇ ਨਾਂਅ ਉਪਰ ਲੋਕਾਂ ਨਾਲ ਵੱਡਾ ਧੋਖਾ ਹੈ।ਸਰਕਾਰੀ ਹਸਪਤਾਲ ਡਾਕਟਰਾਂ, ਮਸ਼ੀਨਰੀ ਤੇ ਸਟਾਫ ਤੋਂ ਖਾਲੀ ਹਨ।ਸਿੱਖਿਆ ਕ੍ਰਾਂਤੀ ਦਾ ਇਹ ਹਾਲ ਹੈ ਕਿ 60% ਸਕੂਲਾਂ ਵਿੱਚ ਮੁੱਖੀ ਨਹੀਂ ਹਨ, ਪੰਜ-ਪੰਜ ਜਮਾਤਾਂ ਲਈ ਇੱਕ ਇੱਕ ਅਧਿਆਪਕ ਹੈ। ਮਾਨ ਸਾਹਿਬ ਕਹਿ ਰਹੇ ਹਨ ਕਿ ਪੰਜਾਬ ਦਾ ਵਿਦਿਆ ਤੇ ਸਿਹਤ ਦਾ ਮਾਡਲ ਸੰਸਾਰ ਨੂੰ ਦਿਖਾਲਣ ਵਾਲਾ ਹੈ।ਪਾਸਲਾ ਨੇ ਕਿਹਾ ਕਿ ਲੋੜ ਇਸ ਗੱਲ ਦੀ ਹੈ ਕਿ ਪੰਜਾਬ ਦੇ ਲੋਕ 2027 ਦੀਆਂ ਅਸੈਂਬਲੀ ਚੋਣਾਂ ਵਿਚ ਖੱਬੇ-ਪੱਖੀ ਧਿਰਾਂ ਦੀ ਅਗਵਾਈ ਵਿੱਚ ਅਗਾਂਹਵਧੂ ਸੋਚ ਦੇ ਧਾਰਨੀ ਲੋਕਾਂ ਨੂੰ ਇੱਕ ਮੌਕਾ ਦੇਣ, ਤਾਂ ਖੱਬੀਆਂ ਪਾਰਟੀਆਂ ਲੋਕਾਂ ਦੇ ਜੀਵਨ ਨਾਲ ਜੁੜੇ ਮੁੱਦਿਆਂ ਸਿਹਤ, ਸਿੱਖਿਆ, ਮਹਿੰਗਾਈ ਤੇ ਰੁਜ਼ਗਾਰ ਨੂੰ ਕੁਝ ਹੱਦ ਤੱਕ ਹੱਲ ਕਰਨ ਅਤੇ ਇਕ ਚੰਗਾ ਪ੍ਰਸ਼ਾਸਨ ਦੇਣ ਦੇ ਸਮਰੱਥ ਹਨ।ਕੇਂਦਰ ਸਰਕਾਰ ਬਾਰੇ ਸੰਖੇਪ ਰੂਪ ਵਿੱਚ ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਜੰਗਬਾਜ਼ ਅਮਰੀਕਾ ਤੇ ਇਜ਼ਰਾਈਲ ਦਾ ਸਮਰਥਨ ਕਰਕੇ ਭਾਰਤ ਦੀ ਪੁਰਾਣੀ ਗੁੱਟਨਿਰਲੇਪ ਵਿਦੇਸ਼ ਨੀਤੀ ਨੂੰ ਖੋਰਾ ਲਾਇਆ ਹੈ ਅਤੇ ਅਮਰੀਕਾ ਦੀਆਂ ਇਕ ਤਰਫਾ ਵਪਾਰਕ ਸ਼ਰਤਾਂ ਤਹਿਤ ਕੀਤਾ ਵਪਾਰਕ ਸਮਝੌਤਾ ਦੇਸ਼ ਨੂੰ ਮੁੜ ਗੁਲਾਮੀ ਵੱਲ ਲਿਜਾ ਰਿਹਾ ਹੈ।ਸਾਮਰਾਜੀ ਤੇ ਫਿਰਕਾਪ੍ਰਸਤ ਤਾਕਤਾਂ ਤੋਂ ਸੁਚੇਤ ਕਰਦਿਆਂ ਹੱਕ ਸੱਚ ਤੇ ਇਨਸਾਫ ਲਈ ਲੋਕਾਂ ਨੂੰ ਖੱਬੀਆਂ ਧਿਰਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।ਇਸ ਮੌਕੇ ਉਨ੍ਹਾਂ ਨਾਲ ਕਾਮਰੇਡ ਨੱਥਾ ਸਿੰਘ ਅਤੇ ਸ਼ਿਵ ਕੁਮਾਰ ਵੀ ਹਾਜ਼ਰ ਸਨ।

# ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅੰਦਰ ਪਾਬੰਦੀ ਦੇ ਹੁਕਮ ਜਾਰੀ

**ਬਟਾਲਾ, (ਤਰਲੋਕ ਬੱਗਾ)**-ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅੰਦਰ ਸ਼ਾਮ 07:00 ਵਜੇ ਤੋਂ ਸਵੇਰੇ 06:00 ਵਜੇ ਤੱਕ ਕੰਬਾਇਨਾਂ ਨਾਲ ਕਣਕ ਕੱਟਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ।ਆਮ ਤੌਰ ਤੇ ਦੇਖਣ ਵਿੱਚ ਆਉਂਦਾ ਹੈ ਕਿ ਕਣਕ ਕੱਟਣ ਲਈ ਕੰਬਾਇਨਾਂ 24 ਘੰਟੇ ਕੰਮ ਕਰਦੀਆਂ ਹਨ।ਇਹ ਕੰਬਾਇਨਾਂ ਰਾਤ ਵੇਲੇ ਹਰੀ ਕਣਕ ਜਿਹੜੀ ਕਿ ਚੰਗੀ ਤਰ੍ਹਾਂ ਪੱਕੀ ਨਹੀਂ ਹੁੰਦੀ, ਭਾਵ ਦਾਣਾ ਕੱਚਾ ਕੱਟ ਦਿੰਦੀਆਂ ਹਨ। ਜਿਸ ਕਰਕੇ ਖਰੀਦ ਏਜੰਸੀਆ ਅਜਿਹੀ ਕਣਕ ਦੀ ਖਰੀਦ ਕਰਨ ਤੋਂ ਹਿਚਕਚਾਉਂਦੀਆ ਹਨ। ਕਣਕ ਨਾ ਵਿਕਣ ਕਰਕੇ ਕਿਸਾਨਾਂ ਵਿੱਚ ਰੋਸ ਪੈਦਾ ਹੁੰਦਾ ਹੈ, ਜਿਸ ਨਾਲ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਖਸਤਾ ਪੈਦਾ ਹੁੰਦਾ ਹੈ।ਇਸ ਲਈ ਇਸ ਦੀ ਰੋਕਥਾਮ ਕਰਨ ਦੀ ਜਰੂਰਤ ਹੈ।ਜਾਰੀ ਕੀਤੇ ਹੁਕਮ ਵਿੱਚ ਕਿਹਾ ਗਿਆ ਹੈ ਕਿ ਸੀਨੀਅਰ ਕਪਤਾਨ ਪੁਲਿਸ,ਗੁਰਦਾਸਪੁਰ ਅਤੇ ਬਟਾਲਾ/ਸਮੂਹ ਉਪ ਮੰਡਲ ਮੈਜਿਸਟਰੇਟ/ਕਮਿਸ਼ਨਰ ਨਗਰ ਨਿਗਮ, ਗੁਰਦਾਸਪੁਰ/ ਸਮੂਹ ਕਾਰਜ ਸਾਧਕ ਅਫਸਰ, ਜ਼ਿਲ੍ਹਾ ਗੁਰਦਾਸਪੁਰ ਅਤੇ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੁੱਖ ਖੇਤੀਬਾੜੀ ਅਫਸਰ, ਜ਼ਿਲ੍ਹਾ ਗੁਰਦਾਸਪੁਰ ਵਿੱਚ ਆਪਣੇ-ਆਪਣੇ ਅਧਿਕਾਰਤ ਖੇਤਰਾਂ ਵਿੱਚ ਇਸ ਹੁਕਮ ਨੂੰ ਲਾਗੂ ਕਰਵਾਉਣ ਲਈ ਜ਼ਿੰਮੇਵਾਰ ਹੋਣਗੇ ਅਤੇ ਰੈਗੂਲਰ ਚੈਕਿੰਗ ਕਰਨੀ ਯਕੀਨੀ ਬਣਾਉਣਗੇ।ਜੇਕਰ ਕਿਸੇ ਵੀ ਅਧਿਕਾਰੀ ਦੇ ਅਧਿਕਾਰ ਖੇਤਰ ਵਿੱਚ ਸ਼ਾਮ 07:00 ਵਜੇ ਤੋਂ ਸਵੇਰੇ 06:00 ਵਜੇ ਤੱਕ ਕੰਬਾਇਨ ਨਾਲ ਕਣਕ ਦੀ ਫਸਲ ਕੱਟਦੀ ਫੜੀ ਗਈ ਤਾਂ ਉਸਨੂੰ ਤੁਰੰਤ ਜ਼ਬਤ ਕੀਤਾ ਜਾਵੇ ਅਤੇ ਡਿਊਟੀ ਦੀ ਅਣਗਹਿਲੀ ਕਰਨ ਵਾਲੇ ਅਧਿਕਾਰੀ ਦੇ ਖਿਲਾਫ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਹ ਹੁਕਮ 5 ਅਪ੍ਰੈਲ ਤੋਂ 10 ਜੂਨ ਤੱਕ ਲਾਗੂ ਰਹੇਗਾ।

ਨਵਾਂ ਜ਼ਮਾਨਾ
ਮੰਗਲਵਾਰ, 21 ਅਪ੍ਰੈਲ 2026

# ਕਾਰਨੀ ਦੀ ਉਸਾਰੂ ਸੋਚ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਹਰਕਤਾਂ ਦੇ ਨਤੀਜਿਆਂ ਨੂੰ ਸ਼ਾਇਦ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਤੋਂ ਇਲਾਵਾ ਕੋਈ ਬਹੁਤਾ ਨਹੀਂ ਸਮਝਦਾ। ਇਸੇ ਕਰਕੇ ਉਨ੍ਹਾ ਕਿਹਾ ਹੈ ਕਿ ਅਮਰੀਕਾ ਨਾਲ ਦਹਾਕਿਆਂ ਦੀ ਸਾਂਝੇਦਾਰੀ ਤੋਂ ਬਾਅਦ, ਦੋਵਾਂ ਦੇਸ਼ਾਂ ਵਿਚਕਾਰ ਨੇੜਲੇ ਆਰਥਿਕ ਸੰਬੰਧ ਇੱਕ ਕਮਜ਼ੋਰੀ ਬਣ ਗਏ ਹਨ, ਜਿਸ ਨੂੰ ਠੀਕ ਕੀਤਾ ਜਾਣਾ ਚਾਹੀਦਾ ਹੈ। ਕਾਰਨੀ ਨੇ ਐਤਵਾਰ 10 ਮਿੰਟ ਦੀ ਇੱਕ ਵੀਡੀਓ ਵਿੱਚ ਕੈਨੇਡਾ ਦੇ ਅਮਰੀਕਾ ਨਾਲ ਸੰਬੰਧਾਂ 'ਤੇ ਟਿੱਪਣੀਆਂ ਦਿੱਤੀਆਂ, ਜਿਸ ਵਿੱਚ ਉਨ੍ਹਾ ਸੰਕੇਤ ਦਿੱਤਾ ਕਿ ਕੈਨੇਡਾ ਨੂੰ ਕਿਸੇ ਇੱਕ ਦੇਸ਼ 'ਤੇ ਬਹੁਤ ਜ਼ਿਆਦਾ ਨਿਰਭਰਤਾ ਤੋਂ ਦੂਰ ਜਾਣਾ ਚਾਹੀਦਾ ਹੈ। ਕਾਰਨੀ ਮੁਤਾਬਕ ਦੁਨੀਆ ਹੋਰ ਖਤਰਨਾਕ ਹੋ ਗਈ ਹੈ ਤੇ ਵੰਡੀ ਗਈ ਹੈ। ਅਮਰੀਕਾ ਨੇ ਵਪਾਰ ਪ੍ਰਤੀ ਆਪਣਾ ਨਜ਼ਰੀਆ ਬੁਨਿਆਦੀ ਤੌਰ 'ਤੇ ਬਦਲ ਦਿੱਤਾ ਹੈ, ਆਪਣੇ ਟੈਰਿਫਾਂ ਨੂੰ ਮਹਾਂ ਮੰਦੀ ਦੌਰਾਨ ਆਖਰੀ ਵਾਰ ਦੇਖੇ ਗਏ ਪੱਧਰ ਤੱਕ ਵਧਾ ਦਿੱਤਾ ਹੈ। ਅਮਰੀਕਾ ਨਾਲ ਕੈਨੇਡਾ ਦੇ ਨੇੜਲੇ ਸੰਬੰਧਾਂ ਦੇ ਆਧਾਰ 'ਤੇ ਉਸ ਦੀਆਂ ਬਹੁਤ ਸਾਰੀਆਂ ਪੁਰਾਣੀਆਂ ਤਾਕਤਾਂ ਕਮਜ਼ੋਰੀਆਂ ਬਣ ਗਈਆਂ ਹਨ, ਜਿਨ੍ਹਾਂ ਨੂੰ ਠੀਕ ਕਰਨਾ ਪੈਣਾ ਹੈ।

ਕਾਰਨੀ ਦੀਆਂ ਇਹ ਤਾਜ਼ਾ ਟਿੱਪਣੀਆਂ ਦਹਾਕਿਆਂ ਦੇ ਆਰਥਿਕ ਏਕੀਕਰਨ ਤੋਂ ਬਾਅਦ ਅਮਰੀਕਾ-ਕੈਨੇਡਾ ਸੰਬੰਧਾਂ ਦੇ ਬਦਲਦੇ ਸੁਭਾਅ ਦਾ ਸੰਕੇਤ ਹਨ, ਕਿਉਂਕਿ ਟਰੰਪ ਵੱਲੋਂ ਉੱਚ ਟੈਰਿਫਾਂ ਦੀਆਂ ਧਮਕੀਆਂ ਦੁਨੀਆ ਭਰ ਦੇ ਦੁਸ਼ਮਣਾਂ ਅਤੇ ਸਹਿਯੋਗੀਆਂ ਨਾਲ ਵਪਾਰਕ ਸੰਬੰਧਾਂ ਨੂੰ ਵਿਗਾੜਦੀਆਂ ਹਨ। ਟਰੰਪ ਦੀਆਂ ਇਨ੍ਹਾਂ ਟਿੱਪਣੀਆਂ ਕਿ ਕੈਨੇਡਾ ਨੂੰ ਅਮਰੀਕੀ ਰਾਜ ਬਣਨਾ ਚਾਹੀਦਾ ਹੈ, ਨੇ ਵੀ ਕੈਨੇਡੀਅਨਾਂ ਨੂੰ ਹਿਲਾ ਕੇ ਰੱਖ ਦਿੱਤਾ ਹੈ। ਵੀਡੀਓ ਦੇ ਇੱਕ ਬਿੰਦੂ 'ਤੇ ਕਾਰਨੀ ਨੇ ਇੱਕ ਖਿਡੌਣੇ ਵਾਲੇ ਸਿਪਾਹੀ ਨੂੰ ਚੁੱਕਿਆ ਹੋਇਆ ਸੀ, ਜਿਸ ਵਿੱਚ ਜਨਰਲ ਆਈਜ਼ੈਕ ਬ੍ਰੌਕ ਨੂੰ ਦਰਸਾਇਆ ਗਿਆ, ਜੋ ਕਿ ਇੱਕ ਬ੍ਰਿਟਿਸ਼ ਫੌਜੀ ਕਮਾਂਡਰ ਸੀ, ਜਿਹੜਾ 1812 ਵਿੱਚ ਅਜੋਕੇ ਕੈਨੇਡਾ 'ਚ ਅਮਰੀਕੀ ਫੌਜਾਂ ਦੇ ਦਖਲ ਵਿਰੁੱਧ ਲੜਿਆ ਸੀ। ਕਾਰਨੀ ਮੁਤਾਬਕ ਅੱਜ ਦੀ ਸਥਿਤੀ ਵਿਲੱਖਣ ਮਹਿਸੂਸ ਹੁੰਦੀ ਹੈ, ਪਰ ਅਸੀਂ ਪਹਿਲਾਂ ਵੀ ਇਸ ਤਰ੍ਹਾਂ ਦੇ ਖਤਰਿਆਂ ਦਾ ਸਾਹਮਣਾ ਕੀਤਾ ਹੈ।

ਕਾਰਨੀ ਦੀ ਲਿਬਰਲ ਪਾਰਟੀ ਦੀ ਸਰਕਾਰ ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਉਪ ਚੋਣਾਂ ਵਿੱਚ ਸੰਸਦੀ ਬਹੁਮਤ ਪ੍ਰਾਪਤ ਕੀਤਾ, ਜਿਸ ਨਾਲ ਉਸ ਨੂੰ ਅਮਰੀਕਾ ਨਾਲ ਵਪਾਰਕ ਸੰਬੰਧਾਂ ਵਰਗੇ ਮੁੱਖ ਆਰਥਿਕ ਮੁੱਦਿਆਂ 'ਤੇ ਰਣਨੀਤੀ ਬਣਾਉਣ ਲਈ ਵਧੇਰੇ ਜਗ੍ਹਾ ਮਿਲ ਗਈ ਹੈ। ਅਮਰੀਕਾ, ਕੈਨੇਡਾ ਅਤੇ ਮੈਕਸੀਕੋ ਵਿਚਕਾਰ ਮੁਕਤ ਵਪਾਰ ਸਮਝੌਤੇ ਦੀ ਸਮੀਖਿਆ ਜੁਲਾਈ ਵਿੱਚ ਹੋਣ ਵਾਲੀ ਹੈ। ਜਸਟਿਨ ਟਰੂਡੋ ਦੇ ਛੱਡ ਜਾਣ ਤੋਂ ਬਾਅਦ ਲਿਬਰਲ ਪਾਰਟੀ ਨੇ ਕਾਰਨੀ ਦੀ ਅਗਵਾਈ ਵਿੱਚ 2025 ਦੀਆਂ ਚੋਣਾਂ ਲੜ ਕੇ ਸਰਕਾਰ ਬਣਾਈ ਸੀ, ਜਿਸ ਦੌਰਾਨ ਉਨ੍ਹਾ ਨੇ ਵਾਅਦਾ ਕੀਤਾ ਸੀ ਕਿ ਉਹ ਅਮਰੀਕਾ ਪ੍ਰਤੀ ਇੱਕ ਦ੍ਰਿੜ ਰੁਖ ਅਪਣਾਉਣਗੇ, ਜਦੋਂ ਕਿ ਟਰੰਪ ਅਤੇ ਕਾਰਨੀ ਵਿਚਕਾਰ ਤਣਾਅ ਘਟ ਗਿਆ ਹੈ ਅਤੇ ਕੁਝ ਟੈਰਿਫ ਵਾਪਸ ਲੈ ਲਏ ਗਏ ਹਨ, ਫਿਰ ਵੀ ਕਾਰਨੀ ਅਮਰੀਕਾ 'ਤੇ ਕੈਨੇਡਾ ਦੀ ਨਿਰਭਰਤਾ ਘਟਾਉਣ ਲਈ ਚੀਨ ਵਰਗੇ ਦੇਸ਼ਾਂ ਨਾਲ ਨੇੜਲੇ ਆਰਥਿਕ ਸੰਬੰਧ ਬਣਾਉਣ ਦੀ ਪਹਿਲਕਦਮੀ ਕਰ ਚੁੱਕੇ ਹਨ। ਕਾਰਨੀ ਦੀ ਸੋਚ ਹੈ ਕਿ ਕੈਨੇਡਾ ਨੂੰ ਆਪਣਾ ਧਿਆਨ ਰੱਖਣਾ ਪਵੇਗਾ, ਕਿਉਂਕਿ ਉਹ ਸਿਰਫ ਇੱਕ ਵਿਦੇਸ਼ੀ ਸਾਥੀ 'ਤੇ ਭਰੋਸਾ ਨਹੀਂ ਕਰ ਸਕਦਾ।

ਕਾਰਨੀ ਦੀ ਇਹ ਸੋਚ ਭਾਰਤ ਸਣੇ ਹੋਰਨਾਂ ਉਨ੍ਹਾਂ ਦੇਸ਼ਾਂ ਲਈ ਨਸੀਹਤ ਹੈ, ਜਿਹੜੇ ਅਮਰੀਕਾ ਨਾਲ ਵਪਾਰਕ ਸੰਬੰਧ ਵਧਾ ਕੇ ਹੀ ਆਰਥਿਕ ਤਰੱਕੀ ਦੇ ਸੁਫਨੇ ਲੈ ਰਹੇ ਹਨ। ਅਮਰੀਕਾ ਨਾਲ ਵਪਾਰ ਦੇ ਨਤੀਜਿਆਂ ਬਾਰੇ ਕੈਨੇਡਾ ਨਾਲੋਂ ਵੱਧ ਕਿਹੜਾ ਦੇਸ਼ ਜਾਣ ਸਕਦਾ ਹੈ।

## ਭਗਵੰਤ ਭਾਈ ਬੇਨਤੀ !

'ਬੱਬਾ' ਬਾਦਲ ਤੇ 'ਭੱਬਾ' ਭਗਵੰਤ ਵਾਲਾ,
'ਪੈਂਤੀ' ਵਿੱਚ ਹਨ ਅੱਖਰ ਨਜ਼ਦੀਕ ਭਾਈ।
ਐਪਰ ਦੋਹਾਂ ਦੇ ਵਿਚਲੀਆਂ ਦੂਰੀਆਂ ਦੀ,
ਫਿਤਰਤ ਪੱਖ ਤੋਂ ਵੱਡੀ ਇਕ ਲੀਕ ਭਾਈ।
'ਪੰਜ-ਕਮਲ' ਵੀ ਕਰਨ 'ਵਿਰੋਧ' ਭਾਵੇਂ,
ਸਮਝੇ ਇਸ ਨੂੰ ਹੀ ਆਪਣਾ ਸ਼ਰੀਕ ਭਾਈ।
ਇਕ-ਦੂਜੇ ਦੀਆਂ ਨਕਲਾਂ ਨੇ ਖੂਬ ਲਾਉਂਦੇ,
ਕਰਦੇ 'ਮਿੱਸ' ਨਾ ਕਦੇ ਵੀ 'ਤਰੀਕ' ਭਾਈ।
ਸੀ ਐੱਮ 'ਬੱਬੇ' ਨੂੰ ਕਰਕੇ 'ਇਗਨੋਰ' ਪੱਕਾ,
ਉਸ ਦੇ ਅਹੁਦੇ ਮੁਤਾਬਕ ਇਹ ਠੀਕ ਭਾਈ।
'ਕਰਤੇ ਕੰਮ' ਤੇ 'ਰਹਿੰਦੇ ਜੋ' ਹੋਰ ਕਰਨੇ,
ਦੱਸ-ਦੱਸ ਲੋਕਾਂ ਤੋਂ ਮੰਗੇ 'ਤੌਫ਼ੀਕ' ਭਾਈ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਗੱਲੀਂ-ਬਾਤੀਂ ਮੈਂ ਵੱਡੀ, ਕਰਤੂਤੀਂ ਵੱਡੀ ਜੇਠਾਣੀ



ਗੁਰਮੀਤ ਸਿੰਘ ਪਲਾਹੀ

ਕਾਗਜ਼ਾਂ ਵਿੱਚ ਕਾਨੂੰਨਾਂ ਦੀ ਝੜੀ ਲੱਗੀ ਹੋਈ ਹੈ। ਕਿਧਰੇ ਨਾਰੀ ਦੇ ਹੱਕ ਵਿੱਚ ਹੁੰਕਾਰ ਭਰੀ ਜਾ ਰਹੀ ਹੈ, ਕਿਧਰੇ ਪਰਸੀਮਨ ਕਾਨੂੰਨ ਲਿਆਉਣ ਲਈ ਕੇਂਦਰੀ ਹਾਕਮ ਪੱਬਾਂ ਭਾਰ ਹਨ। ਪਰ ਜ਼ਮੀਨੀ ਪੱਧਰ 'ਤੇ ਚਹੁੰ ਕੁੰਟੀ ਅਸੰਤੋਸ਼ ਦੀ ਜੁਆਲਾ ਭੜਕ ਰਹੀ ਹੈ।

ਕਾਗਜ਼ਾਂ 'ਤੇ ਬਣਦੇ ਇਹ ਵੱਡੇ-ਵੱਡੇ ਦਾਅਵੇ ਅਤੇ ਐਲਾਨ ਹਕੀਕਤ ਦੀ ਕਸੌਟੀ 'ਤੇ ਖਰੇ ਨਹੀਂ ਉਤਰਦੇ ਹਨ। ਗੱਲਾਂ ਵਿੱਚ ਵੱਡੇ ਬਣਨ ਵਾਲੀ ਇਹ ਪ੍ਰਣਾਲੀ, ਕਰਤੂਤਾਂ ਵਿੱਚ ਮਜ਼ਦੂਰ ਤੇ ਆਮ ਇਨਸਾਨ ਦੇ ਹੱਕਾਂ ਨੂੰ ਪਿੱਛੇ ਧੱਕ ਰਹੀ ਹੈ-ਇਸੇ ਲਈ ਇਹ ਅਖਾਣ ਅੱਜ ਦੇ ਹਾਲਾਤ 'ਤੇ ਬਿਲਕੁਲ ਖਰਾ ਉਤਰਦਾ ਹੈ।

ਸਿਆਸਤਦਾਨਾਂ ਵੱਲੋਂ ਘੜੇ ਕਾਨੂੰਨ ਗੱਲੀਂ-ਬਾਤੀਂ ਬੇਸ਼ੱਕ ਬਹੁਤ ਵੱਡੇ ਤੇ ਨਿਆਂਪੂਰਨ ਦੱਸੇ ਜਾਂਦੇ ਹਨ, ਪਰ ਹਕੀਕਤ ਵਿੱਚ ਛੋਟੇ ਕਾਨੂੰਨ ਹਨ।

ਪਹਿਲਾਂ ਪਾਸ ਹੋਇਆ ਮਜ਼ਦੂਰਾਂ ਦੇ ਹੱਕ ਖੋਂਹਦਾ ਲੇਬਰ ਕਾਨੂੰਨ ਕਟਹਿਰੇ 'ਚ ਹੈ। ਕਿਧਰੇ ਪ੍ਰਧਾਨ ਮੰਤਰੀ ਕਹਿੰਦੇ ਹਨ ਕਿ ਦੇਸ਼ ਦੀ ਵਿਰੋਧੀ ਧਿਰ ਨੇ ਰਾਖਵਾਂਕਰਨ ਬਿੱਲ ਰੋਕ ਕੇ ਔਰਤਾਂ ਦੇ ਸੁਪਨਿਆਂ ਨੂੰ ਕੁਚਲਿਆ ਹੈ, ਭਰੂਣ ਹੱਤਿਆ ਕੀਤੀ ਹੈ, ਜਿਸ ਨੂੰ ਉਹ ਗੰਭੀਰ ਅਨਿਆਂ ਤੇ ਪਾਪ ਦੱਸਦੇ ਹਨ। ਦੂਜੇ ਪਾਸੇ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਪਰਸੀਮਨ ਯੋਜਨਾ ਨੂੰ ਦੇਸ਼ ਨੂੰ ਵੰਡਣ ਦੀ ਸਾਜ਼ਿਸ਼ ਕਰਾਰ ਦਿੰਦੀ ਹੈ। ਕਾਂਗਰਸੀ ਨੇਤਾਵਾਂ ਅਨੁਸਾਰ ਇਹ ਸੰਘੀ ਢਾਂਚੇ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਹੈ, ਜਿਸ ਨੂੰ ਵਿਰੋਧੀ ਧਿਰ ਨੇ ਇਕਜੁੱਟ ਹੋ ਕੇ ਰੋਕਿਆ।

ਇਹ ਸਿਰਫ਼ ਨਾਰੀ ਜਾਂ ਰਾਜਨੀਤੀ ਤੱਕ ਸੀਮਤ ਨਹੀਂ, ਮਜ਼ਦੂਰ ਵਰਗ ਵੀ ਇਸ ਦਾ ਸਿੱਧਾ ਸ਼ਿਕਾਰ ਬਣ ਰਿਹਾ ਹੈ। ਮਜ਼ਦੂਰਾਂ ਵਿਰੋਧੀ ਲੇਬਰ ਕਾਨੂੰਨਾਂ, ਘੱਟ ਮਜ਼ਦੂਰੀ, ਲੰਮੇ ਕੰਮ ਦੇ ਘੰਟਿਆਂ ਅਤੇ ਕਾਰਪੋਰੇਟਾਂ ਵੱਲੋਂ ਹੋ ਰਹੇ ਵਿਆਪਕ ਸ਼ੋਸ਼ਣ ਵਿਰੁੱਧ ਨੋਇਡਾ 'ਚ ਧਰਨਾ ਸ਼ੁਰੂ ਹੋਇਆ। ਦੇਸ਼ ਦੀਆਂ ਕਈ ਉਦਯੋਗਿਕ ਇਕਾਈਆਂ ਦੇ ਮਜ਼ਦੂਰ ਸੰਘਰਸ਼ ਲਈ ਸੜਕ 'ਤੇ ਉੱਤਰ ਆਏ।

ਮਜ਼ਦੂਰਾਂ ਦੀ ਮੰਗ ਸਾਫ਼ ਸੀ- 08 ਘੰਟੇ ਕੰਮ, 20 ਹਜ਼ਾਰ ਰੁਪਏ ਮਹੀਨਾ ਤਨਖਾਹ, ਓਵਰਟਾਈਮ ਦਾ ਦੁੱਗਣਾ ਭੁਗਤਾਨ ਅਤੇ ਹਫ਼ਤਾਵਾਰੀ ਛੁੱਟੀ। ਨੋਇਡਾ ਦੇ ਹੌਜ਼ਰੀ ਕੰਪਲੈਕਸ ਵਿੱਚ ਸਾਹੂ ਐਕਸਪੋਰਟ, ਮਦਰਧਨ ਆਟੋਮੋਬਾਈਲ ਪਾਰਟਸ ਸਮੇਤ ਸੈਂਕੜੇ ਹੋਰ ਕਾਰਖਾਨਿਆਂ ਦੇ ਮਜ਼ਦੂਰ ਇਕੱਠੇ ਹੋ ਗਏ। ਪ੍ਰਸ਼ਾਸਨ ਨੇ ਚਾਰ ਦਿਨ ਤੱਕ ਸਮਝੌਤਿਆਂ ਦੇ ਭਰੋਸੇ ਦਿੱਤੇ, ਪਰ ਵਾਅਦਾ-ਖ਼ਿਲਾਫ਼ੀ ਨਾਲ ਸਬਰ ਦਾ ਕੜ ਟੁੱਟ ਗਿਆ। 13 ਅਪ੍ਰੈਲ ਨੂੰ ਹਿੰਸਾ ਭੜਕੀ, ਵਾਹਨਾਂ ਨੂੰ ਅੱਗ ਲਗਾਈ ਗਈ ਅਤੇ ਐੱਨ.ਐੱਚ-9 ਦਿੱਲੀ-ਮੇਰਠ ਐਕਸਪ੍ਰੈਸਵੇ ਜਾਮ ਕਰ ਦਿੱਤਾ ਗਿਆ।

ਇਹੋ ਜਿਹੇ ਹਾਲਾਤ ਪਹਿਲਾਂ ਵੀ ਸੂਰਤ, ਝਾਂਸੀ ਅਤੇ ਪਾਣੀਪਤ ਵਿੱਚ ਵੇਖੇ ਜਾ ਚੁੱਕੇ ਹਨ। ਭਾਵੇਂ ਨੋਇਡਾ ਦਾ ਮਾਮਲਾ ਕੁਝ ਵਾਧੇ ਨਾਲ ਥੋੜ੍ਹਾ ਠੰਢਾ ਪਿਆ, ਪਰ ਮਜ਼ਦੂਰ ਅਜੇ ਵੀ ਅਸੰਤੁਸ਼ਟ ਹਨ। ਉਹਨਾਂ ਦਾ ਕਹਿਣਾ ਹੈ ਕਿ ਘੋਸ਼ਣਾਵਾਂ ਤਾਂ ਬਹੁਤ ਹੁੰਦੀਆਂ ਹਨ, ਪਰ ਜ਼ਮੀਨ 'ਤੇ ਬਦਲਾਅ ਨਜ਼ਰ ਨਹੀਂ ਆਉਂਦਾ।

ਕੇਂਦਰ ਸਰਕਾਰ ਵੱਲੋਂ 2019-20 ਵਿੱਚ ਬਣਾਏ 40 ਪੁਰਾਣੇ ਕਾਨੂੰਨਾਂ ਨੂੰ ਸਮੇਟ ਕੇ 04 ਨਵੇਂ ਲੇਬਰ ਕੋਡ ਲਿਆਂਦੇ ਗਏ, ਜਿਨ੍ਹਾਂ ਦੇ ਲਾਗੂ ਹੋਣ ਬਾਰੇ ਵੱਡੇ ਦਾਅਵੇ ਕੀਤੇ ਗਏ। ਇਹ ਕਾਨੂੰਨ ਸਨ-ਮਜ਼ਦੂਰੀ ਸੰਹਿਤਾ 2019, ਉਦਯੋਗਿਕ ਸੰਬੰਧ ਸੰਹਿਤਾ 2020, ਸਮਾਜਿਕ ਸੁਰੱਖਿਆ ਸੰਹਿਤਾ 2020 ਅਤੇ ਵਿਵਸਾਇਕ ਸੁਰੱਖਿਆ, ਸਿਹਤ ਅਤੇ ਕਾਰਜ ਸਥਿਤੀ ਸੰਹਿਤਾ 2020। ਇਹ 21 ਨਵੰਬਰ 2025 ਨੂੰ ਮੁੜ ਸੋਧ ਕਰਕੇ ਪ੍ਰਭਾਵਸ਼ੀਲ ਬਣਾਉਣ ਦੀ ਗੱਲ ਆਖੀ ਗਈ। ਮਜ਼ਦੂਰਾਂ ਨੂੰ ਉਮੀਦ ਸੀ ਕਿ ਉਹਨਾਂ ਦੀ ਜ਼ਿੰਦਗੀ ਵਿੱਚ ਸੁਧਾਰ ਆਵੇਗਾ, ਪਰ ਅਸਲ ਹਾਲਾਤ ਵਿੱਚ ਕੋਈ ਵੱਡਾ ਫ਼ਰਕ ਨਹੀਂ ਪਿਆ। ਮਜ਼ਦੂਰਾਂ ਨੂੰ ਆਸ ਸੀ ਕਿ ਪਹਿਲੀ ਅਪ੍ਰੈਲ 2026 ਨੂੰ ਤਨਖਾਹ ਵਿੱਚ ਸੰਸ਼ੋਧਿਤ ਵਾਧਾ ਹੋਏਗਾ, ਪਰ ਇੰਞ ਨਾ ਹੋਇਆ। ਕੇਂਦਰ ਸਰਕਾਰ ਨੇ ਆਪਣੀ ਇੱਕ ਰਿਪੋਰਟ ਅਨੁਸਾਰ ਤਨਖ਼ਾਹ 176 ਰੁਪਏ ਪ੍ਰਤੀ ਦਿਨ ਦੀ ਥਾਂ 375 ਰੁਪਏ ਕਰਨ ਦੀ ਸਿਫ਼ਾਰਸ਼ ਕੀਤੀ, ਪਰ ਇਹ ਫਾਈਲਾਂ 'ਚ ਧੂੜ ਫੱਕ ਰਹੀ ਹੈ।ਕਈ ਸਿਫ਼ਾਰਸ਼ਾਂ ਫ਼ਾਈਲਾਂ ਵਿੱਚ ਹੀ ਦੱਬੀਆਂ ਰਹਿ ਗਈਆਂ।

ਇਕ ਕਾਨੂੰਨ ਆਨਲਾਈਨ ਲਾਗੂ ਕਰਨ ਦੀ ਗੱਲ ਆਖੀ ਗਈ। ਆਨਲਾਈਨ ਪ੍ਰਣਾਲੀ ਲਾਗੂ ਕਰਨ ਨਾਲ ਨਿਰੀਖਣ ਪ੍ਰਕਿਰਿਆ ਕਮਜ਼ੋਰ ਹੋਈ, ਇੰਸਪੈਕਟਰੀ ਵਿਵਸਥਾ ਨੂੰ ਖੋਰਾ ਲੱਗਿਆ ਅਤੇ ਉਦਯੋਗਪਤੀਆਂ ਨੂੰ ਖੁੱਲ੍ਹੀ ਛੂਟ ਮਿਲ ਗਈ। ਸਵੇਰੇ 8 ਵਜੇ ਘਰੋਂ ਨਿਕਲਣ ਵਾਲਾ ਮਜ਼ਦੂਰ ਸ਼ਾਮ ਨੂੰ ਥੱਕਿਆ-ਹਾਰਿਆ ਵਾਪਸ ਆਉਂਦਾ ਹੈ, ਪਰ ਉਸ ਦੀ ਮਿਹਨਤ ਦੇ ਬਦਲੇ ਉਸ ਨੂੰ ਨਾ ਇਨਸਾਫ਼ ਮਿਲਦਾ ਹੈ, ਨਾ ਇੱਜ਼ਤ-ਸਿਰਫ਼ ਗੁਜ਼ਾਰੇ ਦੀ ਜੰਗ ਮਿਲਦੀ ਹੈ। ਕਾਨੂੰਨਾਂ ਨੇ 12 ਘੰਟੇ ਤੱਕ ਦੀ ਮਜ਼ਦੂਰੀ ਨੂੰ ਕਾਨੂੰਨੀ ਮੰਨ ਲਿਆ। ਨਾਲ ਹੀ ਸਿਹਤ ਸੁਰੱਖਿਆ ਲਈ ਕਾਨੂੰਨੀ ਪ੍ਰਾਵਧਾਨ 10 ਤੋਂ 20 ਕਰਮਚਾਰੀਆਂ ਤੋਂ ਵਧਾ ਕੇ 20 ਤੋਂ 40 ਤੱਕ ਕਰ ਦਿੱਤੇ। ਕੰਮ ਦੇ ਘੰਟੇ ਵਧਾਉਣ ਅਤੇ ਕਾਨੂੰਨੀ ਦਾਇਰੇ ਨੂੰ ਘਟਾਉਣ ਨਾਲ ਛੋਟੀਆਂ ਫੈਕਟਰੀਆਂ ਦੀ ਵੱਡੀ ਗਿਣਤੀ ਨਿਗਰਾਨੀ ਤੋਂ ਬਾਹਰ ਰਹਿ ਗਈ।

ਤਨਖਾਹਾਂ ਵਿੱਚ ਵੀ ਵੱਡੀ ਅਸਮਾਨਤਾ ਵੇਖਣ ਨੂੰ ਮਿਲਦੀ ਹੈ। ਇੱਕੋ ਜਿਹੇ ਕੰਮ ਲਈ ਵੱਖ-ਵੱਖ ਸੂਬਿਆਂ ਵਿੱਚ ਵੱਖਰੇ ਮਾਪਦੰਡ ਹਨ। ਮਜ਼ਦੂਰ ਜਦੋਂ ਇਹ ਤੁਲਨਾ ਕਰਦੇ ਹਨ ਤਾਂ ਉਹਨਾਂ ਵਿੱਚ ਅਸੰਤੋਸ਼ ਵਧਣਾ ਸੁਭਾਵਿਕ ਹੈ। ਉੱਤਰ ਪ੍ਰਦੇਸ਼ ਵਿੱਚ ਪਿਛਲੀ ਮੂਲ ਤਨਖਾਹ 'ਚ 2012 'ਚ ਵਾਧਾ ਹੋਇਆ ਸੀ-ਭਾਵ 14 ਸਾਲ ਪਹਿਲਾਂ। ਹੈਰਾਨ ਹੋਣ ਵਾਲੀ ਗੱਲ ਨਹੀਂ ਕਿ ਇਹਨਾਂ 14 ਸਾਲਾਂ 'ਚ ਮਜ਼ਦੂਰੀ ਨਹੀਂ ਵਧੀ। ਮਹਿੰਗਾਈ ਭੱਤੇ ਵਿੱਚ ਮਾਮੂਲੀ ਵਾਧਾ ਹੁੰਦਾ ਰਿਹਾ।

ਸਿੱਤਮ ਦੀ ਗੱਲ ਹੈ ਕਿ ਦਿੱਲੀ ਵਿੱਚ ਘੱਟੋ-ਘੱਟ ਮਜ਼ਦੂਰੀ 19,846, ਹਰਿਆਣਾ 'ਚ 15,220, ਉੱਤਰ ਪ੍ਰਦੇਸ਼ 'ਚ 11,313 ਅਤੇ ਰਾਜਸਥਾਨ ਵਿੱਚ ਸਿਰਫ਼ 7,410 ਰੁਪਏ ਹੈ। ਇਹ ਸੂਬੇ ਇੱਕ-ਦੂਜੇ ਨਾਲ ਸਰਹੱਦੀ ਸਾਂਝ ਵਾਲੇ ਹਨ। ਮਜ਼ਦੂਰ ਇਧਰ-ਉਧਰ ਕੰਮ ਕਰਦੇ ਹਨ ਅਤੇ ਤੁਲਨਾਤਮਕ ਤੌਰ 'ਤੇ ਮਹਿਸੂਸ ਕਰਦੇ ਹਨ ਕਿ ਉਹਨਾਂ ਨੂੰ ਠੱਗਿਆ ਜਾ ਰਿਹਾ ਹੈ। ਕਈ ਥਾਵਾਂ 'ਤੇ ਸਾਲਾਂ ਤੋਂ ਮਜ਼ਦੂਰੀ ਵਿੱਚ ਕੋਈ ਵੱਡਾ ਵਾਧਾ ਨਹੀਂ ਹੋਇਆ, ਜਦਕਿ ਮਹਿੰਗਾਈ ਲਗਾਤਾਰ ਵਧ ਰਹੀ ਹੈ। ਕੀ ਇਹੀ ਹੈ ਉਹ ਵਿਕਾਸ, ਜਿਸ ਦਾ ਸੁਪਨਾ ਦੇਸ਼ ਦੇ ਮਜ਼ਦੂਰਾਂ ਨੂੰ ਦਿਖਾਇਆ ਜਾਂਦਾ ਹੈ?

ਹਰਿਆਣਾ ਵਿੱਚ ਪਹਿਲਾਂ ਮਜ਼ਦੂਰੀ 11,274 ਸੀ, ਜੋ ਵਧਾ ਕੇ 1 ਅਪ੍ਰੈਲ 2026 ਨੂੰ 15,220 ਕੀਤੀ ਗਈ। ਗੱਲੀਂ-ਬਾਤੀਂ ਗੱਲਾਂ ਕਰਨ ਵਾਲੀ ਨੀਤੀ ਤਹਿਤ ਦੇਸ਼ ਵਿੱਚ ਕਾਰਪੋਰੇਟਾਂ ਨੂੰ ਖ਼ੁਸ਼ ਕਰਨ ਲਈ ਜਿੱਥੇ ਕੰਮ ਦੇ ਘੰਟੇ ਵਧਾਏ ਗਏ, ਘੱਟੋ-ਘੱਟ ਉਜਰਤ ਲਾਗੂ ਨਾ ਕਰਨ ਦੀ ਨੀਤੀ 'ਤੇ ਟਾਲਮਟੋਲ ਕੀਤਾ ਗਿਆ, ਉੱਥੇ ਠੇਕੇਦਾਰੀ ਸਿਸਟਮ ਨੂੰ ਲਗਾਤਾਰ ਉਤਸ਼ਾਹਿਤ ਕੀਤਾ ਗਿਆ।

ਸਾਲ 2019-20 ਵਿੱਚ 38 ਫ਼ੀਸਦੀ ਤੋਂ ਵਧ ਕੇ 2023-24 ਵਿੱਚ 42 ਫ਼ੀਸਦੀ ਤੱਕ ਠੇਕੇਦਾਰੀ ਸਿਸਟਮ 'ਚ ਮਜ਼ਦੂਰਾਂ ਦੀ ਸੰਖਿਆ ਵਧੀ। ਇਹਨਾਂ ਮਜ਼ਦੂਰਾਂ 'ਤੇ ਕੋਈ ਕਾਨੂੰਨ ਹੀ ਲਾਗੂ ਨਹੀਂ ਹੁੰਦਾ।

ਹੱਕ ਲਈ ਹੁੰਕਾਰ ਭਰਦੇ ਭਾਰਤੀ ਮਜ਼ਦੂਰਾਂ ਦੀ ਸਥਿਤੀ ਅਤਿਅੰਤ ਤਰਸਯੋਗ ਹੈ। ਵਿੱਤੀ ਸਾਲ 2017 ਤੋਂ 2026 ਤੱਕ ਐੱਸ.ਬੀ.ਆਈ ਰਿਸਰਚ ਰਿਪੋਰਟ ਅਨੁਸਾਰ ਭਾਰਤ ਵਿੱਚ ਮਜ਼ਦੂਰੀ ਵਾਧਾ ਔਸਤਨ ਸਿਰਫ 0.23 ਰਿਹਾ-ਯਾਨੀ ਸਿਫ਼ਰ, ਇੱਕ ਵੱਡਾ ਜ਼ੀਰੋ।ਆਈ.ਐੱਲ.ਓ ਦੀ ਇੰਡੀਆ ਰੁਜ਼ਗਾਰ ਰਿਪੋਰਟ 2024 ਦੱਸਦੀ ਹੈ ਕਿ 2012 ਤੋਂ 2022 ਦੇ ਸਮੇਂ 'ਚ ਨਿਯਮਤ ਮਜ਼ਦੂਰਾਂ ਦੀ ਅਸਲ ਮਜ਼ਦੂਰੀ ਜਾਂ ਤਾਂ ਸਥਿਰ ਰਹੀ ਜਾਂ ਫਿਰ ਘਟ ਗਈ। ਆਈ.ਐੱਲ.ਓ. ਅਨੁਸਾਰ 90 ਫ਼ੀਸਦੀ ਮਜ਼ਦੂਰ ਗੈਰ-ਸੰਗਠਿਤ ਖੇਤਰ 'ਚ ਹਨ-ਇਹੀ ਇਸ ਸਥਿਤੀ ਦੀ ਮੂਲ ਜੜ੍ਹ ਹੈ। ਇਸ ਲਈ ਮਜ਼ਦੂਰ ਯੂਨੀਅਨਾਂ ਨੂੰ ਮਜ਼ਬੂਤ ਬਣਾਉਣਾ ਅਤੇ ਉਹਨਾਂ ਦੀ ਆਵਾਜ਼ ਨੂੰ ਨੀਤੀ ਘਾੜਿਆਂ ਤੱਕ ਪਹੁੰਚਾਉਣਾ ਵੀ ਬਹੁਤ ਜ਼ਰੂਰੀ ਹੈ। ਠੇਕੇਦਾਰੀ ਪ੍ਰਣਾਲੀ ਦੇ ਫੈਲਾਅ ਨਾਲ ਮਜ਼ਦੂਰਾਂ ਦੀ ਸੁਰੱਖਿਆ ਹੋਰ ਘਟ ਗਈ ਹੈ। ਇਸ ਤਹਿਤ ਕੰਮ ਕਰਨ ਵਾਲੇ ਕਈ ਮਜ਼ਦੂਰ ਬੁਨਿਆਦੀ ਕਾਨੂੰਨੀ ਸੁਰੱਖਿਆ ਤੋਂ ਵੀ ਵਾਂਝੇ ਹਨ। ਇਹ ਹਾਲਾਤ ਉਹਨਾਂ ਦੀ ਆਰਥਿਕ ਅਤੇ ਸਮਾਜਿਕ ਅਸਥਿਰਤਾ ਨੂੰ ਹੋਰ ਗੰਭੀਰ ਬਣਾਉਂਦੇ ਹਨ।

ਵੱਖ-ਵੱਖ ਰਿਪੋਰਟਾਂ ਵੀ ਦਰਸਾਉਂਦੀਆਂ ਹਨ ਕਿ ਮਜ਼ਦੂਰੀ ਵਾਧਾ ਬਹੁਤ ਹੀ ਘਟ ਰਿਹਾ ਹੈ ਅਤੇ ਗੈਰ-ਸੰਗਠਿਤ ਖੇਤਰ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਦੀ ਹਾਲਤ ਹੋਰ ਵੀ ਨਾਜ਼ੁਕ ਹੈ। ਖੇਤੀ ਅਤੇ ਨਿਰਮਾਣ ਖੇਤਰ ਵਿੱਚ ਬਹੁਤ ਸਾਰੇ ਮਜ਼ਦੂਰ ਘੱਟੋ-ਘੱਟ ਤਨਖਾਹ ਤੋਂ ਵੀ ਘੱਟ 'ਤੇ ਕੰਮ ਕਰ ਰਹੇ ਹਨ ਅਤੇ ਸਮਾਜਿਕ ਸੁਰੱਖਿਆ ਦੇ ਲਾਭਾਂ ਤੋਂ ਵੀ ਵਾਂਝੇ ਹਨ। ਇੱਕ ਰਿਪੋਰਟ ਅਨੁਸਾਰ 2022 ਤੋਂ ਖੇਤੀ ਖੇਤਰ ਵਿੱਚ 62 ਫ਼ੀਸਦੀ ਅਤੇ ਨਿਰਮਾਣ ਖੇਤਰ 'ਚ 70 ਫ਼ੀਸਦੀ ਗੈਰ-ਹੁਨਰਮੰਦ ਕਾਮਿਆਂ ਦੀ ਦਿਹਾੜੀ ਘੱਟੋ-ਘੱਟ ਤਨਖਾਹ ਤੋਂ ਵੀ ਘੱਟ ਹੈ। ਰਿਪੋਰਟ ਦਾ ਇਹ ਕਹਿਣਾ ਵੀ ਚਿੰਤਾਜਨਕ ਹੈ ਕਿ ਦੇਸ਼ ਵਿੱਚ 53.4 ਫ਼ੀਸਦੀ ਖੇਤੀ ਕਾਮੇ ਸਮਾਜਿਕ ਸੁਰੱਖਿਆ ਦੇ ਲਾਭ ਦੇ ਪਾਤਰ ਹੀ ਨਹੀਂ ਹਨ।

ਸਿਰਫ਼ ਕੇਂਦਰ ਹੀ ਨਹੀਂ, ਸੂਬਾ ਸਰਕਾਰਾਂ ਵੀ ਮਜ਼ਦੂਰ ਕਾਨੂੰਨਾਂ ਨੂੰ ਲਾਗੂ ਕਰਨ ਵਿੱਚ ਪੂਰੀ ਤਰ੍ਹਾਂ ਸੰਵੇਦਨਸ਼ੀਲ ਨਹੀਂ ਜਾਪਦੀਆਂ। ਇਹ ਵੀ ਆਪਣੇ ਹਿੱਤਾਂ ਦੀ ਖਾਤਰ ਮਜ਼ਦੂਰਾਂ ਦੇ ਹਿੱਤਾਂ ਨੂੰ ਛਿੱਕੇ ਟੰਗ ਦਿੰਦੀਆਂ ਹਨ। ਕਈ ਵਿਸ਼ਲੇਸ਼ਕਾਂ ਦੇ ਅਨੁਸਾਰ, ਆਰਥਿਕ ਹਿੱਤਾਂ ਅਤੇ ਉਦਯੋਗਪਤੀਆਂ ਦੇ ਦਬਾਅ ਕਾਰਨ ਮਜ਼ਦੂਰਾਂ ਦੇ ਹਿੱਤ ਪਿੱਛੇ ਰਹਿ ਜਾਂਦੇ ਹਨ। ਉਹ ਅੰਤਰਰਾਸ਼ਟਰੀ ਕਾਨੂੰਨ ਜਿਹੜਾ ਮਜ਼ਦੂਰਾਂ ਨੂੰ ਵੱਡੇ ਸੰਘਰਸ਼ ਤੋਂ ਬਾਅਦ ਅੱਠ ਘੰਟੇ ਦੀ ਦਿਹਾੜੀ ਮਜ਼ਦੂਰੀ ਤੱਕ ਸੀਮਤ ਕਰਦਾ ਹੈ, ਉਸ ਨੂੰ ਕੇਂਦਰ ਸਰਕਾਰ ਨੇ ਪੈਰਾਂ ਹੇਠ ਮਿੱਧ ਦਿੱਤਾ।

ਨਤੀਜੇ ਵਜੋਂ ਮਜ਼ਦੂਰ ਆਰਥਿਕ ਤੌਰ 'ਤੇ ਪਿਸ ਰਿਹਾ ਹੈ ਅਤੇ ਉਸ ਵਿੱਚ ਅਸੰਤੋਸ਼ ਪੈਦਾ ਹੋ ਰਿਹਾ ਹੈ। ਇਹ ਅਸੰਤੋਸ਼ ਉਸ ਦੀ ਜ਼ਿੰਦਗੀ ਦੀਆਂ ਮੁਸ਼ਕਲਾਂ ਦਾ ਸਿੱਧਾ ਦਰਪਣ ਹੈ-ਤਨਖਾਹਾਂ ਦੀ ਅਸਮਾਨਤਾ, ਵਧਦੀ ਜੀਵਨ ਲਾਗਤ, ਠੇਕਾ ਪ੍ਰਥਾ ਅਤੇ ਸ਼ਿਕਾਇਤ ਨਿਵਾਰਣ ਦੀ ਕਮੀ।

ਕਈ ਥਾਵਾਂ 'ਤੇ ਮਜ਼ਦੂਰਾਂ ਨੂੰ ਬਿਮਾਰੀ ਦੀ ਛੁੱਟੀ, ਢੰਗ ਦੀ ਬਰੇਕ ਜਾਂ ਹੋਰ ਬੁਨਿਆਦੀ ਸਹੂਲਤਾਂ ਵੀ ਪ੍ਰਾਪਤ ਨਹੀਂ। ਇਸ ਤਰ੍ਹਾਂ ਦੇ ਕੰਮਕਾਜੀ ਮਾਹੌਲ ਵਿੱਚ ਮਜ਼ਦੂਰ ਸਿਰਫ਼ ਇੱਕ ਮਸ਼ੀਨ ਬਣ ਕੇ ਰਹਿ ਜਾਂਦਾ ਹੈ।

ਗੱਲੀਂ-ਬਾਤੀਂ ਕੁਝ ਨਹੀਂ ਸੌਰਦਾ। ਲੋੜ ਹੈ ਕਿ ਲੇਬਰ ਕਾਨੂੰਨ ਸਿਰਫ਼ ਕਾਗਜ਼ਾਂ ਤੱਕ ਸੀਮਤ ਨਾ ਰਹਿਣ, ਸਗੋਂ ਉਹਨਾਂ ਨੂੰ ਅਮਲ ਵਿੱਚ ਲਿਆਉਣ ਯੋਗ ਬਣਾਇਆ ਜਾਵੇ। ਦਫ਼ਤਰਾਂ ਅਤੇ ਕਾਰਖਾਨਿਆਂ ਦਾ ਨਿਯਮਿਤ ਨਿਰੀਖਣ ਹੋਵੇ, ਕੰਮ ਦੇ ਘੰਟੇ ਮਨੁੱਖੀ ਮਿਆਰ ਅਨੁਸਾਰ ਨਿਰਧਾਰਤ ਕੀਤੇ ਜਾਣ ਅਤੇ ਨੌਕਰੀ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।

ਝਗੜਿਆਂ ਦੇ ਨਿਪਟਾਰੇ ਲਈ ਮਜ਼ਬੂਤ ਸੰਸਥਾਵਾਂ ਬਣਨੀਆਂ ਚਾਹੀਦੀਆਂ ਹਨ ਅਤੇ ਮਜ਼ਦੂਰਾਂ ਦੀ ਸਮਾਜਿਕ ਸੁਰੱਖਿਆ ਨੂੰ ਤਰਜੀਹ ਦੇਣੀ ਚਾਹੀਦੀ ਹੈ।

ਅਖੀਰ ਵਿੱਚ ਸਵਾਲ ਇਹ ਹੈ ਕਿ ਜਦ ਤੱਕ ਕਾਨੂੰਨ ਜ਼ਮੀਨ 'ਤੇ ਨਹੀਂ ਉਤਰਦੇ, ਮਜ਼ਦੂਰ ਲਈ ਇਨਸਾਫ਼ ਸਿਰਫ਼ ਇੱਕ ਭਰਮ ਹੀ ਰਹੇਗਾ। ਕਾਨੂੰਨ ਬਣਾਉਣੇ ਅਤੇ ਉਹਨਾਂ 'ਤੇ ਇਮਾਨਦਾਰੀ ਨਾਲ ਪਹਿਰਾ ਨਾ ਦੇਣਾ ਅਸਲ ਵਿੱਚ ਲੋਕਾਂ ਨਾਲ ਵੱਡਾ ਧੋਖਾ ਹੈ। ਜਦ ਤੱਕ ਮਜ਼ਦੂਰ ਦੇ ਪਸੀਨਾ ਬਣ ਵਹੇ, ਲਹੂ ਦੀ ਕਦਰ ਨਹੀਂ ਹੋਵੇਗੀ, ਤਦ ਤੱਕ ਦੇਸ਼ ਦੀ ਤਰੱਕੀ ਅਤੇ ਆਜ਼ਾਦੀ ਅਧੂਰੀ ਹੀ ਮੰਨੀ ਜਾਵੇਗੀ।

# ਸੰਪਰਕ : 98158-02070

# ਸਿੱਖਿਆ ਦੇ ਵਪਾਰੀਕਰਨ 'ਤੇ ਰੋਕ ਜ਼ਰੂਰੀ



ਵਰਿੰਦਰ ਸ਼ਰਮਾ

ਸਰਕਾਰਾਂ ਜਿੰਨੇ ਮਰਜ਼ੀ ਦਾਅਵੇ ਕਰ ਲੈਣ ਕਿ ਸਿੱਖਿਆ ਦਾ ਮਿਆਰ ਪਹਿਲਾਂ ਨਾਲੋ ਉੱਚਾ ਹੋਇਆ ਹੈ ਜਾਂ ਇਸ 'ਚ ਸੁਧਾਰ ਹੋਇਆ ਹੈ।ਸਾਡਾ ਰਾਜ ਸਿੱਖਿਆ ਦੇ ਖੇਤਰ 'ਚ ਮੋਹਰੀ ਹੈ; ਇਹ ਗੱਲਾਂ ਪੂਰੀ ਤਰ੍ਹਾਂ ਨਿਰਆਧਾਰ ਹਨ।ਤਸਵੀਰ ਦਾ ਰੁਖ ਕੁਝ ਹੋਰ ਹੀ ਹੈ। ਦਰਅਸਲ, ਸਿੱਖਿਆ ਦਾ ਪੂਰੀ ਤਰ੍ਹਾਂ ਵਪਾਰੀਕਰਨ ਹੋ ਚੁੱਕਿਆ ਹੈ।ਸ਼ਹਿਰਾਂ ਦੀ ਗੱਲ ਤਾਂ ਛੱਡੋ; ਛੋਟੇ-ਛੋਟੇ ਪਿੰਡਾਂ ਦੀਆਂ ਗਲੀਆਂ, ਮੁਹੱਲਿਆਂ ਵਿੱਚ ਵੀ ਦੁਕਾਨਨੁਮਾ ਸਿੱਖਿਆ ਸੰਸਥਾਵਾਂ ਖੁੰਬਾਂ ਵਾਂਗ ਖੁੱਲੀਆਂ ਹੋਈਆਂ ਹਨ।ਰੋਜ਼ਾਨਾ ਇਨ੍ਹਾਂ 'ਚ ਇਜ਼ਾਫਾ ਹੋ ਰਿਹਾ ਹੈ। ਨਾ ਕੋਈ ਢੰਗ ਦਾ ਕਲਾਸਰੂਮ, ਨਾ ਸਾਫ-ਸੁਥਰੇ ਟਾਇਲਟ ਅਤੇ ਨਾ ਹੀ ਖੇਡ ਦੇ ਮੈਦਾਨ ਹਨ।ਅੱਵਲ ਤਾਂ ਇਹਨਾਂ ਸਕੂਲਾਂ/ਕਾਲਜਾਂ 'ਚ ਕੁਆਲੀਫਾਈਡ ਅਧਿਆਪਕ ਹੀ ਨਹੀ ਹਨ।ਜਿਹੜੇ ਪੜ੍ਹੇ-ਲਿਖੇ ਚੰਗੇ ਕੁਆਲੀਫਾਈਡ ਹਨ, ਉਹਨਾਂ ਦਾ ਪੂਰੀ ਤਰ੍ਹਾਂ ਸ਼ੋਸਣ ਹੋ ਰਿਹਾ ਹੈ।ਘੱਟ ਤਨਖਾਹ 'ਤੇ ਇਹ ਅਧਿਆਪਕ ਪੜ੍ਹਾਉਣ ਲਈ ਮਜਬੂਰ ਹਨ।ਬੰਧੂਆ ਮਜ਼ਦੂਰਾਂ ਵਾਂਗ ਇਹਨਾਂ ਤੋਂ ਕੰਮ ਲਿਆ ਜਾ ਰਿਹਾ ਹੈ। ਕੁਝ ਇਕ ਸਿੱਖਿਆ ਸੰਸਥਾਵਾਂ ਨੂੰ ਸਿੱਖਿਆ ਦੇ ਮਿਆਰ ਨਾਲ ਕੁਝ ਵੀ ਲੈਣਾ-ਦੇਣਾ ਨਹੀ ਹੈ, ਉਹਨਾਂ ਨੂੰ ਆਪਣੀ ਮੋਟੀ ਕਮਾਈ ਨਾਲ ਮਤਲਬ ਹੈ।ਇਸ ਗੱਲ 'ਤੇ ਹੈਰਾਨੀ ਵੀ ਹੁੰਦੀ ਹੈ ਅਤੇ ਮਨ ਬਹੁਤ ਦੁਖੀ ਵੀ ਹੁੰਦਾ ਹੈ, ਜਦੋਂ ਸਾਡੇ ਹੀ ਰਾਜ 'ਚ ਬਾਹਰਲੇ ਰਾਜਾਂ ਦੀਆਂ ਯੂਨੀਵਰਸਿਟੀਆਂ ਘਰ ਬੈਠੇ ਹੀ ਪੜ੍ਹਾਈ ਕਰਵਾ ਰਹੀਆਂ ਹਨ। ਵਿਦਿਆਰਥੀ ਘਰ ਬੈਠੇ ਹੀ ਪ੍ਰੀਖਿਆ ਦੇ ਰਹੇ ਹਨ ਅਤੇ ਵੱਡੀਆਂ-ਵੱਡੀਆਂ ਡਿਗਰੀਆਂ ਪੈਸੇ ਦੇ ਬਲ 'ਤੇ ਪ੍ਰਾਪਤ ਕਰ ਰਹੇ ਹਨ, ਪਰ ਸਾਡੀ ਸਰਕਾਰ ਦਾ ਧਿਆਨ ਇਸ ਪਾਸੇ ਬਿਲਕੁਲ ਵੀ ਨਹੀਂ। ਇਹਨਾਂ ਯੂਨੀਵਰਸਿਟੀਆਂ ਨੂੰ ਮਾਨਤਾ ਕਿਵੇਂ ਮਿਲੀ ਹੋਈ ਹੈ, ਇਹ ਗੱਲ ਸਮਝ ਤੋਂ ਬਾਹਰ ਹੈ।ਇਹਨਾਂ ਸਿਖਿਆਸੰਸਥਾਵਾਂ /ਯੂਨੀਵਰਸਿਟੀਆਂ 'ਤੇ ਰੋਕ ਲਗਾਉਣਾ ਸਰਕਾਰ ਦਾ ਫਰਜ਼ ਹੈ।ਇਹਨਾਂ ਦੀ ਛਾਣਬੀਣ ਕਰਨੀ ਅਤਿਅੰਤ ਜ਼ਰੂਰੀ ਹੈ।ਹਾਂ, ਕੁਝ ਇੱਕ ਫੇਕ ਯੂਨੀਵਰਸਿਟੀਆਂ ਵੀ ਹੋ ਸਕਦੀਆਂ ਹਨ ਤਾਂ ਇਸ ਨਾਲ ਇਹਨਾਂ ਯੂਨੀਵਰਸਿਟੀਆਂ 'ਚ ਦਾਖਲਾ ਲੈ ਕੇ ਡਿਗਰੀ ਪ੍ਰਾਪਤ ਕਰਨ ਨਾਲ ਬਾਅਦ ਵਿੱਚ ਪਛਤਾਵੇ ਤੋਂ ਇਲਾਵਾ ਕੁਝ ਵੀ ਹੱਥ ਨਹੀਂ ਆਉਂਦਾ।ਵਿਦਿਆਰਥੀਆ ਦੇ ਠੱਗੇ ਜਾਣ ਦੀ ਪ੍ਰਬਲ ਸੰਭਾਵਨਾ ਰਹਿੰਦੀ ਹੈ।ਵਿਦਿਆਰਥੀਆਂ ਨੂੰ ਵੀ ਚਾਹੀਦਾ ਹੈ ਕਿ ਉੱਚ ਡਿਗਰੀਆਂ ਹਾਸਲ ਕਰਨ ਲਈ ਉਹ ਸ਼ਾਰਟ-ਕੱਟ ਰਸਤਾ ਨਾ ਅਪਨਾਉਣ। ਉਹਨਾਂ ਨੂੰ ਇਹ ਗੱਲ ਯਾਦ ਰੱਖਣੀ ਚਾਹੀਦੀ ਹੈ ਕਿ ਮਿਹਨਤ ਦਾ ਕੋਈ ਵੀ ਸ਼ਾਰਟ-ਕੱਟ ਨਹੀਂ ਹੁੰਦਾ। ਇਹ ਤਾਂ ਗੱਲ ਸੀ ਘਰ ਬੈਠੇ ਪੜ੍ਹੇ-ਲਿਖੇ ਖਾਸਕਾਰ ਮੇਰੇ ਭੈਣ-ਭਰਾ ਅਧਿਆਪਕ ਵਰਗ ਦੀ।ਜਿਹੜੇ ਲੋਕ ਇਹੋ ਜਿਹੀਆਂ ਚੋਰ-ਮੋਰੀਆਂ ਰਾਹੀਂ ਅੱਗੇ ਨਿਕਲ ਕੇ ਆਉਂਦੇ ਹਨ, ਉਹ ਸਿੱਖਿਆ ਦੇ ਪੱਧਰ ਨੂੰ ਕਿੰਝ ਉੱਚਾ ਲੈ ਕੇ ਜਾ ਸਕਦੇ ਹਨ।ਉਹਨਾਂ ਦਾ ਤਾਂ ਇਕੋ-ਇਕ ਮਨੋਰਥ ਕਿਵੇਂ ਨਾ ਕਿਵੇਂ ਇਸ ਡਿਗਰੀ ਰਾਹੀਂ ਪਦਉੱਨਤੀ ਪ੍ਰਾਪਤ ਕਰਨਾ ਹੈ। ਦੋਸਤੋ, ਪੜ੍ਹੋ-ਲਿਖੋ, ਪਰ ਅਜਿਹੇ ਹੋਛੇ ਹੱਥਕੰਡੇ ਤੁਹਾਡੇ ਜਿਹੇ ਭੱਦਰ ਪੁਰਸ਼ਾਂ ਲਈ ਬਿਲਕੁਲ ਵੀ ਨਹੀ ਸ਼ੋਭਦੇ। ਇਸ ਲਈ ਸਹੀ ਸੋਚ ਰੱਖ ਕੇ ਮਾਨਤਾ ਪ੍ਰਾਪਤ ਸਿੱਖਿਆਂ ਸੰਸਥਾਵਾਂ ਤੋਂ ਹੀ ਡਿਗਰੀਆਂ ਪ੍ਰਾਪਤ ਕਰੋ। ਅੰਤ ਵਿੱਚ ਗੱਲ ਆਉਂਦੀ ਹੈ ਨਿੱਕੇ-ਨਿੱਕੇ ਪਿੰਡਾਂ ਤੋਂ ਲੈ ਕੇ ਵੱਡੇ-ਵੱਡੇ ਸ਼ਹਿਰਾਂ ਤੋਂ ਅੱਜਕੱਲ੍ਹ ਪੈਸੇ ਦੇ ਜ਼ੋਰ 'ਤੇ ਸਿੱਖਿਆ ਸੰਸਥਾਵਾਂ ਖੁੱਲ੍ਹ ਗਈਆਂ ਹਨ। ਇਹਨਾਂ ਦੀ ਚਮਕ-ਦਮਕ ਤੋਂ ਪ੍ਰਭਾਵਤ ਹੋ ਕੇ ਨੌਜਵਾਨ ਇਹਨਾਂ ਸੰਸਥਾਵਾਂ ਵੱਲ ਖਿੱਚੇ ਚਲੇ ਆਉਂਦੇ ਹਨ।ਬੀ ਐਡ, ਐਮ ਐੱਡ, ਬੀ ਟੈੱਕ, ਐੱਮ ਟੈਕ, ਬੀ.ਸੀ.ਏ., ਈ.ਟੀ.ਟੀ., ਪੀ.ਟੀ., ਡਰਾਇੰਗ ਦੇ ਕੋਰਸਾਂ ਦੀਆਂ ਦੁਕਾਨਾਂ ਤਾਂ ਹਰ ਥਾਂ ਹੜ੍ਹ ਜਿਹਾ ਆਇਆ ਹੋਇਆ ਹੈ।ਵਿਦਿਆਰਥੀ ਵਰਗ 10+2 ਕਰਨ ਤੋਂ ਬਾਅਦ ਇਨ੍ਹਾਂ ਵਾਈ-ਫਾਈ, ਏ ਸੀ ਸੰਸਥਾਵਾਂ ਵਿੱਚ ਦਾਖਲਾ ਲੈਣਾ ਲੋਚਦੇ ਹਨ। ਵਿਚਾਰੇ ਮਾਂ-ਬਾਪ ਜਿਵੇਂ-ਤਿਵੇਂ ਉਹਨਾਂ ਦੀ ਪੜ੍ਹਾਈ ਦਾ ਖਰਚਾ, ਜਿਹੜਾ ਡਿਗਰੀ ਪੂਰੀ ਹੋਣ ਤੱਕ ਲਗਭਗ 5 ਤੋਂ 6 ਲੱਖ ਬਣ ਜਾਂਦਾ ਹੈ, ਕਰਜ਼ਾ ਆਦਿ ਲੈ ਕੇ ਆਪਣੇ ਬੱਚਿਆਂ ਨੂੰ ਇਹਨਾਂ ਮਹਿੰਗੀਆਂ ਸਿੱਖਿਆਂ ਸੰਸਥਾਵਾਂ ਵਿੱਚੋਂ ਡਿਗਰੀ ਦਿਵਾਉਣ ਲਈ ਮਜਬੂਰ ਹਨ।ਚਲੋ, ਡਿਗਰੀ ਵੀ ਵਿਦਿਆਰਥੀਆਂ ਨੇ ਲੈ ਲਈ, ਪਰ ਉਸ ਡਿਗਰੀ ਦੇ ਸਹਾਰੇ ਨੌਕਰੀ ਪ੍ਰਾਪਤ ਕਰਨਾ ਕੋਈ ਖਾਲਾ ਜੀ ਦਾ ਵਾੜਾ ਨਹੀ।ਸਾਡੇ ਇਹਨਾਂ ਪਾੜ੍ਹਿਆਂ ਦਾ ਹਾਲ ਵੇਖਣਾ ਹੈ ਤਾਂ ਵੱਡੇ-ਵੱਡੇ ਸ਼ਹਿਰਾਂ ਵਿੱਚ ਬੀ.ਟੈਕ ਅਤੇ ਐੱਮ.ਟੈਕ. ਡਿਗਰੀ ਧਾਰਕ ਵਿਦਿਆਰਥੀ ਮਾਰਕੀਟਿੰਗ ਕਰਦੇ ਵੇਖੇ ਗਏ ਹਨ।ਹਾਂ, ਕਈ ਤਾਂ ਰੇੜ੍ਹੀ ਵੀ ਲਗਾ ਰਹੇ ਹਨ। ਇਹ ਅਖੌਤੀ ਸੰਸਥਾਵਾਂ ਗਰੀਬਾਂ ਦੀ ਖ਼ੂਨ-ਪਸੀਨੇ ਦੀ ਕਮਾਈ ਮਾਤਰ ਆਪਣਾ ਲਾਹਾ ਲੈਣ ਲਈ ਨਾ ਵਰਤਣ। ਕੁਝ ਲੈਂਦੇ ਹੋ ਤਾਂ ਦਿਉ ਵੀ। ਖਾਲੀ ਨੰਬਰਾਂ ਵਾਲੀ ਡਿਗਰੀ ਨਾਲ ਜ਼ਿੰਦਗੀ ਤਾਂ ਨਹੀਂ ਕੱਟੀ ਜਾ ਸਕਦੀ।ਆਪਣੇ ਸਵਾਰਥ ਨੂੰ ਪਿੱਛੇ ਛੱਡੋ।ਭਲਾ ਇਹਨਾਂ ਭਦਰਪੁਰਸ਼ਾਂ ਨੂੰ ਪੁੱਛਿਆ ਜਾਵੇ ਜੇ ਏਨੀ ਧਨ ਰਾਸ਼ੀ ਦੇ ਕੇ ਮਾਰਕੀਟਿੰਗ ਹੀ ਕਰਨੀ ਹੈ ਤਾਂ ਫੇਰ ਏਨਾ ਪੜ੍ਹਣ ਦੀ ਕੀ ਲੋੜ ਹੈ।ਇਹ ਕੰਮ ਤਾਂ 10ਵੀਂ ਜਾਂ 10+2 ਪੜ੍ਹਿਆ ਬੱਚਾ ਵੀ ਕਰ ਸਕਦਾ ਸੀ।ਕਿਉਂ ਨੌਜਵਾਨ ਦੀ ਸ਼ਕਤੀ ਦਾ ਘਾਣ ਕਰ ਰਹੇ ਹੋ।ਸਿੱਖਿਆ ਦਾ ਵਪਾਰੀਕਰਨ ਬਹੁਤ ਬੁਰੀ ਤਰ੍ਹਾਂ ਹੋ ਚੁੱਕਿਆ ਹੈ।ਇਸ 'ਤੇ ਨਿਸਚਿਤ ਰੋਕ ਲਗਾਈ ਜਾਵੇ।

# ਸੰਪਰਕ : 94172-80333

# 1857 ਦੇ ਗਦਰ ਦੀ ਤਿਆਰੀ ਚਪਾਤੀਆਂ ਦੀ ਮੁਹਿੰਮ ਦੌਰਾਨ ਹੋਈ

ਪਿਰਥੀਪਾਲ ਸਿੰਘ ਮਾੜੀਮੇਘਾ

1857 ਦੇ ਗਦਰ ਵਿੱਚ ਅੰਗਰੇਜ਼ਾਂ ਦੀ ਹਕੂਮਤ ਚਪਾਤੀਆਂ ਦੀ ਮੁਹਿੰਮ ਨੂੰ ਸਮਝਣ ਵਿੱਚ ਅਸਮਰਥ ਰਹੀ। ਹਿੰਦੁਸਤਾਨੀ ਦੇਸ਼ ਭਗਤਾਂ ਨੇ 1857 ਦੇ ਗਦਰ ਦੀ ਤਿਆਰੀ ਵਾਸਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਭਾਰਤ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਚਪਾਤੀਆਂ ਦੀ ਮੁਹਿੰਮ ਚਲਾਈ, ਜਿਸ ਨੂੰ 'ਚਪਾਤੀਆਂ ਦਾ ਵਿਦਰੋਹ' ਵੀ ਕਿਹਾ ਜਾਂਦਾ ਹੈ। ਇਹ ਚਪਾਤੀਆਂ ਹਿੰਦੁਸਤਾਨੀਆਂ ਵਿੱਚ ਏਕਤਾ ਕਾਇਮ ਰੱਖਣ ਅਤੇ ਅੰਗਰੇਜ਼ਾਂ ਵਿਰੁੱਧ ਸੰਭਾਵਤ ਬਗਾਵਤ ਦਾ ਸੰਕੇਤ ਸਨ। ਇਹ ਚਪਾਤੀ ਲਹਿਰ ਉੱਤਰੀ ਭਾਰਤ ਵਿੱਚ ਤੇਜ਼ੀ ਨਾਲ ਫੈਲ ਗਈ।ਸ਼ੁਰੂਆਤ ਸਰਾਏ ਫਾਰੂਕ ਖਾਂ ਦੇ ਚੌਂਕੀਦਾਰ ਨੇ ਕੀਤੀ। ਨਵਾਬ ਮੁਈਨੁਦੀਨ ਅਨੁਸਾਰ ਫਰਵਰੀ 1857 ਵਿੱਚ ਇੱਕ ਦਿਨ ਤੜਕੇ ਸਰਾਏ ਫ਼ਾਰੂਕ ਖਾਂ ਦਾ ਚੌਂਕੀਦਾਰ ਇੱਕ ਚਪਾਤੀ (ਰੋਟੀ) ਲੈ ਕੇ ਆਇਆ ਤੇ ਜਿਸ ਨੂੰ ਦੇ ਕੇ ਗਿਆ, ਉਸ ਨੂੰ ਆਖ ਗਿਆ ਕਿ ਇਸੇ ਤਰ੍ਹਾਂ ਦੀਆਂ ਪੰਜ ਚਪਾਤੀਆਂ ਤਿਆਰ ਕਰਕੇ ਨੇੜੇ ਦੇ ਪੰਜ ਪਿੰਡਾਂ ਵਿੱਚ ਚੌਂਕੀਦਾਰਾਂ ਨੂੰ ਦੇ ਆਵੇ ਅਤੇ ਨਾਲ ਹੀ ਕਿਹਾ ਕਿ ਇਸੇ ਤਰ੍ਹਾਂ ਅਗਲੇ ਪਿੰਡਾਂ ਦੇ ਚੌਂਕੀਦਾਰ ਅੱਗੇ ਤੋਂ ਅੱਗੇ ਪਿੰਡਾਂ ਵਿੱਚ ਇਹ ਕੰਮ ਕਰਨ। ਇਹ ਚਪਾਤੀ ਜੌਂ ਅਤੇ ਕਣਕ ਦੇ ਆਟੇ ਦੀ ਬਣੀ ਹੋਈ ਸੀ। ਇਸ ਚਪਾਤੀ ਦਾ ਆਕਾਰ ਮਨੁੱਖੀ ਹਥੇਲੀ ਜਿੱਡਾ ਅਤੇ ਵਜ਼ਨ ਦੋ ਤੋਲੇ ਸੀ। ਚਪਾਤੀ ਕਿਹੜੇ-ਕਿਹੜੇ ਆਟੇ ਦੀ ਬਣੀ ਹੋਵੇ ਅਤੇ ਰੋਟੀ ਦਾ ਆਕਾਰ ਤੇ ਵਜ਼ਨ ਦੱਸਣ ਤੋਂ ਇਹ ਸਾਫ ਪਤਾ ਲਗਦਾ ਹੈ ਕਿ ਦੇਸ਼ ਭਗਤਾਂ ਨੇ ਬੜੀ ਵਿਉਂਤਬੰਦੀ ਨਾਲ ਇਨਕਲਾਬ ਦਾ ਪ੍ਰਚਾਰ ਕੀਤਾ ਸੀ।

ਹਕੀਕਤ ਵਿੱਚ ਚਪਾਤੀਆਂ ਦੀ ਮੁਹਿੰਮ ਨੇ ਅੰਗਰੇਜ਼ ਅਧਿਕਾਰੀਆਂ ਨੂੰ ਹੈਰਾਨ ਅਤੇ ਡਰ ਨਾਲ ਕੰਬਣ ਲਾ ਦਿੱਤਾ, ਕਿਉਂਕਿ ਅੰਗਰੇਜ਼ ਹਿੰਦੁਸਤਾਨੀ ਇਨਕਲਾਬੀਆਂ ਦੇ ਗੁਪਤ ਸੁਨੇਹੇ ਦਾ ਮਤਲਬ ਨਾ ਸਮਝ ਸਕੇ ਅਤੇ ਉਨ੍ਹਾਂ ਦੇ ਸਿਰਾਂ ਵਿੱਚ ਸਹਿਮ ਪੈਦਾ ਹੋ ਗਿਆ। ਚਪਾਤੀਆਂ ਦੀ ਘਟਨਾ ਆਉਣ ਵਾਲੇ 1857 ਦੇ ਵੱਡੇ ਸੁਤੰਤਰਤਾ ਸੰਗਰਾਮ ਦਾ ਅਗਾਊਂ ਸੂਚਨਾ ਦੇਣ ਵਾਲਾ ਸਾਧਨ ਸੀ। ਇਹ ਅੰਗਰੇਜ਼ਾਂ ਨੂੰ ਹਿੰਦੁਸਤਾਨ ਵਿੱਚੋਂ ਬਾਹਰ ਕੱਢ ਕੇ ਦੇਸ਼ ਨੂੰ ਆਜ਼ਾਦ ਕਰਾਉਣ ਦੀ ਇੱਕ ਲੁਕੀ ਹੋਈ ਮੁਹਿੰਮ ਸੀ। ਚਪਾਤੀਆਂ ਹੈਰਾਨ ਕਰਨ ਵਾਲਾ ਸਫਰ ਤੈਅ ਕਰਦੀਆਂ ਹੋਈਆਂ ਲਗਭਗ ਪੂਰੇ ਉੱਤਰੀ ਭਾਰਤ ਵਿੱਚ ਪਹੁੰਚ ਗਈਆਂ। ਇਹ ਰੋਟੀ ਮੁਹਿੰਮ ਰਾਤੋ-ਰਾਤ ਕੋਈ 160-200 ਮੀਲ ਦਾ ਸਫ਼ਰ ਕਰ ਲੈਂਦੀ ਸੀ। ਰੋਟੀਆਂ ਦੀ ਮੁਹਿੰਮ ਦੀ ਇਹ ਸਪੀਡ ਮੌਕੇ ਦੀ ਡਾਕ ਨਾਲੋਂ ਵੀ ਕਿਤੇ ਜ਼ਿਆਦਾ ਸੀ।

1857 ਦੇ ਵਿਦਰੋਹ ਨੂੰ ਜਥੇਬੰਦ ਕਰਨ ਵਾਲੀ ਲਹਿਰ ਬਾਰੇ ਦੋ ਵਿਚਾਰ ਸਨ। ਪਹਿਲਾ ਇਹ ਕਿ ਕਿਹੜੀ ਇਨਕਲਾਬੀ ਜਥੇਬੰਦੀ ਦੀ, ਜਿਸ ਨੇ ਵਿਦਰੋਹ ਨੂੰ ਜਥੇਬੰਦ ਕੀਤਾ, ਅਗਾਂਹ ਪ੍ਰਚਾਰਿਆ ਤੇ ਤੋਰਿਆ ਅਤੇ ਗਦਰ ਵੇਲੇ ਇਸ ਦੀ ਅਗਵਾਈ ਕੀਤੀ। ਉਸ ਵਿਚਾਰ ਅਨੁਸਾਰ ਜੋ ਵਿਅਕਤੀ ਅੰਗਰੇਜ਼ ਵਿਰੋਧੀ ਕੰਮ ਕਰਦੇ ਸਨ ਜ਼ਿਆਦਾਤਰ ਖੁਫੀਆ ਢੰਗ ਵਰਤਦੇ ਸਨ। ਉਹ ਆਪਣੇ ਕੋਲ ਗਤੀਵਿਧੀਆਂ ਦਾ ਰਿਕਾਰਡ ਨਹੀਂ ਸੀ ਰੱਖਦੇ, ਜਿਸ ਰਿਕਾਰਡ ਤੋਂ ਉਨ੍ਹਾਂ ਬਾਰੇ ਪੂਰਾ ਪਤਾ ਲੱਗ ਸਕੇ, ਪਰ ਦੂਜੇ ਵਿਚਾਰ ਅਨੁਸਾਰ ਵਿਦਰੋਹ ਸੰਬੰਧੀ ਲਿਖਤਾਂ ਭਾਵ ਪੁਸਤਕਾਂ ਫ਼ਕੀਰਾਂ, ਪੰਡਤਾਂ, ਮੌਲਵੀਆਂ, ਸੰਨਿਆਸੀਆਂ,ਤਬਲੀਗੀ ਜਮਾਤਾਂ ਅਤੇ ਮਦਾਰੀਆਂ ਦੇ ਕਿੱਸਿਆਂ ਨਾਲ ਭਰੀਆਂ ਪਈਆਂ ਕਿ ਕਿਵੇਂ ਉਹ ਪਿੰਡ-ਪਿੰਡ ਘੁੰਮ ਕੇ ਵਿਦਰੋਹ ਦਾ ਸੰਦੇਸ਼ ਫੈਲਾਉਂਦੇ ਸਨ। ਮੌਕੇ ਦੀਆਂ ਅਖ਼ਬਾਰਾਂ ਵਿੱਚ ਵੀ ਚਪਾਤੀ ਮੁਹਿੰਮ ਦਾ ਪੂਰਾ ਪ੍ਰਚਾਰ ਸੀ।

ਵਿਦਰੋਹ ਦੀ ਤਿਆਰੀ ਲਈ ਕਮਲ ਦਾ ਫੁੱਲ ਵੀ ਵਰਤਿਆ ਗਿਆ ਹੈ। ਕਮਲ ਦੇ ਫੁੱਲ ਰਾਹੀਂ ਲੋਕਾਂ ਤੱਕ ਸੁਨੇਹਾ ਪਹੁੰਚਾਉਣ ਬਾਰੇ 'ਏ ਨੈਰਟਿਵ ਆਫ ਦੀ ਇੰਡੀਅਨ ਰਿਵੋਲਟ' ਦਾ ਕਰਤਾ ਬਿਆਨ ਕਰਦਾ ਹੈ ਕਿ ਕਮਲ ਦਾ ਫੁੱਲ ਲੈ ਕੇ ਇੱਕ ਆਦਮੀ ਆਇਆ ਤੇ ਉਸ ਨੇ ਫੁੱਲ ਪਲਟਨ ਦੇ ਮੁਖੀ ਨੂੰ ਪੇਸ਼ ਕੀਤਾ। ਮੁਖੀ ਨੇ ਇਹ ਫੁੱਲ ਕਿਸੇ ਹੋਰ ਨੂੰ ਦੇ ਦਿੱਤਾ। ਹਰ ਆਦਮੀ ਨੇ ਫੁੱਲ ਨੂੰ ਫੜਿਆ ਤੇ ਅਗਾਂਹ ਤੋਰ ਦਿੱਤਾ। ਜਦੋਂ ਇਹ ਫੁੱਲ ਆਖਰੀ ਬੰਦੇ ਤੱਕ ਪਹੁੰਚਿਆ ਤਾਂ ਫੁੱਲ ਲਿਆਉਣ ਵਾਲਾ ਅਚਨਚੇਤ ਗਾਇਬ ਹੋ ਕੇ ਕਿਸੇ ਅਗਲੇ ਪੜਾਅ ਵੱਲ ਤੁਰ ਪਿਆ। ਇੰਜ ਜਾਪਦਾ ਹੈ ਕਿ ਬੰਗਾਲ ਵਿੱਚ ਕੋਈ ਅਜਿਹਾ ਫੌਜੀ ਦਸਤਾ ਜਾਂ ਟਿਕਾਣਾ ਨਹੀਂ ਸੀ, ਜਿਥੇ ਕਮਲ ਦੇ ਫੁੱਲ ਦੀ ਫੇਰੀ ਨਾ ਪਈ ਹੋਵੇ। ਅੰਗਰੇਜ਼ ਸਰ ਜਾਰਜ ਓਟੋ ਟ੍ਰੀਵੇਲੀਅਨ ਦਾ ਵਿਚਾਰ ਹੈ ਕਿ ਕਮਲ ਦੇ ਇਹਨਾਂ ਸੂਹੇ ਫੁੱਲਾਂ ਨੇ ਸਾਰੇ ਸੈਨਿਕਾਂ ਨੂੰ ਇੱਕਜੁੱਟ ਕੀਤਾ। ਹਰ ਆਦਮੀ ਨੂੰ ਸੂਹਾ ਕਮਲ ਫੜਾ ਕੇ ਸਹੁੰ ਪਵਾਈ ਗਈ ਕਿ ਸੱਦਾ ਮਿਲਦਿਆਂ ਹੀ ਉਹ ਦੂਜਿਆਂ ਦੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰੇਗਾ।

ਚਪਾਤੀਆਂ ਦੀ ਫੇਰੀ ਬਾਰੇ ਇਹ ਵੀ ਵਿਚਾਰ ਸਨ ਕਿ ਇਹ ਪ੍ਰਚਾਰ ਸਿਰਫ ਮੁਸਲਿਮ ਫਿਰਕੇ ਦਾ ਸੀ। ਇਸ ਮੁਹਿੰਮ ਬਾਰੇ ਅੰਗਰੇਜ਼ਾਂ ਦਾ ਇਹ ਪ੍ਰਚਾਰ ਸੀ ਕਿ ਚਪਾਤੀਆਂ ਦੇ ਨਾਲ ਕੱਚੇ ਮਾਸ ਦਾ ਟੁਕੜਾ ਵੰਡਿਆ ਗਿਆ, ਜਿਸ ਕਰਕੇ ਸਿਰਫ ਮੁਸਲਮਾਨ ਹੀ ਲੋਕਾਂ ਨੂੰ ਭੜਕਾ ਰਹੇ ਹਨ। ਅੰਗਰੇਜ਼ ਇਹ ਪ੍ਰਚਾਰਦੇ ਸਨ ਕਿ ਵੈਸ਼ਨੂੰ ਭੋਜਨ ਕਰਨ ਵਾਲਾ ਹਿੰਦੂ ਕਦੀ ਵੀ ਅਜਿਹਾ ਕੰਮ ਕਰਨ ਦੀ ਆਗਿਆ ਨਹੀਂ ਦੇ ਸਕਦਾ, ਪਰ ਆਮ ਲੋਕਾਂ ਨੇ ਅੰਗਰੇਜ਼ ਹਾਕਮਾਂ ਦੇ ਇਸ ਗੁੰਮਰਾਹਕੁੰਨ ਪ੍ਰਚਾਰ ਨੂੰ ਸਵੀਕਾਰ ਨਾ ਕੀਤਾ। ਕੱਚੇ ਮਾਸ ਦੇ ਟੁਕੜੇ ਬਾਰੇ ਅੰਗਰੇਜ਼ ਸਰ ਚਾਰਲਸ ਥਿਓਫਿਸਲ ਮੈਟਕਾਫ ਦੀ ਧਾਰਨਾ ਇਹ ਹੈ ਕਿ ਸ਼ਾਇਦ ਕੱਚੇ ਮਾਸ ਦਾ ਟੁਕੜਾ ਅੱਤਵਾਦ ਦਾ ਪ੍ਰਤੀਕ ਸੀ। ਅੰਗਰੇਜ਼ ਕੇਸ ਦਾ ਵਿਚਾਰ ਇਸ ਧਾਰਨਾ ਦੀ ਪੁਸ਼ਟੀ ਕਰਦਾ ਹੈ ਕਿ ਮੁਸਲਮਾਨ ਅਤੇ ਹਿੰਦੂ ਸਾਡੇ ਵਿਰੁੱਧ ਸਾਫ ਤੌਰ 'ਤੇ ਇਕੱਠੇ ਹੋ ਸਕਦੇ ਸਨ। ਕਿਸੇ ਵੀ ਇਲਾਕੇ ਉੱਪਰ ਕਬਜ਼ਾ ਹੁੰਦਿਆਂ ਹੀ ਬਾਗੀਆਂ ਵੱਲੋਂ ਗਊ ਹੱਤਿਆ ਬੰਦ ਕਰ ਦੇਣਾ ਇਸ ਧਾਰਨਾ ਦੀ ਪੁਸ਼ਟੀ ਕਰਦਾ ਹੈ ਕਿ ਵਿਦਰੋਹ ਹਿੰਦੂਆਂ ਤੇ ਮੁਸਲਮਾਨਾਂ ਦਾ ਸਾਂਝਾ ਮੋਰਚਾ ਸੀ। ਇਸ ਤੋਂ ਇਲਾਵਾ ਕੇਸ ਨੇ ਦੱਸਿਆ ਕਿ ਬਾਗੀਆਂ ਵੱਲੋਂ ਬਣਾਏ ਗਏ ਦਸ ਮੈਂਬਰੀ ਪ੍ਰਸ਼ਾਸਨ ਮੰਡਲ ਵਿੱਚ ਜਨਰਲ ਗੌਰੀ ਸ਼ੰਕਰ, ਸੂਬੇਦਾਰ ਮੇਜਰ ਬਹਾਦੁਰ ਜੀਵਾ ਰਾਮ, ਸੂਬੇਦਾਰ ਮੇਜਰ ਮਿਸ਼ਰਾ, ਸੂ.ਮੇ.ਹੇਤਰਾਮ, ਸੂ.ਮੇ.ਬੇਨੀ ਰਾਮ, ਰਾਮ ਨਾਮ ਦੇ ਪੰਜ ਹਿੰਦੂ ਸ਼ਾਮਲ ਸਨ।

ਈਸਟ ਇੰਡੀਆ ਕੰਪਨੀ ਦੇ ਇੱਕ ਆਰਮੀ ਸਰਜਨ ਨੇ ਭਾਰਤ 'ਚੋਂ ਆਪਣੀ ਭੈਣ ਨੂੰ ਚਿੱਠੀ ਵਿੱਚ ਲਿਖਿਆ-ਲਗਦਾ ਹੈ ਕਿਸੇ ਨੂੰ ਵੀ ਇਸ ਦੇ ਅਰਥ ਦਾ ਪਤਾ ਨਹੀਂ ਲੱਗਾ ਕਿ ਇਹ ਚਪਾਤੀ ਲਹਿਰ ਕਿਥੋਂ ਸ਼ੁਰੂ ਹੋਈ, ਕਿਸ ਨੇ ਸ਼ੁਰੂ ਕੀਤੀ ਅਤੇ ਕਿਉਂ ਕੀਤੀ। ਕੀ ਇਸ ਦਾ ਸੰਬੰਧ ਕਿਸੇ ਧਾਰਮਿਕ ਰਸਮ ਨਾਲ ਹੈ ਜਾਂ ਕਿਸੇ ਖੁਫੀਆ ਸਮਾਜ ਨਾਲ। ਜਦੋਂ ਕਿ ਭਾਰਤੀ ਅਖ਼ਬਾਰ ਰੋਟੀ ਲਹਿਰ ਬਾਰੇ ਖ਼ਬਰਾਂ ਨਾਲ ਭਰੇ ਪਏ ਹਨ।

ਚਪਾਤੀਆਂ ਦੀ ਇਸ ਇਨਕਲਾਬੀ ਮੁਹਿੰਮ ਤੋਂ ਲਗਭਗ 100 ਸਾਲ ਪਹਿਲਾਂ ਬਰਤਾਨਵੀ ਈਸਟ ਇੰਡੀਆ ਕੰਪਨੀ ਦੀ ਫੌਜ ਨੇ ਹਿੰਦੁਸਤਾਨ 'ਤੇ ਆਪਣਾ ਕਬਜ਼ਾ ਕਰਨ ਵਾਸਤੇ ਬੰਗਾਲ ਦੇ ਨਵਾਬ ਅਤੇ ਨਵਾਬ ਦੇ ਫਰਾਂਸੀਸੀ ਸਾਥੀਆਂ ਦਾ ਸਥਾਨ ਪਲਾਸੀ ਸੂਬਾ ਬੰਗਾਲ ਦੇ ਮੈਦਾਨ ਵਿੱਚ ਮੁਕਾਬਲਾ ਕੀਤਾ, ਜਿਸ ਵਿੱਚ ਜਿੱਤ ਬ੍ਰਿਟਿਸ਼ ਕੰਪਨੀ ਦੀ ਫੌਜ ਦੀ ਹੋਈ। ਇਸ ਜਿੱਤ ਦਾ ਮਤਲਬ ਇਹ ਸੀ ਕਿ ਈਸਟ ਇੰਡੀਆ ਕੰਪਨੀ ਮੁਗਲ ਇਲਾਕਿਆਂ ਵਿੱਚੋਂ ਵੀ ਖਿਰਾਜ (ਲਗਾਨ,ਕਰ ਜਾਂ ਮਸੂਦ) ਉਗਰਾਹ ਸਕੇਗੀ। ਇਸ ਜਿੱਤ ਨੇ ਹੀ ਹਿੰਦੁਸਤਾਨ ਵਿੱਚ ਫਰੰਗੀ ਰਾਜ ਦੀ ਨੀਂਹ ਰੱਖੀ ਸੀ। ਉੱਤਰੀ ਭਾਰਤ ਦੇ ਪਿੰਡਾਂ ਦੇ ਲੋਕਾਂ ਨੇ ਗੁਲਾਮੀ ਦੇ 100 ਸਾਲ ਬਾਅਦ 1857 ਦੇ ਗਦਰ ਰਾਹੀਂ ਅੰਗਰੇਜ਼ਾਂ ਤੋਂ ਹਿੰਦੁਸਤਾਨ ਨੂੰ ਆਜ਼ਾਦ ਕਰਾਉਣ ਦੀ ਇਨਕਲਾਬੀ ਕੋਸ਼ਿਸ਼ ਕੀਤੀ, ਪਰ ਕਾਮਯਾਬੀ ਨਾ ਮਿਲੀ।

# ਸੰਪਰਕ : 98760-78731

# ਹੁਣ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਦਾ ਦੌਰ ਖਤਮ ਹੋਇਆ : ਹਰਪਾਲ ਚੀਮਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵਿਧਾਨ ਸਭਾ 'ਚ ਸਰਵਸੰਮਤੀ ਨਾਲ ਪਾਸ ਕਰਵਾਏ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2026 ਨੂੰ ਰਾਜਪਾਲ ਵੱਲੋਂ ਮਨਜ਼ੂਰੀ ਮਿਲਣ ਬਾਅਦ ਹੁਣ ਕੋਈ ਵੀ ਵਿਅਕਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਦੀ ਸੋਚ ਵੀ ਨਹੀਂ ਸਕੇਗਾ।ਉਨ੍ਹਾਂ ਕਿਹਾ ਕਿ ਨਵੇਂ ਸਖ਼ਤ ਕਾਨੂੰਨ ਮੁਤਾਬਕ ਬੇਅਦਬੀ ਕਰਨ ਵਾਲੇ ਨੂੰ ਉਮਰ ਕੈਦ ਤੇ 25 ਲੱਖ ਰੁਪਏ ਤੱਕ ਦਾ ਜ਼ੁਰਮਾਨਾ ਕੀਤਾ ਜਾਵੇਗਾ, ਇਸ ਲਈ ਹੁਣ ਬੇਅਦਬੀਆਂ ਦਾ ਦੌਰ ਖ਼ਤਮ ਹੋ ਗਿਆ ਹੈ।ਇੱਥੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਵਿਖੇ ਇੱਕ ਸਮਾਰੋਹ ਦੌਰਾਨ ਬੋਲਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਅੰਦਰ ਪੰਥ ਦੇ ਨਾਮ 'ਤੇ ਸਰਕਾਰਾਂ ਬਣਾਉਣ ਵਾਲਿਆਂ ਦੇ ਇਕਲੌਤੇ ਵਿਧਾਇਕ ਨੇ 13 ਅਪ੍ਰੈਲ ਨੂੰ ਵਿਧਾਨ ਸਭਾ 'ਚੋਂ ਗ਼ੈਰਹਾਜ਼ਰ ਰਹਿ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਨੂੰ ਆਪਣੀ ਸਹਿਮਤੀ ਵੀ ਨਹੀਂ ਦਿੱਤੀ, ਜਿਸ ਲਈ ਲੋਕਾਂ ਨੂੰ ਇਸ ਬਾਰੇ ਸੋਚਣਾ ਪਵੇਗਾ।ਉਨ੍ਹਾਂ ਕਿਹਾ ਕਿ ਇਸ ਗੱਲ ਦਾ ਇਤਿਹਾਸ ਗਵਾਹ ਹੈ ਕਿ ਜਿਹੜੀ ਪਾਰਟੀ ਨੇ ਪੰਥ ਦੇ ਨਾਮ 'ਤੇ ਪੰਜਾਬ 'ਚ ਰਾਜ ਕੀਤਾ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਵੀ ਉਨ੍ਹਾਂ ਦੇ ਰਾਜ ਸਮੇਂ ਹੀ ਹੋਈਆਂ।

ਮੀਡੀਆ ਨਾਲ ਗ਼ੈਰ-ਰਸਮੀ ਗੱਲਬਾਤ ਕਰਦਿਆਂ ਵਿੱਤ ਮੰਤਰੀ ਨੇ 1986 'ਚ ਪੰਥ ਦੇ ਨਾਮ 'ਤੇ ਬਣੀ ਸਰਕਾਰ ਦੇ ਸਮੇਂ ਹੋਈ ਗੁਰੂ ਅਰਜਨ ਦੇਵ ਜੀ ਗੁਰਦੁਆਰਾ ਸਾਹਿਬ ਨਕੋਦਰ ਵਿਖੇ ਬੇਅਦਬੀ ਕਾਂਡ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਸਮੇਂ 5 ਗੁਰੂ ਗ੍ਰੰਥ ਸਾਹਿਬ ਦੇ ਸਰੂਪਾਂ ਦੀ ਬੇਅਦਬੀ ਹੋਈ ਤੇ ਇਨਸਾਫ ਮੰਗਣ ਲਈ ਇਕੱਠੇ ਹੋਏ ਲੋਕਾਂ 'ਤੇ ਗੋਲੀ ਚੱਲੀ, ਜਿਸ ਕਰਕੇ ਚਾਰ ਨੌਜਵਾਨਾਂ ਮਾਰੇ ਗਏ ਸਨ। ਉਨ੍ਹਾਂ ਅਫ਼ਸੋਸ ਨਾਲ ਕਿਹਾ ਕਿ ਇਸ ਦੀ ਜਾਂਚ ਲਈ ਬਣੇ ਜਸਟਿਸ ਗੁਰਨਾਮ ਸਿੰਘ ਕਮਿਸ਼ਨ ਦੀ ਜਾਂਚ ਵਾਲੀ ਐਕਸ਼ਨ ਟੇਕਨ ਰਿਪੋਰਟ ਹੀ ਗੁੰਮ ਕਰ ਦਿੱਤੀ ਗਈ।ਇਸ ਮੌਕੇ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ, ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ, ਅਮਰੀਕ ਸਿੰਘ ਬੰਗੜ, ਅਮਿਤ ਡਾਬੀ, ਕਰਨਲ ਜੇ ਵੀ, ਜਸਵੀਰ ਸਿੰਘ ਗਾਂਧੀ ਮੌਜੂਦ ਸਨ।

# ਹੜਤਾਲੀ ਮਜ਼ਦੂਰਾਂ ਦੇ ਹੱਕ 'ਚ ਲੁਧਿਆਣਾ ਵਿੱਚ ਰੋਸ ਮੁਜ਼ਾਹਰਾ



**ਲੁਧਿਆਣਾ (ਰੈਕਟਰ ਕਥੂਰੀਆ)**-ਉੱਤਰ ਪ੍ਰਦੇਸ਼, ਹਰਿਆਣਾ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਠ ਘੰਟੇ ਕੰਮ, ਢੁੱਕਵੀਂ ਤਨਖਾਹ ਤੇ ਹੋਰ ਮੰਗਾਂ ਲਈ ਜਾਰੀ ਮਜ਼ਦੂਰਾਂ ਦੇ ਸੰਘਰਸ਼ ਦੇ ਸਮਰਥਨ ਵਿੱਚ ਲੁਧਿਆਣਾ ਦੇ ਸਮਰਾਲਾ ਚੌਕ 'ਤੇ ਰੋਸ ਮੁਜ਼ਾਹਰਾ ਕੀਤਾ ਗਿਆ।ਇਹ ਰੋਸ ਮੁਜ਼ਾਹਰਾ ਕਾਰਖ਼ਾਨਾ ਮਜ਼ਦੂਰ ਯੂਨੀਅਨ, ਟੈਕਸਟਾਈਲ-ਹੌਜ਼ਰੀ ਕਾਮਗਾਰ ਯੂਨੀਅਨ ਤੇ ਨੌਜਵਾਨ ਭਾਰਤ ਸਭਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ।ਜਥੇਬੰਦੀਆਂ ਨੇ ਮਜ਼ਦੂਰਾਂ ਦੀਆਂ ਪੂਰੀ ਤਰ੍ਹਾਂ ਜਾਇਜ਼ ਮੰਗਾਂ 'ਤੇ ਜਾਰੀ ਸ਼ਾਂਤੀਪੂਰਨ ਹੜਤਾਲਾਂ ਨੂੰ ਕੁਚਲਣ ਦੀਆਂ ਕਾਰਵਾਈਆਂ ਦੀ ਸਖ਼ਤ ਨਿਖੇਧੀ ਕੀਤੀ।ਜਥੇਬੰਦੀਆਂ ਨੇ ਮੰਗ ਕੀਤੀ ਕਿ ਸੰਘਰਸ਼ਸ਼ੀਲ ਮਜ਼ਦੂਰਾਂ ਦੀਆਂ ਸਾਰੀਆਂ ਮੰਗਾਂ ਮੰਨੀਆਂ ਜਾਣ।ਅੱਠ ਘੰਟੇ ਕੰਮ ਦੀ ਘੱਟੋ-ਘੱਟ ਤਨਖ਼ਾਹ 26,000 ਰੁਪਏ ਲਾਗੂ ਕੀਤੀ ਜਾਵੇ।ਦਿਹਾੜੀ-ਪੀਸ ਰੇਟ ਇਸੇ ਹਿਸਾਬ ਨਾਲ ਤੈਅ ਕੀਤੀ ਜਾਵੇ।ਔਰਤ ਮਜ਼ਦੂਰਾਂ ਨੂੰ ਬਰਾਬਰ ਕੰਮ ਦੀ ਬਰਾਬਰ ਤਨਖ਼ਾਹ ਮਿਲੇ।ਅੱਠ ਘੰਟੇ ਦਿਹਾੜੀ ਦਾ ਕਾਨੂੰਨ ਸਖ਼ਤੀ ਨਾਲ ਲਾਗੂ ਹੋਵੇ।ਜਬਰੀ ਓਵਰਟਾਈਮ ਬੰਦ ਹੋਵੇ।ਓਵਰਟਾਈਮ ਦਾ ਦੁੱਗਣਾ ਭੁਗਤਾਨ ਹੋਵੇ। ਹਫ਼ਤਾਵਾਰੀ ਤੇ ਹੋਰ ਛੁੱਟੀਆਂ ਲਾਗੂ ਕੀਤੀਆਂ ਜਾਣ।ਹੜਤਾਲਾਂ ਨੂੰ ਕੁਚਲਣ ਦੀਆਂ ਸਾਰੀਆਂ ਜਾਬਰ ਕਾਰਵਾਈਆਂ ਬੰਦ ਕੀਤੀਆਂ ਜਾਣ।ਗ੍ਰਿਫ਼ਤਾਰ ਮਜ਼ਦੂਰਾਂ, ਕਾਰਕੁਨਾਂ, ਆਗੂਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਸੰਘਰਸ਼ 'ਤੇ ਪਾਕਿਸਤਾਨੀ ਕਨੈਕਸ਼ਨ, ਦਹਿਸ਼ਤਗਰਦ ਕਨੈਕਸ਼ਨ ਆਦਿ ਝੂਠੇ ਦੋਸ਼ ਲਾਉਣੇ ਬੰਦ ਕੀਤੇ ਜਾਣ।ਥੋਪੇ ਗਏ ਸਾਰੇ ਨਾਜਾਇਜ਼ ਪੁਲਸ ਕੇਸ ਰੱਦ ਕੀਤੇ ਜਾਣ।ਠੇਕੇਦਾਰੀ, ਪੀਸ ਰੇਟ, ਦਿਹਾੜੀ 'ਤੇ ਕੰਮ ਕਰਨ ਵਾਲੇ ਕੱਚੇ ਮਜ਼ਦੂਰਾਂ ਨੂੰ ਪੱਕਾ ਕੀਤਾ ਜਾਵੇ।ਕੰਮ ਦੀਆਂ ਹਾਲਤਾਂ ਵਿੱਚ ਸੁਧਾਰ ਕੀਤਾ ਜਾਵੇ। ਹਾਦਸਿਆਂ ਤੋਂ ਸੁਰੱਖਿਆ ਦੇ ਪੂਰੇ ਪ੍ਰਬੰਧ ਹੋਣ।ਮਜ਼ਦੂਰਾਂ ਦੇ ਸਾਰੇ ਕਨੂੰਨੀ ਕਿਰਤ ਹੱਕ ਸਖ਼ਤੀ ਨਾਲ ਲਾਗੂ ਕੀਤੇ ਜਾਣ, ਕਿਰਤ ਕਨੂੰਨਾਂ ਵਿੱਚ ਮਜ਼ਦੂਰ-ਵਿਰੋਧੀ ਤਬਦੀਲੀਆਂ ਰੱਦ ਕੀਤੀਆਂ ਜਾਣ।ਮਹਿੰਗਾਈ ਘਟਾਉਣ ਲਈ ਸਰਕਾਰ ਢੁੱਕਵੇਂ ਕਦਮ ਚੁੱਕੇ।ਰੋਸ ਮੁਜ਼ਾਹਰੇ ਨੂੰ ਕਾਰਖ਼ਾਨਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਲਖਵਿੰਦਰ ਸਿੰਘ, ਟੈਕਸਟਾਈਲ-ਹੌਜ਼ਰੀ ਕਾਮਗਾਰ ਯੂਨੀਅਨ ਦੇ ਆਗੂ ਵਿਸ਼ਵਨਾਥ, ਨੌਜਵਾਨ ਭਾਰਤ ਸਭਾ ਦੀ ਆਗੂ ਰਵਿੰਦਰ ਕੌਰ ਨੇ ਸੰਬੋਧਨ ਕੀਤਾ।ਸਾਥੀ ਰਮੇਸ਼, ਮੌਸਮ, ਦਿਸ਼ਾ ਨੇ ਇਨਕਲਾਬੀ ਗੀਤ ਪੇਸ਼ ਕੀਤੇ।ਮੰਚ ਸੰਚਾਲਨ ਸਾਥੀ ਤਰਨਪ੍ਰੀਤ ਨੇ ਕੀਤਾ।ਬੁਲਾਰਿਆਂ ਨੇ ਕਿਹਾ ਕਿ ਸੰਘਰਸ਼ਸ਼ੀਲ ਮਜ਼ਦੂਰਾਂ ਦਾ ਸਾਥ ਦਿੰਦਿਆਂ ਬਾਕੀ ਮਜ਼ਦੂਰਾਂ ਨੂੰ ਵੀ ਸੰਘਰਸ਼ ਦੇ ਮੈਦਾਨ ਵਿੱਚ ਉਤਰਨਾ ਹੋਵੇਗਾ।

# ਮੋਦੀ ਸਰਕਾਰ ਔਰਤਾਂ ਦੇ ਨਾਂਅ 'ਤੇ ਦੇਸ਼ ਨੂੰ ਗੁੰਮਰਾਹ ਕਰ ਰਹੀ : ਸਿੰਗਲਾ



**ਮਾਨਸਾ (ਗੀਤਵਾਲ)**-ਸਾਬਕਾ ਕੈਬਨਿਟ ਮੰਤਰੀ ਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਮੈਂਬਰ ਵਿਜੈ ਇੰਦਰ ਸਿੰਗਲਾ ਨੇ ਕੇਂਦਰ ਦੀ ਭਾਜਪਾ ਸਰਕਾਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਗੰਭੀਰ ਇਲਜ਼ਾਮ ਲਗਾਉਂਦੇ ਹੋਏ ਕਿਹਾ ਹੈ ਕਿ ਮਹਿਲਾ ਰਾਖਵਾਂਕਰਨ ਬਿਲ ਦੇ ਮਾਮਲੇ ਵਿੱਚ ਦੇਸ਼ ਦੀਆਂ ਔਰਤਾਂ ਤੇ ਜਨਤਾ ਨੂੰ ਜਾਣਬੁੱਝ ਕੇ ਗੁੰਮਰਾਹ ਕੀਤਾ ਜਾ ਰਿਹਾ ਹੈ।ਮਾਨਸਾ ਵਿੱਚ ਹੋਈ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਉਨ੍ਹਾਂ ਕਿਹਾ ਕਿ ਭਾਜਪਾ ਮਹਿਲਾਵਾਂ ਦੇ ਹੱਕਾਂ ਦੇ ਨਾਂ 'ਤੇ ਸਿਆਸੀ ਡਰਾਮਾ ਕਰ ਰਹੀ ਹੈ, ਜਦਕਿ ਹਕੀਕਤ ਵਿੱਚ ਉਨ੍ਹਾਂ ਨੂੰ ਨਿਆਂ ਦੇਣ ਦੀ ਕੋਈ ਨੀਅਤ ਨਹੀਂ ਦਿਖਾ ਰਹੀ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿੰਗਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਮਹਿਲਾਵਾਂ ਦੇ ਅਧਿਕਾਰਾਂ ਲਈ ਖੜੀ ਰਹੀ ਹੈ ਤੇ 2023 ਵਿੱਚ ਪਾਰਲੀਮੈਂਟ ਵਿੱਚ ਮਹਿਲਾ ਰਾਖਵਾਂਕਰਨ ਬਿਲ ਦਾ ਸਮਰਥਨ ਕਰਕੇ ਇਸ ਨੂੰ ਪਾਸ ਕਰਵਾਉਣ ਵਿੱਚ ਕੇਂਦਰੀ ਭੂਮਿਕਾ ਨਿਭਾਈ ਸੀ।ਉਨ੍ਹਾਂ ਦੱਸਿਆ ਕਿ ਕਾਂਗਰਸ ਦੇ ਹਰ ਮੈਂਬਰ ਨੇ ਇਸ ਬਿਲ ਦੇ ਹੱਕ ਵਿੱਚ ਵੋਟ ਪਾਈ ਸੀ, ਜਿਸ ਨਾਲ ਇਹ ਕਾਨੂੰਨ ਬਣ ਸਕਿਆ, ਪਰ ਉਨ੍ਹਾਂ ਨੇ ਦੋਸ਼ ਲਗਾਇਆ ਕਿ ਕਾਨੂੰਨ ਪਾਸ ਹੋਣ ਤੋਂ ਬਾਅਦ ਭਾਜਪਾ ਸਰਕਾਰ ਨੇ ਇਸ ਦੀ ਲਾਗੂ ਕਰਨ ਦੀ ਪ੍ਰਕਿਰਿਆ ਨੂੰ ਜਾਣਬੁੱਝ ਕੇ ਲਟਕਾ ਦਿੱਤਾ ਹੈ।

ਸਿੰਗਲਾ ਨੇ ਕਿਹਾ ਕਿ ਪਿਛਲੇ ਲਗਭਗ 30 ਮਹੀਨਿਆਂ ਤੋਂ ਮਹਿਲਾ ਰਾਖਵਾਂਕਰਨ ਕਾਨੂੰਨ ਨੂੰ ਲਾਗੂ ਕਰਨ ਲਈ ਨਾ ਤਾਂ ਕੋਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ ਤੇ ਨਾ ਹੀ ਕੋਈ ਢੰਗ ਦੀ ਕਾਰਵਾਈ ਕੀਤੀ ਗਈ ਹੈ।ਇਹ ਸਾਫ਼ ਦਰਸਾਉਂਦਾ ਹੈ ਕਿ ਭਾਜਪਾ ਦੀ ਮਹਿਲਾਵਾਂ ਪ੍ਰਤੀ ਵਚਨਬੱਧਤਾ ਸਿਰਫ਼ ਬੋਲੀਆਂ ਤੱਕ ਸੀਮਿਤ ਹੈ।ਉਨ੍ਹਾਂ ਦਾਅਵਾ ਕੀਤਾ ਕਿ ਅੱਜ ਵੀ ਇਸ ਕਾਨੂੰਨ ਨੂੰ ਲਾਗੂ ਕਰਨ ਵਿੱਚ ਕੋਈ ਸੰਵਿਧਾਨਕ ਜਾਂ ਪ੍ਰਸ਼ਾਸਕੀ ਰੁਕਾਵਟ ਨਹੀਂ ਹੈ, ਸਗੋਂ ਇਹ ਸਿਰਫ਼ ਸਿਆਸੀ ਇਰਾਦੇ ਦੀ ਕਮੀ ਹੈ।ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹਾਲੀਆ ਬਿਆਨਾਂ 'ਤੇ ਵੀ ਨਿਸ਼ਾਨਾ ਸਾਧਿਆ, ਜਿਨ੍ਹਾਂ ਵਿੱਚ ਮੋਦੀ ਵੱਲੋਂ ਕਾਂਗਰਸ 'ਤੇ ਮਹਿਲਾ ਬਿਲ ਦਾ ਵਿਰੋਧ ਕਰਨ ਦੇ ਦੋਸ਼ ਲਗਾਏ ਗਏ ਸਨ।ਸਿੰਗਲਾ ਨੇ ਇਸ ਨੂੰ ਪੂਰੀ ਤਰ੍ਹਾਂ ਝੂਠ ਕਰਾਰ ਦਿੰਦਿਆਂ ਕਿਹਾ ਕਿ ਕਾਂਗਰਸ ਨੇ ਕਦੇ ਵੀ ਮਹਿਲਾ ਰਾਖਵਾਂਕਰਨ ਦਾ ਵਿਰੋਧ ਨਹੀਂ ਕੀਤਾ, ਬਲਕਿ ਉਸ ਨੇ ਸਿਰਫ਼ ਉਨ੍ਹਾਂ ਪ੍ਰਸਤਾਵਾਂ ਦਾ ਵਿਰੋਧ ਕੀਤਾ ਜੋ ਇਸ ਬਿਲ ਦੇ ਅਸਲ ਮਕਸਦ ਨੂੰ ਕਮਜ਼ੋਰ ਕਰਦੇ ਸਨ।ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਕਾਂਗਰਸ ਨੇ ਧੋਖਾਧੜੀ ਵਾਲੀ ਰਾਜਨੀਤੀ ਦਾ ਵਿਰੋਧ ਕੀਤਾ ਹੈ, ਮਹਿਲਾਵਾਂ ਦੇ ਹੱਕਾਂ ਦਾ ਨਹੀਂ।ਸਿੰਗਲਾ ਨੇ ਭਾਜਪਾ 'ਤੇ ਇਹ ਵੀ ਦੋਸ਼ ਲਗਾਇਆ ਕਿ ਉਹ ਮਹਿਲਾ ਰਾਖਵਾਂਕਰਨ ਬਿਲ ਦੇ ਨਾਲ ਹੋਰ ਕਈ ਅਜਿਹੇ ਬਿਲ ਜੋੜ ਰਹੀ ਹੈ, ਜੋ ਅਸਲ ਮਸਲੇ ਤੋਂ ਧਿਆਨ ਹਟਾਉਣ ਦੀ ਕੋਸ਼ਿਸ਼ ਹੈ।ਉਨ੍ਹਾਂ ਕਿਹਾ ਕਿ ਭਾਜਪਾ ਵੱਲੋਂ ਦੇਸ਼ ਵਿੱਚ ਇਹ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ ਕਾਂਗਰਸ ਮਹਿਲਾ ਵਿਰੋਧੀ ਹੈ, ਜੋ ਕਿ ਸਿਰਫ਼ ਝੂਠ ਤੇ ਭਰਮ ਫੈਲਾਉਣ ਦੀ ਕੋਸ਼ਿਸ਼ ਹੈ।ਸਿੰਗਲਾ ਨੇ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਮਹਿਲਾਵਾਂ ਖ਼ਿਲਾਫ਼ ਹੋ ਰਹੀਆਂ ਹਿੰਸਕ ਘਟਨਾਵਾਂ 'ਤੇ ਵੀ ਚਿੰਤਾ ਜਤਾਈ। ਉਨ੍ਹਾਂ ਕਿਹਾ ਕਿ ਬਲਾਤਕਾਰ, ਛੇੜਛਾੜ ਤੇ ਤਸ਼ੱਦਦ ਵਰਗੀਆਂ ਘਟਨਾਵਾਂ ਵਿੱਚ ਵਾਧਾ ਹੋ ਰਿਹਾ ਹੈ, ਪਰ ਪ੍ਰਧਾਨ ਮੰਤਰੀ ਇਸ ਮਾਮਲੇ 'ਤੇ ਚੁੱਪੀ ਸਾਧੇ ਹੋਏ ਹਨ।

## ਕਾਤਰਾਂ

### ਧੋਖਾਧੜੀ ਦੇ ਮਾਮਲੇ 'ਚ 3 ਨਾਮਜ਼ਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਲੜਕੀ ਨੂੰ ਆਸਟ੍ਰੇਲੀਆ ਭੇਜਣ ਦੇ ਨਾਮ 'ਤੇ ਧੋਖਾਧੜੀ ਕੀਤੇ ਜਾਣ ਦੇ ਕਥਿਤ ਮਾਮਲੇ 'ਚ ਮੂਲੇਪੁਰ ਪੁਲਸ ਵੱਲੋਂ ਤਿੰਨ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸੀਨੀਅਰ ਪੁਲਸ ਅਧਿਕਾਰੀਆਂ ਨੂੰ ਦਿੱਤੀ ਦਰਖ਼ਾਸਤ ਵਿੱਚ ਹਰਪਾਲ ਸਿੰਘ ਨਾਮਕ ਵਿਅਕਤੀ ਨੇ ਦੋਸ਼ ਲਗਾਏ ਸਨ ਕਿ ਉਸ ਦੀ ਲੜਕੀ ਨੂੰ ਆਸਟ੍ਰੇਲੀਆ ਭੇਜਣ ਦਾ ਝਾਂਸਾ ਦੇ ਕੇ ਗੁਰਪ੍ਰੀਤ ਸਿੰਘ ਵਾਸੀ ਪਿੰਡ ਪਹਾੜਪੁਰ (ਪਟਿਆਲਾ), ਦਸਮੇਸ਼ਪਾਲ ਸਿੰਘ ਤੇ ਜਗਸੀਰ ਸਿੰਘ ਵਾਸੀਆਨ ਪਿੰਡ ਹੁਸੈਨਪੁਰਾ (ਪਟਿਆਲਾ) ਨੇ ਉਨ੍ਹਾਂ ਤੋਂ 3,50,000/- ਰੁਪਏ ਹਾਸਲ ਕਰ ਲਏ, ਪਰ ਉਕਤ ਵਿਅਕਤੀਆਂ ਨੇ ਨਾ ਤਾਂ ਲੜਕੀ ਨੂੰ ਆਸਟ੍ਰੇਲੀਆ ਭੇਜਿਆ ਤੇ ਨਾ ਹੀ ਉਨ੍ਹਾਂ ਦੇ ਪੈਸੇ ਵਾਪਸ ਕੀਤੇ।ਦੋਸ਼ਾਂ ਦੀ ਪੜਤਾਲ ਡੀ.ਐੱਸ.ਪੀ. ਪੱਧਰ ਦੇ ਅਧਿਕਾਰੀ ਵੱਲੋਂ ਕੀਤੀ ਗਈ, ਜਿਸ ਉਪਰੰਤ ਗੁਰਪ੍ਰੀਤ ਸਿੰਘ ਵਾਸੀ ਪਿੰਡ ਪਹਾੜਪੁਰ (ਪਟਿਆਲਾ), ਦਸਮੇਸ਼ਪਾਲ ਸਿੰਘ ਤੇ ਜਗਸੀਰ ਸਿੰਘ ਵਾਸੀਆਨ ਪਿੰਡ ਹੁਸੈਨਪੁਰਾ (ਪਟਿਆਲਾ) ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਮੂਲੇਪੁਰ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

### ਚੋਰੀ ਦੀ ਕਾਰ ਤੇ ਮੋਟਰਸਾਈਕਲ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ ਇਕ ਮੋਟਰਸਾਈਕਲ, ਇਕ ਕਾਰ ਤੇ 3 ਮੋਬਾਇਲ ਫੋਨ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਦੇ ਸਬੰਧ ਵਿੱਚ ਚੂੰਗੀ ਨੰਬਰ 7 ਫਿਰੋਜ਼ਪੁਰ ਕੈਂਟ ਪਾਸ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਅਮਨ ਪੁੱਤਰ ਨੱਥਾ ਸਿੰਘ ਵਾਸੀ ਬਸਤੀ ਟੈਂਕਾਂਵਾਲੀ ਫਿਰੋਜ਼ਪੁਰ ਕੈਂਟ ਜੋ ਮੋਟਰਸਾਈਕਲ ਅਤੇ ਮੋਬਾਇਲ ਖੋਹਣ ਦਾ ਆਦੀ ਹੈ ਤੇ ਹੁਣ ਵੀ ਚੋਰੀ ਕੀਤਾ ਹੋਇਆ ਮੋਟਰਸਾਈਕਲ ਤੇ ਖੋਹ ਕੀਤੇ ਮੋਬਾਇਲ ਫੋਨ ਵੇਚਣ ਲਈ ਸ਼ਮਸ਼ਾਨਘਾਟ ਰੋਡ 'ਤੇ ਝਾੜੀਆਂ ਪਾਸ ਮੌਜੂਦ ਹੈ ਤੇ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਜੇਕਰ ਉਸ 'ਤੇ ਹੁਣੇ ਹੀ ਛਾਪੇਮਾਰੀ ਕੀਤੀ ਜਾਵੇ ਤਾਂ ਚੋਰੀ ਕੀਤੇ ਮੋਟਰਸਾਈਕਲ ਤੇ ਖੋਹ ਕੀਤੇ ਮੋਬਾਇਲ ਫੋਨ ਸਮੇਤ ਕਾਬੂ ਆ ਸਕਦਾ ਹੈ। ਪੁਲਸ ਨੇ ਦੱਸਿਆ ਕਿ ਅਮਨ ਨੂੰ ਇਕ ਚੋਰੀ ਦੇ ਮੋਟਰਸਾਈਕਲ ਸਪਲੈਂਡਰ ਨੰਬਰ ਪੀਬੀ 05 ਏਈ 3945 ਅਤੇ ਤਿੰਨ ਮੋਬਾਇਲ ਫੋਨ ਸਮੇਤ ਗ੍ਰਿਫਤਾਰ ਕੀਤਾ ਗਿਆ। ਇਸੇ ਹੀ ਥਾਣੇ ਦੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸ਼ਹੀਦ ਰਾਕੇਸ਼ ਪਾਇਲਟ ਚੌਕ ਫਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਅਕਾਸ਼ਦੀਪ ਪੁੱਤਰ ਰੰਗਾ ਵਾਸੀ ਪਿੰਡ ਪੱਲਾ ਮੇਘਾ ਕਾਰ ਤੇ ਮੋਟਰਸਾਈਕਲ ਚੋਰੀ ਕਰਨ ਦਾ ਆਦੀ ਹੈ ਤੇ ਅੱਗੇ ਵੇਚਦਾ ਹੈ। ਪੁਲਸ ਨੇ ਦੱਸਿਆ ਕਿ ਅਕਾਸ਼ਦੀਪ ਨੂੰ ਦੱਸੀ ਗਈ ਜਗ੍ਹਾ ਤੋਂ ਵਰਨਾ ਕਾਰ ਬਿਨਾਂ ਨੰਬਰੀ ਸਮੇਤ ਗ੍ਰਿਫਤਾਰ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

# ਚੋਰੀ ਤੇ ਨਸ਼ਾ ਤਸਕਰੀ ਕਰਨ ਵਾਲੇ ਅੰਤਰਰਾਜੀ ਗਰੋਹ ਦਾ ਪਰਦਾ ਫਾਸ਼, 5 ਮੁਲਜ਼ਮ ਕਾਬੂ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**



ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਦੇ ਦਿਸ਼ਾ-ਨਿਰਦੇਸ਼ਾਂ ਤੇ ਨਸ਼ਾ ਵਿਰੋਧੀ ਮੁਹਿੰਮ ਤਹਿਤ ਥਾਣਾ ਸਿਟੀ ਧੂਰੀ ਦੀ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ।ਪੁਲਸ ਨੇ ਸ਼ਹਿਰ ਅੰਦਰ ਦੁਕਾਨਾਂ ਦੇ ਜਿੰਦਰੇ ਤੋੜ ਕੇ ਚੋਰੀਆਂ ਕਰਨ ਵਾਲੇ ਤੇ ਨਸ਼ੀਲੀਆਂ ਗੋਲੀਆਂ ਦੀ ਤਸਕਰੀ ਕਰਨ ਵਾਲੇ ਇੱਕ ਗਰੋਹ ਦੇ 5 ਮੈਂਬਰਾਂ ਨੂੰ ਮੋਟਰਸਾਈਕਲਾਂ ਤੇ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਬੀਤੀ 11 ਅਪ੍ਰੈਲ ਦੀ ਦਰਮਿਆਨੀ ਰਾਤ ਨੂੰ ਭਲਵਾਨ ਵਾਲਾ ਅੱਡਾ ਨੇੜੇ ਪੰਜ ਦੁਕਾਨਾਂ ਦੇ ਜਿੰਦਰੇ ਤੋੜ ਕੇ 65,000 ਰੁਪਏ ਚੋਰੀ ਹੋਣ ਸਬੰਧੀ ਮੁਕੱਦਮਾ ਦਰਜ ਕੀਤਾ ਗਿਆ ਸੀ।ਇੰਸਪੈਕਟਰ ਜਸਵੀਰ ਸਿੰਘ ਮੁੱਖ ਅਫਸਰ ਥਾਣਾ ਸਿਟੀ ਧੂਰੀ ਦੀ ਅਗਵਾਈ ਹੇਠਲੀ ਟੀਮ ਨੇ ਟੈਕਨੀਕਲ ਢੰਗ ਨਾਲ ਜਾਂਚ ਕਰਦਿਆਂ ਮਹਿਜ਼ ਕੁਝ ਦਿਨਾਂ ਅੰਦਰ ਹੀ ਇਸ ਵਾਰਦਾਤ ਨੂੰ ਟ੍ਰੇਸ ਕਰ ਲਿਆ।ਤਫਤੀਸ਼ ਦੌਰਾਨ ਪੁਲਸ ਨੇ ਸ਼ਰਵਣ ਸਿੰਘ, ਲਖਵਿੰਦਰ ਸਿੰਘ ਉਰਫ ਨੰਦੂ (ਦੋਵੇਂ ਵਾਸੀ ਉਭਾਵਾਲ), ਸੰਦੀਪ ਤੇ ਅਰਮਾਨ (ਵਾਸੀ ਟੋਹਾਣਾ, ਹਰਿਆਣਾ) ਸਮੇਤ ਗੁਰਪ੍ਰੀਤ ਸਿੰਘ ਉਰਫ ਟਾਕੂਆ ਨੂੰ ਨਾਮਜ਼ਦ ਕੀਤਾ।ਪੁਲਸ ਨੇ ਵੱਖ-ਵੱਖ ਛਾਪੇਮਾਰੀ ਦੌਰਾਨ ਇਨ੍ਹਾਂ ਪੰਜਾਂ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲਿਆ।ਮੁਲਜ਼ਮਾਂ ਕੋਲੋਂ ਚੋਰੀ ਦੀਆਂ ਵਾਰਦਾਤਾਂ ਵਿੱਚ ਵਰਤਿਆ ਜਾਣ ਵਾਲਾ ਲੋਹੇ ਦਾ ਸੱਬਲ ਵੀ ਬਰਾਮਦ ਹੋਇਆ ਹੈ।ਗ੍ਰਿਫਤਾਰੀ ਦੌਰਾਨ ਦੋਸ਼ੀਆਂ ਪਾਸੋਂ ਭਾਰੀ ਮਾਤਰਾ ਵਿੱਚ ਨਸ਼ੀਲਾ ਪਦਾਰਥ ਬਰਾਮਦ ਕੀਤਾ ਗਿਆ।ਪੁਲਸ ਅਨੁਸਾਰ ਦੋਸ਼ੀਆਂ ਕੋਲੋਂ ਕੁੱਲ 1400 ਨਸ਼ੀਲੀਆਂ ਗੋਲੀਆਂ ਤੇ ਦੋ ਚੋਰੀ ਕੀਤੇ ਮੋਟਰਸਾਈਕਲ (ਸਪਲੈਂਡਰ ਤੇ ਪਲਸਰ) ਬਰਾਮਦ ਹੋਏ ਹਨ।ਇਸ ਕਾਰਨ ਮੁਕੱਦਮੇ ਵਿੱਚ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਦਾ ਵੀ ਵਾਧਾ ਕੀਤਾ ਗਿਆ ਹੈ।ਡੀ.ਐੱਸ.ਪੀ. ਨੇ ਦੱਸਿਆ ਕਿ ਕਾਬੂ ਕੀਤੇ ਗਏ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ। ਰਿਮਾਂਡ ਦੌਰਾਨ ਮੁਲਜਮਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਕਿਸਾਨਾਂ ਨੂੰ ਮੰਡੀਆਂ 'ਚ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ : ਲਾਲ ਚੰਦ ਕਟਾਰੂ ਚੱਕ

**ਸੰਗਰੂਰ ਮੰਡੀ ਵਿਖੇ ਖ਼ਰੀਦ ਕਾਰਜਾਂ ਦਾ ਲਿਆ ਜਾਇਜ਼ਾ**



**ਸੰਗਰੂਰ (ਪ੍ਰਵੀਨ ਸਿੰਘ)**-ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਪ੍ਰਕਾਰ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ ਤੇ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਚੁੱਕ ਕੇ ਬਣਦੀ ਰਕਮ ਵੀ ਕਿਸਾਨਾਂ ਦੇ ਖਾਤਿਆਂ ਵਿੱਚ ਨਿਰਧਾਰਤ ਸਮਾਂ ਸੀਮਾਂ ਅੰਦਰ ਪਾਉਣ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਖੁਰਾਕ ਸਿਵਲ ਸਪਲਾਈ ਤੇ ਖਪਤਕਾਰ ਮਾਮਲੇ, ਜੰਗਲਾਤ ਤੇ ਜੰਗਲੀ ਜੀਵ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਸੰਗਰੂਰ ਦਾਣਾ ਮੰਡੀ ਵਿਖੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਕੀਤਾ।ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਸੰਗਰੂਰ ਨਰਿੰਦਰ ਕੌਰ ਭਰਾਜ ਵੀ ਮੌਜੂਦ ਸਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੁਚਾਰੂ ਤੇ ਕਿਸਾਨ-ਪੱਖੀ ਖ਼ਰੀਦ ਸੀਜ਼ਨ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਉਨ੍ਹਾਂ ਦੱਸਿਆ ਕਿ 19 ਅਪ੍ਰੈਲ 2026 ਤੱਕ ਸੂਬੇ ਦੀਆਂ ਸਮੁੱਚੀਆਂ ਅਨਾਜ ਮੰਡੀਆਂ ਵਿੱਚ ਕਰੀਬ 3872735.53 ਮੀਟ੍ਰਿਕ ਟਨ ਆਮਦ ਹੋਈ ਹੈ, ਜਿਸ ਵਿੱਚੋਂ ਕਰੀਬ 3416926.10 ਮੀਟ੍ਰਿਕ ਟਨ ਵੱਖ ਵੱਖ ਖਰੀਦ ਏਜੰਸੀਆਂ ਤੇ 6163.30 ਮੀਟ੍ਰਿਕ ਟਨ ਵਪਾਰਿਆਂ ਵਲੋਂ 2585 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 'ਤੇ ਖ਼ਰੀਦ ਕੀਤੀ ਗਈ ਹੈ। ਹਦਾਇਤਾਂ ਅਨੁਸਾਰ ਕਿਸਾਨਾਂ ਨੂੰ ਹੁਣ ਤੱਕ ਕਰੀਬ 1818.31 ਕਰੋੜ ਰੁਪਏ ਦੀ ਅਦਾਇਗੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀ ਕੀਤੀ ਜਾ ਚੁੱਕ ਹੈ। ਉਨ੍ਹਾਂ ਦੱਸਿਆ ਕਿ ਸੰਗਰੂਰ ਜ਼ਿਲ੍ਹੇ ਦੀਆਂ ਸਮੂਹ 170 ਮੰਡੀਆਂ ਵਿੱਚ 9 ਲੱਖ 50 ਹਜਾਰ ਮੀਟ੍ਰਿਕ ਟਨ ਕਣਕ ਦੀ ਆਮਦ ਹੋਣ ਦੀ ਆਸ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਲਿਫਟਿੰਗ ਦਾ ਕੰਮ ਨਿਰਵਿਘਨ ਚੱਲ ਰਿਹਾ ਹੈ ਹੁਣ ਤੱਕ ਕਰੀਬ 30158.45 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਵੀ ਹੋ ਚੁੱਕੀ ਹੈ।

ਉਨ੍ਹਾਂ ਨੇ ਮੰਡੀ ਵਿੱਚ ਮੌਜੂਦ ਕਿਸਾਨਾਂ ਤੇ ਆੜ੍ਹਤੀਆਂ ਨਾਲ ਗੱਲਬਾਤ ਕਰਦਿਆਂ ਖ਼ਰੀਦ ਪ੍ਰੀਕ੍ਰਿਆ ਤੇ ਕਿਸਾਨਾਂ ਦੀ ਸਹੂਲਤ ਲਈ ਕੀਤੇ ਪਬ੍ਰੰਧਾਂ ਸਬੰਧੀ ਫੀਡ ਬੈਕ ਲੈਂਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਕਿਸਾਨਾਂ ਨੂੰ ਬਾਰਦਾਨੇ ਦੀ ਘਾਟ, ਲਿਫ਼ਟਿੰਗ ਤੇ ਅਦਾਇਗੀ ਦੇ ਮੁੱਦਿਆਂ ਕਾਰਨ ਵਿਰੋਧ ਪ੍ਰਦਰਸ਼ਨ ਕਰਨਾ ਪੈਂਦਾ ਸੀ, ਪਰ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਇਨ੍ਹਾਂ ਮੁੱਦਿਆਂ ਨੂੰ ਸਥਾਈ ਤੌਰ 'ਤੇ ਹੱਲ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ।

# ਮੇਰੇ ਪੁੱਤ ਨੂੰ ਗਿਣੀ-ਮਿੱਥੀ ਸਾਜ਼ਿਸ਼ ਤਹਿਤ ਮਰਨ ਲਈ ਮਜਬੂਰ ਕੀਤਾ, ਪਰਚਾ ਦਰਜ ਹੋਵੇ

**ਲੁਧਿਆਣਾ (ਐਮ.ਐਸ.ਭਾਟੀਆ)**

ਪਿੰਡ ਪੱਦੀ (ਕਲੋਨੀ) ਦੀ ਮਾਤਾ ਸਵਰਨ ਕੌਰ ਨੇ ਕਮਿਸ਼ਨਰ ਲੁਧਿਆਣਾ ਨੂੰ ਗੁਹਾਰ ਲਾਈ ਕਿ ਮੇਰੇ ਲੜਕੇ ਕੁਲਵਿੰਦਰ ਸਿੰਘ ਨੂੰ ਮਰਨ ਲਈ ਮਜਬੂਰ ਕਰਨ ਸਬੰਧੀ ਮੇਰੀ ਨੂੰਹ ਖਿਲਾਫ ਮੁਕੱਦਮਾ ਦਰਜ ਕੀਤਾ ਜਾਵੇ।ਸਵਰਨ ਕੌਰ ਸੁਪਤਨੀ ਕਰਮ ਸਿੰਘ ਪਿੰਡ ਪੱਦੀ ਕਲੋਨੀ ਜ਼ਿਲ੍ਹਾ ਲੁਧਿਆਣਾ ਨੇ ਪੁਲਿਸ ਕਮਿਸ਼ਨਰ ਲੁਧਿਆਣਾ ਦੇ ਦਫ਼ਤਰ ਹਾਜ਼ਰ ਹੋ ਕੇ ਲਿਖਤੀ ਰੂਪ ਵਿੱਚ ਦੱਸਿਆ ਕਿ ਮੇਰੇ ਲੜਕੇ ਦੀ ਸ਼ਾਦੀ ਮਨਦੀਪ ਕੌਰ ਪੁੱਤਰੀ ਹਰੀ ਸਿੰਘ ਪੁੱਤਰ ਮਾਘੀ ਸਿੰਘ ਪਿੰਡ ਢੰਡਾਰੀ ਖ਼ੁਰਦ ਨਾਲ਼ ਹੋਈ ਸੀ।ਵਿਆਹ ਤੋਂ ਕੁਝ ਸਮਾਂ ਬਾਅਦ ਹੀ ਵਿਦੇਸ਼ ਜਾ ਕੇ ਸੈੱਟ ਹੋਣ ਲਈ ਮੇਰੀ ਨੂੰਹ ਮੇਰੇ ਲੜਕੇ ਤੇ ਦਬਾਅ ਬਣਾਈ ਰੱਖਦੀ ਸੀ। ਮੇਰਾ ਲੜਕਾ ਮੇਰੀ ਨੂੰਹ ਤੇ ਆਪਣੀ ਸੱਸ ਸੁਰਿੰਦਰ ਕੌਰ ਤੋਂ ਕਾਫੀ ਪ੍ਰੇਸ਼ਾਨ ਰਹਿੰਦਾ ਸੀ। ਸਾਡੇ ਖਿਲਾਫ ਕੋਈ ਡਾਇਰੀ ਲਿਖਵਾ ਕੇ ਇਨ੍ਹਾਂ ਆਪਣੇ ਪਾਸ ਰੱਖੀ ਹੋਈ ਸੀ, ਜਿਸ ਕਰਕੇ ਇਹ ਦੋਵੇਂ ਮੇਰੇ ਲੜਕੇ ਨੂੰ ਤੰਗ ਕਰਕੇ ਲੱਖਾਂ ਰੁਪੱਈਆਂ ਦੀ ਮੰਗ ਕਰਦੀਆਂ ਸਨ।ਇਨ੍ਹਾਂ ਸਾਜ਼ਿਸ਼ਾਂ ਕਰਕੇ ਮੇਰਾ ਲੜਕਾ ਸ਼ਰਾਬ ਪੀਣ ਦਾ ਆਦੀ ਹੋ ਕੇ ਅਕਸਰ ਬਿਮਾਰ ਰਹਿਣ ਲੱਗ ਪਿਆ, ਜਿਸਦੇ ਇਲਾਜ ਦਾ ਸਾਰਾ ਖ਼ਰਚਾ ਵੀ ਮੇਰੇ ਦੁਆਰਾ ਕੀਤਾ ਗਿਆ ਹੈ। ਇਸ ਸਮੇਂ ਦੌਰਾਨ ਉਸਦੀ ਮੌਤ ਹੋ ਗਈ ਹੈ।ਇਸਦੀ ਪਤਨੀ ਮਨਦੀਪ ਕੌਰ ਪਿਛਲੇ ਪੰਜ ਸਾਲ ਤੋਂ ਮੇਰੇ ਲੜਕੇ ਦੀ ਮਰਜ਼ੀ ਦੇ ਬਗੈਰ ਡੁਬਈ ਆਦਿ ਵਿਖੇ ਰਹਿ ਰਹੀ ਹੈ।ਇਸ ਤੋਂ

**ਪੁਲਸ ਦੇ ਰਹੀ ਦੋਸ਼ੀਆਂ ਦਾ ਸਾਥ : ਪੀੜਤ ਮਾਂ**



ਪਹਿਲਾਂ ਮੇਰੇ ਲੜਕੇ ਨੂੰ ਮਨਦੀਪ ਕੌਰ ਦੇ ਮਾਤਾ, ਪਿਤਾ ਵੱਲੋਂ ਪੰਚਾਇਤਾਂ 'ਚ ਬੁਲਾ ਕੇ ਤਰ੍ਹਾਂ-ਤਰ੍ਹਾਂ ਘਿਣਾਉਣੀਆਂ ਗੱਲਾਂ ਕਰਕੇ ਜ਼ਲੀਲ ਕੀਤਾ ਗਿਆ, ਜਿਸ ਕਾਰਨ ਉਹ ਨਮੋਸ਼ੀ ਵਿੱਚ ਰਹਿਣ ਲੱਗ ਪਿਆ ਸੀ। ਉਸਦੇ ਮਰਨ ਉਪਰੰਤ ਮੋਬਾਈਲ ਫੋਨ 'ਚੋਂ ਮਿਲੀ ਵੀਡੀਓ ਤੇ ਹੱਥ ਲਿਖਤ ਇਹ ਬਿਆਨ ਕਰਦੀਆਂ ਹਨ ਕਿ ਮੇਰੀ ਨੂੰਹ ਸਾਡਾ ਘਰ ਵੇਚ ਕੇ ਵਿਦੇਸ਼ ਜਾ ਕੇ ਸੈੱਟ ਹੋਣਾ ਚਾਹੁੰਦੀ ਸੀ। 20 ਲੱਖ ਰੁਪਏ ਦੀ ਮੰਗ ਕਰਦੀ ਸੀ। ਜਿਸ ਤੋਂ ਸਾਫ਼ ਜ਼ਾਹਰ ਹੈ ਕਿ ਮੇਰੇ ਲੜਕੇ ਨੂੰ ਗਿਣੀ ਮਿੱਥੀ ਸਾਜ਼ਿਸ਼ ਤਹਿਤ ਤੰਗ ਪ੍ਰੇਸ਼ਾਨ ਕਰਕੇ, ਮਾਨਸਿਕ ਦਬਾਅ ਬਣਾ ਕੇ ਖੁਦਕੁਸ਼ੀ ਲਈ ਮਜਬੂਰ ਕੀਤਾ ਗਿਆ।06 ਅਪ੍ਰੈਲ ਨੂੰ ਪੁਲਿਸ ਕਮਿਸ਼ਨਰ ਦੇ ਦਫ਼ਤਰ ਹਾਜ਼ਰ ਹੋ ਕੇ ਦਿੱਤੀ ਦਰਖਾਸਤ ਜੋ ਸਹਾਇਕ ਪੁਲਿਸ ਕਮਿਸ਼ਨਰ ਸਾਊਥ ਲੁਧਿਆਣਾ ਨੂੰ ਮਾਰਕ ਹੋਈ ਹੈ 'ਤੇ 15 ਦਿਨ ਬਾਅਦ ਵੀ ਕੋਈ ਕਾਰਵਾਈ ਨਹੀਂ ਹੋਈ, ਨਾ ਹੀ ਕੋਈ ਕ੍ਰਮਚਾਰੀ, ਅਧਿਕਾਰੀ ਪੜਤਾਲ ਕਰਨ ਲਈ ਮੇਰੇ ਘਰ ਆਇਆ ਹੈ।ਭਰੇ ਮਨ ਨਾਲ 65 ਸਾਲਾ ਬਜ਼ੁਰਗ ਮਾਤਾ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਕਿ ਸਮੇਂ ਦੀ ਸਰਕਾਰ ਦੇ ਕੁੱਝ ਨੁਮਾਇੰਦੇ ਪੁਲਸ ਪ੍ਰਸ਼ਾਸਨ ਨੂੰ ਕਾਰਵਾਈ ਤੋਂ ਰੋਕ ਰਹੇ ਹਨ।

# ਮੰਡੀ 'ਚ ਕਣਕ ਦੀ ਲਿਫਟਿੰਗ ਨਾ-ਮਾਤਰ, ਗੱਲਾ ਮਜ਼ਦੂਰ ਤੇ ਕਿਸਾਨ ਪ੍ਰੇਸ਼ਾਨ



**ਜਗਰਾਉਂ (ਨਛੱਤਰ ਸੰਧੂ)**-ਜਗਰਾਉਂ ਏਸ਼ੀਆ ਦੀ ਦੂਜੀ ਵੱਡੀ ਮੰਡੀ 'ਚ, ਜਿੱਥੇ ਪੰਜਾਬ ਸਰਕਾਰ ਦੀਆਂ ਸਿਰਫ਼ ਤਿੰਨ ਖਰੀਦ ਏਜੰਸੀਆਂ ਹੀ ਖਰੀਦ ਕਰ ਰਹੀਆਂ ਹਨ, ਵਿਖੇ ਕਣਕ ਦੀ ਲਿਫਟਿੰਗ ਗੰਭੀਰ ਸਮੱਸਿਆ ਬਣ ਗਈ ਹੈ।ਹਜ਼ਾਰਾਂ ਦੀ ਤਦਾਦ 'ਚ ਪਈਆਂ ਕਣਕ ਦੀਆਂ ਬੋਰੀਆਂ ਦੀ ਲਿਫਟਿੰਗ ਲਈ ਅੱਜ ਪਨਗਰੇਨ ਵੱਲੋਂ ਸਾਰੀ ਮੰਡੀ ਲਈ ਸਿਰਫ ਦੋ ਗੱਡੀਆਂ ਹੀ ਭੇਜੀਆਂ ਗਈਆਂ ਹਨ।ਇਸ ਮੰਡੀ 'ਚੋਂ ਐੱਫ ਸੀ ਆਈ ਤੇ ਪਨਸਪ ਪਹਿਲਾਂ ਹੀ ਵੱਖ ਵੱਖ ਕਾਰਨਾਂ ਕਰਕੇ ਗੈਰ-ਹਾਜ਼ਰ ਹਨ।ਬਾਕੀ ਖਰੀਦ ਏਜੰਸੀਆਂ ਪਨਗਰੇਨ, ਵੇਅਰ ਹਾਉਸ, ਮਾਰਕਫੈੱਡ ਹੀ ਖਰੀਦ ਕਰ ਰਹੀਆਂ ਹਨ।ਖਰੀਦੀ ਤੇ ਬੋਰੀਆਂ 'ਚ ਬੰਦ ਕਣਕ ਦੀ ਲਿਫਟਿੰਗ ਨਾ ਹੋਣ ਕਾਰਨ ਮੰਡੀ 'ਚ ਹੋਰ ਢੇਰੀਆਂ ਲਾਹੁਣ ਦੀ ਥਾਂ ਹੀ ਨਹੀਂ ਬਚਦੀ, ਸਿੱਟੇ ਵਜੋਂ ਗੱਲਾ ਮਜ਼ਦੂਰਾਂ 'ਚ ਲੜਾਈ ਝਗੜੇ ਖੜੇ ਹੋ ਜਾਂਦੇ ਹਨ।ਇਸ ਸਬੰਧੀ ਲਿਫਟਿੰਗ 'ਚ ਤੇਜ਼ੀ ਲਿਆਉਣ ਦੀ ਮੰਗ ਕਰਦਿਆਂ ਗੱਲਾ ਮਜ਼ਦੂਰ ਯੂਨੀਅਨ ਨੇ ਰੋਸ ਪ੍ਰਦਰਸ਼ਨ ਕੀਤਾ।ਇਸ ਸਮੇਂ ਯੂਨੀਅਨ ਦੇ ਪ੍ਰਧਾਨ ਦੇਵ ਰਾਜ ਨੇ ਦੱਸਿਆ ਕਿ ਨਿਯਮਾਂ ਮੁਤਾਬਕ ਬਹੱਤਰ ਘੰਟੇ 'ਚ ਲਿਫਟਿੰਗ ਲਾਜ਼ਮੀ ਹੈ, ਪਰ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਤੇ ਠੇਕੇਦਾਰਾਂ ਦੀ ਘੋਰ ਨਾਲਾਇਕੀ ਦਾ ਸਿੱਟਾ ਮਜ਼ਦੂਰਾਂ ਨੂੰ ਭਾਰੀ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ।ਬੋਰੀਆਂ 'ਚ ਪਈ ਕਣਕ ਦੀ ਸਿੱਲ ਵਧ ਜਾਣ ਕਾਰਨ ਮਾਉਸਚਰ ਦਾ ਵਾਧਾ ਹੋਣ ਦਾ ਖਮਿਆਜ਼ਾ ਵੀ ਮਜ਼ਦੂਰਾਂ ਨੂੰ ਭੁਗਤਣਾ ਪੈਂਦਾ ਹੈ।ਲੰਮਾਂ ਸਮਾਂ ਬੋਰੀਆਂ ਫੜਾਂ 'ਚ ਪਈਆਂ ਰਹਿਣ ਕਾਰਨ ਉਨ੍ਹਾਂ ਦੀ ਰਾਖੀ ਦੀ ਜ਼ਿੰਮੇਵਾਰੀ, ਚੋਰੀ ਦਾ ਡਰ ਵੱਖ ਪ੍ਰੇਸ਼ਾਨੀ ਦਾ ਕਾਰਨ ਬਣਦੇ ਹਨ।ਮੰਡੀਆਂ 'ਚ ਮਾਰਕੀਟ ਕਮੇਟੀ ਦਾ ਕੋਈ ਚੌਕੀਦਾਰ ਨਹੀਂ, ਕੋਈ ਸੁਰੱਖਿਆ ਨਹੀਂ, ਰੱਬ ਆਸਰੇ ਹੀ ਧੰਦਾ ਚਲਦਾ ਹੈ।

ਕੱਚੀਆਂ ਮੰਡੀਆਂ 'ਚ ਪਾਣੀ, ਰੋਸ਼ਨੀ ਦਾ ਨਾ-ਮਾਤਰ ਪ੍ਰਬੰਧ ਹੈ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਨੇ ਵੀ ਗੱਲਾ ਮਜ਼ਦੂਰਾਂ ਦੀਆਂ ਮੁਸ਼ਕਲਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਇਨ੍ਹਾਂ ਦਿੱਕਤਾਂ ਦਾ ਤੁਰੰਤ ਹੱਲ ਕਰਨ, ਵਿਸ਼ੇਸ਼ ਕਰ ਲਿਫਟਿੰਗ ਦਾ ਸੁਚੱਜਾ ਪ੍ਰਬੰਧ ਯਕੀਨੀ ਬਣਾਉਣ ਦੀ ਜ਼ੋਰਦਾਰ ਮੰਗ ਕੀਤੀ ਹੈ ਤਾਂ ਕਿ ਕਿਸਾਨਾਂ-ਮਜ਼ਦੂਰਾਂ ਨੂੰ ਕੋਈ ਮੁਸ਼ਕਲ ਨਾ ਆਵੇ।

# ਸਰਕਾਰ ਫਸਲ ਖਰੀਦ ਸਮੇਂ ਬੇਤੁਕੀਆਂ ਸ਼ਰਤਾਂ ਲਗਾ ਕੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਭੁੱਖੇ ਮਾਰਨ 'ਤੇ ਤੁਲੀ : ਸੁਵਰਨ ਵਿਰਕ

**ਸਿਰਸਾ (ਜਗਤਾਰ ਸਮਾਲਸਰ)**

ਸੰਯੁਕਤ ਕਿਸਾਨ ਮੋਰਚਾ ਹਰਿਆਣਾ ਦੇ ਸੱਦੇ 'ਤੇ ਸੋਮਵਾਰ 11 ਵਜੇ ਤੋਂ ਦੋ ਵਜੇ ਤੱਕ ਮਾਰਕੀਟ ਕਮੇਟੀ ਰਾਣੀਆਂ ਦੇ ਗੇਟ ਅੱਗੇ ਧਰਨਾ ਲਗਾ ਕੇ ਘਿਰਾਓ ਕੀਤਾ ਤਾਂ ਕਿ ਹਰਿਆਣਾ ਸਰਕਾਰ ਵੱਲੋਂ ਮੰਡੀਆਂ ਵਿੱਚ ਫਸਲ ਵੇਚਣ ਸਮੇਂ ਲਾਈਆਂ ਬੇਤੁਕੀਆਂ ਸ਼ਰਤਾਂ ਰੱਦ ਕਰਵਾਈਆਂ ਜਾ ਸਕਣ।ਇਸ ਧਰਨੇ ਵਿੱਚ ਕੁੱਲ ਹਿੰਦ ਕਿਸਾਨ ਸਭਾ (1936), ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾ, ਹਰਿਆਣਾ ਕਿਸਾਨ ਮੰਚ ਤੇ ਕੁਝ ਹੋਰ ਕਿਸਾਨ ਸੰਗਠਨਾਂ ਦੇ ਕਿਸਾਨ ਸ਼ਾਮਲ ਹੋਏ।ਧਰਨੇ ਨੂੰ ਸੰਬੋਧਨ ਕਰਦਿਆਂ ਹਰਿਆਣਾ ਕਿਸਾਨ ਸਭਾ ਦੇ ਸਰਪ੍ਰਸਤ ਕਾਮਰੇਡ ਸੁਵਰਨ ਸਿੰਘ ਵਿਰਕ ਨੇ ਕਿਹਾ ਕਿ ਤਿੰਨ ਖੇਤੀ ਕਾਨੂੰਨ ਰੱਦ ਕਰਨ ਤੋਂ ਬਾਅਦ ਵੀ ਮੋਦੀ ਸਰਕਾਰ ਵਿੰਗੇ ਟੇਢੇ ਢੰਗ ਨਾਲ ਉਨ੍ਹਾ ਕਾਲੇ ਕਾਨੂੰਨਾਂ ਨੂੰ ਮੁੜ ਲਾਗੂ ਕਰਨਾ ਚਾਹੁੰਦੀ ਹੈ।ਫਸਲਾਂ ਦਾ ਪੋਰਟਲ, ਢੋਹਾ ਢੁਆਈ ਦੇ ਵਾਹਨਾਂ ਦੀ ਫੋਟੋਗ੍ਰਾਫੀ ਤੇ ਬਾਇਓਮੀਟ੍ਰਿਕ ਪ੍ਰਣਾਲੀ ਦੁਆਰਾ ਸਰਕਾਰ ਮੰਡੀ ਪ੍ਰਣਾਲੀ ਨੂੰ ਠੱਪ ਕਰਕੇ ਤੇ ਫਸਲ ਖਰੀਦ ਕਾਰਪੋਰੇਟਾਂ ਦੇ ਹਵਾਲੇ ਕਰਕੇ ਦੇਸ਼ ਤੇ ਕਿਸਾਨਾਂ-ਮਜ਼ਦੂਰਾਂ ਨੂੰ ਅੰਨ ਥੁੜ ਦੇ ਹਵਾਲੇ ਕਰਕੇ ਭੁੱਖਿਆਂ ਮਾਰਨ 'ਤੇ ਤੁਲੀ ਹੋਈ ਹੈ।ਇਸ ਸਮੇਂ ਮਜ਼ਦੂਰਾਂ, ਕਿਸਾਨਾਂ ਸਮੇਤ ਸਾਰੇ ਸੰਘਰਸ਼ੀ ਤਬਕਿਆਂ ਦੇ ਸਾਂਝੇ ਘੋਲ ਹੀ ਉੱਜਵਲ ਭਵਿੱਖ ਦੇ ਜ਼ਾਮਨ ਹਨ।ਇਸ ਸਮੇਂ ਹਰਜਿੰਦਰ ਜਿੰਦਾ ਨਾਨੂਆਣਾ, ਹੈਪੀ ਰਾਣੀਆਂ, ਰਘਬੀਰ ਸਿੰਘ, ਬਗੀਚਾ ਸਿੰਘ, ਬਲਰਾਜ ਸਿੰਘ ਵਣੀ, ਪ੍ਰੀਤਪਾਲ ਸਿੱਧੂ, ਸਤਨਾਮ ਚੰਦ, ਹੰਸਰਾਜ ਮੱਤੂਵਾਲਾ, ਭਾਈ ਬਲਜਿੰਦਰ ਸਿੰਘ, ਕਾਮਰੇਡ ਕਸ਼ਮੀਰ ਸਿੰਘ ਤੇ ਗੁਰਮੇਲ ਸਿੰਘ ਆਦਿ ਨੇ ਵੀ ਇਨ੍ਹਾਂ ਲੋਕ ਵਿਰੋਧੀ ਸ਼ਰਤਾਂ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ।ਬੁਲਾਰਿਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਇਹ ਸ਼ਰਤਾਂ ਜਲਦੀ ਨਾ ਹਟਾਈਆਂ ਤਾਂ ਲੰਬਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਮੰਡੀਆਂ ਵਿੱਚੋਂ ਕਣਕ ਜਲਦੀ ਚੁੱਕਣ, ਕਿਸਾਨਾਂ ਨੂੰ ਜਲਦੀ ਅਦਾਇਗੀ ਕਰਨ ਤੇ ਸੰਘਰਸ਼ ਕਰ ਰਹੇ ਫਾਇਰ ਬ੍ਰਿਗੇਡ ਕਰਮਚਾਰੀਆਂ ਦੀਆਂ ਮੰਗਾਂ ਮੰਨੇ ਜਾਣ ਦੀ ਮੰਗ ਵੀ ਕੀਤੀ ਗਈ।ਇਸ ਮੌਕੇ ਲਛਮਣ ਸਿੰਘ ਸੇਖਾਵਤ, ਬਲਦੇਵ ਸਿੰਘ ਬਰਾੜ, ਹਰਦੇਵ ਜੋਸ਼, ਹਰਜਿੰਦਰ ਸਿੰਘ ਭੰਗੂ, ਗੁਰਨਾਮ ਸਿੰਘ ਝੱਬਰ, ਧੰਨਾਂ ਸਿੰਘ ਦਮਦਮਾ, ਬੂਟਾ ਸਿੰਘ ਥਿੰਦ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

**ਕਿਸਾਨ ਸੰਗਠਨਾਂ ਵੱਲੋਂ ਰਾਣੀਆ ਮਾਰਕੀਟ ਕਮੇਟੀ ਅੱਗੇ ਧਰਨਾ**



# ਡੇਢ ਦਰਜਨ ਹਮਲਾਵਰਾਂ ਵੱਲੋਂ ਨੌਜਵਾਨ ਦੀ ਬੇਰਹਿਮੀ ਨਾਲ ਕੁੱਟਮਾਰ

**ਭਵਾਨੀਗੜ੍ਹ (ਰਾਜ ਖੁਰਮੀ)**-ਨੇੜਲੇ ਪਿੰਡ ਨਰਾਇਣਗੜ੍ਹ ਵਿੱਚ ਐਤਵਾਰ ਸ਼ਾਮ ਇੱਕ ਸੰਸਨੀਖੇਜ਼ ਵਾਰਦਾਤ ਸਾਹਮਣੇ ਆਈ, ਜਿੱਥੇ ਮੋਟਰਸਾਈਕਲ ਸਵਾਰ ਇੱਕ ਨੌਜਵਾਨ ਨੂੰ ਤਿੰਨ ਕਾਰਾਂ ਵਿੱਚ ਆਏ ਡੇਢ ਦਰਜਨ ਦੇ ਕਰੀਬ ਹਮਲਾਵਰਾਂ ਨੇ ਘੇਰ ਕੇ ਬੇਰਹਿਮੀ ਨਾਲ ਕੁੱਟਮਾਰ ਕੀਤੀ ਤੇ ਬਾਅਦ ਵਿੱਚ ਉਸ ਨੂੰ ਜ਼ਬਰਦਸਤੀ ਆਪਣੇ ਨਾਲ ਲੈ ਗਏ।ਮਿਲੀ ਜਾਣਕਾਰੀ ਅਨੁਸਾਰ ਘਟਨਾ ਕਰੀਬ ਸ਼ਾਮ 4 ਵਜੇ ਦੀ ਹੈ।ਪਿੰਡ ਦੀ ਸਰਪੰਚ ਮਨਜਿੰਦਰ ਕੌਰ ਦੇ ਪਤੀ ਹਮੀਰ ਸਿੰਘ ਨੇ ਦੱਸਿਆ ਕਿ ਪਿੰਡ ਦਾ ਨੌਜਵਾਨ ਗੁਰਸੇਵਕ ਸਿੰਘ ਉਰਫ ਸੈਬੀ ਪੁੱਤਰ ਜਗਸੀਰ ਸਿੰਘ ਜਦੋਂ ਆਪਣੇ ਮੋਟਰਸਾਈਕਲ 'ਤੇ ਧਰਮਸ਼ਾਲਾ ਕੋਲ ਜਾ ਰਿਹਾ ਸੀ ਤਾਂ ਤਿੰਨ ਕਾਰਾਂ ਵਿੱਚ ਸਵਾਰ ਕਰੀਬ 17-18 ਹਮਲਾਵਰਾਂ ਨੇ ਉਸ ਦਾ ਰਸਤਾ ਰੋਕ ਲਿਆ।

ਹਮਲਾਵਰਾਂ ਨੇ ਪਹਿਲਾਂ ਨੌਜਵਾਨ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਤੇ ਗੰਭੀਰ ਜ਼ਖਮੀ ਕਰਨ ਤੋਂ ਬਾਅਦ ਉਸ ਨੂੰ ਜ਼ਬਰਦਸਤੀ ਗੱਡੀ ਵਿੱਚ ਬਿਠਾ ਕੇ ਮੌਕੇ ਤੋਂ ਫਰਾਰ ਹੋ ਗਏ।ਬਾਅਦ ਵਿੱਚ ਪਤਾ ਲੱਗਾ ਕਿ ਹਮਲਾਵਰ ਨੌਜਵਾਨ ਨੂੰ ਗੁਜਰਾਂ ਨੇੜੇ ਜ਼ਖਮੀ ਹਾਲਤ ਵਿੱਚ ਸੁੱਟ ਕੇ ਭੱਜ ਗਏ।ਇਸ ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਘਟਨਾ ਦੀ ਸੂਚਨਾ ਮਿਲਣ 'ਤੇ ਪੁਲਸ ਤੁਰੰਤ ਮੌਕੇ 'ਤੇ ਪਹੁੰਚੀ ਤੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਸ਼ੁਰੂ ਕਰ ਦਿੱਤੀ।ਸਬ ਡਵੀਜ਼ਨ ਭਵਾਨੀਗੜ੍ਹ ਦੇ ਡੀ.ਐੱਸ.ਪੀ. ਰਾਹੁਲ ਕੌਸ਼ਲ ਨੇ ਦੱਸਿਆ ਕਿ ਜ਼ਖਮੀ ਨੌਜਵਾਨ ਨੂੰ ਇਲਾਜ ਲਈ ਸੰਗਰੂਰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਹਮਲਾਵਰਾਂ ਦੀ ਸਰਗਰਮੀ ਨਾਲ ਭਾਲ ਕੀਤੀ ਜਾ ਰਹੀ ਹੈ ਤੇ ਜਲਦੀ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।

# ਦੇਸ਼ ਭਗਤ ਗਲੋਬਲ ਸਕੂਲ 'ਚ ਦਾਖਲੇ ਸ਼ੁਰੂ

**ਸਕੂਲੀ ਸਿੱਖਿਆ ਦੇ ਨਾਲ ਮੁਕਾਬਲੇ ਦੀ ਤਿਆਰੀ ਭਵਿੱਖ ਦੀ ਸਫਲਤਾ ਵੱਲ ਮਜ਼ਬੂਤ ਕਦਮ : ਡਾ. ਜ਼ੋਰਾ ਸਿੰਘ**



**ਸ੍ਰੀ ਮੁਕਤਸਰ ਸਾਹਿਬ (ਸ਼ੁਮਿੰਦਰ ਪਾਲ/ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਕੋਟਕਪੂਰਾ ਰੋਡ ਸ੍ਰੀ ਮੁਕਤਸਰ ਸਾਹਿਬ ਵੱਲੋਂ ਸੈਸ਼ਨ 2026-27 ਲਈ ਪਲੇਅ ਗਰੁੱਪ ਤੋਂ ਲੈ ਕੇ ਕਲਾਸ ਨੌਵੀਂ ਤੇ ਕਲਾਸ ਗਿਆਰਵੀਂ (ਮੈਡੀਕਲ, ਨਾਨ-ਮੈਡੀਕਲ, ਕਾਮਰਸ ਤੇ ਆਰਟਸ) ਵਿੱਚ ਦਾਖਲੇ ਖੁੱਲ੍ਹ ਗਏ ਹਨ।ਇਸ ਮੌਕੇ ਬੋਲਦਿਆਂ ਪ੍ਰਿੰਸੀਪਲ ਡਾਕਟਰ ਜਿੰਦਲ ਨੇ ਕਿਹਾ ਕਿ ਦੇਸ਼ ਭਗਤ ਗਲੋਬਲ ਸਕੂਲ ਨੂੰ ਮਾਣ ਹੈ ਕਿ ਇਹ ਸ੍ਰੀ ਮੁਕਤਸਰ ਸਾਹਿਬ ਦਾ ਪਹਿਲਾ ਸਕੂਲ ਹੈ, ਜਿਸ ਨੇ ਇੰਟੀਗ੍ਰੇਟਿਡ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਹੈ। ਇਸ ਵਿਸ਼ੇਸ਼ ਪ੍ਰੋਗਰਾਮ ਦੇ ਤਹਿਤ ਵਿਦਿਆਰਥੀਆਂ ਨੂੰ ਸਕੂਲੀ ਪਾਠਕ੍ਰਮ ਦੇ ਨਾਲ ਹੀ ਹੋਰ ਮੁਕਾਬਲਾਤੀ ਪ੍ਰੀਖਿਆਵਾਂ ਦੀ ਪ੍ਰੋਫੈਸ਼ਨਲ ਤਿਆਰੀ ਕਰਵਾਈ ਜਾਂਦੀ ਹੈ, ਜਿਸ ਨਾਲ ਵਿਦਿਆਰਥੀ ਆਪਣੀ ਮੰਜ਼ਿਲ ਵੱਲ ਸ਼ੁਰੂ ਤੋਂ ਹੀ ਮਜ਼ਬੂਤੀ ਨਾਲ ਵੱਧ ਸਕਦੇ ਹਨ।

ਦੇਸ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਮਾਨਯੋਗ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਦੇ ਦੂਰਦਰਸ਼ੀ ਨੇਤ੍ਰਿਤਵ ਹੇਠ, ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਦੀ ਮਿਹਨਤ ਨਾਲ ਸਕੂਲ ਸਿੱਖਿਆ ਦੇ ਖੇਤਰ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਹੈ।ਡਾਕਟਰ ਜਿੰਦਲ ਨੇ ਕਿਹਾ ਕਿ ਸਕੂਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਅਕਾਦਮਿਕ ਹੀ ਨਹੀਂ, ਸਗੋਂ ਸਮਾਜਿਕ, ਭਾਵਨਾਤਮਕ ਤੇ ਨੈਤਿਕ ਤੌਰ 'ਤੇ ਵੀ ਮਜ਼ਬੂਤ ਬਣਾਉਣਾ ਹੈ ਤਾਂ ਜੋ ਉਹ ਭਵਿੱਖ ਵਿੱਚ ਹਰ ਚੁਣੌਤੀ ਦਾ ਸਾਹਮਣਾ ਕਰਨ ਲਈ ਤਿਆਰ ਹੋ ਸਕਣ।ਦਾਖਲੇ ਸੀਮਿਤ ਸੀਟਾਂ ਦੇ ਅਧਾਰ 'ਤੇ ਕੀਤੇ ਜਾਣਗੇ, ਇਸ ਲਈ ਮਾਪਿਆਂ ਨੂੰ ਅਪੀਲ ਕੀਤੀ ਕਿ ਜਲਦੀ ਤੋਂ ਜਲਦੀ ਸਕੂਲ ਨਾਲ ਸੰਪਰਕ ਕਰਕੇ ਆਪਣੇ ਬੱਚਿਆਂ ਲਈ ਸੀਟ ਨਿਸ਼ਚਿਤ ਕਰਵਾਓ।

# ਜਮਹੂਰੀ ਅਧਿਕਾਰ ਸਭਾ ਪੰਜਾਬ ਵੱਲੋਂ ਲੁਧਿਆਣਾ 'ਚ ਸੂਬਾ ਪੱਧਰੀ ਵਰਕਸ਼ਾਪ

**ਵਰਕਸ਼ਾਪ ਮੌਕੇ ਕਿਰਤੀ ਵਰਗ ਦੇ ਅਤਿ ਮਾੜੇ ਹਾਲਾਤ ਲਈ ਜ਼ੁੰਮੇਵਾਰ ਤਾਕਤਾਂ ਨੂੰ ਸਮਝਣ ਲਈ ਚੇਤਨਾ ਫੈਲਾਉਣ ਦਾ ਬੀੜਾ ਚੁੱਕਿਆ**



**ਲੁਧਿਆਣਾ (ਰੈਕਟਰ ਕਥੂਰੀਆ)**

ਜਮਹੂਰੀ ਅਧਿਕਾਰ ਸਭਾ ਪੰਜਾਬ ਵੱਲੋਂ ਫਾਸ਼ੀਵਾਦ ਨੂੰ ਸਮਝਣ ਲਈ ਤੇ ਇਸ ਵਿਰੁੱਧ ਲੜਨ ਲਈ ਸਾਡੀ ਵਿਰਾਸਤ ਦੇ ਸੁਨਹਿਰੇ ਇਤਿਹਾਸਕ ਪੰਨਿਆਂ ਨੂੰ ਗੰਭੀਰਤਾ ਨਾਲ ਵਾਚਣ ਦੀ ਲੋੜ ਨੂੰ ਮੁੱਖ ਰੱਖਦਿਆਂ ਇੱਕ ਵਰਕਸ਼ਾਪ ਦਾ ਅਯੋਜਨ ਕੀਤਾ ਗਿਆ।ਸਭਾ ਦੀ ਸੂਬਾ ਕਮੇਟੀ ਵੱਲੋਂ ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਕੀਤੀ ਗਈ ਇਸ ਵਰਕਸ਼ਾਪ ਵਿੱਚ ਲੁਧਿਆਣਾ ਸਮੇਤ ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਬਠਿੰਡਾ, ਪਟਿਆਲਾ, ਬਰਨਾਲਾ, ਸੰਗਰੂਰ, ਮੋਗਾ, ਚੰਡੀਗੜ੍ਹ, ਨਵਾਂ ਸ਼ਹਿਰ, ਜ਼ਿਲ੍ਹਿਆਂ ਦੇ ਸਰਗਰਮ ਮੈਂਬਰ ਵੱਡੀ ਗਿਣਤੀ ਵਿੱਚ ਪਹੁੰਚੇ।ਸਭ ਤੋਂ ਪਹਿਲਾਂ ਪਿਛਲੇ ਸਮੇਂ ਵਿੱਚ ਸਦੀਵੀ ਵਿਛੋੜਾ ਦੇ ਗਏ ਮੈਂਬਰਾਂ ਨੂੰ ਖੜੇ ਹੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਵਰਕਸ਼ਾਪ ਵਿੱਚ ਪ੍ਰੋ. ਜਗਮੋਹਨ ਸਿੰਘ, ਪ੍ਰੋ. ਪਰਮਿੰਦਰ ਸਿੰਘ ਤੇ ਮਾ. ਤਰਸੇਮ ਲਾਲ ਨੇ ਆਪਣੇ ਵਿਚਾਰ ਰੱਖੇ, ਜਿਸ ਰਾਹੀਂ ਸਪੱਸ਼ਟ ਹੋਇਆ ਕਿ ਸਾਡੇ ਭਾਰਤੀ ਪੁਰਾਤਨ ਇਤਿਹਾਸ ਵਿੱਚ ਫ੍ਰਿਕਾਪ੍ਰਸਤੀ ਦਾ ਨਾਮੋ ਨਿਸ਼ਾਨ ਨਹੀਂ ਸੀ।ਧਰਮਾਂ ਦੇ ਵਖਰੇਵੇਂ ਹੁੰਦਿਆਂ ਹੋਇਆਂ ਵੀ ਸਾਰੀ ਲੋਕਾਈ ਦਰਮਿਆਨ ਕੋਈ ਧਾਰਮਿਕ ਵਖਰੇਵੇਂ ਜਾਂ ਨਫ਼ਰਤ ਨਹੀਂ ਸੀ।ਇਹ ਮਿਲਵਾਂ-ਜੁਲਵਾਂ ਸੱਭਿਆਚਾਰ ਕਈ ਸਦੀਆਂ 'ਚ ਉਸਰਿਆ ਸੀ।ਫ਼ਿਰਕਾਪ੍ਰਸਤੀ ਦੇ ਬੀਜ ਬੀਜਣ ਵਿੱਚ ਬਰਤਾਨਵੀ ਸਾਮਰਾਜ ਨੇ ਪ੍ਰਮੁੱਖ ਭੂਮਿਕਾ ਨਿਭਾਈ ਤੇ 1857 ਤੋਂ ਬਾਅਦ ਲਗਾਤਾਰ ਯੋਜਨਾ ਬੱਧ ਢੰਗ ਨਾਲ ਧਾਰਮਿਕ ਵਖਰੇਵਿਆਂ ਨੂੰ ਨਫ਼ਰਤ ਦੀ ਅੱਗ ਵੱਲ ਧੱਕਣ ਦੀਆਂ ਕੋਸ਼ਿਸ਼ਾਂ ਅਰੰਭੀਆਂ, ਜਿਹੜੀਆਂ ਪਿੱਛੋਂ ਦੇਸ਼ ਦੀ ਵੰਡ ਤੇ ਅਜੋਕੇ ਸੰਤਾਪ ਤੱਕ ਪਹੁੰਚੀਆਂ ਹਨ।ਅੰਗਰੇਜ਼ ਹਕੂਮਤ ਵਿਰੁੱਧ ਭਾਰਤੀ ਲੋਕਾਂ ਦੇ ਇਤਿਹਾਸ ਦੇ ਵੀ ਸਨਹਿਰੀ ਪੰਨੇ ਸਾਹਮਣੇ ਹਨ, ਜਿਨ੍ਹਾਂ ਵਿੱਚੋਂ ਸਾਡੀ ਵਿਰਾਸਤ ਭਾਵ ਧਰਮਾਂ ਤੋਂ ਉੱਪਰ ਉੱਠ ਕੇ ਸਾਮਰਾਜੀ ਦੁਸ਼ਮਣ ਵਿਰੁੱਧ ਸਾਂਝੀ ਲੜਾਈ ਦੇ ਇਤਿਹਾਸ ਨੂੰ ਵੇਖਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸਾਮਰਾਜੀ ਪੂੰਜੀ ਲੋਕਾਂ ਵਿੱਚ ਨਫ਼ਰਤ ਬੀਜਣ ਦੀ ਅਹਿਮ ਭੂਮਿਕਾ ਨਿਭਾਉਂਦੀ ਹੈ ਜੋ ਅੱਜ ਵੀ ਜਾਰੀ ਹੈ।ਬੁਲਾਰਿਆਂ ਨੇ ਸਪੱਸ਼ਟ ਕੀਤਾ ਕਿ ਭਾਰਤੀ ਸਮਾਜ ਦੇ ਰੱਜੇ ਪੁੱਜੇ ਹਿੱਸੇ ਨੇ ਸੱਤਾ ਨਾਲ ਵਫ਼ਾਦਾਰੀ ਪਾਲਦਿਆਂ ਉੱਚੇ ਅਹੁਦਿਆਂ ਨੂੰ ਹਾਸਲ ਕੀਤਾ, ਜਿਨ੍ਹਾਂ ਲਗਾਤਾਰ ਫਿਰਕੂ ਸੰਪਰਦਾਇਕਤਾ ਨੂੰ ਮਜ਼ਬੂਤ ਕਰਨ ਵਿੱਚ ਭੂਮਿਕਾ ਨਿਭਾਈ।ਅਜੋਕਾ ਫਿਰਕੂ ਫਾਸ਼ੀਵਾਦ ਆਰ ਐੱਸ ਐੱਸ ਦੇ ਰੂਪ ਵਿੱਚ ਸਾਡੇ ਸਿਰ ਮੰਡਰਾ ਰਿਹਾ ਹੈ।ਵਰਕਸ਼ਾਪ ਵਿੱਚ ਤਰਸੇਮ ਲਾਲ ਨੇ ਕਿਰਤੀਆਂ ਦੀ ਤਰਸਯੋਗ ਹਾਲਤ, ਜਿਸ ਵਿੱਚ 8 ਘੰਟੇ ਕੰਮ ਦੇ ਕੌਮਾਂਤਰੀ ਅਹਿਦਨਾਮੇ ਤੋਂ ਮੁਨਕਰ ਹੋ ਕੇ 12 ਜਾਂ 14 ਘੰਟੇ ਕੰਮ ਕਰਨ ਲਈ ਮਜਬੂਰ ਕਰਨ ਤੇ ਉਨ੍ਹਾਂ ਨੂੰ ਜਿਉਣ ਯੋਗ ਉਜਰਤ ਦੀ ਥਾਂ ਮਾਮੂਲੀ ਉਜਰਤ ਦੇ ਕੇ ਕੰਗਾਲੀ ਤੇ ਭੁੱਖ ਮਰੀ ਵੱਲ ਧੱਕਣ ਵਾਲੀਆਂ ਹਾਲਤਾਂ ਨੂੰ ਹੋਰ ਵੀ ਬਦਹਾਲ ਬਣਾ ਦਿੱਤਾ ਹੈ।ਉਹ ਸਾਰੇ ਕਾਨੂੰਨੀ ਅਧਿਕਾਰ ਖੋਹ ਲਏ ਹਨ, ਜੋ ਉਨ੍ਹਾਂ ਦੇ ਜਿਊਣ ਦੀ ਗਰੰਟੀ ਦਿੰਦੇ ਸਨ।ਉਨ੍ਹਾਂ ਵਿੱਦਿਆ ਵਿੱਚ ਫਿਰਕੂ ਫ਼ਾਸ਼ੀਵਾਦੀ ਏਜੰਡੇ ਨੂੰ ਵੀ ਚਿੰਤਨ ਕਰਦਿਆਂ ਕਿਹਾ ਕਿ ਅਜੋਕੀ ਰਾਜ ਸੱਤਾ ਜਿਹੜੀ ਵਿੱਦਿਆ ਪਰੋਸੀ ਜਾ ਰਹੀ ਹੈ, ਉਹ ਗੁਲਾਮ ਮਾਨਸਿਕਤਾ ਪਿਊਂਦਣ ਵਾਲੀ ਹੈ।ਵਿੱਦਿਆ ਰਾਹੀਂ ਵਿਗਿਆਨਿਕ ਵਿਚਾਰਧਾਰਾ ਵਿਕਸਤ ਕਰਕੇ ਇੱਕ ਸੁਚੱਜਾ ਸਮਾਜ ਸਿਰਜਣਾ ਹੁੰਦਾ ਹੈ, ਪਰ ਭਾਜਪਾ ਤੇ ਸੰਘ ਨੇ ਵਿੱਦਿਆ ਨੂੰ ਯੋਜਨਾ ਬੱਧ ਢੰਗ ਨਾਲ ਇੱਕ ਅਪਾਹਜ ਮਨੁੱਖ ਦੀ ਸਿਰਜਣਾ ਵੱਲ ਵਧਣ ਦਾ ਰੱਥ ਅੱਗੇ ਧੱਕ ਦਿੱਤਾ ਹੈ।ਅੰਤ ਵਿੱਚ ਜਸਵੰਤ ਜ਼ੀਰਖ ਵੱਲੋਂ ਪੜ੍ਹੇ ਮਤਿਆਂ ਰਾਹੀਂ ਮਾਨੇਸਰ, ਨੋਇਡਾ ਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਮਜ਼ਦੂਰਾਂ ਦੇ ਕੰਮ ਦੇ ਘੰਟੇ ਤੇ ਜਿਉਣ ਯੋਗ ਉਜ਼ਰਤ ਦੀ ਮੰਗ ਨੂੰ ਲੈ ਕੇ ਉੱਠੇ ਸੰਘਰਸ਼ ਦੀ ਹਮਾਇਤ ਕਰਦਿਆਂ ਹਰਿਆਣਾ, ਉੱਤਰ ਪ੍ਰਦੇਸ਼, ਦਿੱਲੀ ਆਦਿ ਦੀ ਪੁਲਸ ਵੱਲੋਂ ਬੇਰਹਿਮ ਤਸ਼ੱਦਦ ਨਾਲ ਦਬਾਉਣ, ਮਜ਼ਦੂਰਾਂ ਤੇ ਉਨ੍ਹਾਂ ਦੇ ਆਗੂਆਂ ਨੂੰ ਗ੍ਰਿਫਤਾਰ ਕਰਨ ਤੇ ਫਰਜ਼ੀ ਕੇਸਾਂ ਵਿੱਚ ਜੇਲ੍ਹਾਂ ਵਿੱਚ ਸੁੱਟਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਮੰਗ ਕੀਤੀ ਕਿ 8 ਘੰਟੇ ਕੰਮ ਦੇ ਦਿਨ ਦੀ ਮੰਗ ਤੇ ਜਿਉਣ ਲਈ 30000/- ਰੁ. ਘੱਟੋ ਘੱਟ ਮਾਸਿਕ ਮਜ਼ਦੂਰੀ ਦੀ ਮੰਗ ਪ੍ਰਵਾਨ ਕੀਤੀ ਜਾਵੇ।ਸਾਰੇ ਗ੍ਰਿਫਤਾਰ ਮਜ਼ਦੂਰਾਂ ਤੇ ਆਗੂਆਂ ਨੂੰ ਰਿਹਾਅ ਕੀਤਾ ਜਾਵੇ ਤੇ ਸਾਰੇ ਕੇਸ ਵਾਪਸ ਲਏ ਜਾਣ।ਇਸ ਦੀ ਸਮੁੱਚੇ ਇਕੱਠ ਵੱਲੋਂ ਹੱਥ ਖੜੇ ਕਰਕੇ ਸਹਿਮਤੀ ਪ੍ਰਗਟਾਈ ਗਈ।ਪ੍ਰੋ. ਜਗਮੋਹਨ ਸਿੰਘ ਨੇ ਆਏ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਪ੍ਰਿਤਪਾਲ ਸਿੰਘ ਤੇ ਨਰਭਿੰਦਰ ਵੱਲੋਂ ਨਿਭਾਇਆ ਗਿਆ।ਸਵਾਲਾਂ ਦੇ ਜਵਾਬ ਬੁਲਾਰਿਆਂ ਵੱਲੋਂ ਸੁਹਿਰਦਤਾ ਨਾਲ ਦਿੱਤੇ ਗਏ।

# ਵਰਲਡ ਯੂਨੀਵਰਸਿਟੀ 'ਚ ਵਿਸਾਖੀ ਨੂੰ ਸਮਰਪਤ ਕੌਮੀ ਸੈਮੀਨਾਰ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਵਿਸਾਖੀ 2026 ਨੂੰ ਸਮਰਪਤ ਇੱਕ ਰੋਜ਼ਾ ਕੌਮੀ ਸੈਮੀਨਾਰ 'ਪੰਜਾਬ ਵਿੱਚ ਸੱਭਿਆਚਾਰਕ ਬਦਲਾਅ : ਸੰਚਾਰ, ਸੰਗੀਤ ਤੇ ਆਧੁਨਿਕਤਾ ਦੇ ਸਰੋਕਾਰ' ਦਾ ਸਫਲ ਆਯੋਜਨ ਕੀਤਾ ਗਿਆ।ਡਾ. ਸਿਕੰਦਰ ਸਿੰਘ ਡੀਨ ਭਾਸ਼ਾਵਾਂ ਤੇ ਮੁਖੀ ਪੰਜਾਬੀ ਵਿਭਾਗ ਨੇ ਆਏ ਵਿਦਵਾਨਾਂ ਦਾ ਸਵਾਗਤ ਕਰਦੇ ਹੋਏ ਸੈਮੀਨਾਰ ਦੀ ਰੂਪ-ਰੇਖਾ ਪੇਸ਼ ਕੀਤੀ।ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਵਾਇਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਭੋਗੀ ਬਿਰਤੀ 'ਤੇ ਚਿੰਤਾ ਜ਼ਾਹਰ ਕਰਦਿਆਂ ਨਵੀਂ ਪੀੜ੍ਹੀ ਨੂੰ ਬਦਲਾਅ ਨੂੰ ਸਮਝਦਾਰੀ ਨਾਲ ਅਪਣਾਉਣ ਤੇ ਜੀਵਨ ਵਿੱਚ ਸੰਤੁਲਨ ਬਣਾਈ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ।ਪ੍ਰੋ. ਐਮਰਿਟਸ ਸਵਰਾਜ ਰਾਜ ਨੇ ਮੁੱਖ ਵਕਤਾ ਵਜੋਂ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਆਧੁਨਿਕ ਸਮੇਂ ਵਿੱਚ ਮਨੁੱਖ ਨੂੰ ਗੀਤ ਤੇ ਸੰਗੀਤ ਦੇ ਮਾਧਿਅਮ ਰਾਹੀਂ ਖ਼ਪਤਕਾਰ ਵਜੋਂ ਸਥਾਪਤ ਕੀਤਾ ਜਾ ਰਿਹਾ ਹੈ।ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਡਾ. ਸਿਕੰਦਰ ਸਿੰਘ ਨੇ ਪੰਜਾਬੀ ਸਮਾਜ ਵਿੱਚ ਆ ਰਹੇ ਬਹੁ-ਪੱਖੀ ਬਦਲਾਅ ਤੇ ਉਨ੍ਹਾਂ ਦੇ ਪ੍ਰਭਾਵਾਂ ਦਾ ਡੂੰਘਾਈ ਨਾਲ ਵਿਸ਼ਲੇਸ਼ਣ ਕਰਨ ਤੇ ਉਨ੍ਹਾਂ ਨੂੰ ਸੰਭਾਲਣ ਲਈ ਸਾਂਝੇ ਉਪਰਾਲਿਆਂ ਦੀ ਲੋੜ 'ਤੇ ਜ਼ੋਰ ਦਿੱਤਾ।ਡਾ. ਸੇਵਕ ਸਿੰਘ ਨੇ ਮਨੁੱਖੀ ਲੋੜਾਂ ਤੇ ਸੰਚਾਰ ਦੇ ਸੰਦਰਭ ਵਿੱਚ, ਜਦਕਿ ਡਾ. ਜਸਬੀਰ ਸਿੰਘ ਨੇ ਨਿਵੇਕਲੇ ਨਜ਼ਰੀਏ ਤੋਂ ਸੱਭਿਆਚਾਰਕ ਬਦਲਾਅ ਨੂੰ ਸਮਝਣ ਦੀ ਲੋੜ 'ਤੇ ਰੌਸ਼ਨੀ ਪਾਈ।ਅੰਤ ਵਿੱਚ ਡਾ. ਹਰਪ੍ਰੀਤ ਕੌਰ ਨੇ ਆਏ ਵਿਦਵਾਨਾਂ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ, ਜਦਕਿ ਡਾ. ਚਰਨਜੀਤ ਕੌਰ ਨੇ ਮੰਚ ਸੰਚਾਲਕ ਦੀ ਭੂਮਿਕਾ ਨਿਭਾਈ।

## ਪ ਸ ਸ ਫ ਵੱਲੋਂ ਡੀ ਏ ਦਾ ਬਕਾਇਆ ਤੁਰੰਤ ਜਾਰੀ ਕਰਨ ਦੀ ਮੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਇੱਕ ਪਾਸੇ ਕੇਂਦਰ ਸਰਕਾਰ ਨੇ ਆਪਣੇ 50 ਲੱਖ ਮੁਲਾਜ਼ਮਾਂ ਤੇ 69 ਲੱਖ ਪੈਨਸ਼ਨਰਾਂ ਦਾ ਮਹਿੰਗਾਈ ਭੱਤਾ ਬੀਤੇ ਕੱਲ੍ਹ 1 ਜਨਵਰੀ 2026 ਤੋਂ 58 ਫੀਸਦੀ ਤੋਂ ਵਧਾ ਕੇ 60 ਫੀਸਦੀ ਕਰ ਦਿੱਤਾ ਹੈ।ਤਸਵੀਰ ਦਾ ਦੂਜਾ ਪਹਿਲੂ ਇਹ ਹੈ ਕਿ ਪੰਜਾਬ ਵਿੱਚ ਪਿਛਲੇ ਚਾਰ ਸਾਲਾਂ ਤੋਂ ਹੁਕਮਰਾਨ ਭਗਵੰਤ ਮਾਨ ਸਰਕਾਰ ਆਪਣੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇਣ ਦੇ ਮਾਮਲੇ ਵਿੱਚ ਕੇਂਦਰ ਸਰਕਾਰ ਤੇ ਬਹੁਤ ਸਾਰੇ ਹੋਰ ਰਾਜਾਂ ਨਾਲੋਂ ਬੁਰੀ ਤਰ੍ਹਾਂ ਪਛੜ ਚੁੱਕੀ ਹੈ।ਆਗੂਆਂ ਨੇ ਦੱਸਿਆ ਕਿ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਾਂ ਨੂੰ ਅਜੇ ਤੱਕ ਸਿਰਫ 42 ਫੀਸਦੀ ਹੀ ਮਹਿੰਗਾਈ ਭੱਤਾ ਦੇ ਰਹੀ ਹੈ।ਆਪਣੀ ਇਸ ਹੱਕੀ ਤੇ ਜਾਇਜ਼ ਮੰਗ ਦੀ ਪ੍ਰਾਪਤੀ ਲਈ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸੰਘਰਸ਼ਾਂ ਦਾ ਪਿੜ ਮੱਲਿਆ ਹੋਇਆ ਹੈ।ਸੰਘਰਸ਼ਾਂ ਦੇ ਰਾਹ ਦੇ ਨਾਲ-ਨਾਲ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਬਹੁਤ ਸਾਰੀਆਂ ਸਿਵਲ ਰਿੱਟ ਪਟੀਸ਼ਨਾਂ ਵੀ ਦਾਇਰ ਕਰਨ ਵਾਸਤੇ ਮਜਬੂਰ ਹੋਣਾ ਪਿਆ ਹੈ।ਪਿਛਲੇ ਦਿਨੀਂ 8 ਅਪ੍ਰੈਲ ਨੂੰ ਮਾਨਯੋਗ ਅਦਾਲਤ ਵੱਲੋਂ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਬਣਦਾ ਡੀ ਏ ਦੇਣ ਲਈ ਅੰਤ੍ਰਿਮ ਹੁਕਮ ਵੀ ਜਾਰੀ ਕੀਤੇ ਗਏ ਹਨ।ਇਸ ਸਬੰਧੀ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਸੂਬਾ ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਮੁੱਖ ਜਥੇਬੰਦਕ ਸਕੱਤਰ ਜਗਦੀਸ਼ ਸਿੰਘ ਚਾਹਲ ਤੇ ਸੂਬਾਈ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਬਕਾਇਆ ਪਈਆਂ 6 ਕਿਸ਼ਤਾਂ ਅਨੁਸਾਰ ਬਣਦਾ 18 ਫੀਸਦੀ ਡੀ ਏ ਤੁਰੰਤ ਦਿੱਤਾ ਜਾਵੇ।ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਖਤਿਆਰ ਕੀਤਾ ਗਿਆ ਇਹ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਵਤੀਰਾ ਆਮ ਆਦਮੀ ਪਾਰਟੀ ਨੂੰ ਪੰਜਾਬ ਵਿਧਾਨ ਸਭਾ ਚੋਣਾਂ 2027 ਵਿੱਚ ਬਹੁਤ ਮਹਿੰਗਾ ਪਵੇਗਾ ਤੇ ਇਸ ਦਾ ਖਮਿਆਜ਼ਾ ਆਮ ਆਦਮੀ ਪਾਰਟੀ ਨੂੰ ਭੁਗਤਣਾ ਪਵੇਗਾ।

## ਡਾ: ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਸਵਿਧਾਨ ਨਿਰਮਾਤਾ ਡਾ: ਭੀਮ ਰਾਓ ਅੰਬੇਡਕਰ ਸਾਹਿਬ ਜੀ ਦੇ 135ਵੇਂ ਜਨਮ ਦਿਹਾੜੇ ਨੂੰ ਸਮਰਪਤ ਹਲਕਾ ਸਮਾਣਾ ਦੇ ਪਿੰਡ ਝੰਡੀ ਵਿਖੇ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਆਗੂਆਂ ਵੱਲੋਂ ਬਾਬਾ ਸਾਹਿਬ ਦੇ ਜੀਵਨ ਬਾਰੇ ਤੇ ਉਨ੍ਹਾਂ ਵੱਲੋਂ ਲਿਖੇ ਸੰਵਿਧਾਨ ਵਿੱਚ ਸਾਨੂੰ ਮਿਲੇ ਅਧਿਕਾਰਾਂ ਬਾਰੇ ਖੂਬ ਚਰਚਾ ਕੀਤੀ ਗਈ।ਇਸ ਮੌਕੇ ਜੋਗਾ ਸਿੰਘ ਪਨੋਦੀਆ ਸਕੱਤਰ ਬਸਪਾ ਪੰਜਾਬ ਨੇ ਕਿਹਾ ਕਿ ਬਾਬਾ ਸਾਹਿਬ ਨੇ ਆਪਣੀ ਬਹੁਤ ਹੀ ਸੰਘਰਸ਼ਮਈ ਜ਼ਿੰਦਗੀ ਬਤੀਤ ਕੀਤੀ ਹੈ, ਜਿਨ੍ਹਾਂ ਨੇ ਐਨੀਆਂ ਕਠਿਨਾਈਆਂ ਝੱਲਦੇ ਹੋਏ ਸਾਨੂੰ ਐਸਾ ਸੰਵਿਧਾਨ ਦਿੱਤਾ, ਜਿਸ ਵਿੱਚ ਸਭ ਨੂੰ ਬਰਾਬਰ ਜ਼ਿੰਦਗੀ ਜਿਉਣ ਦੇ ਹੱਕ ਸਾਨੂੰ ਮਿਲੇ ਹੋਏ ਹਨ।ਸੰਵਿਧਾਨ ਦੀ ਬਦੌਲਤ ਭਾਰਤ ਵਿੱਚ ਅੱਜ ਅਸੀਂ ਅਜ਼ਾਦ ਜ਼ਿੰਦਗੀ ਬਤੀਤ ਕਰ ਰਹੇ ਹਾਂ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਬਲਦੇਵ ਸਿੰਘ ਮਹਿਰਾ ਉਪ ਪ੍ਰਧਾਨ ਬਸਪਾ ਪੰਜਾਬ, ਜੋਗਾ ਸਿੰਘ ਪਨੋਦੀਆ ਸਕੱਤਰ ਬਸਪਾ ਪੰਜਾਬ, ਮੇਜਰ ਸਿੰਘ ਟਿੱਬੀ ਜ਼ਿਲ੍ਹਾ ਪ੍ਰਧਾਨ, ਰੂਪ ਸਿੰਘ ਬਠੋਈ ਇੰਚਾਰਜ ਹਲਕਾ ਸਮਾਣਾ, ਬੰਤ ਸਿੰਘ ਝੰਡੀ ਇੰਚਾਰਜ ਹਲਕਾ ਸਮਾਣਾ, ਚੰਦ ਸਿੰਘ ਝੰਡੀ ਸਕੱਤਰ ਬਸਪਾ ਜ਼ਿਲ੍ਹਾ ਪਟਿਆਲਾ, ਮੋਹਨ ਲਾਲ ਹਲਕਾ ਪ੍ਰਧਾਨ, ਜੋਗਾ ਸਿੰਘ ਸਕੱਤਰ ਹਲਕਾ ਸਮਾਣਾ, ਕਮਲਜੀਤ ਕੌਰ ਸਕੱਤਰ ਲੇਡੀ ਵਿੰਗ ਜ਼ਿਲ੍ਹਾ ਪਟਿਆਲਾ, ਹਰਮੇਸ਼ ਸਿੰਘ ਝੰਡੀ, ਜਰਨੈਲ ਸਿੰਘ ਸਮਾਣਾ, ਸੰਦੀਪ ਟੋਇਆਂ, ਗੁਰਧਿਆਨ ਗੁਰੀ, ਕੁਲਦੀਪ ਸਿੰਘ ਸੂਬੇਦਾਰ, ਹਰਬੰਸ ਸਿੰਘ ਰਾਮਗੜ੍ਹ, ਗਿੰਦਰ ਸਿੰਘ ਰਾਮਗੜ੍ਹ ਆਦਿ ਪਹੁੰਚੇ ਹੋਏ ਸਨ।

## ਨਸ਼ਿਆਂ ਵਿਰੁੱਧ ਜੰਗ ਨੂੰ ਤੇਜ਼ ਕਰਨ ਲਈ ਟੀਮ ਨੂੰ ਕੀਤਾ ਲਾਮਬੰਦ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਹਲਕਾ ਸਮਾਣਾ ਦੇ ਯੁੱਧ ਨਸ਼ਿਆਂ ਵਿਰੁੱਧ ਵਿੰਗ ਦੇ ਬਲਾਕ ਕੋਆਰਡੀਨੇਟਰਾਂ ਦੀ ਇੱਕ ਵਿਸ਼ੇਸ਼ ਕਾਰਜਕਾਰਨੀ ਮੀਟਿੰਗ ਹਰਚੰਦ ਸਿੰਘ ਬਰਸਟ, ਸੂਬਾ ਜਨਰਲ ਸਕੱਤਰ ਆਪ ਪੰਜਾਬ ਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਦੀ ਅਗਵਾਈ ਹੇਠ ਕੀਤੀ ਗਈ।ਮੀਟਿੰਗ ਦੌਰਾਨ ਹਰਚੰਦ ਸਿੰਘ ਬਰਸਟ ਵੱਲੋਂ ਟੀਮ ਮੈਂਬਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਨਸ਼ਿਆਂ ਦੇ ਵਧਦੇ ਪ੍ਰਭਾਵ 'ਤੇ ਗੰਭੀਰ ਚਿੰਤਾ ਜਤਾਈ ਗਈ।ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਲੜਾਈ ਨੂੰ ਹੋਰ ਮਜ਼ਬੂਤ ਕਰਨ ਲਈ ਸਾਰੇ ਮੈਂਬਰ ਹੋਰ ਵੀ ਜ਼ਿਆਦਾ ਸਰਗਰਮ ਹੋ ਕੇ ਮੈਦਾਨ ਵਿੱਚ ਉਤਰਨ।ਉਨ੍ਹਾਂ ਟੀਮ ਨੂੰ ਲਾਮਬੰਦ ਕਰਦਿਆਂ ਅਪੀਲ ਕੀਤੀ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਤੋਂ ਬਚਾਉਣ ਲਈ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣ ਤੇ ਘਰ-ਘਰ ਤੱਕ ਸੁਨੇਹਾ ਪਹੁੰਚਾਇਆ ਜਾਵੇ।ਮੀਟਿੰਗ ਵਿੱਚ ਇਹ ਵੀ ਜ਼ੋਰ ਦਿੱਤਾ ਗਿਆ ਕਿ ਸਮਾਜ ਦੇ ਸਹਿਯੋਗ ਨਾਲ ਹੀ ਨਸ਼ਿਆਂ ਵਿਰੁੱਧ ਇਸ ਜੰਗ ਨੂੰ ਜਿੱਤਿਆ ਜਾ ਸਕਦਾ ਹੈ ਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਦੇ ਕੇ 'ਰੰਗਲਾ ਪੰਜਾਬ' ਦੀ ਸਿਰਜਣਾ ਕੀਤੀ ਜਾ ਸਕਦੀ ਹੈ।ਇਸ ਮੌਕੇ ਬਲਜਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਕੁਲਦੀਪ ਸਿੰਘ ਵਿਰਕ ਪ੍ਰਧਾਨ, ਰਾਮ ਸਿੰਘ ਫਤਿਹਪੁਰ ਵਾਇਸ ਪ੍ਰਧਾਨ, ਜਸਬੀਰ ਸਿੰਘ ਤਰੈਂ ਵਾਇਸ ਪ੍ਰਧਾਨ, ਗਿਨੀ ਖੰਗੂੜਾ ਬਲਾਕ ਪ੍ਰਧਾਨ, ਹਰਪ੍ਰੀਤ ਸਿੰਘ, ਪਰਗਟ ਸਿੰਘ, ਅੰਗਰੇਜ਼ ਸਿੰਘ ਭੁੱਲਰ, ਜਰਨੈਲ ਸਿੰਘ, ਹਰਬੰਸ ਸਿੰਘ ਦਾਨੀਪੁਰ, ਬਿੰਦਰ ਨਾਗਰ, ਹਰਸ਼ ਵਿਰਕ ਵਿੰਗ ਦੇ ਬਲਾਕ ਕੋਆਰਡੀਨੇਟਰ ਤੇ ਹੋਰ ਮੈਂਬਰ ਹਾਜ਼ਰ ਸਨ।

## ਗੋਬਿੰਦਪੁਰਾ ਸਕੂਲ 'ਚ ਵਿਦਿਆਰਥੀਆਂ ਨੂੰ ਸਿਖਲਾਈ ਟੂਲ ਕਿੱਟਾਂ ਵੰਡੀਆਂ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੀ.ਐੱਮ. ਸ਼੍ਰੀ ਯੋਜਨਾ ਅਧੀਨ ਸਾਲ 2025-26 ਦੌਰਾਨ ਚੱਲ ਰਹੀਆਂ ਐੱਨ.ਐੱਸ.ਕਿਊ.ਐੱਫ. ਟਰੇਡਾਂ ਵਿੱਚ ਪੜ੍ਹ ਰਹੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਪ੍ਰਯੋਗਾਤਮਕ ਹੁਨਰਾਂ ਨੂੰ ਵਿਕਸਿਤ ਕਰਨ ਤੇ ਰੋਜ਼ਗਾਰ ਦੇ ਮੌਕਿਆਂ ਲਈ ਤਿਆਰ ਕਰਨ ਦੇ ਉਦੇਸ਼ ਨਾਲ ਪੀ. ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵਿਖੇ ਸਿਖਲਾਈ ਸਮੱਗਰੀ (ਟੂਲ ਕਿੱਟਾਂ) ਦੀ ਵੰਡ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਪਹਿਲਾਂ ਟੂਲ ਕਿੱਟਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਆਪਣੇ ਸਿੱਖੇ ਹੋਏ ਹੁਨਰਾਂ ਨੂੰ ਅਮਲੀ ਜ਼ਿੰਦਗੀ ਵਿੱਚ ਲਾਗੂ ਕਰਦੇ ਹੋਏ ਇਸ ਸਿਖਲਾਈ ਸਮੱਗਰੀ ਦਾ ਪੂਰਾ ਲਾਭ ਲੈਣ। ਇਸ ਮੌਕੇ ਪਿੰਡ ਗੋਬਿੰਦਪੁਰਾ ਦੇ ਸਰਪੰਚ ਅਵਤਾਰ ਸਿੰਘ ਬੂਟਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਤੇ ਉਨ੍ਹਾਂ ਨੇ ਵੀ ਵਿਦਿਆਰਥੀਆਂ ਨੂੰ ਹੁਨਰ ਅਧਾਰਤ ਸਿੱਖਿਆ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਵੋਕੇਸ਼ਨਲ ਟ੍ਰੇਨਰਾਂ ਸ੍ਰੀਮਤੀ ਰਾਜਪ੍ਰੀਤ ਕੌਰ ਤੇ ਸ੍ਰੀਮਤੀ ਮਮਤਾ ਭੰਡਾਰੀ ਨੇ ਦੱਸਿਆ ਕਿ ਕੁੱਲ 51 ਵਿਦਿਆਰਥੀਆਂ ਨੂੰ ਇਸ ਯੋਜਨਾ ਦਾ ਲਾਭ ਮਿਲਿਆ। ਇਸ ਮੌਕੇ ਸਮੁੱਚੇ ਸਟਾਫ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਆਪਣੇ ਹੁਨਰਾਂ ਨੂੰ ਹੋਰ ਨਿਖਾਰਨ ਤੇ ਆਤਮਨਿਰਭਰ ਬਣਨ ਲਈ ਪ੍ਰੇਰਿਤ ਕੀਤਾ।

## ਬੇਅਦਬੀ ਖਿਲਾਫ਼ ਪਾਸ ਕੀਤਾ ਕਾਨੂੰਨ ਸ਼ਲਾਘਾਯੋਗ ਕਦਮ : ਐਡਵੋਕੇਟ ਬੱਬਣ ਗੋਇਲ



**ਨਿਹਾਲ ਸਿੰਘ ਵਾਲਾ (ਲਵਲੀ ਮਾਡੀਕੇ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਲਿਆਉਣਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ।ਮੁੱਖ ਮੰਤਰੀ ਭਗਵਾਨ ਸਿੰਘ ਮਾਨ ਨੇ 2022 ਦੀਆਂ ਵਿਧਾਨ ਸਭਾ ਦੀਆ ਚੋਣਾਂ ਤੋਂ ਪਹਿਲਾਂ ਪੰਥਕ ਮਸਲਿਆਂ 'ਤੇ ਸੰਜੀਦਗੀ ਨਾਲ ਪਹਿਰਾ ਦਿੰਦਿਆ ਜੋ ਵਾਅਦਾ ਕੀਤਾ ਸੀ, ਉਸ ਨੂੰ ਨਿਭਾਅ ਕੇ ਪੰਥ ਪ੍ਰਸਤ ਹੋਣ ਦਾ ਸਬੂਤ ਦਿੱਤਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਆਮ ਆਦਮੀ ਪਾਰਟੀ, ਪੰਜਾਬ, ਸਟੇਟ ਲੀਗਲ ਵਿੰਗ ਦੇ ਜੋਇੰਟ ਸੈਕਟਰੀ ਐਡਵੋਕੇਟ ਬੱਬਣ ਗੋਇਲ ਨੇ ਪਿਛਲੇ ਦਿਨੀਂ ਬੇਅਦਬੀ ਦੇ ਖਿਲਾਫ ਪਾਸ ਕੀਤੇ ਕਾਨੂੰਨ ਤੇ ਪ੍ਰਤੀਕਿਰਿਆ ਦਿੰਦੇ ਹੋਏ ਕੀਤਾ।ਉਨ੍ਹਾਂ ਕਿਹਾ ਪੰਜਾਬ ਇੱਕ ਇਹੋ ਜਿਹਾ ਸੂਬਾ ਹੈ, ਜਿੱਥੇ ਗੁਰੂਆਂ ਪੀਰਾਂ ਦੀ ਬਹੁਤ ਮੰਨਤਾ ਹੈ ਅਤੇ ਇਹ ਇੱਕ ਪਵਿੱਤਰ ਧਰਤੀ ਹੈ ਤੇ ਹਰ ਇੱਕ ਪੰਜਾਬੀ ਲਈ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਿਆਦਾ ਅਤੇ ਸਤਿਕਾਰ ਬਹੁਤ ਜ਼ਿਆਦਾ ਹੈ।ਪਿਛਲੇ ਕੁਝ ਸਮੇਂ ਦੌਰਾਨ ਪੰਜਾਬ ਵਿਰੋਧੀ ਤਾਕਤਾ ਵੱਲੋਂ ਬੇਅਦਬੀ ਵਰਗੇ ਘਿਨਾਉਣੇ ਗੁਨਾਹ ਕੀਤੇ ਗਏ ਤੇ ਅਜਿਹੀਆਂ ਕੁੱਝ ਘਟਨਾਵਾਂ ਨੇ ਪੰਜਾਬੀਆਂ ਦੇ ਮਨਾਂ ਨੂੰ ਝੰਜੋੜ ਕੇ ਰੱਖ ਦਿੱਤਾ ਸੀ ਅਤੇ ਇਸ ਨਾਲ ਸਾਰੀ ਹੀ ਸੰਗਤਾਂ ਨੂੰ ਗਹਿਰੀ ਸੱਟ ਲੱਗੀ ਸੀ।ਉਨ੍ਹਾਂ ਗੁਨਾਹਗਾਰਾਂ ਨੂੰ ਸਖ਼ਤ ਸਜ਼ਾ ਦੇਣ ਤੇ ਪੰਜਾਬੀਆਂ ਦੇ ਮਨਾਂ ਨੂੰ ਸ਼ਾਂਤੀ ਦੇਣ ਲਈ ਪੰਜਾਬ ਸਰਕਾਰ ਨੇ ਵਿਸ਼ੇਸ਼ ਕਾਨੂੰਨ ਪਾਸ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ ਅਤੇ ਇਸਦੇ ਨਾਲ ਹੀ ਇਹ ਸੰਗਤਾ ਲਈ ਤਸੱਲੀ ਦਾ ਸਬੱਬ ਬਣਿਆ ਹੈ।ਐਡਵੋਕੇਟ ਬੱਬਨ ਗੋਇਲ ਨੇ ਦੱਸਿਆ ਕਿ ਇਸ ਕਾਨੂੰਨ ਬਣਨ ਨਾਲ ਬੇਅਦਬੀ ਵਰਗੀਆਂ ਘਟਨਾਵਾਂ ਨੂੰ ਨੱਥ ਪਵੇਗੀ ਅਤੇ ਇਹ ਇੱਕ ਇਤਿਹਾਸਿਕ ਕਦਮ ਹੈ, ਜੋ ਇਹ ਪਿਛਲੀਆਂ ਸਰਕਾਰਾਂ ਵੱਲੋਂ ਕੁੱਝ ਨਹੀਂ ਕੀਤਾ ਗਿਆ। ਭਗਵੰਤ ਸਿੰਘ ਮਾਨ ਨੇ ਪਹਿਲੇ ਦਿਨ ਤੋ ਹੀ ਇਹ ਗੱਲ ਠਾਣੀ ਹੋਈ ਸੀ ਕੇ ਬੇਅਦਬੀ ਵਰਗੀਆਂ ਇਸ ਘਟਨਾਵਾਂ ਦੇ ਖਿਲਾਫ ਸਖ਼ਤ ਤੋਂ ਸਖ਼ਤ ਕਾਨੂੰਨ ਬਣਾਇਆ ਜਾਵੇ ਅਤੇ ਇਹ ਕਦਮ ਉਠਾ ਕੇ ਮਾਨ ਸਰਕਾਰ ਨੇ ਪੰਜਾਬ ਦੇ ਲੋਕਾਂ ਦਾ ਕੱਦ ਉੱਚਾ ਕੀਤਾ ਹੈ ਅਤੇ ਇਹ ਗੱਲ ਸਾਬਤ ਕੀਤੀ ਹੈ ਕਿ ਉਹ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ ਦੇ ਖਰੇ ਉਤਰਦੇ ਹਨ।

## ਚੋਰਾਂ ਵੱਲੋਂ ਆੜ੍ਹਤੀਆਂ ਦੇ ਫੜ੍ਹ 'ਚੋਂ ਕਣਕ ਦੀਆਂ 59 ਬੋਰੀਆਂ ਚੋਰੀ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਦਾਣਾ ਮੰਡੀ ਪੰਜੋਲਾ ਤੋਂ ਚੋਰਾਂ ਵੱਲੋਂ 18 ਅਪ੍ਰੈਲ ਦੀ ਰਾਤ ਮਾਰਕਫੈਡ ਏਜੰਸੀ ਵੱਲੋਂ ਖਰੀਦ ਕੀਤੀ ਸਾਰਕਾਰੀ ਕਣਕ ਦੀਆਂ 50 ਕਿਲੋਗ੍ਰਾਮ ਵਾਲੀਆਂ ਬੋਰੀਆਂ ਚੋਰੀ ਕਰਨ ਦੀ ਖ਼ਬਰ ਹੈ! ਪੁਲਿਸ ਚੌਂਕੀ ਬਲਬੇੜਾ ਵੱਲੋਂ ਚੋਰਾਂ ਦੀ ਭਾਲ਼ ਕੀਤੀ ਜਾ ਰਹੀ ਹੈ। ਜਾਣਕਾਰੀ ਅਨੁਸਾਰ 18 ਅਪ੍ਰੈਲ ਦੀ ਰਾਤ ਤਿੰਨ ਵਿਅਕਤੀ ਇਕ ਕਰੇਟਾ ਗੱਡੀ ਵਿੱਚ ਆਏ ਅਤੇ ਉਨ੍ਹਾਂ ਨੇ ਤਿੰਨ ਚੱਕਰਾਂ ਵਿੱਚ ਮੈਸ ਪੰਜੋਲਾ ਟ੍ਰੇਡਿੰਗ ਕੰਪਨੀ ਦੇ ਫੜ 'ਚੋਂ 47 ਬੋਰੀਆਂ ਤੇ ਮੈਸ ਮੇਹਰ ਐਂਡ ਸਨਜ਼ ਦੇ ਫੜ ਤੋਂ 12 ਬੋਰੀਆਂ ਕਣਕ ਦੀਆਂ ਚੋਰੀ ਕਰ ਲਈਆਂ ਗਈਆਂ! ਇਹ ਸਾਰੀ ਘਟਨਾ ਸੀ.ਸੀ.ਟੀ.ਵੀ. ਕੈਮਰੇ ਵਿੱਚ ਕੈਦ ਹੋ ਗਈ ਹੈ, ਜਿਸ ਦੇ ਆਧਾਰ 'ਤੇ ਪੁਲਸ ਚੋਰਾਂ ਦੀ ਭਾਲ਼ ਕਰ ਰਹੀ ਹੈ!

## ਕੌਮਾਂਤਰੀ ਮਈ ਦਿਵਸ ਮਨਾਉਣ ਸੰਬੰਧੀ ਮੀਟਿੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਕੌਮਾਂਤਰੀ ਮਈ ਦਿਵਸ ਮਨਾਉਣ ਦੀ ਤਿਆਰੀ ਸਬੰਧੀ ਮੀਟਿੰਗ ਪਿੰਡ ਰਾਮਪੁਰਾ ਵਿਖੇ ਇੰਨਕਲਾਬੀ ਕੇਂਦਰ ਪੰਜਾਬ ਦੇ ਆਗੂ ਮੁਖਤਿਆਰ ਸਿੰਘ ਪੂਹਲਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੇ ਸ਼ੁਰੂ ਵਿੱਚ ਦੱਬੇ ਕੁਚਲੇ ਦੇ ਹਾਮੀ ਇੰਨਕਲਾਬੀ ਜਮਹੂਰੀ ਲਹਿਰ ਦੇ ਆਗੂ ਐੱਨ ਕੇ ਜੀਤ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਵਿੱਚ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ, ਮਿਹਨਤਕਸ਼ ਲੋਕਾਂ ਨੂੰ ਇੱਕ ਮਈ ਨੂੰ ਸਵੇਰੇ 10 ਵਜੇ ਪਿੰਡ ਰਾਮਪੁਰਾ ਦੀ ਜੱਸਾ ਮੱਸਾ ਧਰਮਸ਼ਾਲਾ ਸਾਹਮਣੇ ਵੱਡਾ ਗੁਰਦੁਆਰਾ ਰਾਮਪੁਰਾ ਵਿਖੇ ਕਾਫਲੇ ਬੰਨ੍ਹ ਕੇ ਪਹੁੰਚਣ ਦਾ ਸੱਦਾ ਦਿੱਤਾ ਗਿਆ ਹੈ।ਇਸ ਮੌਕੇ ਇੰਨਕਲਾਬੀ ਕੇਂਦਰ ਦੇ ਆਗੂ ਜਗਜੀਤ ਸਿੰਘ ਲਹਿਰਾ, ਹਰਮੇਸ਼ ਕੁਮਾਰ ਰਾਮਪੁਰਾ, ਡਾਕਟਰ ਨਰੰਜਣ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਜਗਦੀਸ਼ ਸਿੰਘ, ਪਰਮਜੀਤ ਸਿੰਘ, ਚੰਦ ਸਿੰਘ ਡੈਮੋਕ੍ਰੇਟਿਕ ਟੀਚਰ ਫਰੰਟ ਦੇ ਬੇਅੰਤ ਸਿੰਘ, ਭੱਠਾ ਮਜ਼ਦੂਰ ਯੂਨੀਅਨ ਦੇ ਜ਼ੋਰਾ ਸਿੰਘ, ਭੋਲਾ ਸਿੰਘ, ਜਗਤਾਰ ਸਿੰਘ ਮੈਡੀਕਲ ਪ੍ਰੈਕਟੀਸ਼ਨਰ, ਯੂਨੀਅਨ ਦੇ ਜਸਪ੍ਰੀਤ ਸਿੰਘ ਤੇ ਮੰਦਰ ਜੱਸੀ, ਪ੍ਰਿਤਪਾਲ ਸਿੰਘ ਮੰਡੀ ਕਲਾਂ ਸ਼ਾਮਲ ਹੋਏ।

## ਮੁੱਖ ਮਾਰਗ 'ਤੇ ਦੋ ਟਰਾਲਿਆਂ ਨੂੰ ਲੱਗੀ ਭਿਆਨਕ ਅੱਗ, ਲੱਖਾਂ ਦਾ ਨੁਕਸਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੁੱਖ ਮਾਰਗ 'ਤੇ ਪਿੰਡ ਨਿਹਾਲੂਵਾਲ ਦੇ ਇੱਕ ਢਾਬੇ ਨੇੜੇ ਵਾਪਰੇ ਇੱਕ ਦਰਦਨਾਕ ਹਾਦਸੇ 'ਚ ਖੜ੍ਹੇ ਦੋ ਟਰਾਲਿਆਂ ਨੂੰ ਭਿਆਨਕ ਅੱਗ ਲੱਗ ਗਈ, ਜਿਸ ਕਾਰਨ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ।

ਜਾਣਕਾਰੀ ਅਨੁਸਾਰ ਬਠਿੰਡਾ ਤੋਂ ਮਿੱਟੀ ਲੱਦ ਕੇ ਸ਼੍ਰੀ ਅਨੰਦਪੁਰ ਸਾਹਿਬ ਦੀ ਸੀਮੈਂਟ ਫੈਕਟਰੀ ਵੱਲ ਜਾ ਰਿਹਾ ਇੱਕ ਟਰਾਲਾ ਰਸਤੇ 'ਚ ਖਰਾਬ ਹੋਣ ਕਾਰਨ ਮੁੱਖ ਮਾਰਗ ਪਿੰਡ ਨਿਹਾਲੂਵਾਲ ਨੇੜੇ ਖੜ੍ਹਾ ਕੀਤਾ ਗਿਆ ਸੀ।ਜਦੋਂ ਅੱਜ ਟਰਾਲਾ ਕੰਪਨੀ ਦੇ ਮਾਲਕ ਗੁਰਚਰਨ ਸਿੰਘ ਜ਼ੀਰਾ ਤੇ ਚਮਕੌਰ ਸਿੰਘ ਬਠਿੰਡਾ ਮਕੈਨਿਕ ਨੂੰ ਨਾਲ ਲੈ ਕੇ ਇਸ ਟਰਾਲੇ ਨੂੰ ਠੀਕ ਕਰਵਾਉਣ ਪਹੁੰਚੇ, ਤਾਂ ਇੱਕ ਟਰਾਲੇ 'ਚੋਂ ਦੂਜੇ 'ਚ ਡੀਜ਼ਲ ਤੇਲ ਪਾਉਣ ਸਮੇਂ ਬੈਟਰੀ ਤੋਂ ਅਚਾਨਕ ਸਪਾਰਕਿੰਗ ਹੋ ਗਈ।ਇਸ ਮਾਮੂਲੀ ਚੰਗਿਆੜੀ ਨੇ ਦੇਖਦੇ ਹੀ ਦੇਖਦੇ ਭਿਆਨਕ ਰੂਪ ਧਾਰ ਲਿਆ ਤੇ ਦੋਵਾਂ ਟਰਾਲਿਆਂ ਦੇ ਅਗਲੇ ਹਿੱਸੇ ਸੜ ਕੇ ਪੂਰੀ ਤਰ੍ਹਾਂ ਸੁਆਹ ਹੋ ਗਏ।ਹਾਲਾਂ ਕਿ ਸਥਾਨਕ ਲੋਕਾਂ ਨੇ ਆਪਣੇ ਪੱਧਰ 'ਤੇ ਅੱਗ ਬੁਝਾਉਣ ਦੀ ਕਾਫੀ ਕੋਸ਼ਿਸ਼ ਕੀਤੀ, ਪਰ ਅੱਗ ਇੰਨੀ ਤੇਜ਼ ਸੀ ਕਿ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਨੇ ਮੌਕੇ 'ਤੇ ਪਹੁੰਚ ਕੇ ਬੜੀ ਮੁਸ਼ੱਕਤ ਨਾਲ ਇਸ 'ਤੇ ਕਾਬੂ ਪਾਇਆ।ਪੀੜਤਾਂ ਮੁਤਾਬਕ ਇਸ ਹਾਦਸੇ 'ਚ ਉਨ੍ਹਾਂ ਦਾ ਕਰੀਬ 30 ਲੱਖ ਰੁਪਏ ਦਾ ਮਾਲੀ ਨੁਕਸਾਨ ਹੋ ਗਿਆ ਹੈ।ਘਟਨਾ ਦੀ ਜਾਣਕਾਰੀ ਮਿਲਦੇ ਹੀ ਥਾਣਾ ਮਹਿਲ ਕਲਾਂ ਦੇ ਮੁੱਖ ਅਫਸਰ ਇੰਸਪੈਕਟਰ ਕੁਲਵਿੰਦਰ ਸਿੰਘ ਧਾਲੀਵਾਲ ਤੇ ਸੜਕ ਸੁਰੱਖਿਆ ਦਸਤੇ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਪੁਲਸ ਵੱਲੋਂ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।

## ਜਥੇਦਾਰ ਸਰੌਦ ਸਹਿਕਾਰੀ ਮੰਡੀਕਰਨ ਸਭਾ ਦੇ ਚੇਅਰਮੈਨ ਬਣੇ

■ ਚੌਂਦਾ ਨੇ ਐੱਮ. ਡੀ. ਤੇ ਦਲੇਲਗੜ੍ਹ ਨੇ ਉੱਪ-ਚੇਅਰਮੈਨ ਦਾ ਅਹੁਦਾ ਸੰਭਾਲਿਆ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪਿਛਲੇ ਲੰਬੇ ਸਮੇਂ ਤੋਂ ਖੇਤੀ ਸੈਕਟਰ ਦੇ ਅੰਦਰ ਨਾਮੀਂ ਸੰਸਥਾ ਵਜੋਂ ਜਾਣੀ ਜਾਂਦੀ ਸਹਿਕਾਰੀ ਮੰਡੀਕਰਨ ਸਭਾ ਮਾਲੇਰਕੋਟਲਾ ਦੀ ਚੋਣ ਦੌਰਾਨ ਉੱਘੇ ਆਗੂ ਜਥੇਦਾਰ ਗੁਰਜੀਵਨ ਸਿੰਘ ਸਰੌਦ ਨੂੰ ਅਦਾਰੇ ਦੇ ਚੇਅਰਮੈਨ, ਸਾਬਕਾ ਚੇਅਰਮੈਨ ਜਥੇਦਾਰ ਹਰਬੰਸ ਸਿੰਘ ਚੌਂਦਾ ਨੂੰ ਮੈਨੇਜਿੰਗ ਡਾਇਰੈਕਟਰ ਤੇ ਸੀਨੀਅਰ ਆਗੂ ਪ੍ਰਦੱਮਣ ਸਿੰਘ ਦਲੇਲਗੜ੍ਹ ਨੂੰ ਉੱਪ ਚੇਅਰਮੈਨ ਚੁਣਿਆ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਸਭਾ ਦੇ ਮੈਨੇਜਰ ਗੁਰਤੇਜ ਸਿੰਘ ਵੱਲੋਂ ਸਭਾ ਦੀ ਕਾਰਵਾਈ ਨੂੰ ਪੂਰਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਤਿੰਨ ਜ਼ਿਲ੍ਹਿਆਂ ਦੇ 4 ਵਿਧਾਨ ਸਭਾ ਹਲਕਿਆਂ ਅਮਰਗੜ੍ਹ, ਮਾਲੇਰਕੋਟਲਾ, ਮਹਿਲ ਕਲਾਂ ਤੇ ਧੂਰੀ 'ਤੇ ਅਧਾਰਤ ਸਹਿਕਾਰੀ ਸਭਾਵਾਂ ਦੇ ਕੇਂਦਰ ਬਿੰਦੂ ਵਜੋਂ ਜਾਣੀ ਜਾਂਦੀ ਸਹਿਕਾਰੀ ਮੰਡੀਕਰਨ ਸਭਾ ਮਾਲੇਰਕੋਟਲਾ ਦੇ ਚੁਣੇ ਗਏ ਕੁੱਲ 6 ਡਾਇਰੈਕਟਰਾਂ ਦੀ ਚੋਣ ਨਵੰਬਰ ਮਹੀਨੇ 'ਚ ਨੇਪਰੇ ਚੜ੍ਹਨ ਤੋਂ ਬਾਅਦ ਚੁਣੇ ਗਏ ਡਾਇਰੈਕਟਰਾਂ ਦੇ ਵਿੱਚੋਂ ਬਹੁਮੱਤ ਨਾਲ ਜਥੇਦਾਰ ਗੁਰਜੀਵਨ ਸਿੰਘ ਸਰੌਦ ਨੂੰ ਚੇਅਰਮੈਨ, ਜਥੇਦਾਰ ਹਰਬੰਸ ਸਿੰਘ ਚੌਂਦਾ ਨੂੰ ਐੱਮ.ਡੀ. ਤੇ ਸਾਬਕਾ ਚੇਅਰਮੈਨ ਪ੍ਰਦੱਮਣ ਸਿੰਘ ਦਲੇਲਗੜ੍ਹ ਨੂੰ ਉੱਪ-ਚੇਅਰਮੈਨ ਚੁਣ ਲਿਆ ਗਿਆ। ਸ਼ੇਰ ਸਿੰਘ ਭੋਗੀਵਾਲ ਤੇ ਹਰਮਨਦੀਪ ਸਿੰਘ ਸੰਗਾਲਾ ਨੂੰ ਨਾਮਜ਼ਦ ਕਰਕੇ ਕਮੇਟੀ ਵਿੱਚ ਸ਼ਾਮਲ ਕੀਤਾ। ਇਸ ਮੌਕੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਵੱਖ-ਵੱਖ ਆਗੂਆਂ ਨੇ ਕਿਹਾ ਕਿ ਖੇਤੀ ਸੈਕਟਰ ਦੇ ਨਾਲ ਸੰਬੰਧਤ ਇਹ ਸੰਸਥਾ ਕਿਸਾਨੀ ਦਾ ਕੇਂਦਰ ਹੈ। ਨਵੇਂ ਚੁਣੇ ਗਏ ਅਹੁਦੇਦਾਰ ਸੰਸਥਾ ਦੀ ਭਲਾਈ ਲਈ ਯਤਨਸ਼ੀਲ ਰਹਿਣਗੇ। ਨਵ-ਨਿਯੁਕਤ ਅਹੁਦੇਦਾਰਾਂ ਨੇ ਕਿਹਾ ਕਿ ਉਹ ਸਹਿਕਾਰੀ ਮੰਡੀਕਰਨ ਸਭਾ ਮਾਲੇਰਕੋਟਲਾ ਦੀ ਬਿਹਤਰੀ ਲਈ ਰਲ-ਮਿਲ ਕੇ ਕੰਮ ਕਰਨਗੇ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਜਥੇਦਾਰ ਹਰਬੰਸ ਸਿੰਘ ਚੌਂਦਾ, ਇੰਸਪੈਕਟਰ ਵਰਿੰਦਰ ਸਿੰਘ, ਮੈਨੇਜਰ ਗੁਰਤੇਜ ਸਿੰਘ ਨੰਗਲ, ਪ੍ਰਧਾਨ ਦਲਬਾਰਾ ਸਿੰਘ ਚਹਿਲ, ਚੇਅਰਮੈਨ ਡਾਕਟਰ ਪਰਮਜੀਤ ਸਿੰਘ ਗੁਆਰਾ, ਸਾਬਕਾ ਚੇਅਰਮੈਨ ਗੁਰਜੀਤ ਸਿੰਘ ਸਿੱਧੂ, ਜਥੇਦਾਰ ਅਮਰੀਕ ਸਿੰਘ ਨਾਰੀਕੇ, ਪ੍ਰਧਾਨ ਜਰਨੈਲ ਸਿੰਘ ਟਿਵਾਣਾ ਲਸੋਈ, ਐਡਵੋਕੇਟ ਗੁਰਮੁੱਖ ਸਿੰਘ ਟਿਵਾਣਾ, ਸੀਨੀਅਰ ਆਗੂ ਸਾਬਕਾ ਸਰਪੰਚ ਸਤਿੰਦਰ ਸਿੰਘ ਸੇਹਕੇ, ਸਰਪੰਚ ਚਮਕੌਰ ਸਿੰਘ ਭੈਣੀ, ਗੁਰਪ੍ਰੀਤ ਸਿੰਘ ਭੈਣੀ, ਡਾ. ਰਣ ਸਿੰਘ ਰਟੋਲਾਂ, ਮੇਜਰ ਸਿੰਘ ਜਗੇੜਾ ਆਦਿ ਹਾਜ਼ਰ ਸਨ।

## ਬਿਜਲੀ ਨਿਗਮ ਵੱਲੋਂ ਕਿਸਾਨਾਂ ਨਾਲ ਮਜ਼ਾਕ, ਕਾਗ਼ਜ਼ਾਂ 'ਚ ਸਪਲਾਈ ਜਾਰੀ, ਖੇਤਾਂ 'ਚ ਮੋਟਰਾਂ ਠੱਪ

**ਬੁਢਲਾਡਾ (ਅਸ਼ੋਕ ਲਾਕੜਾ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਖੇਤੀਬਾੜੀ ਸੈਕਟਰ ਲਈ ਬਿਜਲੀ ਸਪਲਾਈ ਦੇ ਕੀਤੇ ਜਾ ਰਹੇ ਦਾਅਵੇ ਖੋਖਲੇ ਸਾਬਤ ਹੋ ਰਹੇ ਹਨ।ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਵੱਲੋਂ ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ ਦੀ ਅਗਵਾਈ ਹੇਠ ਐਕਸੀਅਨ ਨੂੰ ਇੱਕ ਮੰਗ ਪੱਤਰ ਸੌਂਪਦਿਆਂ ਦੋਸ਼ ਲਾਇਆ ਕਿ ਬਿਜਲੀ ਨਿਗਮ ਵੱਲੋਂ ਕਿਸਾਨਾਂ ਨੂੰ ਸਿਰਫ਼ ਮੈਸੇਜ ਭੇਜ ਕੇ ਬੁੱਤਾ ਸਾਰਿਆ ਜਾ ਰਿਹਾ ਹੈ, ਜਦਕਿ ਅਸਲੀਅਤ ਵਿੱਚ ਖੇਤਾਂ ਤੱਕ ਬਿਜਲੀ ਨਹੀਂ ਪਹੁੰਚ ਰਹੀ। ?ਮੈਸੇਜ ਆਉਂਦੇ ਹੀ ਕੱਟ ਲੱਗ ਜਾਂਦਾ ਹੈ। ਆਗੂਆਂ ਨੇ ਦੱਸਿਆ ਕਿ ਬਿਜਲੀ ਨਿਗਮ ਵੱਲੋਂ ਕਿਸਾਨਾਂ ਦੇ ਮੋਬਾਈਲ ਫੋਨਾਂ 'ਤੇ 5 ਘੰਟੇ ਬਿਜਲੀ ਸਪਲਾਈ ਦੇਣ ਦਾ ਅਧਿਕਾਰਤ ਮੈਸੇਜ ਭੇਜਿਆ ਜਾਂਦਾ ਹੈ, ਪਰ ਜਿਉਂ ਹੀ ਕਿਸਾਨ ਖੇਤਾਂ ਵਿੱਚ ਪਹੁੰਚ ਕੇ ਮੋਟਰਾਂ ਚਾਲੂ ਕਰਦੇ ਹਨ, ਤੁਰੰਤ ਦੂਜਾ ਮੈਸੇਜ ਆ ਜਾਂਦਾ ਹੈ ਕਿ ਪਾਵਰ ਕੱਟ ਕਾਰਨ ਸਪਲਾਈ ਬੰਦ ਕੀਤੀ ਗਈ ਹੈ।ਇਸ ਅਣ-ਐਲਾਨੇ ਕੱਟ ਕਾਰਨ ਕਿਸਾਨ ਬੇਹੱਦ ਖੱਜਲ-ਖੁਆਰ ਹੋ ਰਹੇ ਹਨ। ? ?ਕਿਸਾਨ ਆਗੂਆਂ ਨੇ ਚਿੰਤਾ ਪ੍ਰਗਟਾਈ ਕਿ ਬਿਜਲੀ ਨਾ ਮਿਲਣ ਕਾਰਨ ਖੇਤਾਂ ਵਿੱਚ ਖੜ੍ਹੀਆਂ ਸਬਜ਼ੀਆਂ ਤੇ ਪਸ਼ੂਆਂ ਲਈ ਹਰਾ ਚਾਰਾ ਪਾਣੀ ਦੀ ਘਾਟ ਕਾਰਨ ਸੁੱਕ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਸਮੇਂ ਮੱਕੀ ਤੇ ਨਰਮੇ ਦੀ ਬਿਜਾਈ ਦਾ ਸੀਜ਼ਨ ਚੱਲ ਰਿਹਾ ਹੈ, ਜਿਸ ਲਈ ਪਾਣੀ ਦੀ ਬਹੁਤ ਜ਼ਰੂਰਤ ਹੈ।ਜੇਕਰ ਬਿਜਲੀ ਸਪਲਾਈ ਨਾ ਮਿਲੀ ਤਾਂ ਬਿਜਾਈ ਵਿੱਚ ਦੇਰੀ ਹੋਵੇਗੀ, ਜਿਸ ਦਾ ਸਿੱਧਾ ਅਸਰ ਝਾੜ 'ਤੇ ਪਵੇਗਾ। ?ਜਥੇਬੰਦੀ ਨੇ ਮੰਗ ਕੀਤੀ ਕਿ ?ਖੇਤੀਬਾੜੀ ਮੋਟਰਾਂ ਲਈ ਰੋਜ਼ਾਨਾ ਬਿਨਾਂ ਕਿਸੇ ਕੱਟ ਤੋਂ 8 ਘੰਟੇ ਲਗਾਤਾਰ ਸਪਲਾਈ ਯਕੀਨੀ ਬਣਾਈ ਜਾਵੇ। ? ?ਕਿਸਾਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਆਉਣ ਵਾਲੇ ਇੱਕ-ਦੋ ਦਿਨਾਂ ਵਿੱਚ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਹੋਇਆ, ਤਾਂ ਯੂਨੀਅਨ ਵੱਲੋਂ ਬਿਜਲੀ ਦਫ਼ਤਰਾਂ ਦਾ ਘਿਰਾਓ ਕੀਤਾ ਜਾਵੇਗਾ ਤੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

## 600 ਨਸ਼ੀਲੀਆਂ ਗੋਲੀਆਂ, ਦੇਸੀ ਰਿਵਾਲਵਰ ਸਮੇਤ 3 ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**

ਥਾਣਾ ਸਿਟੀ ਵੱਲੋਂ 200 ਨਸ਼ੀਲੀਆਂ ਗੋਲੀਆਂ ਤੇ ਇਕ ਰਿਵਾਲਵਰ (ਕੱਟਾ) 315 ਬੋਰ ਸਮੇਤ ਇਕ ਜਿੰਦਾ ਰੌਂਦ ਸਮੇਤ 2 ਵਿਅਕਤੀਆਂ ਨੂੰ ਅਤੇ ਥਾਣਾ ਵੈਰੋਕੇ ਦੀ ਪੁਲਸ ਵੱਲੋਂ ਇਕ ਔਰਤ ਨੂੰ 400 ਨਸ਼ੀਲੀਆਂ ਗੋਲੀਆਂ ਮਾਰਕਾ ਟਰਾਮਾਡੋਲ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਰਣਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਪਿੰਡ ਢਾਬ ਕੜਿਆਲ ਦੇ ਕੋਲ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਪੂਜਾ ਰਾਣੀ ਪਤਨੀ ਸੁਨੀਲ ਕੁਮਾਰ ਉਰਫ ਲਵਲੀ ਵਾਸੀ ਢਾਬ ਖੁਸ਼ਹਾਲ ਜੋਈਆ ਪਿੰਡ ਗੁਮਾਨੀਵਾਲਾ ਖੂਹ ਤੋਂ ਨਹਿਰ (ਸੂਆ) ਦੇ ਕੱਚੇ ਰਸਤੇ ਰਾਹੀ ਪਿੰਡ ਢਾਬ ਖੁਸ਼ਹਾਲ ਜੋਈਆ ਨੂੰ ਆ ਰਹੀ ਹੈ, ਜੇਕਰ ਹੁਣੇ ਹੀ ਨਾਕਾਬੰਦੀ ਕੀਤੀ ਜਾਵੇ ਤਾਂ ਰੰਗੇ ਹੱਥੀ ਕਾਬੂ ਆ ਸਕਦਾ ਹੈ, ਜਿਸ ਤੇ ਪੁਲਸ ਪਾਰਟੀ ਨੇ ਨਾਕਾਬੰਦੀ ਕਰਕੇ ਪੂਜਾ ਰਾਣੀ ਨੂੰ 400 ਨਸ਼ੀਲੀਆਂ ਗੋਲੀਆਂ ਮਾਰਾ ਟਰਮਾਡੋਲ ਸਮੇਤ ਕਾਬੂ ਕੀਤਾ ਗਿਆ ਹੈ। ਜਿਸ 'ਤੇ ਥਾਣਾ ਵੈਰੋਕੇ ਵਿਖੇ ਮੁਕੱਦਮਾ ਨੰਬਰ 42 ਮਿਤੀ 19 ਅਪ੍ਰੈਲ 2026 ਨੂੰ ਧਾਰਾ 22/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ। ਉਧਰ ਥਾਣਾ ਸਿਟੀ ਜਲਾਲਾਬਾਦ ਵਿਖੇ ਦਰਜ ਮੁਕੱਦਮੇ ਦੇ ਤਫਤੀਸ਼ੀ ਅਧਿਕਾਰੀ ਐਚ.ਸੀ. ਬਲਜੀਤ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਡਰੀਮ ਵਿਲਾ ਪੈਲੇਸ ਤੋਂ ਹਿਸਾਨ ਵਾਲਾ ਲਿੰਕ ਰੋਡ 'ਤੇ ਮੌਜੂਦ ਸੀ ਤਾਂ ਅਰਸ਼ਦੀਪ ਸਿੰਘ ਤੇ ਗੁਰਵਿੰਦਰ ਸਿੰਘ ਉਰਫ ਸ਼ਿਵਮ ਉਥੇ ਖੜੇ ਸੀ, ਜੋ ਪੁਲਸ ਪਾਰਟੀ ਨੂੰ ਦੇਖ ਕੇ ਇਕਦਮ ਹੱਥ ਵਿੱਚ ਫੜਿਆ ਲਿਫਾਫਾ ਜ਼ਮੀਨ 'ਤੇ ਸੁੱਟ ਕੇ ਮੌਕੇ ਤੋਂ ਖਿਸਕਣ ਲੱਗੇ, ਜਿਨ੍ਹਾਂ ਨੂੰ ਸ਼ੱਕ ਦੀ ਬਿਨ੍ਹਾ ਕਾਬੂ ਕਰਨ ਉਪਰੰਤ ਉਨ੍ਹਾਂ ਵੱਲੋਂ ਸੁੱਟਿਆ ਲਿਫਾਫਾ ਚੈੱਕ ਕਰਨ 'ਤੇ 200 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਇਨ੍ਹਾਂ ਵਿਅਕਤੀਆਂ ਦੀ ਤਲਾਸ਼ੀ ਕਰਨ ਤੇ ਇਕ ਦੇਸੀ ਰਿਵਾਲਵਰ (ਕੱਟਾ) ਤੇ ਇਕ ਜ਼ਿੰਦਾ ਰੌਂਦ ਬਰਾਮਦ ਹੋਇਆ। ਪੁਲਸ ਨੇ ਅਰਸ਼ਦੀਪ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਮੁਹੱਲਾ ਰਠੋੜਾ ਵਾਲਾ ਤੇ ਗੁਰਵਿੰਦਰ ਸਿੰਘ ਉਰਫ ਸ਼ਿਵਮ ਪੁੱਤਰ ਗਗਨਦੀਪ ਸਿੰਘ ਵਾਸੀ ਲੱਲ੍ਹਾ ਬਸਤੀ ਜਲਾਲਾਬਾਦ ਨੂੰ ਗ੍ਰਿਫਤਾਰ ਕਰਕੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 68 ਮਿਤੀ 19 ਅਪ੍ਰੈਲ 2026 ਨੂੰ ਧਾਰਾ 22,29/61/85 ਐਨ.ਡੀ.ਪੀ.ਐਸ, 25/54/59 ਅਸਲਾ ਐਕਟ ਅਧੀਨ ਦਰਜ ਕੀਤਾ ਗਿਆ ਹੈ।

## ਵਿਧਾਇਕ ਰਾਏ ਨੇ ਸੜਕ 'ਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਆਮ ਖਾਸ ਬਾਗ ਚੌਕ ਤੋਂ ਸਰਹੰਦ ਸ਼ਹਿਰ ਨੂੰ ਜਾਂਦੀ ਸੜਕ ਉੱਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਸੜਕ ਕਾਫੀ ਲੰਮੇ ਸਮੇਂ ਤੋਂ ਖਸਤਾ ਹਾਲ ਦੇ ਵਿੱਚ ਚੱਲ ਰਹੀ ਸੀ, ਜਿਸ ਕਾਰਨ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ, ਸ਼ਹਿਰ ਵਾਸੀਆਂ ਦੀ ਮੰਗ ਨੂੰ ਮੁੱਖ ਰੱਖਦਿਆਂ ਇਸ ਸੜਕ ਉੱਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਵਿੱਚ ਸੂਬਾ ਸਰਕਾਰ ਸੜਕਾਂ ਦਾ ਨਵੀਨੀਕਰਨ ਕਰ ਰਹੀ ਹੈ, ਜਿਸ ਤਹਿਤ ਹਲਕਾ ਫਤਿਹਗੜ੍ਹ ਸਾਹਿਬ ਦੀਆਂ 90 ਫੀਸਦੀ ਸੜਕਾਂ ਤੇ ਪ੍ਰੀਮਿਕਸ ਪਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਵਿਕਾਸ ਪੱਖੋਂ ਸ਼ਹਿਰ ਦੀ ਨੁਹਾਰ ਬਦਲੀ ਜਾ ਰਹੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿਤਪਾਲ ਸਿੰਘ ਜੱਸੀ, ਗੁਰਮੀਤ ਬਾਜਵਾ, ਬਹਾਦਰ ਖਾਨ ਲੰਬੜਦਾਰ, ਲਖਵਿੰਦਰ ਸਿੰਘ, ਅਸੀਸ ਅੱਤਰੀ, ਦੀਪਕ ਬਾਤਿਸ਼, ਬੰਟੀ ਸੈਣੀ, ਐਡਵੋਕੇਟ ਹਰਕਮਲ ਸਿੰਘ, ਨੰਬਰਦਾਰ ਜਗਰੂਪ ਸਿੰਘ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

## ਅਕਾਲੀ ਦਲ ਤੇ ਕਾਂਗਰਸ ਨੂੰ ਵੱਡਾ ਝਟਕਾ, ਕਈ ਪਰਵਾਰ 'ਆਪ' 'ਚ ਸ਼ਾਮਲ

### 'ਆਪ' 'ਚ ਸ਼ਾਮਲ ਹੋਣ ਵਾਲੇ ਪਰਵਾਰਾਂ ਨੂੰ ਦਿੱਤਾ ਜਾਵੇਗਾ ਬਣਦਾ ਸਤਿਕਾਰ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹਿਰ ਦੇ ਵਾਰਡ ਨੰਬਰ 5 ਵਿੱਚ ਅਕਾਲੀ ਦਲ ਤੇ ਕਾਂਗਰਸ ਪਾਰਟੀ ਨੂੰ ਅਲਵਿਦਾ ਆਖਦੇ ਹੋਏ, ਇੰਦਰਜੀਤ ਸਿੰਘ ਸਿੱਧੂ, ਹਰਜੀਤ ਸਿੰਘ ਸਿੱਧੂ, ਪ੍ਰੀਤਮ ਸਿੰਘ, ਮਨਪ੍ਰੀਤ ਸਿੰਘ ਮੰਨਾ, ਮਨਜਿੰਦਰ ਸਿੰਘ, ਦਵਿੰਦਰ ਗਰਚਾ, ਜੱਗਾ ਸਿੰਘ, ਰਣਜੀਤ ਸਿੰਘ ਅਤੇ ਵਿਜੇ ਕੁਮਾਰ ਆਪਣੇ ਸੈਂਕੜੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਰਸਮੀ ਤੌਰ 'ਤੇ 'ਆਪ' ਵਿੱਚ ਸ਼ਾਮਲ ਹੋਣ 'ਤੇ ਉਨ੍ਹਾਂ ਦਾ ਸਵਾਗਤ ਅਤੇ ਸਨਮਾਨ ਕੀਤਾ।ਇਸ ਮੌਕੇ ਬੋਲਦਿਆਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਨੂੰ ਉਹ ਸਤਿਕਾਰ ਤੇ ਸਨਮਾਨ ਦਿੱਤਾ ਜਾਵੇਗਾ ਜਿਸ ਦੇ ਉਹ ਹੱਕਦਾਰ ਹਨ।ਉਨ੍ਹਾਂ ਭਰੋਸਾ ਦਿੱਤਾ ਕਿ ਪਾਰਟੀ ਹਮੇਸ਼ਾ ਲੋਕਾਂ ਦੀ ਭਲਾਈ ਤੇ ਵਿਕਾਸ ਲਈ ਯਤਨਸ਼ੀਲ ਰਹੇਗੀ।ਉਨ੍ਹਾਂ ਟਿੱਪਣੀ ਕੀਤੀ ਕਿ ਨਵੇਂ ਮੈਂਬਰਾਂ ਦੀ ਇਹ ਆਮਦ ਲੋਕਾਂ ਵੱਲੋਂ ਪਾਰਟੀ ਵਿੱਚ ਰੱਖੇ ਗਏ ਵਿਸ਼ਵਾਸ ਨੂੰ ਦਰਸਾਉਂਦੀ ਹੈ, ਨਾਲ ਹੀ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਵਿੱਚ ਵਧ ਰਹੇ ਵਿਸ਼ਵਾਸ ਨੂੰ ਵੀ ਦਰਸਾਉਂਦੀ ਹੈ।ਉਨ੍ਹਾਂ ਕਿਹਾ ਕਿ ਇਕੱਠੇ ਹੋ ਕੇ ਅਸੀਂ ਆਪਣੇ ਹਲਕੇ ਦੇ ਸਰਵਪੱਖੀ ਵਿਕਾਸ ਤੇ ਜਨਤਕ ਸੇਵਾ ਲਈ ਅਣਥੱਕ ਮਿਹਨਤ ਕਰਦੇ ਰਹਾਂਗੇ।ਨਵੇਂ ਸ਼ਾਮਲ ਹੋਏ ਪਰਵਾਰਾਂ ਨੇ ਕਿਹਾ ਕਿ ਉਹ ਸਥਾਨਕ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਉਨ੍ਹਾਂ ਨੂੰ ਦਿੱਤੇ ਗਏ ਸਤਿਕਾਰ ਤੇ ਸਨਮਾਨ ਨੂੰ ਕਦੇ ਨਹੀਂ ਭੁੱਲਣਗੇ ਤੇ ਪਾਰਟੀ ਦੀਆਂ ਗਤੀਵਿਧੀਆਂ ਤੇ ਸੰਦੇਸ਼ ਨੂੰ ਇਲਾਕੇ ਦੇ ਹਰ ਘਰ ਤੱਕ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡਣ ਦਾ ਵਾਅਦਾ ਕੀਤਾ।ਇਸ ਸਮਾਗਮ ਵਿੱਚ ਜ਼ੋਨ ਇੰਚਾਰਜ ਅਨਿਲ ਸ਼ਰਮਾ, ਤੇਜਿੰਦਰ ਬਰਾੜ, ਸੰਗਠਨ ਇੰਚਾਰਜ ਜਗਦੀਸ਼ ਸ਼ਰਮਾ, ਵਿੱਕੀ ਦੌਧਰੀਆ ਤੇ ਪਿੰਟੂ ਕੁਮਾਰ ਸਮੇਤ ਹੋਰ ਪਾਰਟੀ ਆਗੂ, ਵਲੰਟੀਅਰ ਤੇ ਸਥਾਨਕ ਨਿਵਾਸੀ ਮੌਜੂਦ ਸਨ।

## ਸੂਬੇ ਦੇ ਲੋਕਾਂ ਦਾ 'ਆਪ' ਤੇ ਦੂਸਰੀਆਂ ਪਾਰਟੀਆਂ ਤੋਂ ਮੋਹ ਭੰਗ : ਹਰਦਿਆਲ ਕੰਬੋਜ



**ਰਾਜਪੁਰਾ/ਪਟਿਆਲਾ (ਰਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੀ ਸਰਕਾਰ ਅੰਦਰ ਅੱਜ ਪੰਜਾਬ ਦਾ ਹਰ ਵਰਗ ਦੁਖੀ ਹੈ। ਮੰਡੀਆਂ 'ਚ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਸੋਨੇ ਵਰਗੀ ਕਣਕ ਦੀ ਫ਼ਸਲ ਰੁੱਲ ਰਹੀ ਹੈ। ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਦੂਸਰੀਆਂ ਪਾਰਟੀਆਂ ਤੋਂ ਮੋਹ ਭੰਗ ਹੋ ਗਿਆ ਹੈ, ਜਿਸ ਕਾਰਨ ਸੁਝਵਾਨ ਲੋਕ ਕਾਂਗਰਸ ਵਿੱਚ ਧੜਾ ਧੜ ਸ਼ਾਮਲ ਹੋ ਰਹੇ ਹਨ। ਕਾਂਗਰਸ ਦੇ ਸੀਨੀਅਰ ਆਗੂ ਤੇ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਬੀਤੀ ਸ਼ਾਮ ਬਨੂੰੜ ਦੇ ਸੂਝਵਾਨ ਤੇ ਜਾਗਰੂਕ ਵਾਸੀਆਂ ਨਾਲ ਇਕ ਅਹਿਮ ਮੀਟਿੰਗ ਦੌਰਾਨ ਇਲਾਕੇ ਦੇ ਵਿਕਾਸ, ਮੁੱਢਲੀਆਂ ਸਹੂਲਤਾਂ ਤੇ ਲੋਕਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਕਾਂਗਰਸ ਦੇ ਵਰਕਰਾਂ ਤੇ ਆਗੂਆਂ ਦੇ ਇੱਕ ਭਰਵੇਂ ਇਕੱਠ ਨੂੰ ਸੰਬੋਧਨ ਕਰਨ ਸਮੇਂ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਕੰਬੋਜ ਨੇ ਕਿਹਾ ਕਿ ਲੋਕਾਂ ਦੇ ਸਿੱਧੇ ਸੁਝਾਅ ਤੇ ਵਿਚਾਰ ਸਾਡੇ ਲਈ ਮਾਰਗ ਦਰਸ਼ਕ ਹਨ, ਕਿਉਂਕਿ ਅਸਲ ਤਰੱਕੀ ਉਹੀ ਹੁੰਦੀ ਹੈ ਜੋ ਲੋਕਾਂ ਦੀਆਂ ਜ਼ਰੂਰਤਾਂ ਨਾਲ ਜੁੜੀ ਹੋਵੇ।

ਉਨ੍ਹਾ ਕਿਹਾ ਕਿ ਅਸੀਂ ਹਰ ਮੁੱਦੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਹੱਲ ਵੱਲ ਪੱਕੇ ਕਦਮ ਚੁੱਕਣ ਲਈ ਵਚਨਬੱਧ ਹਾਂ, ਤਾਂ ਜੋ ਬਨੂੰੜ ਨੂੰ ਇਕ ਸੁਧਰੇ ਤੇ ਤਰੱਕੀਸ਼ੀਲ ਸ਼ਹਿਰ ਬਣਾਇਆ ਜਾ ਸਕੇ।ਇਸ ਸਮੇਂ ਕਾਂਗਰਸ ਦੇ ਬਹੁਤ ਸਾਰੇ ਸੀਨੀਅਰ ਆਗੂ ਹਾਜ਼ਰ ਸਨ।

## ਪੱਤਰਕਾਰ ਜਤਿੰਦਰਜੀਤ ਸੰਧੂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰਾਮਪੁਰਾ ਫੂਲ ਤੋਂ ਪੱਤਰਕਾਰ ਜਤਿੰਦਰਜੀਤ ਸਿੰਘ ਸੰਧੂ (ਆਸ਼ੂ) ਦੀ ਪਿਛਲੇ ਦਿਨੀਂ ਇੱਕ ਸੰਖੇਪ ਜਿਹੀ ਬੀਮਾਰੀ ਕਾਰਨ ਮੌਤ ਹੋ ਗਈ। ਜਤਿੰਦਰਜੀਤ ਆਸ਼ੂ ਦੀ ਮੌਤ 'ਤੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ, ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਸਮਾਜਸੇਵੀ ਮਨਜੀਤ ਸਿੰਘ ਬਿੱਟੀ, ਭਾਜਪਾ ਦੇ ਜਿਲਾ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ, ਸੀਨੀਅਰ ਕਾਂਗਰਸੀ ਨੇਤਾ ਜਸ਼ਨਦੀਪ ਸਿੰਘ ਚਹਿਲ, ਸੀਨੀਅਰ ਅਕਾਲੀ ਨੇਤਾ ਹਰਿੰਦਰ ਹਿੰਦਾ ਮਹਿਰਾਜ, ਗਿਆਨ ਸਾਗਰ ਪੀਰ ਮੰਦਿਰ ਚੈਰੀਟੇਬਲ ਟਰੱਸਟ ਦੇ ਜੱਸੀ ਬਾਬਾ, ਸਹਾਰਾ ਸਮਾਜਸੇਵਾ ਦੇ ਪ੍ਰਧਾਨ ਸੰਦੀਪ ਵਰਮਾ, ਸੁਖਦੇਵ ਕਾਲਾ, ਦਰਸ਼ਨ ਜਿੰਦਲ, ਪ੍ਰਦੀਪ ਬਿੱਲਾ, ਸੁਰਿੰਦਰ ਧੀਰ, ਰਜਨੀਸ਼ ਕਰਕਰਾ, ਪੁਨਰਜੋਤੀ ਆਈ ਡੋਨੇਸ਼ਨ ਸੋਸਾਇਟੀ ਦੇ ਰਾਕੇਸ਼ ਤਾਇਲ, ਜੈ ਸ਼ਕਤੀ ਭੰਡਾਰਾ ਸੋਸਾਇਟੀ ਰਾਮਪੁਰਾ ਫੂਲ ਦੇ ਪ੍ਰਧਾਨ ਅਜੀਤਪਾਲ ਸਿੰਘ ਟੈਣੀ ਜੌੜਾ, ਸਮੂਹ ਕਾਵੜ ਸੰਘ ਰਾਮਪੁਰਾ ਫੂਲ ਦੇ ਪ੍ਰਧਾਨ ਨੀਰਜ ਚੌਧਰੀ, ਜਨਰਲ ਸਕੱਤਰ ਕੇਵਲ ਕ੍ਰਿਸ਼ਨ ਹੈਪੀ ਸਮੇਤ ਵੱਖ-ਵੱਖ ਸਮਾਜਿਕ, ਧਾਰਮਿਕ, ਵਪਾਰਕ, ਰਾਜਨੀਤਿਕ ਸੰਗਠਨਾਂ ਦੇ ਅਹੁਦੇਦਾਰਾਂ, ਮੈਂਬਰਾਂ ਤੇ ਪੱਤਰਕਾਰ ਭਾਈਚਾਰੇ ਵੱਲੋਂ ਗਹਿਰਾ ਦੁੱਖ ਪ੍ਰਗਟ ਕੀਤਾ ਗਿਆ।ਸਵਰਗਵਾਸੀ ਜਤਿੰਦਰਜੀਤ ਆਸ਼ੂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ਼੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ 23 ਅਪ੍ਰੈਲ (ਵੀਰਵਾਰ) ਨੂੰ ਦੁਪਹਿਰ 12:30 ਵਜੇ ਸ਼੍ਰੀ ਗੁਰਦੁਆਰਾ ਸਾਹਿਬ ਪਿੰਡ ਮਾੜੀ (ਬਠਿੰਡਾ) ਵਿਖੇ ਪਾਏ ਜਾਣਗੇ।


**Public Notice**

Under the instruction of Aadhar Housing Finance ltd I hereby informed the general public that Mandeep Singh S/o Harbans Singh R/o Gurudwara Sahib Wali Gali Bhakha Hari Singh, Ajnala, Amritsar. is the absolute owner of Property measuring 3 marlas i.e having 3/364 share out of khasra no. 17//23, 25//3, 25//9, situated in the area of revenue estate Village Surai Tehsil Ajnala Distt Amritsar. Bounded by East Gali 17 feet side 30 feet 1. inch, West. Plot of owner side 30 feet 1 inch, North Plot no. 53 side 27 feet, South plot no. 51 side 27 feet.

And

That Mandeep Singh S/o Harbans Singh is taking Construction loan on above said property from Aadhar Housing Finance ltd 6th floor Burj Punjab, Sco no.9 Distt Shoping Complex Ranjit Avenue Amritsar and Mandeep Singh S/o Harbans Singh has lost previous sale deed executed by Sunita Rani W/o Ramesh Kumar in favour of Joyti Arora W/o Mandeep Singh vide Doc no. 701 dated 15-05-2013 and has also been got registered Lost Information Report 708159/2026 dated 15-04-2026 in this respect. Anybody having claim or claiming any manner in this property or has raised loan by depositing the aforesaid document to any person/bank/ corporation / Financial institution may approach the undersigned and may submitted objections within 10 day from the date of this public notice. After the expiry of the period of this notice, no claim shall be entertained and such claim sell be deemed to be false fake frivolous fraudulent and baseless claim and shall have, no value in the eyes of law. It shall also be deemed that nobody has any objection for mortgaging the aforesaid property with Aadhar housing: Finance ltd.

Harpal Singh Nijjar (Advocate).
Office address-First Floor, Above Bhagwan Dass Vasika Opp. NRI Police Station Kacheri-Chownk Amritsar
Mobile No: 9815610005



ਪ੍ਰੋਲਿਐਂਸ ਪੈਕੇਜਿੰਗ ਪ੍ਰਾਈਵੇਟ ਲਿਮਟਿਡ
ਰਜਿਸਟਰਡ ਦਫ਼ਤਰ : ਫਲੈਟ ਨੰ. 708, 7ਵੀਂ ਮੰਜ਼ਲ, ਟਾਵਰ-ਬੀ ਓਰਵਿਸ ਗਰੈਂਡ, ਪਿੰਡ ਗਾਜ਼ੀਪੁਰ, ਮੁਹਾਲੀ, ਜ਼ੀਰਕਪੁਰ, ਪੰਜਾਬ-140603
ਸੀ ਆਈ ਐਨ : ਯੂ 25209 ਪੀ ਬੀ 2022 ਪੀ ਟੀ ਸੀ 057275
ਈ ਮੇਲ ਆਈ ਡੀ : proliancepackaging2022@gmail.com
ਸੰਪਰਕ : 99961-17780
ਫਾਰਮ ਨੰ. ਆਈ ਐਨ ਸੀ-26
ਕੰਪਨੀਜ਼ (ਇਨਕਾਰਪੋਰੇਸ਼ਨ ਰੂਲਜ਼ 2014 ਦੇ ਰੂਲ 30 (6) ਦੀ ਪਾਲਣਾ 'ਚ
ਜਨਤਕ ਸੂਚਨਾ
ਸਨਮੁੱਖ ਕੇਂਦਰ ਸਰਕਾਰ, ਉੱਤਰੀ ਖੇਤਰ
ਅਤੇ
ਕੰਪਨੀਜ਼ ਐਕਟ, 2013, ਕੰਪਨੀਜ਼ ਐਕਟ 2013 ਦੇ ਸੈਕਸ਼ਨ 13 (4) ਅਤੇ ਕੰਪਨੀਜ਼ (ਇਨਕਾਰਪੋਰੇਸ਼ਨ) ਰੂਲਜ਼, 2014 ਦੇ ਰੂਲ 30 (6) (ਏ) ਦੇ ਮਾਮਲੇ 'ਚ
ਅਤੇ
ਪ੍ਰੋਲਿਐਂਸ ਪੈਕੇਜਿੰਗ ਪ੍ਰਾਈਵੇਟ ਲਿਮਟਿਡ, ਜਿਸ ਦਾ ਰਜਿਸਟਰਡ ਦਫਤਰ ਫਲੈਟ ਨੰ. 708, 7ਵੀਂ ਮੰਜ਼ਲ, ਟਾਵਰ-ਬੀ ਓਰਵਿਸ ਗਰੈਂਡ, ਪਿੰਡ-ਗਾਜ਼ੀਪੁਰ, ਮੁਹਾਲੀ, ਜ਼ੀਰਕਪੁਰ, ਪੰਜਾਬ-140603
ਬਿਨੈਕਾਰ
ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ 07 ਜਨਵਰੀ 2026 ਨੂੰ ਹੋਈ ਵਿਸ਼ੇਸ਼ ਅਸਧਾਰਨ ਜਨਰਲ ਮੀਟਿੰਗ 'ਚ ਕੰਪਨੀ ਨੂੰ ਇਸ ਦਾ ਰਜਿਸਟਰਡ ਦਫਤਰ "ਪੰਜਾਬ ਰਾਜ" ਤੋਂ "ਜੰਮੂ ਅਤੇ ਕਸ਼ਮੀਰ ਰਾਜ" ਵਿਖੇ ਤਬਦੀਲ ਕਰਨ ਸੰਬੰਧੀ ਪਾਸ ਕੀਤੇ ਗਏ ਵਿਸ਼ੇਸ਼ ਮਤੇ ਤਹਿਤ ਕੰਪਨੀ, ਕੰਪਨੀਜ਼ ਐਕਟ 2013 ਦੇ ਸੈਕਸ਼ਨ 13 ਤਹਿਤ ਕੰਪਨੀ ਦੇ ਮੈਮੋਰੈਂਡਮ ਆਫ ਐਸੋਸੀਏਸ਼ਨ ਦੀ ਤਬਦੀਲੀ ਦੀ ਪੁਸ਼ਟੀ ਲਈ ਕੇਂਦਰ ਸਰਕਾਰ ਕੋਲ ਅਰਜ਼ੀ ਦੇਣ ਦੀ ਤਜਵੀਜ਼ ਰੱਖਦੀ ਹੈ।
ਜੇਕਰ ਕੰਪਨੀ ਦੇ ਰਜਿਸਟਰਡ ਦਫਤਰ ਦੀ ਤਬਦੀਲੀ ਸੰਬੰਧੀ ਤਜਵੀਜ਼ ਕਾਰਨ ਕਿਸੇ ਵਿਅਕਤੀ ਦੇ ਹਿੱਤ ਪ੍ਰਭਾਵਿਤ ਹੋ ਸਕਦੇ ਹਨ ਤਾਂ ਉਹ ਆਪਣੇ ਇਤਰਾਜ਼ ਹਲਫੀਆ ਬਿਆਨ ਰਾਹੀਂ ਆਪਣੇ ਹਿੱਤਾਂ ਦੀ ਕਿਸਮ ਅਤੇ ਵਿਰੋਧ ਦਾ ਬਿਆਨ ਰਜਿਸਟਰਡ ਡਾਕ ਰਾਹੀਂ ਖੇਤਰੀ ਨਿਰਦੇਸ਼ਕ ਤੀਜੀ ਮੰਜ਼ਲ, ਕਾਰਪੋਰੇਟ ਭਵਨ, ਪਲਾਟ ਨੰ. 4-ਬੀ, ਸੈਕਟਰ 27 ਬੀ, ਪਿੰਨ 160019, ਚੰਡੀਗੜ੍ਹ ਨੂੰ ਜਾਂ ਐੱਮ ਸੀ ਏ-21 ਪੋਰਟਲ (www.mca.gov.in) ਉੱਪਰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ ਚੌਦਾਂ ਦਿਨਾਂ ਦੇ ਅੰਦਰ, ਬਿਨੈਕਾਰ ਕੰਪਨੀ ਦੇ ਹੇਠਾਂ ਦਰਸਾਏ ਰਜਿਸਟਰਡ ਦਫਤਰ ਵਿਖੇ ਇੱਕ ਕਾਪੀ ਦੇ ਨਾਲ ਭੇਜ ਸਕਦਾ ਹੈ: ਫਲੈਟ ਨੰ. 708, 7ਵੀਂ ਮੰਜ਼ਲ, ਟਾਵਰ-ਬੀ ਓਰਵਿਸ ਗਰੈਂਡ, ਪਿੰਡ ਗਾਜ਼ੀਪੁਰ, ਮੁਹਾਲੀ-ਜ਼ੀਰਕਪੁਰ, ਪੰਜਾਬ-140603
ਵਾਸਤੇ ਅਤੇ ਤਰਫੋਂ ਬਿਨੈਕਾਰ
ਪ੍ਰੋਲਿਐਂਸ ਪੈਕੇਜਿੰਗ ਪ੍ਰਾਈਵੇਟ ਲਿਮਟਿਡ
ਸਹੀ/-
ਆਰੀਅਨ ਸਾਹਨੀ
(ਡਾਇਰੈਕਟਰ)
ਮਿਤੀ : 21.04.2026
ਸਥਾਨ : ਨਵੀਂ ਦਿੱਲੀ
ਡੀ ਆਈ ਐਨ ਨੰ. 09618678



**ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ**

**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**



ਬਿਨੈਕਾਰ ਦਾ ਨਾਮ : ਸੁਨੀਤਾ ਦੇਵੀ ਪਿਤਾ/ਪਤੀ ਦਾ ਨਾਮ : ਜਸਵੰਤ ਸਿੰਘ
ਪਤਾ: 687 Basti Peer Dad jalandhar, Tehsil-Jalandhar-2,Village-Ganna Pind/ District-Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ: ਨਰਿੰਦਰ ਸਿੰਘ
ਪੱਕਾ ਪਤਾ: 687 Basti Peer Dad jalandhar, jalandhar-2, Jalandhar
ਉਮਰ/ਜਨਮ ਮਿਤੀ : 39- (24/08/1986)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 20-04-2026 ਨੂੰ ਜਾਰੀ ਹੋਇਆ।
ਨੰਬਰ 31 /ਨੰਬਰ/ਰੀਡਰ ਮਤੀ 20.04.2026 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ



**ਫਾਰਮ ਨੰ. ਆਈ.ਐਨ.ਸੀ. 25ਏ**
**ਇਸ਼ਤਿਹਾਰ ਪਬਲਿਕ ਲਿਮਿਟਿਡ ਕੰਪਨੀ ਨੂੰ ਪ੍ਰਾਈਵੇਟ ਲਿਮਿਟਿਡ ਕੰਪਨੀ ਵਿੱਚ ਤਬਦੀਲ ਕਰਨ ਸੰਬੰਧੀ**

ਸਾਹਮਣੇ ਖੇਤਰੀ ਨਿਰਦੇਸ਼ਕ, ਕਾਰਪੋਰੇਟ ਮਾਮਲਿਆਂ ਬਾਰੇ ਮੰਤਰਾਲਾ, ਉੱਤਰੀ ਖੇਤਰ-II, ਚੰਡੀਗੜ
ਸੰਬੰਧੀ ਕੰਪਨੀਜ਼ ਐਕਟ, 2013, ਧਾਰਾ 14 ਆਫ ਕੰਪਨੀਜ਼ ਐਕਟ, 2013 ਅਤੇ ਨਿਯਮ 41 ਆਫ ਦਾ ਕੰਪਨੀਜ਼ (ਇਨਕਾਰਪੋਰੇਸ਼ਨ) ਰੂਲਜ਼ 2014
ਅਤੇ
ਸੰਬੰਧੀ ਮੈਸਰਜ਼ ਦ ਹੋਸ਼ਿਆਰਪੁਰ ਦੋਆਬਾ ਟ੍ਰਾਂਸਪੋਰਟ ਕੰਪਨੀ ਲਿਮਿਟਿਡ ਜਿਸਦਾ ਸੀਆਈਐਨ ਯੂ60231ਪੀਬੀ1955ਪੀਐਲਸੀ001873 ਅਤੇ ਇਸਦੇ ਰਜਿਸਟਰਡ ਦਫ਼ਤਰ 216-ਆਰ, ਮਾਡਲ ਟਾਊਨ, ਹੋਸ਼ਿਆਰਪੁਰ, ਪੰਜਾਬ, ਭਾਰਤ (ਅਰਜੀਕਰਤਾ) ਵਿਖੇ ਹੈ।
ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੰਪਨੀ ਕੇਂਦਰ ਸਰਕਾਰ ਨੂੰ ਕੰਪਨੀ ਐਕਟ ਦੀ ਧਾਰਾ 14 (ਜੋ ਕਿ ਉਪਰੋਕਤ ਨਿਯਮਾਂ ਨਾਲ ਪੜ੍ਹਿਆ ਜਾਵੇਗਾ) ਦੇ ਤਹਿਤ ਅਰਜ਼ੀ ਦੇਣ ਦਾ ਇਰਾਦਾ ਰੱਖਦੀ ਹੈ ਅਤੇ ਇਹ ਅਪ੍ਰੈਲ 15, 2026 ਨੂੰ ਹੋਈ ਅਸਾਧਾਰਨ ਜਨਰਲ ਮੀਟਿੰਗ ਵਿੱਚ ਪਾਸ ਕੀਤੇ ਵਿਸ਼ੇਸ਼ ਮਤੇ ਦੇ ਅਨੁਸਾਰ ਪ੍ਰਾਈਵੇਟ ਲਿਮਿਟਿਡ ਕੰਪਨੀ ਵਿੱਚ ਤਬਦੀਲ ਹੋਣ ਦੀ ਇੱਛਾ ਰੱਖਦੀ ਹੋਈ ਕੰਪਨੀ ਨੂੰ ਅਜਿਹੀ ਤਬਦੀਲੀ ਨੂੰ ਪ੍ਰਭਾਵ ਦੇਣ ਦੇ ਯੋਗ ਹੈ।
ਅਜਿਹਾ ਕੋਈ ਵੀ ਵਿਅਕਤੀ ਜਿਸਦੇ ਹਿੱਤ ਕੰਪਨੀ ਦੀ ਇਸ ਤਜਵੀਜ਼ਸ਼ੁਦਾ ਤਬਦੀਲੀ/ਸਟੇਟਸ ਨਾਲ ਪ੍ਰਭਾਵਿਤ ਹੁੰਦੇ ਹੋਣ, ਉਹ ਆਪਣੇ ਇਤਰਾਜ਼ ਭੇਜ ਸਕਦਾ ਹੈ ਜਾਂ ਆਪਣੇ ਇਤਰਾਜ਼ ਇਕ ਹਲਫੀਆ ਬਿਆਨ ਰਾਹੀਂ ਜਿਸ ਵਿੱਚ ਆਪਣੇ ਹਿੱਤ ਅਤੇ ਵਿਰੋਧ ਕਰਨ ਦੇ ਆਧਾਰ ਦਰਸਾਏ ਗਏ ਹੋਣ ਰਜਿਸਟਰਡ ਡਾਕ ਰਾਹੀਂ ਖੇਤਰੀ ਨਿਰਦੇਸ਼ਕ, ਉੱਤਰੀ ਖੇਤਰ-II, ਤੀਸਰੀ ਮੰਜਿਲ ਕਾਰਪੋਰੇਟ ਭਵਨ, ਪਲਾਟ ਨੰਬਰ 4-ਬੀ, ਸੈਕਟਰ 27-ਬੀ, ਚੰਡੀਗੜ - 160019 ਨੂੰ ਇਸ ਨੋਟਿਸ ਦੇ ਛਪਣ ਦੀ ਮਿਤੀ ਤੋਂ 14 ਦਿਨਾਂ ਦੇ ਅੰਦਰ ਭੇਜ ਸਕਦਾ ਹੈ। ਜਿਸਦੀ ਇੱਕ ਕਾਪੀ ਅਰਜੀ ਕਰਤਾ ਕੰਪਨੀ ਨੂੰ ਉਸਦੇ ਹੇਠ ਲਿਖੇ ਰਜਿਸਟਰਡ ਦਫ਼ਤਰ ਵਿਖੇ ਭੇਜੀ ਜਾਵੇ।
ਵਾਸਤੇ ਅਤੇ ਅਰਜ਼ੀਕਰਤਾ ਦੇ ਵੱਲੋਂ
ਸਹੀ/-
ਬਲਵਿੰਦਰ ਸਿੰਘ
ਪ੍ਰਬੰਧ ਨਿਰਦੇਸ਼ਕ (ਡੀਆਈਐਨ-02440611)
ਪਤਾ : 216-ਆਰ, ਮਾਡਲ ਟਾਊਨ, ਹੋਸ਼ਿਆਰਪੁਰ, ਪੰਜਾਬ, ਭਾਰਤ, 146001
ਸਥਾਨ: ਹੋਸ਼ਿਆਰਪੁਰ
ਮਿਤੀ: ਅਪ੍ਰੈਲ 20, 2026



**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਪਹਿਲੀ, ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ **11.05.2026** ਵਕਤ **15.00 ਵਜੇ** ਤਕ **www.ireps.gov.in** ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ **www.ireps.gov.in** ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ** |
| 18.04.2026 | 27.04.2026 | 11.05.2026 / 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ, ਮਿਤੀ | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 08-2026-27-ADEN-JRC | ਜਲੰਧਰ ਸ਼ਹਿਰ ਵਿਚ ਸਹਾਇਕ ਮੰਡਲ ਇੰਜੀਨੀਅਰ / ਜਲੰਧਰ ਛਾਵਣੀ ਦੇ ਅਧੀਨ ਯਾਤਾਯਾਤ ਲੇਖ ਦਫਤਰ ਦਾ ਸੁਧਾਰ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 80,85,159.39/- | 1,61,700.00 | 60 ਦਿਨ | 08 ਮਹੀਨੇ |
| | | ਵਿਸ਼ੇਸ਼ ਤਕਨੀਕੀ ਮਾਨਦੰਡ : "ਟ੍ਰੈਕ ਨਿਰਮਾਣ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | |
| 2. | 09-2026-27-SrDEN-I-FZR | ਸੀਨੀਅਰ ਮੰਡਲ ਇੰਜੀਨੀਅਰ-ਪਹਿਲੀ / ਫ਼ਿਰੋਜ਼ਪੁਰ ਦੇ ਅੰਤਰਗਤ ਆਉਣ ਵਾਲੇ 17 ਸਟੇਸ਼ਨਾਂ ਉਤੇ ਐਮਈਏ ਅਤੇ ਹੋਰ ਦਿਵਯਾਗਜਨ ਸੁਵਿਧਾਵਾਂ ਜਿਸ ਤਰ੍ਹਾਂ ਸਪਰਸ਼ ਪੱਥ, ਪਾਰਕਿੰਗ ਖੇਤਰ, ਪਖਾਨਾ, ਸੀਓਪੀ ਆਦਿ ਦਾ ਪ੍ਰਾਵਧਾਨ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 3,69,13,827.68 | 7,38,300.00 | 60 ਦਿਨ | 08 ਮਹੀਨੇ |
| | | ਵਿਸ਼ੇਸ਼ ਤਕਨੀਕੀ ਮਾਨਦੰਡ : "ਟ੍ਰੈਕ ਨਿਰਮਾਣ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।
ਨੰ: 08-2026-27-ADEN-JRC & 09-2026-27-SrDEN-I-FZR ਮਿਤੀ : 20.04.2026 1313/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



YES BANK — Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in

**[ਰੂਲ-8 (1)] ਕਬਜ਼ਾ ਨੋਟਿਸ**

ਕਰਜ਼ਾ ਖਾਤਾ # ਏ ਐੱਫ ਐੱਚ 001500655472
ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵੱਜੋਂ ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਅਨੁਜ ਪੁੱਤਰ ਰਾਜ ਕੁਮਾਰ ਪਤਾ : ਵਾਸੀ ਮਕਾਨ ਨੰ. 4434, ਮੌਲੀ ਜਾਗਰਾਂ, ਚੰਡੀਗੜ੍ਹ-160101 ("ਕਰਜ਼ਦਾਰ"), (2) ਰਾਜ ਕੁਮਾਰ ਪੁੱਤਰ ਜਗਨ ਨਾਥ, ਪਤਾ : ਵਾਸੀ ਮਕਾਨ ਨੰ. 4434, ਮੌਲੀ ਜਾਗਰਾਂ, ਚੰਡੀਗੜ੍ਹ-160101 ("ਸਹਿ-ਕਰਜ਼ਦਾਰ ਅਤੇ ਗਰੰਟਰ") ਅਤੇ (3) ਸ੍ਰੀਮਤੀ ਅਨੀਤਾ ਪਤਨੀ ਸ੍ਰੀ ਰਾਜ ਕੁਮਾਰ ਪਤਾ ਪਤਾ : ਵਾਸੀ ਮਕਾਨ ਨੰ. 4434, ਮੌਲੀ ਜਾਗਰਾਂ, ਚੰਡੀਗੜ੍ਹ-160101 ("ਸਹਿ-ਕਰਜ਼ਦਾਰ ਅਤੇ ਰਹਿਣਕਾਰ") ਨੂੰ 6 ਅਗਸਤ 2025 ਨੂੰ ਉਕਤ ਨੋਟਿਸ 'ਚ ਦਰਸਾਈ ਰਕਮ ਆਈ ਐੱਨ ਆਰ 8,44,879.40/- (ਅੱਠ ਲੱਖ ਚੁਤਾਲੀ ਹਜ਼ਾਰ ਅੱਠ ਸੌ ਉਨਾਸੀ ਰੁਪਏ ਚਾਲੀ ਪੈਸੇ ਕੇਵਲ) ਸਮੇਤ 16/04/2026 ਤੋਂ ਇਸ 'ਤੇ ਹੋਰ ਵਿਆਜ ਅਤੇ ਹੋਰ ਚਾਰਜਿਜ਼ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ 6 ਅਗਸਤ 2025 ਨੂੰ ਜਾਰੀ ਕੀਤਾ ਸੀ। ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ, ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 16/04/2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 06 ਅਗਸਤ 2025 ਨੂੰ ਬਕਾਇਆ ਰਕਮ ਆਈ ਐੱਨ ਆਰ 8,44,879.40/- (ਅੱਠ ਲੱਖ ਚੁਤਾਲੀ ਹਜ਼ਾਰ ਅੱਠ ਸੌ ਉਨਾਸੀ ਰੁਪਏ ਚਾਲੀ ਪੈਸੇ ਕੇਵਲ) ਅਤੇ ਇਸ ਉਪਰ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ।
ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ**

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਰਹਿਣਕਾਰ |
|---|---|
| ਮਕਾਨ ਰਕਬਾ 0 ਕਨਾਲ 2 ਮਰਲੇ 1-1/2 ਸਰਸਾਈ, ਖੇਵਟ ਖੱਤਾ ਨੰ. 569/583, 1139/1184, ਖਸਰਾ ਨੰ. 63//5 (8-0), 6 (8-0) ਕਿੱਤੇ 2 ਰਕਬਾ 16 ਕਨਾਲ 0 ਮਰਲਾ, 19-1/2/2880 ਹਿੱਸਾ 0 ਕਨਾਲ 2 ਮਰਲਾ, 1-1/2 ਸਰਸਾਈ, ਰਕਬਾ 65 ਗਜ਼, ਮਕਾਨ ਨੰ. 88, ਵੀ-ਸਿਟੀ, ਭਵਾਤ, ਜ਼ੀਰਕਪੁਰ ਦੀ ਐੱਮ ਸੀ ਹੱਦ ਦੇ ਅੰਦਰਵਾਰ, ਹੱਦਬਸਤ ਨੰ. 234, ਤਹਿਸੀਲ ਤੇ ਜ਼ਿਲ੍ਹਾ ਐੱਸ ਏ ਐੱਸ ਨਗਰ। ਹੱਦਾਂ : (ਸਾਈਟ ਅਨੁਸਾਰ) ਸਾਹਮਣੇ ਵਾਲੇ ਪਾਸੇ : ਰਸਤਾ, ਪਿਛਲੇ ਪਾਸੇ : ਹੋਰ ਮਾਲਕ, ਹੋਰ ਵਾਲੇ ਪਾਸੇ : ਪਲਾਟ ਨੰ. 87, ਹੋਰ ਵਾਲੇ ਪਾਸੇ : ਪਲਾਟ ਨੰ. 89 | ਸ੍ਰੀਮਤੀ ਅਨੀਤਾ ਪਤਨੀ ਸ੍ਰੀ ਰਾਜ ਕੁਮਾਰ |

ਮਿਤੀ : 21/04/2026, ਸਥਾਨ : ਮੁਹਾਲੀ — ਯੈੱਸ ਬੈਂਕ ਲਿਮਟਿਡ, ਅਧਿਕਾਰਤ ਅਫਸਰ



YES BANK — Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in

**[ਰੂਲ-8 (1)] ਕਬਜ਼ਾ ਨੋਟਿਸ**

ਕਰਜ਼ਾ ਖਾਤਾ # ਏ ਐੱਫ ਐੱਚ 002301527130
ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵੱਜੋਂ ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਜਨਾਰਧਨ ਸ਼ਾਹ (ਕਰਜ਼ਦਾਰ ) ਪੁੱਤਰ ਸ਼ਿਵ ਨਰਾਇਣ ਸ਼ਾਹ ਪਤਾ : ਨਿਊ ਆਜ਼ਾਦ ਨਗਰ, ਪਿੱਪਲ ਚੌਕ, ਲੋਹਾਰਾ, ਲੁਧਿਆਣਾ, ਪੰਜਾਬ-141016, ਨਾਲ ਹੀ : ਗਲੀ ਨੰ. 8, ਨੇੜੇ ਰਜਨੀ ਮੈਡੀਕਲ, ਨਿਊ ਆਜ਼ਾਦ ਨਗਰ, ਪਿੱਪਲ ਚੌਕ, ਲੁਹਾਰਾ, ਲੁਧਿਆਣਾ, ਪੰਜਾਬ-141016 (2) ਕਲਪਨਾ ਦੇਵੀ (ਸਹਿ-ਕਰਜ਼ਦਾਰ) ਅਤੇ/ਜਾਂ ਰਹਿਣਕਾਰ) ਪਤਨੀ ਜਨਾਰਦਨ ਸ਼ਾਹ, ਪਤਾ : ਗਲੀ ਨੰ. 8 ਨੇੜੇ ਰਜਨੀ ਮੈਡੀਕਲ, ਨਿਊ ਆਜ਼ਾਦ ਨਗਰ, ਪਿੱਪਲ ਚੌਕ, ਲੁਹਾਰਾ, ਲੁਧਿਆਣਾ, ਪੰਜਾਬ-141016, ਨਾਲ ਹੀ : ਗਲੀ ਨੰ. 5, ਨੇੜੇ ਅਜੇ ਕਰਿਆਨਾ ਸਟੋਰ, ਮਹਿੰਦਰ ਨਗਰ, ਲੋਹਾਰਾ, ਲੁਧਿਆਣਾ, ਪੰਜਾਬ-141016 ਨੂੰ 02.07.2025 ਨੂੰ ਉਕਤ ਨੋਟਿਸ 'ਚ ਦਰਸਾਈ ਰਕਮ ਰੁਪਏ 26,36,342.04/- (ਛੱਬੀ ਲੱਖ ਛੱਤੀ ਹਜ਼ਾਰ ਤਿੰਨ ਸੌ ਬਤਾਲੀ ਰੁਪਏ ਅਤੇ ਚਾਰ ਪੈਸੇ ਕੇਵਲ) ਸਮੇਤ 17/04/2026 ਤੋਂ ਇਸ 'ਤੇ ਹੋਰ ਵਿਆਜ ਅਤੇ ਹੋਰ ਚਾਰਜਿਜ਼ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ 17 ਜੁਲਾਈ 2025 ਨੂੰ ਜਾਰੀ ਕੀਤਾ ਸੀ। ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ, ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 17.04.2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 02.07.2025 ਨੂੰ ਬਕਾਇਆ ਰਕਮ ਆਈ ਐੱਨ ਆਰ 26,36,342.04/- (ਛੱਬੀ ਲੱਖ ਛੱਤੀ ਹਜ਼ਾਰ ਤਿੰਨ ਸੌ ਬਤਾਲੀ ਰੁਪਏ ਅਤੇ ਚਾਰ ਪੈਸੇ ਕੇਵਲ) ਅਤੇ ਇਸ ਉਪਰ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ।
ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ**

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਰਹਿਣਕਾਰ |
|---|---|
| ਵਸੀਕਾ ਨੰ. 103 ਮਿਤੀ 05/04/2026 ਅਨੁਸਾਰ ਕਲਪਨਾ ਦੇਵੀ ਦੀ ਮਾਲਕੀ ਵਾਲੀ ਅਚੱਲ ਜਾਇਦਾਦ, ਜਾਇਦਾਦ ਨੰ. ਬੀ-29-157/2/28, ਖੇਤਰ 82 ਵਰਗ ਗਜ਼ ਦੋ ਮੰਜ਼ਲਾ ਇਮਾਰਤ, ਖਸਰਾ ਨੰ. 9//16/2, 17/2, 10//4/1, 5, 6/2 ਮਿੰਨ, 11//1/1, 9//24, 25/1, 10//26, ਖੱਤਾ ਨੰ. 668/686, 669/687, ਸਥਾ ਨੰ. 1703, 1713, ਜਮ੍ਹਾਂਬੰਦੀ ਸਾਲ 2008-2009, ਪਿੰਡ ਗਿਆਸਪੁਰਾ, ਹੱਦਬਸਤ ਨੰ. 261, ਅਬਾਦੀ ਗੁਰੂ ਅਮਰਦਾਸ ਕਲੋਨੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। | ਕਲਪਨਾ ਦੇਵੀ ਪਤਨੀ ਜਨਾਰਧਨ ਸ਼ਾਹ |

ਮਿਤੀ : 21/04/2026, ਸਥਾਨ : ਲੁਧਿਆਣਾ — ਯੈੱਸ ਬੈਂਕ ਲਿਮਟਿਡ, ਅਧਿਕਾਰਤ ਅਫਸਰ

# ਕੈਬਨਿਟ ਮੰਤਰੀ ਨੇ ਵੱਖ ਵੱਖ ਪਿੰਡਾਂ ਨੂੰ ਗ੍ਰਾਂਟਾਂ ਵੰਡੀਆਂ

**ਨੰਗਲ/ਭਲਾਣ (ਹਰਭਜਨ ਸਿੰਘ ਢਿੱਲੋਂ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਕਿਹਾ ਹੈ ਕਿ ਉਨ੍ਹਾਂ ਦਾ ਸਾਰਾ ਜੀਵਨ ਉੱਚ ਗੁਣਵੱਤਾ ਵਾਲੀ ਸਿੱਖਿਆ ਨੂੰ ਹਰ ਵਰਗ ਤੱਕ ਪਹੁੰਚਾਉਣ ਲਈ ਸਮਰਪਿਤ ਹੈ। ਉਹ ਸਕੂਲ ਆਫ਼ ਐਮੀਨੈਂਸ ਨੰਗਲ ਵਿਖੇ ਆਯੋਜਿਤ ਸਿੱਖਿਆ ਸੰਕਲਪ ਸਮਾਗਮ ਦੌਰਾਨ ਸੰਬੋਧਨ ਕਰ ਰਹੇ ਸਨ, ਜੋ ਭਾਰਤ ਰਤਨ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਿਤ ਸੀ। ਇਸ ਮੌਕੇ ਉਨ੍ਹਾਂ ਨੇ ਬਾਬਾ ਸਾਹਿਬ ਦੇ ਯੋਗਦਾਨ ਨੂੰ ਯਾਦ ਕਰਦੇ ਹੋਏ ਕਿਹਾ ਕਿ ਸਮਾਨਤਾ ਅਤੇ ਸਿੱਖਿਆ ਦੇ ਅਧਿਕਾਰ ਉਨ੍ਹਾਂ ਦੀ ਦਾਤ ਹਨ। ਸਿੱਖਿਆ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਂਦੇ ਜਾ ਰਹੇ ਹਨ ਅਤੇ ਸਰਕਾਰੀ ਸਕੂਲਾਂ ਵਿੱਚ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ।ਸਿੱਖਿਆ ਮੰਤਰੀ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸੰਸਥਾਵਾਂ ਲਈ ਲੱਖਾਂ ਰੁਪਏ ਦੀਆਂ ਗ੍ਰਾਂਟਾਂ ਦਾ ਐਲਾਨ ਕੀਤਾ ਗਿਆ। ਚੰਡੇਸਰ ਲਈ 5 ਲੱਖ ਰੁਪਏ, ਬੀਕਾਪੁਰ ਲੋਅਰ ਲਈ 10 ਲੱਖ ਰੁਪਏ, ਬਾਸੋਵਾਲ ਐੱਸ ਸੀ ਧਰਮਸ਼ਾਲਾ ਲਈ 10 ਲੱਖ ਰੁਪਏ, ਲੋਧੀਪੁਰ ਬਾਸ ਬਰੋਟੂ ਲਈ 5 ਲੱਖ ਰੁਪਏ, ਕੁਟੀਆ ਬਾਬਾ ਜਮਨਾ ਦਾਸ ਅਜੌਲੀ ਬ੍ਰਹਮਪੁਰ ਲਈ 5 ਲੱਖ ਰੁਪਏ, ਡਾਢੀ ਲਈ 5 ਲੱਖ ਰੁਪਏ, ਮੀਆਪੁਰ ਹੰਡੂਰ ਲਈ 5 ਲੱਖ ਰੁਪਏ, ਅਵਾਨਕੋਟ ਲੋਅਰ ਲਈ 5 ਲੱਖ ਰੁਪਏ ਅਤੇ ਡਾ. ਭੀਮ ਰਾਓ ਅੰਬੇਡਕਰ ਸੇਵਾ ਸੁਸਾਇਟੀ ਸ੍ਰੀ ਅਨੰਦਪੁਰ ਸਾਹਿਬ ਲਈ 1 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ। ਇਸ ਮੌਕੇ ਸਚਿਨ ਪਾਠਕ ਐਸ.ਡੀ.ਐਮ ਨੰਗਲ, ਜਸ਼ਨਦੀਪ ਸਿੰਘ ਡੀ ਐੱਸ ਪੀ ਅਨੰਦਪੁਰ ਸਾਹਿਬ, ਸੁਮਿਤ ਸਿੰਘ ਢਿੱਲੋਂ ਤਹਿਸੀਲਦਾਰ, ਐੱਸਸੀ ਵਿੰਗ ਰਾਕੇਸ਼ ਕੁਮਾਰ ਜਾਂਦਲਾਂ, ਜ਼ਿਲਾ ਪ੍ਰੀਸ਼ਦ ਮੈਂਬਰ ਜਸਪਾਲ ਸਿੰਘ ਢਾਹੇ, ਮਮਤਾ ਰਾਣੀ ਬਲਾਕ ਸੰਮਤ ਚੇਅਰਮੈਨ, ਬਲਾਕ ਪ੍ਰਧਾਨ ਐੱਸਸੀ ਵਿੰਗ ਰਣਜੀਤ ਸਿੰਘ ਬੱਗਾ, ਯੋਗਰਾਜ ਕੋਟਲਾ, ਅਮਨਦੀਪ ਧਨੇੜਾ, ਜਸਵਿੰਦਰ ਸਿੰਘ, ਬੰਦਲਾਂ ਬੰਦਲੈਹੜੀ, ਗਿਆਨ ਸਰਪੰਚ ਪੱਟੀ ਤੇ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।



# ਮਹਾਤਮਾ ਜੋਤੀਬਾ ਰਾਓ ਫੂਲੇ ਤੇ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡਾ. ਬੀ.ਆਰ. ਅੰਬੇਡਕਰ ਐਜੂਕੇਸ਼ਨਲ ਸੁਸਾਇਟੀ ਡੇਰਾਬੱਸੀ ਵੱਲੋਂ ਸਥਾਨਕ ਅੰਬੇਡਕਰ ਭਵਨ ਵਿਖੇ ਮਹਾਤਮਾ ਜੋਤੀਬਾ ਰਾਓ ਫੂਲੇ ਦਾ 198ਵਾਂ ਅਤੇ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦਾ 135 ਜਨਮ ਦਿਹਾੜਾ ਸਾਂਝੇ ਤੌਰ 'ਤੇ ਮਨਾਇਆ ਗਿਆ। ਸ਼੍ਰੋਮਣੀ ਪੱਤਰਕਾਰ ਅਤੇ ਪ੍ਰੋਫੈਸਰ ਆਫ਼ ਪ੍ਰੈਕਟਿਸ ਕਮਲਜੀਤ ਸਿੰਘ ਬਨਵੈਤ ਦੀ ਪ੍ਰਧਾਨਗੀ ਤੇ ਸੁਸਾਇਟੀ ਦੇ ਪ੍ਰਧਾਨ ਸ. ਭਾਗ ਸਿੰਘ ਘੋੜੇਵਾਲ ਦੀ ਅਗਵਾਈ ਹੇਠ ਆਯੋਜਿਤ ਇਸ ਪ੍ਰੋਗਰਾਮ ਦੌਰਾਨ ਸ਼ੈਫ਼ਾਲੀ ਅੱਤਰੀ ( ਐੱਚ ਸੀ ਐੱਸ ) ਅਸਿਸਟੈਂਟ ਕਮਿਸ਼ਨਰ ਐਕਸਾਇਜ਼ ਐਂਡ ਟੈਕਸੇਸ਼ਨ ਵਿਭਾਗ, ਹਰਿਆਣਾ ਸਰਕਾਰ, ਦਲਿਤ ਚਿੰਤਕ ਅਤੇ ਸਾਹਿਤਕਾਰ ਸ. ਫਤਿਹਜੰਗ ਸਿੰਘ, ਸ਼ਹੀਦ ਗੁਰਪ੍ਰੀਤ ਸਿੰਘ ਚੈਰੀਟੇਬਲ ਅਕੈਡਮੀ ਦੇ ਸੰਸਥਾਪਕ ਸਾਹਿਬ ਸਿੰਘ ਧਰਮਗੜ੍ਹ (ਏ ਐੱਸ ਆਈ) ਅਤੇ ਯੂ ਪੀ ਐੱਸ ਸੀ ਪ੍ਰੀਖਿਆ 'ਚ 422ਵਾਂ ਰੈਂਕ ਪ੍ਰਾਪਤ ਕਰਨ ਵਾਲੀ ਜਸਪ੍ਰੀਤ ਕੌਰ ਪ੍ਰਧਾਨਗੀ ਮੰਡਲ 'ਚ ਸ਼ਾਮਿਲ ਸਨ। ਸ਼ਮਾ ਰੋਸ਼ਨ ਦੀ ਰਸਮ ਉਪਰੰਤ ਸੁਸਾਇਟੀ ਦੇ ਜਨਰਲ ਸਕੱਤਰ ਐਡਵੋਕੇਟ ਅਨਮੋਲ ਸਿੰਘ ਨੇ ਸੁਸਾਇਟੀ ਦੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਸਮੂਹ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਸੁਸਾਇਟੀ ਦੇ ਜੁਆਇੰਟ ਸਕੱਤਰ ਜੈ ਪਾਲ ਨੇ ਸਟੇਜ ਦੀ ਕਾਰਵਾਈ ਬਾਖੂਬੀ ਨਿਭਾਈ। ਬਨਵੈਤ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਹਾਤਮਾ ਜੋਤੀਬਾ ਰਾਓ ਫੂਲੇ ਮੁਢਲੇ ਸਮਾਜ ਸੁਧਾਰਕਾਂ ਵਿੱਚੋਂ ਸਨ ਅਤੇ ਵਰਤਮਾਨ ਸਰਕਾਰਾਂ ਨੂੰ ਸਿੱਖਿਆ ਦੇ ਖੇਤਰ 'ਚ ਪਏ ਖੱਪਿਆਂ ਨੂੰ ਪੂਰਾ ਕਰਨ ਲਈ ਮਹਾਤਮਾ ਫੂਲੇ ਤੋਂ ਸੇਧ ਲੈਣੀ ਚਾਹੀਦੀ ਹੈ। ਇਸ ਦੌਰਾਨ ਫਤਿਹਜੰਗ ਸਿੰਘ, ਰੋਟੇਰੀਅਨ ਭੁਪਿੰਦਰ ਸੈਣੀ, ਸਾਹਿਬ ਸਿੰਘ, ਮਾਸਟਰ ਸ਼ਿਵਚਰਨ ਸਿੰਘ ਸੈਣੀ, ਕ੍ਰਿਸ਼ਨ ਰਾਠੀ, ਜਤਿੰਦਰ ਕੁਮਾਰ, ਗੁਰਨਾਮ ਸਿੰਘ ਲਾਲੜੂ ਅਤੇ ਮੁਲਾਜ਼ਮ ਆਗੂ ਸੁਖਦੇਵ ਸਿੰਘ ਸੈਣੀ ਨੇ ਵੀ ਆਪੋ ਆਪਣੇ ਵਿਚਾਰ ਸਾਂਝੇ ਕੀਤੇ। ਗੀਤਕਾਰ ਸ. ਜੈਲਦਾਰ ਸਿੰਘ ਹਸਮੁਖ ਨੇ ਗੀਤ ਸੁਣਾਏ। ਇਸ ਦੌਰਾਨ ਸੁਸਾਇਟੀ ਵੱਲੋਂ ਪ੍ਰੋਗਰਾਮ 'ਚ ਸ਼ਾਮਲ ਹੋਏ ਵਿਸ਼ੇਸ਼ ਮਹਿਮਾਨਾਂ ਨੂੰ ਉਚੇਚੇ ਤੌਰ 'ਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਪ੍ਰੋਗਰਾਮ 'ਚ ਡਾ.ਅਨਿਕੇਤ ਸੈਣੀ, ਕ੍ਰਿਸ਼ਨ ਲਾਲ ਸੈਣੀ, ਸਤਪਾਲ ਸਿੰਘ, ਸੁਸਾਇਟੀ ਦੇ ਸਾਬਕਾ ਪ੍ਰਧਾਨ ਭਾਗ ਸਿੰਘ, ਐਸਡੀਓ ਨਰਿੰਦਰ ਕੁਮਾਰ, ਦੇਸ਼ ਸੇਵਕ ਤੋਂ ਕੁਲਬੀਰ ਸਿੰਘ, ਕਾਂਗਰਸੀ ਆਗੂ ਬਲਿਹਾਰ ਸਿੰਘ ਬੱਲੀ, ਪ੍ਰੈੱਸ ਕਲੱਬ ਸਬ ਡਵੀਜ਼ਨ ਡੇਰਾਬੱਸੀ ਦੇ ਪ੍ਰਧਾਨ ਗੁਰਜੀਤ ਸਿੰਘ ਈਸਾਪੁਰ, ਹਰਵਿੰਦਰ ਕੁਮਾਰ, ਬਾਰ ਐਸੋਸੀਏਸ਼ਨ ਡੇਰਾਬੱਸੀ ਦੇ ਪ੍ਰਧਾਨ ਵਿਕਰਮਜੀਤ ਸਿੰਘ ਸਮੇਤ ਸਮੂਹ ਮੈਂਬਰਾਨ ਹਾਜ਼ਰ ਸਨ।



## ਧੰਨਾ ਜੱਟ ਦਾ ਜਨਮ ਦਿਵਸ ਭਲਕੇ ਮਨਾਇਆ ਜਾਵੇਗਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੋਰਿੰਡਾ ਦੀ ਸਾਧ ਸੰਗਤ ਵਲੋਂ ਭਗਤ ਧੰਨਾ ਜੱਟ ਦਾ ਜਨਮ ਦਿਹਾੜਾ ਮੋਰਿੰਡਾ ਵਿਖੇ 21ਅਪ੍ਰੈਲ ਨੂੰ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੇਵਾਦਾਰ ਬਲਜਿੰਦਰ ਸਿੰਘ ਭੂਲਰ ਡੂਮਛੇੜੀ ਨੇ ਦੱਸਿਆ ਕਿ ਧੰਨਾ ਭਗਤ ਦੇ ਜਨਮ ਦਿਹਾੜੇ ਸਬੰਧੀ ਗੁਰਦੁਆਰਾ ਸ੍ਰੀ ਗੁਪਤਸਰ ਸਾਹਿਬ ਮੋਰਿੰਡਾ ਵਿਖੇ 21 ਅਪ੍ਰੈਲ ਨੂੰ ਸਵੇਰੇ 8 ਵਜੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਰੰਭ ਹੋਣਗੇ। 10 ਵਜੇ ਸਵੇਰੇ ਭੋਗ ਪਾਏ ਜਾਣਗੇ। ਭੋਗ ਪਾਉਣ ਉਪਰੰਤ 10 ਵਜੇ ਤੋਂ 12 ਵਜੇ ਤੱਕ ਪ੍ਰਸਿਧ ਰਾਗੀ ਭਾਈ ਬੇਅੰਤ ਸਿੰਘ ਧਿਆਨਪੁਰੇ ਵਾਲੇ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕਰਨਗੇ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਬਲਜਿੰਦਰ ਸਿੰਘ ਭੂਲਰ ਨੇ ਇਲਾਕਾ ਨਿਵਾਸੀਆਂ ਨੂੰ ਇਸ ਮੌਕੇ ਪਹੁੰਚ ਕੇ ਬਾਣੀ ਨਾਲ ਜੁੜਨ ਦੀ ਬੇਨਤੀ ਕੀਤੀ।

## ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੀ ਜ਼ਿਲ੍ਹਾ ਪੱਧਰੀ ਮੀਟਿੰਗ

**ਦਸੂਹਾ (ਕਰਨੈਲ ਮਾਂਗਟ)**- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੀ ਇਕ ਅਹਿਮ ਮੀਟਿੰਗ ਪਾਂਡਵ ਤਲਾਬ ਦਸੂਹਾ ਵਿਖੇ ਜ਼ਿਲ੍ਹਾ ਪ੍ਰਧਾਨ ਸੰਜੀਵ ਧੂਤ ਅਤੇ ਜਨਰਲ ਸਕੱਤਰ ਤਿਲਕ ਰਾਜ ਦੀ ਅਗਵਾਈ ਹੇਠ ਹੋਈ। ਜਿਸ ਵਿਚ ਸੂਬਾ ਕਨਵੀਨਰ ਜਸਵੀਰ ਤਲਵਾੜਾ, ਵਿੱਤ ਸਕੱਤਰ ਵਰਿੰਦਰ ਵਿੱਕੀ, ਪ੍ਰਿੰਸ ਪਲਿਆਲ ਗੜ੍ਹਦੀਵਾਲ ਅਤੇ ਰਜਤ ਮਹਾਜਨ ਵਿਸ਼ੇਸ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਤੇ ਪਿਛਲੇ ਸੰਘਰਸ਼ ਦੀ ਸਮੀਖਿਆ ਕੀਤੀ ਗਈ ਤੇ ਭਵਿੱਖ ਦੀ ਰਣਨੀਤੀ ਉਲੀਕੀ ਗਈ। ਉਹਨਾਂ ਕਿਹਾ ਕਿ ਸਰਕਾਰ ਜਲਦੀ ਪੁਰਾਣੀ ਪੈਨਸ਼ਨ ਬਹਾਲ ਕਰੇ। ਇਸ ਮੌਕੇ ਤੇ ਜਸਵੀਰ ਬੋਦਲ, ਉਮੇਸ਼ ਕੁਮਾਰ, ਚਮਨ ਲਾਲ, ਵਿਪਨ ਕੁਮਾਰ, ਮਨਮੋਹਨ ਸਿੰਘ, ਜਸਵਿੰਦਰ ਬੁੱਲ੍ਹੋਵਾਲ, ਅਸ਼ੋਕ ਬੁੱਲ੍ਹੋਵਾਲ, ਗੁਰਕਿਰਪਾਲ ਬੋਦਲ ਅਤੇ ਸੱਤਪਾਲ ਕਮਾਹੀ ਦੇਵੀ ਹਾਜ਼ਰ ਸਨ।



## ਵਿਧਵਾ ਤੇ ਨਿਆਸਰਿਤ ਔਰਤਾਂ ਲਈ 102 ਕਰੋੜ ਤੋਂ ਵੱਧ ਰਾਸ਼ੀ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਦੀ ਆਰਥਿਕ ਸੁਰੱਖਿਆ ਤੇ ਆਤਮ-ਸਨਮਾਨ ਨੂੰ ਮਜ਼ਬੂਤ ਕਰਨ ਲਈ ਵੱਡਾ ਕਦਮ ਚੁੱਕਦਿਆਂ ਵਿੱਤੀ ਸਾਲ 2026-27 ਦੇ ਮਹੀਨਾ ਮਾਰਚ ਲਈ 102 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਕਮਜ਼ੋਰ ਵਰਗਾਂ, ਖਾਸ ਕਰਕੇ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਲਗਾਤਾਰ ਲੋਕ-ਕੇਂਦਰਿਤ ਅਤੇ ਨਤੀਜਾ-ਮੁੱਖੀ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਵਿੱਤੀ ਸਹਾਇਤਾ ਹਜ਼ਾਰਾਂ ਔਰਤਾਂ ਲਈ ਸਹਾਰਾ ਬਣ ਰਹੀ ਹੈ, ਜਿਸ ਨਾਲ ਉਹ ਆਪਣੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਪੂਰੀਆਂ ਕਰਦੀਆਂ ਹੋਈਆਂ ਆਤਮ-ਵਿਸ਼ਵਾਸ ਨਾਲ ਜੀਵਨ ਬਤੀਤ ਕਰ ਸਕਦੀਆਂ ਹਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਵੇਲੇ ਸੂਬੇ ਦੀਆਂ 6,83,004 ਵਿਧਵਾ ਤੇ ਨਿਆਸ਼ਰਿਤ ਔਰਤਾਂ ਨੂੰ ਇਸ ਸਕੀਮ ਦਾ ਲਾਭ ਦਿੱਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਹਰ ਮਹੀਨੇ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ।ਡਾ. ਬਲਜੀਤ ਕੌਰ ਨੇ ਹੋਰ ਦੱਸਿਆ ਕਿ ਵਿੱਤੀ ਸਾਲ 2026-27 ਦੌਰਾਨ ਯੋਗ ਲਾਭਪਾਤਰੀਆਂ ਨੂੰ ਨਿਰਵਿਘਨ ਪੈਨਸ਼ਨ ਜਾਰੀ ਰਹੇ।

# ਕਿਸਾਨ ਦੇ ਡੇਰੇ ਤੋਂ ਮੱਝ ਚੋਰੀ

**ਅਲਾਵਲਪੁਰ (ਮਦਨ ਬੰਗੜ)**

ਪੁਲਸ ਚੌਕੀ ਅਲਾਵਲਪੁਰ ਅਧੀਨ ਆਉਂਦੇ ਬਿਆਸ ਪਿੰਡ ਵਿਖੇ ਇੱਕ ਕਿਸਾਨ ਦੇ ਡੇਰੇ ਤੋਂ ਚੋਰਾਂ ਵੱਲੋਂ ਦੋ ਮੱਝਾਂ ਵਿੱਚੋਂ ਇੱਕ ਚੋਰੀ ਕਰਕੇ ਲੈ ਜਾਣ ਤੇ ਇੱਕ ਖੂਹੀ ਵਿੱਚ ਡਿੱਗਣ ਕਰਕੇ ਚੋਰੀ ਹੋਣ ਤੋਂ ਬਚ ਜਾਣ ਦੀ ਖਬਰ ਹੈ। ਉਕਤ ਚੋਰੀ ਸਬੰਧੀ ਜਾਣਕਾਰੀ ਦਿੰਦੇ ਹੋਏ ਕੁਲਵਿੰਦਰ ਸਿੰਘ ਪੁੱਤਰ ਊਧਮ ਸਿੰਘ ਨਿਵਾਸੀ ਬਿਆਸ ਪਿੰਡ ਤੇ ਨੰਬਰਦਾਰ ਰਣਜੀਤ ਸਿੰਘ ਨੇ ਸਾਂਝੇ ਤੌਰ ਤੇ ਦੱਸਿਆ ਕਿ ਚੋਰ ਉਨਾਂ ਦੇ ਡੇਰੇ ਤੇ ਆਏ ਅਤੇ ਪਸ਼ੂਆਂ ਵਾਲੀ ਸ਼ੈਡ ਵਿੱਚੋਂ ਦੋ ਮੱਝਾਂ ਖੋਲ ਕੇ ਡੇਰੇ ਤੋਂ ਕਰੀਬ ਦੋ ਤਿੰਨ ਖੇਤਾਂ ਦੀ ਦੂਰੀ ਤੇ ਤੋਰ ਕੇ ਲੈ ਗਏ ਜਿੱਥੇ ਉਨਾਂ ਨੇ ਪਹਿਲਾਂ ਹੀ ਗੱਡੀ ਲਗਾਈ ਹੋਈ ਸੀ। ਉਹਨਾਂ ਨੇ ਇੱਕ ਮੱਝ ਨੂੰ ਗੱਡੀ ਵਿੱਚ ਚੜਾ ਲਿਆ ਜਦ ਕਿ ਜਦੋਂ ਦੂਸਰੀ ਮੱਝ ਨੂੰ ਚੜਾਉਣ ਲੱਗੇ ਸਨ ਤਾਂ ਉਸ ਜਗ੍ਹਾ ਦੇ ਨਜ਼ਦੀਕ ਇੱਕ ਖੂਹੀ ਵਿੱਚ ਮੱਝ ਡਿੱਗ ਗਈ। ਜਦੋਂ ਚੋਰ ਗੱਡੀ ਵਿੱਚ ਮੱਝਾਂ ਲੋਡ ਕਰ ਰਹੇ ਸਨ ਉਸ ਵੇਲੇ ਕੁਲਵਿੰਦਰ ਸਿੰਘ ਦੇ ਡੇਰੇ 'ਤੇ ਰੱਖੇ ਹੋਏ ਕੁੱਤੇ ਭੌਂਕਣ ਲੱਗ ਗਏ। ਜਦੋਂ ਉਹਨਾਂ ਉੱਠ ਕੇ ਦੇਖਿਆ ਤਾਂ 2 ਮੱਝਾਂ ਗਾਇਬ ਸਨ ਕੋਠੇ ਤੇ ਚੜ ਕੇ ਬੈਟਰੀ ਨਾਲ ਲਾਈਟ ਮਾਰੀ ਤਾਂ ਚੋਰ ਇੱਕ ਮੱਝ ਨੂੰ ਗੱਡੀ ਵਿੱਚ ਲੈ ਕੇ ਫਰਾਰ ਹੋ ਗਏ। ਉਨਾਂ ਨੇ ਚੋਰਾਂ ਦੀ ਗੱਡੀ ਦਾ ਪਿੱਛਾ ਵੀ ਕੀਤਾ ਲੇਕਿਨ ਉਹ ਫਰਾਰ ਹੋਣ 'ਚ ਕਾਮਯਾਬ ਹੋ ਗਏ। ਉਨਾਂ ਨੇ ਇਕੱਠੇ ਹੋ ਕੇ ਦੂਸਰੀ ਮੱਝ ਨੂੰ ਖੂਹੀ ਦੇ ਵਿੱਚੋਂ ਬਾਹਰ ਕੱਢਿਆ ਜਿਸ ਦਾ ਬਚਾਅ ਹੋ ਗਿਆ। ਕੁਲਵਿੰਦਰ ਸਿੰਘ ਨੇ ਦੱਸਿਆ ਕਿ ਉਹਨਾਂ ਦਾ ਕਰੀਬ 80 ਹਜ਼ਾਰ ਰੁਪਏ ਦਾ ਨੁਕਸਾਨ ਹੋਇਆ ਹੈ। ਨੰਬਰਦਾਰ ਰਣਜੀਤ ਸਿੰਘ ਨੇ ਦੱਸਿਆ ਕਿ ਜਦ ਉਹ ਚੋਰਾਂ ਦੀ ਗੱਡੀ ਦਾ ਪਿੱਛਾ ਕਰ ਰਹੇ ਸਨ ਤਾਂ ਉਹਨਾਂ ਪੁਲਿਸ ਚੌਕੀ ਅਲਾਵਲਪੁਰ ਵਿਖੇ ਸਰਕਾਰੀ ਨੰਬਰ ਤੇ ਵਾਰ ਵਾਰ ਫੋਨ ਕੀਤਾ ਸੀ ਲੇਕਿਨ ਅਲਾਵਲਪੁਰ ਪੁਲਿਸ ਚੌਕੀ ਦੇ ਮੁਲਾਜ਼ਮਾਂ ਨੇ ਫੋਨ ਨਹੀਂ ਚੱਕਿਆ। ਇਸ ਸਬੰਧੀ ਪੁਲਿਸ ਚੌਕੀ ਅਲਾਵਲਪੁਰ ਦੇ ਇੰਚਾਰਜ ਸਬ ਇੰਸ. ਰਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਜਾਂਚ ਕੀਤੀ ਜਾ ਰਹੀ ਹੈ ਤੇ ਜਲਦ ਚੋਰਾਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।



# ਮਹਿਲਾ ਰਿਜ਼ਰਵੇਸ਼ਨ ਦੇ ਨਾਂਅ 'ਤੇ ਕੇਂਦਰ ਨੇ ਮਹਿਲਾਵਾਂ ਨਾਲ ਕੀਤਾ ਵੱਡਾ ਧੋਖਾ : ਨੀਤੀ ਤਲਵਾੜ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਮਹਿਲਾ ਨੇਤਾ ਨੀਤੀ ਤਲਵਾੜ ਨੇ ਸਥਾਨਕ ਗੁੜ ਮੰਡੀ ਵਿੱਚ ਮਹਿਲਾਵਾਂ ਦੀ ਮੀਟਿੰਗ ਦੌਰਾਨ ਕੇਂਦਰ ਦੀ ਭਾਜਪਾ ਸਰਕਾਰ 'ਤੇ ਮਹਿਲਾ ਰਿਜ਼ਰਵੇਸ਼ਨ ਬਿੱਲ (ਨਾਰੀ ਸ਼ਕਤੀ ਵੰਦਨ ਅਧਿਨਿਯਮ) ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕੀਤੇ । ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਦੀ ਮਨਸ਼ਾ ਅਸਲ ਵਿੱਚ ਮਹਿਲਾਵਾਂ ਨੂੰ ਹੱਕ ਦੇਣ ਦੀ ਨਹੀਂ, ਸਗੋਂ ਸਿਰਫ਼ ਚੋਣੀ ਲਾਭ ਲੈਣ ਦੀ ਹੈ।ਨੀਤੀ ਤਲਵਾੜ ਨੇ ਸਵਾਲ ਕਰਦੇ ਹੋਏ ਕਿਹਾ ਕਿ ਰਿਜ਼ਰਵੇਸ਼ਨ ਨਾਲ ਸ਼ਰਤਾਂ ਦਾ ਖੇਡ ਕਿਉਂ ? ਉਨ੍ਹਾਂ ਪੁੱਛਿਆ ਕਿ ਜਦੋਂ ਸਰਕਾਰ ਨੂੰ ਬਿੱਲ ਪਾਸ ਕਰਨਾ ਹੀ ਸੀ ਤਾਂ ਇਸ ਦੇ ਨਾਲ ਹੱਦਬੰਦੀ ਅਤੇ ਜਨਗਣਨਾ ਦੀ ਸ਼ਰਤ ਕਿਉਂ ਜੋੜੀ ਗਈ? ਉਨ੍ਹਾਂ ਕਿਹਾ, ਦੇਸ਼ ਦੀਆਂ ਮਹਿਲਾਵਾਂ ਨੂੰ ਬੇਵਕੂਫ ਬਣਾਇਆ ਜਾ ਰਿਹਾ ਹੈ। ਸਰਕਾਰ ਦੱਸੇ ਕਿ ਮਹਿਲਾ ਰਿਜ਼ਰਵੇਸ਼ਨ ਅਤੇ ਲੋਕ ਸਭਾ ਦੀਆਂ ਸੀਟਾਂ ਦੇ ਵਧਾਏ ਜਾਣ (ਹੱਦਬੰਦੀ) ਦਾ ਆਪਸ ਵਿੱਚ ਕੀ ਸੰਬੰਧ ਹੈ? ਕੀ ਬਿਨਾਂ ਸੀਟਾਂ ਵਧਾਏ ਮੌਜੂਦਾ ਸੀਟਾਂ 'ਤੇ ਮਹਿਲਾਵਾਂ ਨੂੰ 33% ਹੱਕ ਨਹੀਂ ਦਿੱਤਾ ਜਾ ਸਕਦਾ ਸੀ?

# ਟਿੱਪਰ ਤੇ ਕਾਰ 'ਚ ਟੱਕਰ, ਔਰਤ ਦੀ ਮੌਤ

**ਫਿਲੌਰ (ਨਿਰਮਲ)**

ਗੁਰਾਇਆ ਤੋਂ ਫਿਲੌਰ ਹਾਈਵੇ ਤੇ ਸਥਿਤ ਨਾਮਧਾਰੀ ਢਾਬੇ ਸਾਹਮਣੇ ਟਿੱਪਰ ਤੇ ਕਾਰ ਦੀ ਟੱਕਰ ਚ ਇੱਕ ਔਰਤ ਦੀ ਮੌਤ ਤੇ ਇੱਕ ਔਰਤ ਅਤੇ ਡਰਾਇਵਰ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਏ ਐੱਸ ਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਹਾਈਵੇ ਤੇ ਟਿੱਪਰ ਖੜਾ ਸੀ ਕਿ ਇੱਕ ਕਾਰ ਉਸ ਵਿੱਚ ਆ ਕੇ ਵੱਜੀ ਜਿਸ ਕਾਰਨ ਕਾਰ ਵਿੱਚ ਪਿਆ ਸਾਰਾ ਸਮਾਨ ਖਿੱਲਰ ਗਿਆ ਅਤੇ ਕਾਰ ਵਿੱਚ ਸਵਾਰ ਇੱਕ ਔਰਤ ਦੀ ਮੌਕੇ ਤੇ ਮੌਤ ਹੋ ਗਈ, ਦੂਜੀ ਔਰਤ ਅਤੇ ਡਰਾਇਵਰ ਗੰਭੀਰ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਮੁਢਲੀ ਸਹਾਇਤਾ ਦੇਣ ਉਪਰੰਤ ਨਿੱਜੀ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਫਿਲੌਰ ਵਿਖੇ ਪਹੁੰਚਾਇਆ ਗਿਆ। ਹਾਦਸੇ ਦੌਰਾਨ ਜ਼ਖ਼ਮੀ ਹੋਏ ਵਿਅਕਤੀਆਂ ਦੇ ਪਰਵਾਰ ਵਾਲਿਆਂ ਨੂੰ ਸੂਚਿਤ ਕਰ ਦਿੱਤਾ ਗਿਆ ਤੇ ਥਾਣਾ ਫਿਲੌਰ ਦੇ ਡਿਊਟੀ ਅਫਸਰ ਵਿਜੇ ਕੁਮਾਰ ਨੂੰ ਵੀ ਸੂਚਿਤ ਕਰ ਦਿੱਤਾ ਗਿਆ।ਇਸ ਸਬੰਧੀ ਜ਼ਖ਼ਮੀ ਔਰਤ ਰਾਜਵਿੰਦਰ ਕੌਰ ਪਤਨੀ ਭੁਪਿੰਦਰ ਸਿੰਘ ਵਾਸੀ ਪਿੰਡ ਚੱਕ ਮਹਿਮਾਨ ਗੁਰਦਾਸਪੁਰ ਨੇ ਦੱਸਿਆ ਕਿ ਉਹ ਆਪਣੀ ਨੂੰਹ ਨੂੰ ਮਿਲਣ ਡੇਰਾ ਬਾਬਾ ਨਾਨਕ ਤੋਂ ਲੁਧਿਆਣਾ ਨੂੰ ਜਾ ਰਹੀ ਸੀ ਜਿਸ ਨੇ ਵਿਦੇਸ਼ ਨੂੰ ਮੇਰੇ ਬੇਟੇ ਕੋਲ ਜਾਣਾ ਸੀ ਪਰ ਰਸਤੇ ਵਿੱਚ ਹੀ ਹਾਦਸਾ ਹੋਣ ਨਾਲ ਸਿਮਰਨਜੀਤ ਕੌਰ ਪਤਨੀ ਰਣਜੋਧ ਸਿੰਘ ਵਾਸੀ ਚੱਕ ਮਹਿਮਾਨ ਗੁਰਦਾਸਪੁਰ ਦੀ ਮੌਕੇ ਤੇ ਮੌਤ ਹੋ ਗਈ ਤੇ ਡਰਾਇਵਰ ਸਿਮਰਨਜੀਤ ਸਿੰਘ ਪੁੱਤਰ ਹੀਰਾਂ ਸਿੰਘ ਵਾਸੀ ਬਟਾਲਾ ਜ਼ਖ਼ਮੀ ਹੋ ਗਿਆ।



## ਏ ਆਈ ਬਾਰੇ ਦੋ-ਰੋਜ਼ਾ ਕਾਨਫਰੰਸ ਕਰਵਾਈ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਏ ਆਈ ਨੂੰ ਸ਼ਾਮਲ ਕਰਨ ਵੱਲ ਫੈਸਲਾਕੁੰਨ ਕਦਮ ਚੁੱਕਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਇੱਥੇ ਸੀ ਆਈ ਆਈ ਦੇ ਨਾਰਦਰਨ ਰੀਜਨ ਦੇ ਹੈੱਡਕੁਆਰਟਰ ਵਿਖੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) 'ਤੇ ਕਰਵਾਈ ਗਈ ਕੌਮੀ-ਪੱਧਰ ਦੀ ਦੋ-ਰੋਜ਼ਾ ਕਾਨਫਰੰਸ ਅੱਜ ਗੂਗਲ ਅਤੇ ਇੰਟੇਲ ਦੁਆਰਾ ਵਿਹਾਰਕ ਵਰਕਸ਼ਾਪਾਂ ਦੇ ਆਯੋਜਨ ਨਾਲ ਸਮਾਪਤ ਹੋਈ। ਇਸ ਕਾਨਫਰੰਸ ਨੇ ਕਲਾਸਰੂਮਾਂ ਵਿੱਚ ਏਆਈ ਨੂੰ ਸ਼ਾਮਲ ਕਰਨ ਲਈ ਢੁਕਵਾਂ ਰੋਡਮੈਪ, ਜੋ ਸਿੱਖਣ ਦੀ ਗੁਣਵੱਤਾ 'ਚ ਸੁਧਾਰ, ਪਹੁੰਚ ਨੂੰ ਵਧਾਉਣ ਅਤੇ ਵਿਦਿਆਰਥੀਆਂ ਨੂੰ ਸਿਰਫ਼ ਖਪਤਕਾਰਾਂ ਦੀ ਥਾਂ ਤਕਨਾਲੋਜੀ ਦੇ ਸਿਰਜਣਹਾਰ ਵਜੋਂ ਤਿਆਰ ਕਰਨ 'ਤੇ ਕੇਂਦ੍ਰਿਤ ਹੋਵੇਗਾ, ਤਿਆਰ ਕਰਨ ਵਾਸਤੇ ਨੀਤੀ ਘਾੜਿਆਂ, ਸਿੱਖਿਅਕਾਂ ਅਤੇ ਤਕਨਾਲੋਜੀ ਮਾਹਿਰਾਂ ਲਈ ਵਿਚਾਰ-ਵਟਾਂਦਰੇ ਵਾਸਤੇ ਇੱਕ ਢੁਕਵਾਂ ਮੰਚ ਪ੍ਰਦਾਨ ਕੀਤਾ।



## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰ ਯੂਨੀਅਨ ਦਾ ਧਰਨਾ ਮੁਲਤਵੀ

**ਬੰਗਾ (ਅਵਤਾਰ ਕਲੇਰ)**- ਪਾਵਰਕਾਮ ਅਤੇ ਟਰਾਸਕੋ ਪੈਨਸ਼ਨਰ ਯੂਨੀਅਨ ਏਟਕ ਦਾ ਮੰਡਲ ਵਫ਼ਦ ਨਵਾਂ ਸ਼ਹਿਰ ਵੱਲੋਂ ਐਕਸੀਅਨ ਨਵਾਂ ਸ਼ਹਿਰ ਨਾਲ ਮੀਟਿੰਗ ਕੀਤੀ ਗਈ। ਮੰਡਲ ਦਫ਼ਤਰ ਵਲੋਂ ਮੰਡਲ ਸੁਪਰਡੈਂਟ ਅਤੇ ਮੰਡਲ ਲੇਖਾਕਾਰ ਹਾਜ਼ਰ ਹੋਏ। ਪੈਨਸ਼ਨਰ ਯੂਨੀਅਨ ਏਟਕ ਵੱਲੋਂ ਮੰਡਲ ਪ੍ਰਧਾਨ ਗੁਰਦੀਪ ਸਿੰਘ ਸਰਕਲ ਪ੍ਰਧਾਨ ਹਸ਼ਮਤ ਅਲੀ, ਮੰਡਲ ਆਗੂ ਵਿਜੇ ਸਿੰਘ, ਰਾਮ ਆਸਰਾ, ਰਾਮ ਲਖਣ , ਜਗਦੀਸ ਸਿੰਘ,ਕੁੰਦਨ ਸਿੰਘ, ਲਛਮਣ ਦਾਸ ਤੇ ਪ੍ਰਭਾਕਰ ਤਿਵਾੜੀ ਹਾਜ਼ਰ ਹੋਏ। ਏਜੰਡੇ ਸੰਬਧੀ ਐਕਸੀਅਨ ਵੱਲੋਂ ਜੱਥੇਬੰਦੀ ਨੂੰ ਲਿਖਤੀ ਮੀਟਿੰਗ 15 ਅਪ੍ਰੈਲ 26 ਨੂੰ ਦਿੱਤੀ ਗਈ ਮੀਟਿੰਗ ਵਿੱਚ ਇੱਕ-ਇੱਕ ਕਰਕੇ ਸਾਰੀਆਂ ਮੰਗਾਂ ਤੇ ਵਿਚਾਰ ਵਟਾਂਦਰਾ ਕਰਨ ਉਪਰੰਤ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ।ਇਸ ਉਪਰੰਤ ਜਥੇਬੰਦੀ ਵੱਲੋਂ 16 ਅਪ੍ਰੈਲ 26 ਨੂੰ ਮੰਡਲ ਦਫਤਰ ਗੜ੍ਹਸ਼ੰਕਰ ਰੋਡ ਤੇ ਦਿੱਤੇ ਜਾਣ ਵਾਲੇ ਰੋਸ ਧਰਨੇ ਨੂੰ ਅਗਲੇ ਫ਼ੈਸਲੇ ਤੱਕ ਮੁਲਤਵੀ ਕਰ ਦਿੱਤਾ ਗਿਆ ਹੈ।

# ਸੁੱਧਾ ਮਾਜਰਾ ਤੋਂ ਚਾਹਲਾਂ ਤੱਕ ਸੜਕ ਜਲਦ ਬਣਾਈ ਜਾਏਗੀ : ਜਲਾਲਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਇਲਾਕਾ ਨਿਵਾਸੀਆਂ ਦੀ ਬਹੁਤ ਪੁਰਾਣੀ ਮੰਗ ਨੂੰ ਪੂਰਾ ਕਰਦੇ ਹੋਏ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵਲੋਂ ਸੁੱਧਾ ਮਾਜਰਾ ਤੋਂ ਚਾਹਲਾਂ ਤੱਕ 4.2 ਕਿਲੋਮੀਟਰ ਸੜਕ ਜਲਦ ਬਣਾਈ ਜਾ ਰਹੀ ਹੈ। ਇਸ ਗਲ ਦਾ ਪ੍ਰਗਟਾਵਾ ਕਰਦੇ ਹੋਏ ਸਤਨਾਮ ਜਲਾਲਪੁਰ, ਚੇਅਰਮੈਨ ਜਿਲਾ ਯੋਜਨਾ ਬੋਰਡ ਅਤੇ ਜਿਲਾ ਪ੍ਰਧਾਨ, ਸ਼ਹੀਦ ਭਗਤ ਸਿੰਘ ਨਗਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਬਹੁਤ ਲੰਬੇ ਸਮੇਂ ਤੋਂ ਜਿਸ ਸੜਕ ਦੀ ਮੰਗ ਲਗਭਗ 30 ਤੋਂ 32 ਪਿੰਡ ਕਰਦੇ ਆ ਰਹੇ ਸਨ, ਉਹ ਸੜਕ ਜਲਦ ਹੀ ਬਣਨ ਜਾ ਰਹੀ ਹੈ ਇਸ ਦੀ ਚੌੜਾਈ 18 ਫੁੱਟ ਹੋਵੇਗੀ ਤੇ ਇਸ ਦਾ ਬਜਟ 4 ਕਰੋੜ ਹੈ ਜਿਸ ਵਿੱਚ ਇਸ ਦੀ ਆਉਣ ਵਾਲੇ ਸਾਲਾਂ ਵਿੱਚ ਮੁਰੰਮਤ ਵੀ ਸ਼ਾਮਿਲ ਹੈ। ਇਹ ਸੜਕ ਬਹੁਤ ਸਾਰੇ ਪਿੰਡਾਂ ਦੀ ਜਮੀਨ (ਰਕਬੇ) ਵਿਚੋਂ ਜਾ ਰਹੀ ਹੈ,ਜਿਵੇਂ ਕਿ ਸੁੱਧਾਮਾਜਰਾ, ਜੰਡੀ, ਟੰਡੋਹ, ਨੱਥਾ ਨੰਗਲ, ਮਹਿੰਦੀਪੁਰ, ਸੂਰਾਪੁਰ, ਜਲਾਲਪੁਰ, ਚਾਹਲਾਂ ਆਦਿ ਇਸ ਨਾਲ ਇਲਾਕਾ ਨਿਵਾਸੀਆਂ ਵਿਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਮੀਟਿੰਗ ਵਿਚ ਜਲਾਲਪੁਰ ਤੋਂ ਵਿਜੇ ਕੁਮਾਰ ਨੰਬਰਦਾਰ, ਬਨਾਰਸੀ ਦਾਸ, ਤਰਸੇਮ ਲਾਲ ਪੰਚ, ਸੁਖਦੇਵ ਭੂੰਬਲਾ ਪੰਚ, ਦਰਸ਼ਣ ਲਾਲ ਮਹੰਤ, ਕਾਬਲ ਚੰਦ ਠੇਕੇਦਾਰ, ਰੋਸ਼ਨ ਲਾਲ ਚੂਚੀ, ਜੰਡੀ ਤੋਂ ਚੇਅਰਮੈਨ ਨਾਨਕ ਬਾਂਠ, ਪਵਨ ਕੁਮਾਰ ਚੇਚੀ, ਮਾਸਟਰ ਗੁਰਦੇਵ ਲਾਲ, ਸੋਮ ਨਾਥ,ਕਾਠਗੜ ਤੋਂ ਕਾਲੇ ਸ਼ਾਹ ਅਤੇ ਵਿਸ਼ਾਲ ਆਨੰਦ, ਚਾਹਲ ਤੋਂ ਸਰਪੰਚ ਹਰਵਿੰਦਰ ਸਿੰਘ, ਨਿਰਮਲ ਸਿੰਘ, ਬਲਵੀਰ ਸਿੰਘ, ਮਨਜੀਤ ਸਿੰਘ, ਸੁੱਧਾਮਾਜਰਾ ਤੋਂ ਥਾਣੇਦਾਰ ਜਸਵੰਤ ਸਿੰਘ, ਸੂਬੇਦਾਰ ਮਲਕੀਤ ਸਿੰਘ ਨੰਬਰਦਾਰ, ਗੁਰਵਿੰਦਰ ਸਿੰਘ, ਕਮਾਲ ਪੁਰ ਤੋਂ ਗੁਰਮੁੱਖ ਸਿੰਘ, ਹਰਬੰਸ ਸਿੰਘ, ਗੁਰਮੀਤ ਸਿੰਘ ਤੋਂ ਇਲਾਵਾ ਬਹੁਤ ਸਾਰ ਸਾਥੀ ਮੌਜੂਦ ਸਨ।



# ਐੱਲ ਪੀ ਯੂ ਨੇ ਭਾਰਤ ਇਨੋਵੇਸ਼ਨ ਚੈਲੇਂਜ ਦੇ ਗ੍ਰੈਂਡ ਫਿਨਾਲੇ ਦੀ ਮੇਜ਼ਬਾਨੀ ਕੀਤੀ

**ਜਲੰਧਰ (ਸ਼ੈਲੀ ਐਲਬਰਟ)**- ਨੌਜਵਾਨ ਇਨੋਵੇਟਰਾਂ ਲਈ ਭਾਰਤ ਦੀ ਸਭ ਤੋਂ ਵੱਡੀ ਦਿਮਾਗੀ ਮੈਰਾਥਨ, ਭਾਰਤ ਇਨੋਵੇਸ਼ਨ ਚੈਲੇਂਜ 2025-26, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਆਯੋਜਿਤ ਕੀਤੀ ਗਈ।ਐੱਲ ਪੀ ਯੂ ਦੀ ਇਸ ਰਾਸ਼ਟਰੀ ਪਹਿਲਕਦਮੀ ਨੂੰ ਭਾਰੀ ਹੁੰਗਾਰਾ ਮਿਲਿਆ, ਜਿਸ ਵਿੱਚ 2,600 ਤੋਂ ਵੱਧ ਟੀਮਾਂ, 10,000 ਤੋਂ ਵੱਧ ਵਿਦਿਆਰਥੀ ਅਤੇ ਸਲਾਹਕਾਰ 28 ਰਾਜਾਂ ਅਤੇ 500 ਤੋਂ ਵੱਧ ਸ਼ਹਿਰਾਂ ਤੋਂ ਹਿੱਸਾ ਲਿਆ। ਦੋ-ਪੜਾਅ ਦੀ ਨਵੀਨਤਾ ਯਾਤਰਾ ਦੇ ਰੂਪ ਵਿੱਚ ਤਿਆਰ ਕੀਤਾ ਗਿਆ, ਚੈਲੇਂਜ ਦਸ ਵਿਭਿੰਨ ਵਿਸ਼ਿਆਂ 'ਤੇ ਔਨਲਾਈਨ ਸਬਮਿਸ਼ਨਾਂ ਨਾਲ ਸ਼ੁਰੂ ਹੋਇਆ, ਜਿਸ ਵਿੱਚ ਸਮਾਰਟ ਲਿਵਿੰਗ, ਸਿਹਤ ਅਤੇ ਤੰਦਰੁਸਤੀ, ਸਾਈਬਰ ਸੁਰੱਖਿਆ, ਜਲਵਾਯੂ ਕਾਰਵਾਈ, ਖੇਤੀਬਾੜੀ, ਗਤੀਸ਼ੀਲਤਾ, ਸਿੱਖਿਆ ਅਤੇ ਸਮਾਵੇਸ਼ ਸ਼ਾਮਲ ਹਨ। ਇਸ ਦੇਸ਼ ਵਿਆਪੀ ਪੂਲ ਤੋਂ, ਚੋਟੀ ਦੀਆਂ 120 ਟੀਮਾਂ ਗ੍ਰੈਂਡ ਫਿਨਾਲੇ ਵਿੱਚ ਪਹੁੰਚੀਆਂ।ਫਿਨਾਲੇ ਵਿੱਚ, ਚੁਣੀਆਂ ਗਈਆਂ ਟੀਮਾਂ ਨੇ 21 ਉਦਯੋਗ ਮਾਹਰਾਂ ਅਤੇ ਨੇਤਾਵਾਂ ਵਾਲੇ ਇੱਕ ਵਿਸ਼ੇਸ਼ ਜਿਊਰੀ ਪੈਨਲ ਨੂੰ ਆਪਣੇ ਕਾਰਜਸ਼ੀਲ ਪ੍ਰੋਟੋਟਾਈਪ ਪੇਸ਼ ਕੀਤੇ। ਪ੍ਰੋਗਰਾਮ ਵਿੱਚ ਢਾਂਚਾਗਤ ਪਿੱਚ ਸੈਸ਼ਨ, ਨਵੀਨਤਾ ਐਕਸਪੋ ਪ੍ਰਦਰਸ਼ਨ, ਅਤੇ ਇੰਟਰਐਕਟਿਵ ਮੁਲਾਂਕਣ ਸ਼ਾਮਲ ਸਨ, ਜੋ ਨੌਜਵਾਨ ਨਵੀਨਤਾਕਾਰਾਂ ਨੂੰ ਕਾਰਜਸ਼ੀਲ ਮਾਡਲਾਂ, ਐਪਲੀਕੇਸ਼ਨਾਂ ਅਤੇ ਪ੍ਰੋਟੋਟਾਈਪਾਂ ਰਾਹੀਂ ਆਪਣੇ ਵਿਚਾਰਾਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦੇ ਸਨ।ਜਿਊਰੀ ਪੈਨਲ ਨੇ ਨਵੀਨਤਾ ਅਤੇ ਮੌਲਿਕਤਾ, ਏਆਈ ਦਾ ਪ੍ਰਭਾਵਸ਼ਾਲੀ ਏਕੀਕਰਨ, ਵਿਹਾਰਕਤਾ, ਪ੍ਰੋਟੋਟਾਈਪਾਂ ਦੀ ਮਜ਼ਬੂਤੀ, ਪੇਸ਼ਕਾਰੀ ਦੀ ਸਪਸ਼ਟਤਾ, ਅਤੇ ਸਮੁੱਚੇ ਅਸਲ-ਸੰਸਾਰ ਪ੍ਰਭਾਵ ਵਰਗੇ ਮੁੱਖ ਮਾਪਦੰਡਾਂ 'ਤੇ ਐਂਟਰੀਆਂ ਦਾ ਮੁਲਾਂਕਣ ਕੀਤਾ। ਇਹਨਾਂ ਮੁਲਾਂਕਣਾਂ ਦੇ ਅਧਾਰ ਤੇ, ਚੈਲੇਂਜ ਨੇ ?14 ਲੱਖ ਤੋਂ ਵੱਧ ਦੇ ਕੁੱਲ ਇਨਾਮ ਪੂਲ ਦੇ ਨਾਲ ਅੱਠ ਸ਼੍ਰੇਣੀਆਂ ਵਿੱਚ ਐਂਟਰੀਆਂ ਨੂੰ ਸਨਮਾਨਤ ਕੀਤਾ।



## ਨਗਰ ਕੌਂਸਲ ਨੇ ਵਿਕਾਸ ਕਾਰਜਾਂ ਲਈ ਟਾਟਾ ਹਿਟਾਚੀ ਮਸ਼ੀਨ ਖਰੀਦੀ

**ਅਲਾਵਲਪੁਰ (ਮਦਨ ਬੰਗੜ)**-ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਅਤੇ ਸੁਚਾਰੂ ਬਣਾਉਣ ਦੇ ਮੱਦੇਨਜ਼ਰ ਅਲਾਵਲਪੁਰ ਨਗਰ ਕੌਂਸਲ ਵੱਲੋਂ ਇੱਕ ਨਵੀਂ ਟਾਟਾ ਹਿਟਾਚੀ ਮਸ਼ੀਨ ਖਰੀਦੀ ਗਈ ਹੈ। ਇਹ ਮਸ਼ੀਨ ਕੰਪਨੀ ਵੱਲੋਂ ਨਗਰ ਕੌਂਸਲ ਦੇ ਹਵਾਲੇ ਕੀਤੀ ਗਈ।ਇਸ ਮੌਕੇ ਨਗਰ ਕੌਂਸਲ ਦੀ ਪ੍ਰਧਾਨ ਨੀਲਮ ਰਾਣੀ, ਮੁਕੰਦਰ ਲਾਲ, ਕੌਂਸਲਰ ਰਾਜ ਰਾਣੀ, ਨਰੇਸ਼ ਕੁਮਾਰ, ਬ੍ਰਿਜ ਭੂਸ਼ਣ ਤੇ ਰਾਮ ਰਤਨ ਪਪੀ ਸਮੇਤ ਹੋਰ ਅਧਿਕਾਰੀ ਅਤੇ ਸਟਾਫ ਹਾਜ਼ਰ ਸਨ।ਇਸ ਦੌਰਾਨ ਪ੍ਰਧਾਨ ਨੀਲਮ ਰਾਣੀ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਨਗਰ ਕੌਂਸਲ ਨੂੰ ਇਸ ਮਸ਼ੀਨ ਦੀ ਬਹੁਤ ਜ਼ਰੂਰਤ ਸੀ, ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਵੱਲੋਂ ਪ੍ਰਾਪਤ ਹੋਏ ਫੰਡਾਂ ਨਾਲ ਇਸ ਮਸ਼ੀਨ ਦੀ ਖਰੀਦ ਕੀਤੀ ਗਈ ਹੈ, ਜਿਸ ਨਾਲ ਸਫਾਈ ਅਤੇ ਹੋਰ ਨਿਰਮਾਣ ਕੰਮਾਂ ਵਿੱਚ ਤੇਜ਼ੀ ਆਵੇਗੀ। ਇਸ ਮੌਕੇ ਰਮੇਸ਼ ਕੁਮਾਰ, ਵਿਨੋਦ ਕੁਮਾਰ ਅਤੇ ਨਗਰ ਕੌਂਸਲ ਦਾ ਸਮੂਹ ਸਟਾਫ ਵੀ ਮੌਜੂਦ ਰਿਹਾ।



## ਯੋਗਾ ਟੀਚਰ ਏਕਤਾ ਤੇ ਸੂਰਵੀ ਸਨਮਾਨਤ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਬੀ ਡੀ ਓ ਕਾਲੋਨੀ ਮਾਹਿਲਪੁਰ ਵਾਰਡ ਨੰਬਰ 11-12 ਵਿਖੇ ਪਿਛਲੇ ਲਗਭਗ ਚਾਰ ਮਹੀਨਿਆਂ ਤੋਂ ਚੱਲੀਆਂ ਯੋਗਾ ਕਲਾਸਾਂ ਦੀ ਸਮਾਪਤੀ ਉਪਰੰਤ ਯੋਗਾ ਟੀਚਰ ਏਕਤਾ ਅਤੇ ਸੂਰਵੀ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਦੀਆਂ ਖੁਸ਼ੀਆਂ ਨੂੰ ਮੁੱਖ ਰੱਖਦੇ ਹੋਏ ਉਨਾਂ ਦੀ ਤਸਵੀਰ ਤੇ ਫੁਲਕਾਰੀਆਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਨਿਰਮਲ ਕੌਰ ਬੋਧ, ਸੁਰਿੰਦਰ ਕੌਰ ਐਮ ਸੀ, ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜ਼ਿ. ਮਾਹਿਲਪੁਰ, ਅਮਰਜੀਤ ਕੌਰ, ਸੁਮੀਤਾ, ਸਿੰਮੀ, ਪਰਮਜੀਤ ਕੌਰ ਚੇਅਰਮੈਨ, ਤਰਸੇਮ ਕੌਰ, ਤੋਸ਼ੀ ਭੈਣ ਜੀ, ਸੀਮਾ ਰਾਣੀ, ਸਤਵਿੰਦਰ ਕੌਰ, ਗਗਨਦੀਪ ਕੌਰ, ਪੂਨਮ, ਅਮਰਜੀਤ ਕੌਰ ਭਾਮ, ਰੰਜਨਾ, ਰੱਜੀ, ਯਸ਼ੋਧਾ, ਸੁਰਜੀਤ ਕੌਰ ਆਦਿ ਹਾਜ਼ਰ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਿਰਮਲ ਕੌਰ ਬੋਧ ਨੇ ਦੱਸਿਆ ਕਿ ਯੋਗਾ ਟੀਚਰ ਏਕਤਾ ਨੇ ਪਿਛਲੇ ਲਗਭਗ ਚਾਰ ਮਹੀਨਿਆਂ ਤੋਂ ਉਹਨਾਂ ਦੀਆਂ ਲਗਾਤਾਰ ਕਲਾਸਾਂ ਲਈਆਂ ਤੇ ਯੋਗਾ ਦੇ ਸਬੰਧ ਵਿੱਚ ਵਿਸਥਾਰ ਪੂਰਵਕ ਜਾਣਕਾਰੀ ਦੇ ਕੇ ਇਸ ਦਾ ਅਭਿਆਸ ਕਰਵਾਇਆ। ਉਨਾਂ ਦੱਸਿਆ ਕਿ ਵਾਰਡ ਨੰਬਰ 11-12 ਦੀਆਂ ਔਰਤਾਂ ਨੇ ਯੋਗਾ ਕਲਾਸਾਂ ਦਾ ਭਰਪੂਰ ਲਾਭ ਉਠਾਇਆ। ਉਹਨਾਂ ਕਿਹਾ ਕਿ ਹੁਣ ਉਹ ਆਪ ਹੀ ਯੋਗਾ ਕਰਕੇ ਆਪਣੀ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਤੰਦਰੁਸਤ ਰੱਖਣ ਦੇ ਯਤਨ ਕਰਨਗੀਆਂ।



# ਗਲੋਬਲ ਸਿੱਖ ਕੌਂਸਲ ਵੱਲੋਂ ਧਾਰਮਿਕ ਆਜ਼ਾਦੀ, ਤਕਨੀਕੀ ਵਿਗਾੜ ਤੇ ਗੁਰਮੁਖੀ ਦੇ ਮੁੱਦੇ ਸੰਸਦ 'ਚ ਉਠਾਉਣ ਲਈ ਚਾਰਾਜੋਈ

**ਚੰਡੀਗੜ੍ਹ (ਗੁਰਜੀਤ ਬਿੱਲਾ)**- 28 ਮੁਲਕਾਂ ਵਿੱਚ ਸਿੱਖ ਸੰਸਥਾਵਾਂ ਦੀ ਪ੍ਰਤੀਨਿਧ ਸੰਸਥਾ, ਗਲੋਬਲ ਸਿੱਖ ਕੌਂਸਲ ਦੇ ਇੱਕ ਉੱਚ-ਪੱਧਰੀ ਵਫ਼ਦ ਨੇ ਨਵੀਂ ਦਿੱਲੀ ਵਿੱਚ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨਾਲ ਮੁਲਾਕਾਤ ਕਰਕੇ ਸਿੱਖਾਂ ਦੀ ਧਾਰਮਿਕ ਆਜ਼ਾਦੀ, ਮਸਨੂਈ ਬੁੱਧੀ (ਆਰਟੀਫੀਸ਼ੀਅਲ ਇੰਟੈਲੀਜੈਂਸ) ਰਾਹੀਂ ਪਵਿੱਤਰ ਗੁਰਬਾਣੀ, ਗੁਰੂ ਸਾਹਿਬਾਨ ਤੇ ਸਿੱਖ ਸੰਸਥਾਵਾਂ ਦਾ ਨਿਰਾਦਰ ਕਰਨ ਅਤੇ ਭਾਸ਼ਾਈ ਵਿਰਾਸਤ ਦੀ ਸੰਭਾਲ ਨਾਲ ਜੁੜੇ ਅਹਿਮ ਮਸਲਿਆਂ 'ਤੇ ਤੁਰੰਤ ਵਿਧਾਨਕ ਅਤੇ ਪ੍ਰਸ਼ਾਸਕੀ ਕਦਮ ਚੁੱਕਣ ਦੀ ਮੰਗ ਕੀਤੀ। ਅਮਰੀਕਾ ਤੋਂ ਕੌਂਸਲ ਦੇ ਉਪ-ਪ੍ਰਧਾਨ ਪਰਮਜੀਤ ਸਿੰਘ ਬੇਦੀ ਦੀ ਅਗਵਾਈ ਹੇਠ ਵਫ਼ਦ ਨੇ ਅਤਿ-ਆਧੁਨਿਕ ਤਕਨੀਕਾਂ ਦੇ ਗਲਤ ਇਸਤੇਮਾਲ ਅਤੇ ਸਿੱਖ ਕੌਮ ਸਾਹਮਣੇ ਖੜ੍ਹੀਆਂ ਚੁਣੌਤੀਆਂ ਦੇ ਹੱਲ ਲਈ ਮੁੱਦੇ ਸੰਸਦੀ ਪੱਧਰ 'ਤੇ ਉਠਾਉਣ ਦੀ ਲੋੜ ਉੱਤੇ ਜ਼ੋਰ ਦਿੱਤਾ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕੌਂਸਲ ਦੇ ਖਜ਼ਾਨਚੀ ਹਰਸਰਨ ਸਿੰਘ ਪੁਡੂਚੇਰੀ, ਅਫਗਾਨਿਸਤਾਨ ਤੋਂ ਮੈਂਬਰ ਗੁਲਜੀਤ ਸਿੰਘ ਅਤੇ 'ਸਿੱਖ ਕੁਲੈਕਿਟਿਵ' ਦੇ ਕਨਵੀਨਰ ਜਗਮੋਹਨ ਸਿੰਘ ਵੀ ਸ਼ਾਮਲ ਸਨ। ਕੌਂਸਲ ਦੀ ਪ੍ਰਧਾਨ ਡਾ. ਕੰਵਲਜੀਤ ਕੌਰ ਯੂਕੇ ਦਾ ਸੰਦੇਸ਼ ਦਿੰਦਿਆਂ ਸਰਦਾਰ ਬੇਦੀ ਨੇ ਸੰਸਦ ਵਿੱਚ ਸਿੱਖ ਮਸਲਿਆਂ ਨੂੰ ਮਜ਼ਬੂਤੀ ਨਾਲ ਉਠਾਉਣ ਲਈ ਸਾਹਨੀ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਇਸ ਤੋਂ ਇਲਾਵਾ ਵਫ਼ਦ ਨੇ ਕੇਂਦਰੀ ਫਿਲਮ ਪ੍ਰਮਾਣ ਬੋਰਡ ਵਿੱਚ ਇੱਕ ਯੋਗ ਸਿੱਖ ਵਿਦਵਾਨ ਦੀ ਨਿਯੁਕਤੀ ਦੀ ਮੰਗ ਵੀ ਕੀਤੀ। ਇਸ ਦੇ ਨਾਲ ਹੀ ਦਿੱਲੀ ਦੀ ਪੰਜਾਬੀ ਅਕਾਦਮੀ ਦੀ ਮਾੜੀ ਪ੍ਰਸ਼ਾਸਕੀ ਸਥਿਤੀ 'ਤੇ ਚਿੰਤਾ ਜਤਾਈ। ਕੌਂਸਲ ਨੇ 'ਕੇਂਦਰੀ ਗੁਰਮੁਖੀ ਯੂਨੀਵਰਸਿਟੀ' ਸਥਾਪਤ ਕਰਨ ਦੀ ਮੰਗ ਵੀ ਕੀਤੀ। ਇਨ੍ਹਾਂ ਸਾਰੇ ਮਸਲਿਆਂ 'ਤੇ ਸਾਹਨੀ ਨੇ ਵਫ਼ਦ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।



# ਪੰਜਾਬ ਦੀਆਂ ਮੰਡੀਆਂ 'ਚ 28 ਲੱਖ ਮੀਟਰਿਕ ਟਨ ਕਣਕ ਦੀ ਆਮਦ : ਕਟਾਰੂਚੱਕ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਇੱਥੇ ਦਾਣਾ ਮੰਡੀ ਵਿਖੇ ਕਣਕ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਕਿਹਾ ਕਿ ਸੂਬੇ ਦੀਆਂ ਮੰਡੀਆਂ ਵਿਚ ਕਣਕ ਦੀ ਖਰੀਦ ਨਿਰਵਿਘਨ ਜਾਰੀ ਹੈ ਅਤੇ ਹੁਣ ਤੱਕ ਹੋਈ 28 ਲੱਖ ਮੀਟਰਿਕ ਟਨ ਤੋਂ ਵੱਧ ਕਣਕ ਦੀ ਆਮਦ 'ਚੋਂ 24 ਲੱਖ ਮੀਟਰਿਕ ਟਨ ਤੋਂ ਵੱਧ ਫਸਲ ਖਰੀਦੀ ਜਾ ਚੁੱਕੀ ਹੈ। ਦਾਣਾ ਮੰਡੀ ਵਿਖੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਤੇ ਸੰਬੰਧਤ ਅਧਿਕਾਰੀਆਂ ਸਮੇਤ ਪਹੁੰਚੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਨੇੜਲੇ ਪਿੰਡ ਬਸਤੀ ਦੇ ਕਿਸਾਨ ਜੈਲਾ ਦੀ ਢੇਰੀ ਦੀ ਖ਼ਰੀਦ ਕਰਵਾਉਂਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿਚ ਖ਼ਰੀਦ ਦੇ ਪੁਖਤਾ ਇੰਤਜ਼ਾਮ ਕੀਤੇ ਗਏ ਹਨ ਜਿਸ ਕਰਕੇ ਕਿਸਾਨਾਂ ਨੂੰ ਫ਼ਸਲ ਵੇਚਣ ਵਿਚ ਕੋਈ ਪ੍ਰੇਸ਼ਾਨੀ ਨਹੀਂ ਆਵੇਗੀ । ਉਨ੍ਹਾਂ ਕਿਹਾ ਕਿ ਕਣਕ ਦੀ ਖ਼ਰੀਦ ਬਦਲੇ ਘੱਟੋ-ਘੱਟ ਸਮਰਥਨ ਮੁੱਲ 2585 ਦੇ ਹਿਸਾਬ ਨਾਲ ਹੁਣ ਤੱਕ ਕਿਸਾਨਾਂ ਦੇ ਖਾਤਿਆਂ ਵਿਚ 647 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇਕ-ਇੱਕ ਦਾਣਾ ਚੁੱਕਣ ਲਈ ਵਚਨਬੱਧ ਹੈ ਜਿਸ ਦੇ ਸਿੱਟੇ ਵਜੋਂ ਮੰਡੀਆਂ ਵਿਚ ਨਿਰਵਿਘਨ ਖ਼ਰੀਦ ਜਾਰੀ ਹੈ। ਉਨ੍ਹਾਂ ਕਿਹਾ ਕਿ ਨਿਯਮਾਂ ਅਨੁਸਾਰ ਖਰੀਦ ਦੇ 48 ਘੰਟਿਆਂ ਵਿੱਚ ਕਿਸਾਨਾਂ ਨੂੰ ਬਣਦੀਆਂ ਅਦਾਇਗੀਆਂ ਵੀ ਕੀਤੀਆਂ ਜਾ ਰਹੀਆਂ ਹਨ ਅਤੇ ਇਸ ਦੇ ਨਾਲ ਜੀ ਲਿਫਟਿੰਗ ਵੀ ਤੇਜ਼ ਹੋ ਰਹੀ ਹੈ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਖ਼ਰੀਦ ਏਜੰਸੀਆਂ ਦੇ ਨੁਮਾਇੰਦਿਆਂ ਅਤੇ ਸੰਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ। ਮੰਡੀਆਂ ਵਿਚ ਬਾਰਦਾਨਾ, ਮੰਡੀ ਲੇਬਰ ਅਤੇ ਢੋਆ-ਢੁਆਈ ਦੇ ਪ੍ਰਬੰਧਾਂ ਦੀ ਗੱਲ ਕਰਦਿਆਂ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੂਬੇ ਭਰ ਦੀਆਂ ਮੰਡੀਆਂ ਵਿੱਚ ਸਾਰੇ ਲੋੜੀਂਦੇ ਪ੍ਰਬੰਧ ਅਮਲ ਵਿਚ ਹਨ ਅਤੇ ਕਣਕ ਦੀ ਖਰੀਦ ਸੁਚੱਜੇ ਢੰਗ ਨਾਲ ਜਾਰੀ ਹੈ। ਉਨ੍ਹਾਂ ਨੇ ਕਿਸਾਨਾਂ ਵੱਲੋਂ ਆਪਣੇ ਖੂਨ-ਪਸੀਨੇ ਅਤੇ ਮਿਹਨਤ ਨਾਲ ਪੈਦਾ ਕੀਤੇ ਇੱਕ-ਇੱਕ ਦਾਣੇ ਨੂੰ ਖਰੀਦਣ ਦੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਕਿਸਾਨਾਂ ਦੀ ਫਸਲ ਘੱਟੋ-ਘੱਟ ਸਮੇਂ ਵਿਚ ਖਰੀਦ ਕੇ ਨਿਰਧਾਰਤ ਸਮੇਂ ਵਿਚ ਉਨ੍ਹਾਂ ਦੇ ਖਾਤਿਆਂ ਵਿਚ ਅਦਾਇਗੀਆਂ ਕੀਤੀਆਂ ਜਾ ਰਹੀਆਂ ਹਨ ।



# ਵਿਧਾਇਕਾ ਨੇ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨਾਲ ਕੀਤੀ ਮੀਟਿੰਗ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਨਕੋਦਰ ਦੇ ਕਸਬਾ ਨੂਰਮਹਿਲ ਅਨਾਜ ਮੰਡੀ ਵਿੱਚ ਹਲਕਾ ਵਿਧਾਇਕਾ ਇੰਦਰਜੀਤ ਕੌਰ ਮਾਨ ਆਮ ਆਦਮੀ ਪਾਰਟੀ ਨਕੋਦਰ ਅਤੇ ਉਨਾ ਨਾਲ ਲਖਵੀਰ ਸਿੰਘ ਸ਼ੀਰ ਚੇਅਰਮੈਨ ਮਾਰਕੀਟ ਕਮੇਟੀ ਨੂਰਮਹਿਲ ਤੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਦੇ ਵਰਕਰਾਂ ਨਾਲ ਨੂਰਮਹਿਲ ਅਨਾਜ ਮੰਡੀ ਦਾ ਦੌਰਾ ਕੀਤਾ ਗਿਆ।ਕਣਕ ਦੀ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਿਲਾਂ ਬਾਰੇ ਜਾਣਕਾਰੀ ਲਈ। ਮੌਕੇ 'ਤੇ ਹਾਜ਼ਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਪਰੇਸ਼ਾਨੀ ਨਹੀਂ ਆਉਣੀ ਚਾਹੀਦੀ ਤੇ ਫ਼ਸਲ ਦੀ ਤੁਲਾਈ, ਲਿਫਟਿੰਗ ਤੇ ਅਦਾਇਗੀ ਦਾ ਕੰਮ ਪਾਰਦਰਸ਼ੀ ਅਤੇ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇ।ਇਸ ਮੌਕੇ ਖਰੀਦ ਏਜੰਸੀਆਂ ਦੇ ਅਫ਼ਸਰ, ਆਮ ਆਦਮੀ ਪਾਰਟੀ ਦੇ ਅਹੁਦੇਦਾਰ ਤੇ ਪਿੰਡਾਂ ਦੇ ਸਰਪੰਚ, ਪੰਚ ਤੇ ਨੰਬਰਦਾਰ ਮੌਜੂਦ ਸਨ। ਉਨ੍ਹਾਂ ਕਿਹਾ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੇ ਖੂਨ-ਪਸੀਨੇ ਦੀ ਕਮਾਈ ਦਾ ਇੱਕ-ਇੱਕ ਦਾਣਾ ਖ਼ਰੀਦਣ ਲਈ ਵਚਨਬੱਧ ਹੈ।

# ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਲਈ ਰਜਿਸਟ੍ਰੇਸ਼ਨ ਦਾ ਕੰਮ ਜਾਰੀ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**

ਪੰਜਾਬ ਦੇ 9 ਹਲਕਿਆਂ ਵਿੱਚ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਹੋਈ ਮਾਵਾਂ-ਧੀਆਂ ਸਤਿਕਾਰ ਯੋਜਨਾਵਾਂ ਦੀ ਰਜਿਸ਼ਟ੍ਰੇਸ਼ਨ ਦਾ ਕੰਮ ਹਲਕੇ ਦੇ ਵੱਖ ਵੱਖ ਸ਼ਹਿਰਾਂ/ਪਿੰਡਾਂ ਵਿੱਚ ਬਲਾਕ/ਬੂਥ ਪੱਧਰ 'ਤੇ ਚੱਲ ਰਿਹਾ ਹੈ। ਹਰ ਯੋਗ ਪਰਵਾਰ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਦੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿਚ ਚੱਲ ਰਹੇ ਕੰਮ ਦਾ ਜਾਇਜ਼ਾ ਲੈਣ ਉਪਰੰਤ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਜਿਹੜੇ ਵਾਅਦੇ ਪੰਜਾਬ ਦੇ ਲੋਕਾਂ ਨਾਲ ਕੀਤੇ ਸਨ, ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੂਰੇ ਕਰ ਦਿੱਤੇ ਹਨ। ਉਨ੍ਹਾਂ ਨੇ ਕਿਹਾ ਕਿ ਹਲਕੇ ਵਿੱਚ ਰਜਿਸਟ੍ਰੇਸ਼ਨ ਦਾ ਕੰਮ ਨਿਰੰਤਰ ਜਾਰੀ ਹੈ। ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਨਾਲ ਆਮ ਪਰਵਾਰਾਂ ਦੀਆਂ ਮਹਿਲਾਵਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆ ਮਹਿਲਾਵਾਂ ਨੂੰ 1500 ਰੁਪਏ ਮਿਲਣਗੇ। ਇਸ ਯੋਜਨਾਂ ਨੂੰ ਪੂਰੀ ਤਰਾਂ ਪਾਰਦਰਸ਼ੀ ਬਣਾਇਆ ਗਿਆ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਹਰ ਪਰਵਾਰ ਨੂੰ 10 ਲੱਖ ਰੁਪਏ ਦੀ ਕੈਸ਼ਲੈਸ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। 95 ਪ੍ਰਤੀਸ਼ਤ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਸਿੱਖਿਆ ਕ੍ਰਾਂਤੀ ਨਾਲ ਪੰਜਾਬ ਦੀ ਸਿੱਖਿਆ ਹੁਣ ਦੇਸ਼ ਭਰ ਵਿੱਚ ਸਿਖਰਾਂ 'ਤੇ ਆਪਣਾ ਨਾਮ ਦਰਜ ਕਰਵਾ ਚੁੱਕੀ ਹੈ। ਇਸ ਲੜੀ ਤਹਿਤ ਤਹਿਸੀਲ ਨੰਗਲ ਦੇ ਨਜ਼ਦੀਕੀ ਪਿੰਡ ਛੋਟੇਵਾਲ ਵਿਖੇ ਮਾਂਵਾਂ ਧੀਆਂ ਸਤਿਕਾਰ ਯੋਜਨਾ ਵੱਡੀ ਗਿਣਤੀ ਵਿਚ ਰਜਿਸਟ੍ਰੇਸ਼ਨ ਕੀਤੀ ਗਈ।



# ਡਾ. ਅੰਬੇਡਕਰ ਦੇ ਨਾਂਅ 'ਤੇ ਬਣ ਰਿਹਾ ਪਾਰਕ ਜੰਡੋਲੀ ਨਿਵਾਸੀਆਂ ਨੂੰ ਸਮਰਪਤ ਕੀਤਾ ਜਾਵੇਗਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਡਾ. ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਤੇ ਡਾ. ਇਸ਼ਾਕ ਕੁਮਾਰ ਵਿਧਾਇਕ ਹਲਕਾ ਚੱਬੇਵਾਲ ਦੇ ਵਿਸ਼ੇਸ਼ ਯਤਨਾਂ ਸਦਕਾ ਜਲਦੀ ਹੀ ਪਿੰਡ ਜੰਡੋਲੀ ਵਿਖੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਨਾਂਅ ਤੇ ਬਣ ਰਹੀ ਪਾਰਕ ਪਿੰਡ ਨਿਵਾਸੀਆਂ ਨੂੰ ਸਮਰਪਿਤ ਕੀਤੀ ਜਾਵੇਗੀ। ਇਸ ਸਬੰਧ ਵਿੱਚ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਡਾਕਟਰ ਕੁਲਵਿੰਦਰ ਸਿੰਘ ਜੰਡੋਲੀ ਪ੍ਰਧਾਨ ਸਤਿਗੁਰੂ ਨਿਰੰਜਨ ਦਾਸ ਮਹਾਰਾਜ ਟਰੱਸਟ ਜੰਡੋਲੀ, ਡਾਕਟਰ ਸਾਹਿਲ ਮੈਂਬਰ ਬਲਾਕ ਸੰਮਤੀ, ਸੁਜਾਤਾ ਰਾਣੀ, ਜੋਗਿੰਦਰ ਪਾਲ, ਨਿਰਮਲਾ ਦੇਵੀ, ਗਿਆਨ ਸਿੰਘ, ਜਸਵੀਰ ਸਿੰਘ, ਭੁਪਿੰਦਰ ਸਿੰਘ ਤੇ ਹੋਰ ਪਿੰਡ ਨਿਵਾਸੀਆਂ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੱਤੀ ਕਿ ਗ੍ਰਾਮ ਪੰਚਾਇਤ ਪਿੰਡ ਜੰਡੋਲੀ, ਸਮੂਹ ਨਗਰ ਨਿਵਾਸੀ ਪਿੰਡ ਜੰਡੋਲੀ ਤੇ ਸਤਿਗੁਰੂ ਨਿਰੰਜਨ ਦਾਸ ਮਹਾਰਾਜ ਟਰੱਸਟ ਪਿੰਡ ਜੰਡੋਲੀ ਦੇ ਆਪਸੀ ਸਹਿਯੋਗ ਨਾਲ ਪਾਰਕ ਦਾ ਕੰਮ ਚੱਲ ਰਿਹਾ ਹੈ। ਚਾਰਦਵਾਰੀ ਕਰਕੇ ਗੇਟ ਲਗਾ ਦਿੱਤਾ ਗਿਆ ਹੈ ਤੇ ਬਾਬਾ ਸਾਹਿਬ ਦੀ ਤਸਵੀਰ ਵੀ ਲਗਾਈ ਗਈ ਹੈ। ਜਲਦੀ ਹੀ ਪਾਰਕ ਦਾ ਕੰਮ ਮੁਕੰਮਲ ਹੋਣ ਤੇ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਅਤੇ ਡਾਕਟਰ ਇਸ਼ਾਕ ਕੁਮਾਰ ਵਿਧਾਇਕ ਹਲਕਾ ਚੱਬੇਵਾਲ ਵੱਲੋਂ ਇਸ ਪਾਰਕ ਦਾ ਉਦਘਾਟਨ ਕੀਤਾ ਜਾਵੇਗਾ।

# ਸੀ ਟੀ ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਪਬਲਿਕ ਸਕੂਲ ਨੇ ਇਕ ਵਾਰ ਫਿਰ ਸੀ ਬੀ ਐੱਸ ਈ ਦਸਵੀਂ ਬੋਰਡ ਪ੍ਰੀਖਿਆ ਵਿੱਚ ਸ਼ਾਨਦਾਰ ਨਤੀਜੇ ਪ੍ਰਾਪਤ ਕਰਕੇ ਪੂਰੇ ਸੀਟੀ ਪਰਵਾਰ ਨੂੰ ਮਾਣ ਮਹਿਸੂਸ ਕਰਵਾਇਆ ਹੈ। ਵਿਦਿਆਰਥੀਆਂ ਦੀ ਇਹ ਉਤਕ੍ਰਿਸ਼ਟ ਪ੍ਰਦਰਸ਼ਨ ਉਨ੍ਹਾਂ ਦੀ ਮਿਹਨਤ, ਲਗਨ ਅਤੇ ਸਕੂਲ ਦੇ ਨਿਰੰਤਰ ਸਹਿਯੋਗ ਦਾ ਪ੍ਰਤੀਕ ਹੈ।ਤੇਜਲ ਸ਼ਰਮਾ ਨੇ 98.6% ਅੰਕ ਹਾਸਲ ਕਰਕੇ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਸਫ਼ਲਤਾ ਦਾ ਉੱਚ ਮਾਪਦੰਡ ਸਥਾਪਿਤ ਕੀਤਾ। ਰੁਦਰਾਕਸ਼ ਪੁਸ਼ਪ ਨੇ 94.8% ਅੰਕ ਲੈ ਕੇ ਅੱਗੇ ਰਹਿੰਦਿਆਂ ਆਪਣੀ ਯੋਗਤਾ ਸਾਬਤ ਕੀਤੀ, ਜਦਕਿ ਨਵਨੀਤ ਕੌਰ ਨੇ 94.6% ਅੰਕ ਪ੍ਰਾਪਤ ਕਰਕੇ ਸਿਖਰਲੇ ਵਿਦਿਆਰਥੀਆਂ ਵਿੱਚ ਆਪਣੀ ਥਾਂ ਬਣਾਈ। ਵਿਸ਼ੇ ਅਨੁਸਾਰ ਸਭ ਤੋਂ ਵੱਧ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੇ ਨਾਂ ਇਸ ਪ੍ਰਕਾਰ ਹਨ :ਗਣਿਤ-99 (ਤੇਜਲ ਸ਼ਰਮਾ),ਹਿੰਦੀ-93 (ਰੁਦਰਾਕਸ਼ ਪੁਸ਼ਪ) ਪੰਜਾਬੀ-100 (ਤੇਜਲ ਸ਼ਰਮਾ), ਸਮਾਜਿਕ ਵਿਗਿਆਨ-99 (ਨਵਨੀਤ ਕੌਰ), ਸੂਚਨਾ ਤਕਨਾਲੋਜੀ-99 (ਨਵਨੀਤ ਕੌਰ, ਕੋਸ਼ਿਨ ਗੁਪਤਾ, ਤੇਜਲ ਸ਼ਰਮਾ), ਅੰਗਰੇਜ਼ੀ-93 (ਰੁਦਰਾਕਸ਼ ਪੁਸ਼ਪ) ਕੁੱਲ 11 ਵਿਦਿਆਰਥੀਆਂ ਨੇ ਹਾਈ ਡਿਸਟਿੰਕਸ਼ਨ ਹਾਸਲ ਕਰਕੇ ਸਕੂਲ ਦੀ ਲਗਾਤਾਰ ਅਕਾਦਮਿਕ ਸਫ਼ਲਤਾ ਨੂੰ ਹੋਰ ਮਜ਼ਬੂਤ ਕੀਤਾ। ਇਹ ਪ੍ਰਾਪਤੀ ਸੀਟੀ ਪ੍ਰਬੰਧਨ ਦੀ ਦੂਰਦਰਸ਼ੀ ਸੋਚ ਤੇ ਅਟੱਲ ਸਹਿਯੋਗ ਦਾ ਨਤੀਜਾ ਹੈ, ਜੋ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਤੇ ਪ੍ਰੇਰਨਾਦਾਇਕ ਵਾਤਾਵਰਣ ਪ੍ਰਦਾਨ ਕਰਦਾ ਹੈ। ਸਕੂਲ ਦੀ ਪ੍ਰਿੰਸੀਪਲ ਮਨੀਸ਼ਾ ਬਸਨੇਟ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਨਤੀਜੇ ਲਈ ਵਧਾਈ ਦਿੱਤੀ ਅਤੇ ਅਧਿਆਪਕਾਂ ਦੀ ਮਿਹਨਤ ਅਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਮਾਪਿਆਂ ਦੇ ਯੋਗਦਾਨ ਨੂੰ ਵੀ ਇਸ ਕਾਮਯਾਬੀ ਦਾ ਅਹਿਮ ਹਿੱਸਾ ਦੱਸਿਆ।

## ਰਾਸ਼ਟਰੀ ਲੋਕ ਅਦਾਲਤ 9 ਨੂੰ

**ਮੁਹਾਲੀ (ਗੁਰਜੀਤ ਬਿੱਲਾ)**- ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਵੱਲੋਂ ਜਾਰੀ ਸ਼ਡਿਊਲ ਅਨੁਸਾਰ 9 ਮਈ ਨੂੰ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ ਅਤੁਲ ਕਸਾਨਾ, ਜ਼ਿਲ੍ਹਾ ਅਤੇ ਸੈਸ਼ਨ ਜੱਜ, ਐੱਸ ਏ ਐੱਸ ਨਗਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਐੱਸ ਏ ਐੱਸ ਨਗਰ ਦੀਆਂ ਸਮੂਹ ਅਦਾਲਤਾਂ ਵਿੱਚ ਕੀਤਾ ਜਾਵੇਗਾ।ਇਸ ਲੋਕ ਅਦਾਲਤ ਵਿੱਚ ਰਾਜੀਨਾਮਾ ਯੋਗ ਫੌਜਦਾਰੀ ਕੇਸ, ਚੈਕ ਬਾਊਂਸ ਕੇਸ, ਬੈਂਕ ਰਿਕਵਰੀ ਕੇਸ, ਵਿਵਾਹਿਕ ਝਗੜੇ, ਐਮ.ਏ.ਸੀ.ਟੀ. ਕੇਸ, ਕਿਰਤ ਸਬੰਧੀ ਵਿਵਾਦ, ਲੈਂਡ ਅਕਵਿਜ਼ੀਸ਼ਨ ਕੇਸ, ਬਿਜਲੀ ਅਤੇ ਪਾਣੀ ਦੇ ਬਿਲਾਂ ਨਾਲ ਸਬੰਧਿਤ ਮਾਮਲੇ, ਮਾਲ ਵਿਭਾਗ ਦੇ ਕੇਸ ਅਤੇ ਹੋਰ ਹਰ ਤਰ੍ਹਾਂ ਦੇ ਦੀਵਾਨੀ ਮਾਮਲੇ ਸੁਣੇ ਜਾਣਗੇ। ਇਸ ਸਬੰਧੀ ਅਤੁਲ ਕਸਾਨਾ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਵੱਲੋਂ ਕੇਂਦਰ ਅਤੇ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਜਿਵੇਂ ਟੈਲੀਕਾਮ ਵਿਭਾਗ, ਬੈਂਕਾਂ, ਇੰਸ਼ੋਰੈਂਸ ਕੰਪਨੀਆਂ, ਬਿਜਲੀ ਵਿਭਾਗ ਅਤੇ ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਨਾਲ ਸਮੇਂ-ਸਮੇਂ 'ਤੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।



# ਮਾਰਕੀਟ ਕਮੇਟੀ ਦੇ ਚੇਅਰਮੈਨ ਨੇ ਅਨਾਜ ਮੰਡੀ ਵਿਖੇ ਕੰਡਿਆਂ ਦੀ ਜਾਂਚ ਕੀਤੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮਾਰਕੀਟ ਕਮੇਟੀ ਦੇ ਚੇਅਰਮੈਨ ਐਨ ਪੀ ਰਾਣਾ ਨੇ ਅਨਾਜ ਮੰਡੀ ਮੋਰਿੰਡਾ ਵਿਖੇ ਕੰਡਿਆਂ ਦੀ ਚੈਕਿੰਗ ਕੀਤੀ ਅਤੇ ਕਿਸਾਨਾਂ ਦੀਆਂ ਮੁਸਕਲਾਂ ਸੁਣੀਆਂ। ਇਸ ਮੌਕੇ ਐਨ ਪੀ ਰਾਣਾ ਨੇ ਜਿਥੇ ਕਣਕ ਦੀਆਂ ਭਰੀਆਂ ਤੇ ਤੋਲੀਆ ਹੋਈਆਂ ਬੋਰੀਆਂ ਨੂੰ ਮੁੜ ਕੰਡੇ ਤੇ ਤੋਲ ਕੇ ਕੰਡਿਆਂ ਦੀ ਚੈਕਿੰਗ ਕੀਤੀ ਉਥੇ ਪੀਣ ਵਾਲੇ ਪਾਣੀ ਦੇ ਪ੍ਰਬੰਧ ਪੀਣ ਵਾਲੇ ਪਾਣੀ ਦੇ ਪ੍ਰਬੰਧ ਵੇਖੇ।ਉਹਨਾਂ ਆਖਿਆ ਕਿ ਫਸਲ ਲੈ ਕੇ ਆ ਰਹੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਵੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।




ਉਹਨਾਂ ਫਸਲ ਦੀ ਖਰੀਦ ਕਰ ਰਹੀਆਂ ਏਜੰਸੀਆਂ ਦੇ ਅਧਿਕਾਰੀਆਂ ਨਾਲ ਵੀ ਮੀਟਿੰਗ ਕੀਤੀ ਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਰਾਣਾ ਨੇ ਆਖਿਆ ਕਿ ਜੇਕਰ ਕਿਸਾਨ ਕਿਸਾਨ ਜਾਂ ਮਜ਼ਦੂਰ ਨੂੰ ਕੋਈ ਦਿਕਤ ਪੇਸ਼ ਆਉਂਦੀ ਹੈ ਤਾਂ ਉਹ ਮੈਨੂੰ ਕਿਸੇ ਵੀ ਸਮੇਂ ਮਿਲ ਸਕਦਾ ਹੈ। ਇਸ ਮੌਕੇ ਐਨ ਪੀ ਰਾਣਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਹਨਾਂ ਦੀ ਯੋਗ ਅਗਵਾਈ ਸਦਕਾ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਦਿਕਤ ਪੇਸ਼ ਨਹੀਂ ਆ ਰਹੀ। ਰਾਣਾ ਨੇ ਆਖਿਆ ਕਿ ਭਗਵੰਤ ਸਿੰਘ ਮਾਨ ਪੰਜਾਬ ਦਾ ਪਹਿਲਾ ਮੁੱਖ ਮੰਤਰੀ ਹੋਵੇਗਾ ਜਿਸ ਨੇ ਵੋਟਾਂ ਲੈਣ ਸਮੇ ਕੀਤੇ ਸਾਰੇ ਵਾਅਦੇ ਪੂਰੇ ਕਰਨ ਦਿੱਤੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਮਲ ਗੋਪਾਲਪੁਰ, ਐਡਵੋਕੇਟ ਮਲਕੀਤ ਸਿੰਘ ਰੋਪੜ, ਕੁਲਵੰਤ ਸਿੰਘ ਸੁਰਤਾਪੁਰ ਤੇ ਸੁਖਵਿੰਦਰ ਸਿੰਘ ਰਾਏਪੁਰ ਆਦਿ ਆਪ ਆਗੂ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਐੱਸ ਐੱਮ ਓ ਵੱਲੋਂ ਆਮ ਆਦਮੀ ਕਲੀਨਿਕ ਦਾ ਅਚਨਚੇਤ ਦੌਰਾ

**ਕਪੂਰਥਲਾ (ਮਨਜੀਤ ਮਾਨ)** ਸਿਵਲ ਸਰਜਨ ਕਪੂਰਥਲਾ ਡਾ. ਸੰਜੀਵ ਭਗਤ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੇਮ ਕੁਮਾਰ ਵੱਲੋਂ ਆਮ ਆਦਮੀ ਕਲੀਨਿਕ ਨਡਾਲਾ ਅਤੇ ਬੇਗੋਵਾਲ ਦਾ ਅਚਨਚੇਤ ਦੌਰਾ ਕੀਤਾ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਪ੍ਰੇਮ ਕੁਮਾਰ ਵੱਲੋਂ ਆਮ ਆਦਮੀ ਕਲੀਨਿਕ ਦੇ ਡਾਕਟਰ ਵੱਲੋਂ ਰੋਜ਼ਾਨਾ ਕੀਤੀ ਜਾਣ ਵਾਲੀ ਓ ਪੀ ਡੀ ਦੇ ਕੰਮਕਾਜ ਸਬੰਧੀ ਜਾਇਜ਼ਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਆਮ ਆਦਮੀ ਕਲੀਨਿਕ ਦਾ ਫਾਰਮੇਸੀ ਵਿਭਾਗ ਵੀ ਚੈੱਕ ਕੀਤਾ, ਜਿਸ ਉਪਰੰਤ ਉਨ੍ਹਾਂ ਦਵਾਈਆਂ ਨੂੰ ਸੁਚਾਰੂ ਢੰਗ ਨਾਲ ਤਰਤੀਬ ਅਨੁਸਾਰ ਰੱਖਣ ਦੀ ਹਦਾਇਤ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਮਰੀਜ਼ਾਂ ਵੱਲੋਂ ਦਿੱਤੇ ਗਏ ਬਲੱਡ ਸੈਂਪਲ ਦਾ ਰਿਕਾਰਡ ਚੈਕ ਕੀਤਾ ਅਤੇ ਰਿਪੋਰਟਾਂ ਤੈਅ ਸਮੇਂ ਅਨੁਸਾਰ ਮਰੀਜ਼ਾ ਨੂੰ ਦਿੱਤੀਆਂ ਜਾਦੀਆਂ ਹਨ ਕਿ ਨਹੀਂ ਸੰਬੰਧੀ ਵੀ ਸਮੀਖਿਆ ਕੀਤੀ। ਇਸ ਦੌਰਾਨ ਬੀ.ਈ.ਈ ਮੋਨਿਕਾ, ਫਾਰਮਾਸਿਸਟ ਡਾ. ਸ਼ੁਭ ਸ਼ਰਮਾ ਅਤੇ ਆਮ ਆਦਮੀ ਕਲੀਨਿਕਾਂ ਦਾ ਸਮੂਹ ਸਟਾਫ਼ ਹਾਜ਼ਰ ਸੀ। ਦੋਵੇਂ ਆਮ ਆਦਮੀ ਕਲੀਨਿਕ ਦੇ ਦੌਰੇ ਦੌਰਾਨ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਪ੍ਰੇਮ ਕੁਮਾਰ ਨੇ ਮੌਜੂਦ ਸਮੂਹ ਸਟਾਫ਼ ਨੂੰ ਆਮ ਆਦਮੀ ਕਲੀਨਿਕ ਆਉਣ ਵਾਲੇ ਹਰ ਮਰੀਜ਼ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਾਉਣ ਲਈ ਪ੍ਰੇਰਿਤ ਕਰਨ ਲਈ ਕਿਹਾ ਅਤੇ ਕਾਰਡ ਬਣਾਉਣ ਲਈ ਨੇੜਲੇ ਸੀ ਐੱਸ ਸੀ ਕੇਂਦਰ ਸੰਬੰਧੀ ਜਾਣਕਾਰੀ ਸਾਂਝੀ ਕਰਨ ਲਈ ਕਿਹਾ।



# ਮੈਪਿੰਗ ਦੇ ਕੰਮ 'ਚ ਬੀ ਐੱਲ ਓਜ਼ ਨੂੰ ਸਹਿਯੋਗ ਦੇਣ ਦੀ ਅਪੀਲ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਜਲਦ ਹੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐੱਸ ਆਈ ਆਰ) ਸ਼ੁਰੂ ਹੋਣ ਦੀ ਸੰਭਾਵਨਾ ਹੈ। ਇਸ ਲਈ ਐੱਸ ਆਈ ਆਰ ਦੀਆਂ ਪ੍ਰੀ-ਗਤੀਵਿਧੀਆਂ ਦਾ ਕੰਮ ਚੱਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪ੍ਰੀ ਐਸ.ਆਈ.ਆਰ. ਗਤੀਵਿਧੀਆਂ ਤਹਿਤ ਮੌਜੂਦਾ ਵੋਟਰ ਸੂਚੀ ਦੇ ਵੋਟਰਾਂ ਦਾ ਮਿਲਾਨ/ਮੈਪਿੰਗ 2003 ਦੀ ਵੋਟਰ ਸੂਚੀ ਨਾਲ ਕੀਤਾ ਜਾ ਰਿਹਾ ਹੈ। ਮੌਜੂਦਾ ਸਮੇਂ ਜਲੰਧਰ ਜ਼ਿਲ੍ਹੇ ਦੇ ਕੁੱਲ 16,57,306 ਵੋਟਰ ਹਨ, ਜਿਸ ਵਿੱਚੋਂ 12,43,087 (75.01 ਫੀਸਦੀ) ਵੋਟਰਾਂ ਦਾ ਮਿਲਾਨ ਬੀ ਐੱਲ ਓਜ਼ ਵੱਲੋਂ ਕੀਤਾ ਜਾ ਚੁੱਕਾ ਹੈ।ਵਾਲੀਆ ਨੇ ਦੱਸਿਆ ਕਿ ਇਸ ਕੰਮ ਲਈ ਵਿਧਾਨ ਸਭਾ ਚੋਣ ਹਲਕਿਆਂ ਦੇ ਬੂਥ ਲੈਵਲ ਅਫ਼ਸਰਾਂ (ਬੀ ਐੱਲ ਓਜ਼) ਵੱਲੋਂ ਆਪਣੇ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਅਤੇ ਨਾਲ ਹੀ ਘਰ-ਘਰ ਜਾ ਕੇ 2003 ਦੀ ਵੋਟਰ ਸੂਚੀ ਨਾਲ ਮਿਲਾਨ/ਮੈਪਿੰਗ ਕਰਨ ਲਈ ਵੈਰੀਫਿਕੇਸ਼ਨ ਕੀਤੀ ਜਾ ਰਹੀ ਹੈ।ਉਨ੍ਹਾਂ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਭਾਰਤ ਚੋਣ ਕਮਿਸ਼ਨ ਦੇ ਇਸ ਅਹਿਮ ਕਾਰਜ ਵਿੱਚ ਆਪਣਾ ਸਹਿਯੋਗ ਦੇਣ ਅਤੇ ਐੱਸ ਆਈ ਆਰ ਦੌਰਾਨ ਬੀ ਐੱਲ ਓਜ਼ ਨੂੰ ਲੋੜੀਂਦੇ ਦਸਤਾਵੇਜ਼ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਦੱਸਿਆ ਹੈ ਕਿ ਐਸ.ਆਈ.ਆਰ. ਦੌਰਾਨ ਹਰੇਕ ਵੋਟਰ ਤੋਂ ਬੀ.ਐਲ.ਓਜ਼ ਵਲੋਂ ਇਨੁਮਰੇਸ਼ਨ ਫਾਰਮਭਰਵਾਏ ਜਾਣੇ ਹਨ। ਵੋਟਰ ਵਲੋਂ ਇਹ ਇਨੁਮਰੇਸ਼ਨ ਫਾਰਮ ਭਰਕੇ ਨਾ ਦੇਣ ਦੀ ਸੂਰਤ ਵਿੱਚ ਵੋਟਰ ਸੂਚੀ ਵਿਚੋਂ ਵੋਟ ਕੱਟੀ ਵੀ ਜਾ ਸਕਦੀ ਹੈ।

# ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਏ ਆਈ ਬਾਰੇ ਦੋ-ਰੋਜ਼ਾ ਕਾਨਫਰੰਸ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਏ.ਆਈ ਨੂੰ ਸ਼ਾਮਲ ਕਰਨ ਵੱਲ ਫੈਸਲਾਕੁੰਨ ਕਦਮ ਚੁੱਕਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ (ਪੀ ਐਸ ਈ ਬੀ) ਵੱਲੋਂ ਇੱਥੇ ਸੀ.ਆਈ.ਆਈ. ਦੇ ਨਾਰਦਰਨ ਰੀਜਨ ਦੇ ਹੈੱਡਕੁਆਰਟਰ ਵਿਖੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) 'ਤੇ ਕਰਵਾਈ ਗਈ ਕੌਮੀ ਪੱਧਰ ਦੀ ਦੋ-ਰੋਜ਼ਾ ਕਾਨਫਰੰਸ ਸ਼ਨੀਵਾਰ ਗੂਗਲ ਅਤੇ ਇੰਟੇਲ ਦੁਆਰਾ ਵਿਹਾਰਕ ਵਰਕਸ਼ਾਪਾਂ ਦੇ ਆਯੋਜਨ ਨਾਲ ਸਮਾਪਤ ਹੋਈ।ਇਸ ਕਾਨਫਰੰਸ ਨੇ ਕਲਾਸਰੂਮਾਂ ਵਿੱਚ ਏ ਆਈ ਨੂੰ ਸ਼ਾਮਲ ਕਰਨ ਲਈ ਢੁਕਵਾਂ ਰੋਡਮੈਪ, ਜੋ ਸਿੱਖਣ ਦੀ ਗੁਣਵੱਤਾ 'ਚ ਸੁਧਾਰ, ਪਹੁੰਚ ਨੂੰ ਵਧਾਉਣ ਅਤੇ ਵਿਦਿਆਰਥੀਆਂ ਨੂੰ ਸਿਰਫ਼ ਖਪਤਕਾਰਾਂ ਦੀ ਥਾਂ ਤਕਨਾਲੋਜੀ ਦੇ ਸਿਰਜਣਹਾਰ ਵਜੋਂ ਤਿਆਰ ਕਰਨ 'ਤੇ ਕੇਂਦ੍ਰਿਤ ਹੋਵੇਗਾ, ਤਿਆਰ ਕਰਨ ਵਾਸਤੇ ਨੀਤੀ ਘਾੜਿਆਂ, ਸਿੱਖਿਅਕਾਂ ਅਤੇ ਤਕਨਾਲੋਜੀ ਮਾਹਿਰਾਂ ਲਈ ਵਿਚਾਰ-ਵਟਾਂਦਰੇ ਵਾਸਤੇ ਇੱਕ ਢੁਕਵਾਂ ਮੰਚ ਪ੍ਰਦਾਨ ਕੀਤਾ। ਪੀ.ਐਸ.ਈ.ਬੀ. ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਏ ਆਈ ਦੀ ਨੈਤਿਕ ਵਰਤੋਂ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਅਜਿਹੇ ਉਪਕਰਨਾਂ ਦੀ ਚੋਣ ਉਸੇ ਤਰ੍ਹਾਂ ਹੀ ਪੂਰੀ ਸੂਝ-ਬੂਝ ਅਤੇ ਪਰਖ ਨਾਲ ਕਰਨ ਜਿਵੇਂ ਅਸੀਂ ਆਪਣੇ ਦੋਸਤਾਂ ਦੀ ਚੋਣ ਕਰਦੇ ਹਾਂ। ਗੂਗਲ ਦੀ ਅਗਵਾਈ ਵਾਲੇ ਸੈਸ਼ਨ ਦੌਰਾਨ ਸਿੱਖਿਆ ਵਿੱਚ ਏ.ਆਈ. ਦੀ ਬੇਹੱਦ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ ਗਿਆ। ਕਾਨਫਰੰਸ ਦਾ ਇੱਕ ਮੁੱਖ ਹਿੱਸਾ ਕੰਮ ਵਾਲੇ ਸਥਾਨ 'ਤੇ ਏ.ਆਈ. ਦੀ ਵਰਤੋਂ 'ਤੇ ਇੰਟੈਲ ਦੀ ਵਿਹਾਰਕ ਵਰਕਸ਼ਾਪ ਸੀ, ਜਿਸ ਵਿੱਚ 112 ਤੋਂ ਵੱਧ ਹਾਜ਼ਰੀਨਾਂ ਨੇ ਉਤਸ਼ਾਹ ਨਾਲ ਭਾਗ ਲਿਆ।




# ਚੇਅਰਮੈਨ ਨੇ ਆਧੁਨਿਕ ਕਲਾਸ ਰੂਮ ਕੀਤਾ ਵਿਦਿਆਰਥੀਆਂ ਨੂੰ ਸਮਰਪਤ

**ਨਕੋਦਰ (ਮਨਜੀਤ ਮਾਨ)**- ਪੰਜਾਬ ਸਿੱਖਿਆ ਕ੍ਰਾਂਤੀ ਮਿਸ਼ਨ ਤਹਿਤ ਪੰਜਾਬ ਸਰਕਾਰ ਵੱਲੋਂ ਪਿੰਡ ਨੱਥੂ ਚਾਹਲ ਦੇ ਸਰਕਾਰੀ ਐਲੀਮੈਂਟਰੀ ਸਕੂਲ ਨੂੰ ਮਿਲੀ 9 ਲੱਖ 55 ਹਜ਼ਾਰ ਰੁਪਏ ਦੀ ਗਰਾਂਟ ਨਾਲ ਐੱਲ ਈ ਡੀ ਪੈਨਲ ਤੇ ਫਰਨੀਚਰ ਨਾਲ ਲੈਸ ਨਵੇਂ ਉਸਾਰੇ ਆਧੁਨਿਕ ਕਲਾਸ ਰੂਮ ਦਾ ਉਦਘਾਟਨ ਸਮਾਗਮ ਬੜੀ ਹੀ ਧੂਮ-ਧਾਮ ਨਾਲ ਨੇਪਰੇ ਚੜ੍ਹਿਆ। ਮੁੱਖ ਮਹਿਮਾਨ ਸ੍. ਕੰਵਰ ਇਕਬਾਲ ਸਿੰਘ ਜ਼ਿਲ੍ਹਾ ਚੇਅਰਮੈਨ, ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਕਪੂਰਥਲਾ ਨੇ ਆਪਣੇ ਸਾਥੀਆਂ ਨਾਲ ਪੁੱਜ ਕੇ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਸਮਰਪਤ ਕੀਤਾ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਮਮਤਾ ਬਜਾਜ, ਹੈਡ ਟੀਚਰ ਦੀਪਕ ਕੁਮਾਰ, ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ, ਗੁਰਦੇਵ ਸਿੰਘ ਚਾਹਲ ਅਤੇ ਸਰਪੰਚ ਦਲਵਿੰਦਰ ਸਿੰਘ ਸਮੇਤ ਸਮਾਗਮ ਵਿੱਚ ਸ਼ਾਮਿਲ ਹੋਰ ਸ਼ਖ਼ਸੀਅਤਾਂ ਨੇ ਫੁੱਲਾਂ ਦੇ ਬੁੱਕੇ ਨਾਲ ਮੁੱਖ ਮਹਿਮਾਨ ਕੰਵਰ ਇਕਬਾਲ ਸਿੰਘ ਦਾ ਸਵਾਗਤ ਕੀਤਾ। ਸਰਪੰਚ ਦਲਵਿੰਦਰ ਸਿੰਘ ਤੇ ਸ੍. ਗੁਰਦੇਵ ਸਿੰਘ ਚਾਹਲ ਨੇ ਸਰਕਾਰ ਦੀ ਮਦਦ ਨਾਲ ਚਲਾਏ ਜਾ ਰਹੇ ਸਕੂਲ ਦੀਆਂ ਪ੍ਰਾਪਤੀਆਂ ਦਾ ਵਿਸ਼ੇਸ਼ ਵਰਣਨ ਕੀਤਾ। ਗ੍ਰਾਮ ਪੰਚਾਇਤ ਨੱਥੂ ਚਾਹਲ ਅਤੇ ਪਤਵੰਤੇ ਸੱਜਣਾਂ ਨੇ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀਮਤੀ ਮਮਤਾ ਬਜਾਜ, ਬਲਾਕ ਸਿੱਖਿਆ ਅਫਸਰ ਕਪੂਰਥਲਾ -1 ਸ਼੍ਰੀ ਰਾਜੇਸ਼ ਕੁਮਾਰ, ਸੀ ਐਚ ਟੀ , ਮੈਡਮ ਨੀਰੂ ਬਾਲਾ, ਜੈਮਲ ਸਿੰਘ, ਗੁਰਿੰਦਰ ਸਿੰਘ , ਬਲਾਕ ਕਪੂਰਥਲਾ ਦੇ ਸਮੂਹ ਅਧਿਆਪਕਾਂ ਨੇ ਵੱਡੇ ਪੱਧਰ ਤੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ। ਹੈੱਡ ਟੀਚਰ ਦੀਪਕ ਕੁਮਾਰ, ਸਮੂਹ ਸਟਾਫ਼ ਅਤੇ ਐਸ ਐਮ ਸੀ ਕਮੇਟੀ ਮੈਂਬਰਾਂ ਨੇ ਆਏ ਹੋਏ ਸਾਰੇ ਹੀ ਪਤਵੰਤੇ ਸੱਜਣਾਂ ਦਾ ਹਾਰਦਿਕ ਸਵਾਗਤ ਕੀਤਾ, ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ ਨੇ ਨੇ ਮੁੱਖ ਮਹਿਮਾਨ ਕੌਮਾਂਤਰੀ ਸ਼ਾਇਰ ਅਤੇ ਚੇਅਰਮੈਨ ਕੰਵਰ ਇਕਬਾਲ ਸਿੰਘ ਸਮੇਤ ਆਈਆਂ ਹੋਈਆਂ ਸ਼ਖ਼ਸੀਅਤਾਂ ਵਿੱਚ ਸ਼ਾਮਿਲ, ਕਰਨੈਲ ਸਿੰਘ ਘੁੰਮਣ ਹਲਕਾ ਕੋਆਰਡੀਨੇਟਰ ਐਜੂਕੇਸ਼ਨ ਵਿੰਗ, ਸੂਫ਼ੀ ਗਾਇਕ ਤੇਜਬੀਰ ਸਿੰਘ, ਬਲਵਿੰਦਰ ਮਸੀਹ ਵਾਈਸ ਪ੍ਰਧਾਨ ਮਨਿਓਰਟੀ ਵਿੰਗ ਪੰਜਾਬ, ਰਵੀ ਸਿੱਧੂ ਬਲਾਕ ਪ੍ਰਧਾਨ ਮਨਿਓਰਟੀ ਵਿੰਗ, ਪੁਸ਼ਪਿੰਦਰ ਸਿੰਘ ਐਸਮੇਤ ਸਾਰੀਆਂ ਹੀ ਮਾਣਮੱਤੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ।



# ਕੈਬਨਿਟ ਮੰਤਰੀ ਨੇ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਦੇ ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵਲੋਂ ਜਲੰਧਰ ਦੀ ਨਵੀਂ ਦਾਨਾ ਮੰਡੀ ਵਿਖੇ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ ਗਈ, ਜਿਥੇ ਉਨ੍ਹਾਂ ਨੇ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਦੀ ਸਹੂਲਤ ਲਈ ਅਧਿਕਾਰੀਆਂ ਨੂੰ ਸਮੁੱਚੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਾਉਣ ਦੀਆਂ ਹਦਾਇਤਾਂ ਕੀਤੀਆਂ ਗਈਆਂ । ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਿਤਿਨ ਕੋਹਲੀ, ਦਿਨੇਸ਼ ਢੱਲ, ਰਾਜਿੰਦਰ ਕੌਰ ਥਿਆੜਾ ਦੇ ਨਾਲ ਕੈਬਨਿਟ ਮੰਤਰੀ ਨੇ ਕਿਹਾ ਕਿ ਜ਼ਿਲ੍ਹੇ ਦੀਆਂ 79 ਮੰਡੀਆਂ ਵਿੱਚ ਇਸ ਸਾਲ 5.27 ਲੱਖ ਮੀਟਰਿਕ ਟਨ ਕਣਕ ਆਉਣ ਦੀ ਸੰਭਾਵਨਾ ਹੈ ਤੇ ਕਿਸਾਨਾਂ ਦੀ ਫ਼ਸਲ ਦਾ ਇਕ-ਇਕ ਦਾਣਾ ਖ਼ਰੀਦ ਕਰਨ ਲਈ ਪਹਿਲਾਂ ਹੀ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਵਲੋਂ ਮੰਡੀਆਂ ਵਿੱਚ ਫ਼ਸਲ ਵੇਚਣ ਲਈ ਆਉਣ ਵਾਲੇ ਕਿਸਾਨਾਂ ਦੀ ਸਹੂਲਤ 'ਤੇ ਧਿਆਨ ਕੇਂਦਰਿਤ ਕਰਦਿਆਂ ਜਲੰਧਰ ਵਿਖੇ ਨਿਰਵਿਘਨ ਤੇ ਸੁਚਾਰੂ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਬੀਤੇ ਦਿਨ ਤੱਕ ਜਲੰਧਰ ਵਿਖੇ 28444 ਮੀਟਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿਚੋਂ 24721 ਮੀਟਰਿਕ ਟਨ ਕਣਕ ਦੀ ਖ਼ਰੀਦ ਵੱਖ-ਵੱਖ ਏਜੰਸੀਆਂ ਵਲੋਂ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ 28 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵਲੋਂ 24 ਘੰਟਿਆਂ ਦੇ ਅੰਦਰ-ਅੰਦਰ ਕਿਸਾਨਾਂ ਦੀ ਅਦਾਇਗੀ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੰਡੀਆਂ ਵਿੱਚ ਪੀਣ ਯੋਗ ਪਾਣੀ ਦੀ ਉਪਲਬੱਧਤਾ, ਸਾਫ਼ ਸਫ਼ਾਈ, ਛਾਂ, ਤਰਪਾਲਾਂ, ਬਾਰਦਾਨਾ ਤੋਂ ਇਲਾਵਾ ਹੋਰ ਸਹੂਲਤਾਂ ਦਾ ਪ੍ਰਬੰਧ ਅਧਿਕਾਰੀਆਂ ਵਲੋਂ ਪਹਿਲਾਂ ਹੀ ਕੀਤਾ ਗਿਆ ਹੈ। ਕਣਕ ਦੀ ਚੁਕਾਈ ਅਤੇ ਕਿਸਾਨਾਂ ਨੂੰ ਅਦਾਇਗੀ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਮੇਂ ਸਿਰ ਕਣਕ ਦੀ ਅਦਾਇਗੀ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਇਸ ਮੌਕੇ ਕੈਬਨਿਟ ਮੰਤਰੀ ਨੇ ਮੌਜੂਦ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ ਅਤੇ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ ਸਬੰਧੀ ਵੱਡਮੁੱਲੇ ਸੁਝਾਅ ਵੀ ਲਏ।



## 5ਵੀਂ ਤੇ 8ਵੀਂ ਕਲਾਸ ਦਾ ਨਤੀਜਾ ਰਿਹਾ 100 ਫੀਸਦੀ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੇ ਨਜ਼ਦੀਕ ਪਿੰਡ ਡਰੋਲੀ ਕਲਾਂ ਵਿਖੇ ਗੁਰਦੁਆਰਾ ਸਹੀਦ ਬਾਬਾ ਮੱਤੀ ਜੀ ਦੀ ਪ੍ਰਬੰਧਕ ਕਮੇਟੀ ਦੇ ਅਧੀਨ ਚਲ ਰਹੇ ਸਕੂਲ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸਾਲ 2025-26 ਦੀ 5ਵੀ ਤੇ 8ਵੀ ਸ਼੍ਰੇਣੀ ਦਾ ਸਲਾਨਾ ਪ੍ਰੀਖਿਆ ਨਤੀਜਾ ਸੌ ਫੀਸਦੀ ਰਿਹਾ।ਜਿਸ ਅਨੁਸਾਰ ਸ਼ਹੀਦ ਬਾਬਾ ਮਤੀ ਮੈਮੋਰੀਅਲ ਪਬਲਿਕ ਹਾਈ ਸਕੂਲ ਡਰੋਲੀ ਕਲਾਂ ਦੇ ਬਚਿਆਂ ਨੇ ਪਹਿਲਾਂ ਸਥਾਨ ਗੀਤਿਕਾ ਕੁਮਾਰੀ,ਦੂਸਰਾ ਸਥਾਨ ਗੁਰਜੋਤ ਸਿੰਘ, ਤੀਸਰਾ ਸਥਾਨ ਦਮਨਪ੍ਰੀਤ ਕੌਰ ਨੇ ਹਾਸਿਲ ਕੀਤਾ। ਅਠਵੀਂ ਜਮਾਤ ਵਿਚੋਂ ਪਹਿਲਾ ਸਥਾਨ ਸਾਹਿਬਜੋਤ ਸਿੰਘ ਅਤੇ ਕਰਮਜੋਤ ਕੌਰ, ਦੂਸਰਾ ਸਥਾਨ ਪੁਸ਼ਪਿੰਦਰ ਸਿੰਘ,ਤੀਸਰਾ ਸਥਾਨ ਅਨੁਰੂਪਪ੍ਰੀਤ ਕੌਰ ਨੇ ਪ੍ਰਾਪਤ ਕੀਤਾ।ਇਸ ਸੰਬੰਧ ਵਿੱਚ ਬਚਿਆਂ ਦੇ ਮਾਤਾ ਪਿਤਾ, ਅਧਿਆਪਕ ਤੇ ਹੋਰ ਸਕੂਲ ਦੇ ਕਮੇਟੀ ਮੈਂਬਰ ਵਧਾਈ ਦੇ ਪਾਤਰ ਰਹੇ।




## ਕੰਧਾਲਾ ਜੱਟਾਂ ਦੇ ਨੌਜਵਾਨ ਦੀ ਇਟਲੀ 'ਚ ਟਰੇਨ ਚਲਾਉਣ ਲਈ ਚੋਣ

**ਅੱਡਾ ਸਰਾਂ (ਜਸਵੀਰ ਕਾਜਲ)** ਪਿੰਡ ਕੰਧਾਲਾ ਜੱਟਾਂ ਦੇ ਸੁਰਜੀਤ ਸਿੰਘ ਪੁੱਤਰ ਲਸ਼ਕਰ ਸਿੰਘ ਦੇ ਪੁੱਤਰ ਕਾਕਾ ਮਨਵੀਰ ਸਿੰਘ ਧਾਲੀਵਾਲ ਦੀ ਇਟਲੀ ਵਿੱਚ ਟਰੇਨ ਇਟਾਲੀਆ ਚਲਾਉਣ ਲਈ ਚੋਣ ਹੋਣ ਤੇ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਪਾਇਆ ਗਿਆ । ਪਿੰਡ ਵਿੱਚ ਲੋਕਾਂ ਨੂੰ ਜਦੋਂ ਇਸ ਖਬਰ ਦਾ ਪਤਾ ਲੱਗਾ ਤਾਂ ਪਿੰਡ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ ਤੇ ਉਨ੍ਹਾਂ ਦੇ ਘਰ ਉਨ੍ਹਾਂ ਦੇ ਪਰਿਵਾਰ ਦੇ ਮੈਂਬਰ ਸੈਕਟਰੀ ਮਨਜੀਤ ਸਿੰਘ ਨੂੰ ਵਧਾਈਆਂ ਦੇਣ ਲਈ ਲੋਕਾਂ ਦਾ ਤਾਂਤਾ ਲੱਗ ਗਿਆ । ਖੁਸ਼ੀ ਵਿੱਚ ਸੈਕਟਰੀ ਮਨਜੀਤ ਸਿੰਘ ਵੱਲੋਂ ਵਧਾਈਆਂ ਦੇਣ ਆਏ ਪਿੰਡ ਦੇ ਲੋਕਾਂ ਦੇ ਮੂੰਹ ਮਿੱਠਾ ਕਰਵਾਇਆ ਗਿਆ ਅਤੇ ਲੱਡੂ ਵੰਡੇ ਗਏ।ਇਸ ਮੌਕੇ ਪਰਿਵਾਰ ਨਾਲ ਖੁਸ਼ੀ ਸਾਂਝੀ ਕਰਨ ਵਾਲਿਆਂ ਵਿੱਚ ਸੈਕਟਰੀ ਮਨਜੀਤ ਸਿੰਘ, ਮਨਜੀਤ ਸਿੰਘ ਧਾਲੀਵਾਲ, ਗੁਰਵਿੰਦਰ ਸਿੰਘ ਗਿੱਤਾ, ਸੁੱਚਾ ਸਿੰਘ ਲੰਬੜਦਾਰ, ਇਕਬਾਲ ਸਿੰਘ ਬਾਲੀ, ਕੁਲਵੰਤ ਸਿੰਘ, ਇੰਦਰਜੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਧਾਲੀਵਾਲ, ਸਤਵਿੰਦਰ ਸਿੰਘ, ਕੁਲਵਿੰਦਰ ਸਿੰਘ ਸੋਨੀ ਪੰਚ ਆਦਿ ਮੌਜੂਦ ਰਹੇ ।



# ਵਿਦਿਆਰਥੀਆਂ ਨੂੰ ਕਾਪੀਆਂ ਤੇ ਸਟੇਸ਼ਨਰੀ ਵੰਡੀ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਨਿਰਮਲ ਕੁਟੀਆ ਟੂਟੋਮਜਾਰਾ ਜਨਮ ਸਥਾਨ ਬ੍ਰਹਮਲੀਨ ਸੰਤ ਬਾਬਾ ਦਲੇਲ ਸਿੰਘ ਮਹਾਰਾਜ ਦੇ ਮੁੱਖ ਸੇਵਾਦਾਰ ਸੰਤ ਬਾਬਾ ਮੱਖਣ ਸਿੰਘ ਤੇ ਸੰਤ ਬਾਬਾ ਬਲਬੀਰ ਸਿੰਘ ਸ਼ਾਸਤਰੀ ਵੱਲੋਂ ਸਰਕਾਰੀ ਐਲੀਮੈਂਟਰੀ ਤੇ ਹਾਈ ਸਕੂਲ ਟੂਟੋਮਜ਼ਾਰਾ ਵਿਖੇ ਵਿਦਿਆਰਥੀਆਂ ਨੂੰ ਕਾਪੀਆਂ ਤੇ ਸਟੇਸ਼ਨਰੀ ਦਾ ਸਮਾਨ ਵੰਡਿਆ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਨਛੱਤਰ ਸਿੰਘ, ਸਾਬਕਾ ਸਰਪੰਚ ਪਰਸ਼ੋਤਮ ਸਿੰਘ, ਸਾਬਕਾ ਸਰਪੰਚ ਸੁਨੀਲ ਕੁਮਾਰ ਸ਼੍ਰੀਧਰ, ਮਹਿੰਦਰ ਸਿੰਘ, ਦਲਵੀਰ ਸਿੰਘ, ਸੁਆਮੀ ਨਰਾਇਣ ਹਰਿਦਵਾਰ, ਗਿਆਨੀ ਰਘਵੀਰ ਸਿੰਘ, ਗੁਰਜੀਤ ਸਿੰਘ ਸਮੇਤ ਪਿੰਡ ਨਿਵਾਸੀ ਤੇ ਸਕੂਲ ਦਾ ਸਟਾਫ ਹਾਜ਼ਰ ਸੀ। ਇਸ ਮੌਕੇ ਗੱਲਬਾਤ ਕਰਦਿਆਂ ਸੰਤ ਬਾਬਾ ਮੱਖਣ ਸਿੰਘ ਤੇ ਸੰਤ ਬਾਬਾ ਬਲਬੀਰ ਸਿੰਘ ਸ਼ਾਸਤਰੀ ਨੇ ਸਾਂਝੇ ਤੌਰ ਤੇ ਦੱਸਿਆ ਕਿ ਨਿਰਮਲ ਕੁਟੀਆ ਟੂਟੋਮਜਾਰਾ ਜਨਮ ਅਸਥਾਨ ਸੰਤ ਬਾਬਾ ਦਲੇਲ ਸਿੰਘ ਮਹਾਰਾਜ ਵੱਲੋਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਜਿੱਥੇ ਇਸ ਅਸਥਾਨ ਤੇ ਸਮੇਂ-ਸਮੇਂ ਤੇ ਧਾਰਮਿਕ ਸਮਾਗਮ ਕੀਤੇ ਜਾਂਦੇ ਹਨ। ਉਸ ਦੇ ਨਾਲ ਹੀ ਸਿੱਖਿਆ ਦੇ ਖੇਤਰ ਵਿੱਚ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ ਹਰ ਸਾਲ ਸਟੇਸ਼ਨਰੀ ਦਾ ਸਮਾਨ ਦਿੱਤਾ ਜਾਂਦਾ ਹੈ। ਉਨ੍ਹਾਂ ਬੱਚਿਆਂ ਨੂੰ ਮਿਹਨਤ-ਇਮਾਨਦਾਰੀ ਅਤੇ ਲਗਨ ਨਾਲ ਪੜ੍ਹਾਈ ਕਰਨ ਦਾ ਸੁਨੇਹਾ ਦਿੱਤਾ।

# ਨਵੇਂ ਕਲਾਸ ਰੂਮ ਦਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਪੰਜਾਬ ਸਰਕਾਰ ਵਲੋਂ ਸਿੱਖਿਆ ਦੇ ਖੇਤਰ ਵਿਚ ਸੁਧਾਰ ਅਤੇ ਵਿਦਿਆਰਥੀਆਂ ਨੂੰ ਬਿਹਤਰ ਸੁਵਿਧਾਵਾਂ ਉਪਲਬੱਧ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਗਜ, ਧੂਤਕਲਾਂ ਅਤੇ ਢੋਲਵਾਹਾ ਵਿਚ ਕਰੀਬ 25 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ ਕਲਾਸ ਰੂਮਾਂ ਦਾ ਉਦਘਾਟਨ ਕੀਤਾ। ਇਸੇ ਕੜੀ ਵਿਚ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੇ ਯਤਨਾਂ ਨਾਲ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡਾਂ ਦੇ ਸਰਕਾਰੀ ਸਕੂਲਾਂ ਵਿਚ ਆਧੁਨਿਕ ਸੁਵਿਧਾਵਾਂ ਉਪਲਬੱਧ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਪੇਂਡੂ ਹਲਕਿਆਂ ਦੇ ਬੱਚਿਆਂ ਨੂੰ ਵੀ ਗੁਣਵੱਤਾਪੂਰਨ ਸਿੱਖਿਆ ਮਿਲ ਸਕੇ।ਚੇਅਰਮੈਨ ਸੰਦੀਪ ਸੈਣੀ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਪੱਧਰ ਨੂੰ ਉਚਾ ਚੁੱਕਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਵੇਂ ਕਲਾਸ ਰੂਮਾਂ ਦੇ ਨਿਰਮਾਣ ਨਾਲ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਵਾਤਾਵਰਣ ਮਿਲੇਗਾ ਅਤੇ ਸਕੂਲਾਂ ਦਾ ਬੁਨਿਆਦੀ ਢਾਂਚਾ ਮਜ਼ਬੂਤ ਹੋਵੇਗਾ। ਇਸ ਮੌਕੇ ਰਜਨੀ ਸ਼ਰਮਾ ਸਰਪੰਚ, ਹੇਮਲਤਾ ਚੇਅਰਪਰਸਨ ਐਸ.ਐਮ.ਸੀ, ਸੰਦੀਪ ਕੁਮਾਰ, ਸਰਬਜੀਤ ਸਿੰਘ ਬੀ.ਐਨ.ਓ, ਸਕੂਲ ਮੁਖੀ ਮਮਤਾ ਰਾਣੀ, ਪੰਚਾਇਤ ਮੈਂਬਰ ਰਾਕੇਸ਼ ਕੁਮਾਰ, ਨਵਜੋਤ ਸਿੰਘ, ਕਮਲਜੀਤ ਕੌਰ ਸਰਪੰਚ, ਪ੍ਰੀਤੀ ਬਾਲਾ ਐਸ.ਐਮ.ਸੀ. ਚੇਅਰਪਰਸਨ, ਨਿਰਮਲ ਸਿੰਘ, ਨੰਬਰਦਾਰ, ਬਲਵੰਤ ਸਿੰਘ ਸੀ.ਐਚ.ਟੀ. ਮੁਖਤਿਆਰ ਸਿੰਘ ਸਕੂਲ ਮੁਖੀ ਸਮੇਤ ਹੋਰ ਪਤਵੰਤੇ ਮੌਜੂਦ ਸਨ।



# ਈਕੋ-ਫ੍ਰੈਂਡਲੀ ਫਲਾਵਰ ਮੁਕਾਬਲੇ ਕਰਵਾਏ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ ਐਂਡ ਕੇਟਰਿੰਗ ਟੈਕਨੋਲੋਜੀ, ਵੱਲੋਂ ਇੱਕ ਵਿਲੱਖਣ ਫੁੱਲਾਂ ਦਾ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਕਾਗਜ਼ੀ ਕਲਾ ਦੀ ਵਰਤੋਂ ਕਰਦੇ ਹੋਏ ਸੁੰਦਰ ਫਲਾਵਰ ਬਕੇਟ ਤਿਆਰ ਕਰਕੇ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਇਹ ਪ੍ਰੋਗਰਾਮ ਅਕਾਊਂਟਸ ਲੈਕਚਰਾਰ ਮਿਸ ਮੀਨਾਕਸ਼ੀ ਸ਼ਰਮਾ ਤੇ ਕੰਪਿਊਟਰ ਅਧਿਆਪਿਕਾ ਮਿਸ ਲਖਵੀਰ ਕੌਰ ਵੱਲੋਂ ਆਯੋਜਿਤ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਇਕੋ-ਫ੍ਰੈਂਡਲੀ ਸੋਚ ਨੂੰ ਉਤਸ਼ਾਹਿਤ ਕਰਨਾ ਤੇ ਕੂੜੇ-ਕਰਕਟ ਨੂੰ ਘਟਾਉਣਾ ਸੀ।



ਵਿਦਿਆਰਥੀਆਂ ਨੇ ਚਾਰਟ ਪੇਪਰ, ਰਿਬਨ, ਗਲੂ ਗਨ, ਥਰਮੋਕੋਲ, ਨੈਪਕਿਨ ਅਤੇ ਗਲਿਟਰ ਸ਼ੀਟ ਵਰਗੀਆਂ ਸਮੱਗਰੀਆਂ ਦੀ ਵਰਤੋਂ ਕਰਕੇ ਨਵੀਂ ਸੋਚ ਨਾਲ ਭਰਪੂਰ ਅਤੇ ਕਲਾਤਮਕ ਫੁੱਲਾਂ ਦੇ ਸਜਾਵਟੀ ਆਇਟਮ ਤਿਆਰ ਕੀਤੇ। ਇਸ ਸਮਾਗਮ ਨੇ ਸਭ ਨੂੰ ਪ੍ਰਭਾਵਿਤ ਕੀਤਾ ਤੇ ਪ੍ਰਿੰਸੀਪਲ ਸ਼ਰਮਾ ਨੇ ਜੇਤੂਆਂ ਨੂੰ ਇਨਾਮ ਦੇ ਕੇ ਉਨ੍ਹਾਂ ਨੂੰ ਅੱਗੇ ਵੀ ਆਪਣੀ ਪ੍ਰਤਿਭਾ ਨੂੰ ਨਿਖਾਰਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਸੰਸਥਾ ਦੀ ਸਸਟੇਨੇਬਿਲਟੀ ਤੇ ਰਚਨਾਤਮਕਤਾ ਪ੍ਰਤੀ ਵਚਨਬੱਧਤਾ ਨੂੰ ਵੀ ਦਰਸਾਉਂਦਾ ਹੈ ਅਤੇ ਵਿਦਿਆਰਥੀਆਂ ਨੂੰ ਆਪਣੇ ਹੁਨਰ ਪ੍ਰਦਰਸ਼ਿਤ ਕਰਨ ਲਈ ਇੱਕ ਮਜਬੂਤ ਮੰਚ ਪ੍ਰਦਾਨ ਕਰਦਾ ਹੈ।

## ਜੋੜ ਮੇਲੇ 'ਚ ਕਿਤਾਬਾਂ ਦਾ ਸਟਾਲ ਰਿਹਾ ਖਿੱਚ ਦਾ ਕੇਂਦਰ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸ਼ੇਖਰ ਭਨੋਟ ਮੈਮੋਰੀਅਲ ਚੈਰੀਟੇਬਲ ਟਰੱਸਟ ਵਲੋਂ ਵਿਸਾਖੀ ਦੇ ਮੌਕੇ ਸਾਹਿਤਕ ਅਤੇ ਜਾਣਕਾਰੀ ਭਰਭੂਰ ਕਿਤਾਬਾਂ ਦਾ ਸਟਾਲ ਲਗਾਇਆ ਗਿਆ। ਇਹ ਪਹਿਲਾ ਅਤੇ ਨਿਵੇਕਲਾ ਤਜਰਬਾ ਸੀ ਜੋ ਕਾਮਯਾਬ ਰਿਹਾ। ਮੇਲਾ ਦੇਖਣ ਆਏ ਲੋਕਾਂ ਦਾ ਧਿਆਨ ਖਿੱਚਣ ਵਿਚ ਇਹ ਪਹਿਲਾ ਤਜਰਬਾ ਸਫਲ ਰਿਹਾ ਜਿੱਥੇ ਹਰ ਉਮਰ ਵਰਗ ਦੇ ਵਿਅਕਤੀਆਂ ਨੇ ਕਿਤਾਬ ਵਿੱਚ ਰੁਚੀ ਦਿਖਾਈ, ਉੱਥੇ ਸਾਹਿਤ ਵਿੱਚ ਰੁਚੀ ਰੱਖਣ ਵਾਲੇ, ਬਹੁਤ ਸਾਰੀਆਂ ਕਿਤਾਬਾਂ ਆਪਣੇ ਲਈ ਅਤੇ ਆਪਣੇ ਬੱਚਿਆਂ ਲਈ ਖ਼ਰੀਦ ਕੇ ਵੀ ਲਈ ਗਏ।ਟਰੱਸਟ ਵੱਲੋ ਕੀਤੇ ਗਏ ਇਸ ਉਪਰਾਲੇ ਦੀ ਮੇਲਾ ਦੇਖਣ ਆਈਆਂ ਵੱਖ ਵੱਖ ਸਖਸ਼ੀਅਤਾਂ ਨੇ ਬਹੁਤ ਸ਼ਲਾਘਾ ਕੀਤੀ। ਹਰਿ ਓਮ ਭਾਰਦਵਾਜ, ਧਰਮਪਾਲ ਭਾਟੀਆ, ਸਤੀਸ਼ ਕੁਮਾਰ, ਸਰਬਜੀਤ ਸਿੰਘ ਪੰਜਾਬ ਟੈਂਟ ਹਾਊਸ, ਜੋਸ਼ੀ ਪਾਸ਼ਟਾਂ, ਬਿੱਟੂ ਜਲਵੇਹੜਾ, ਕਾਕੂ ਗਿੱਲ, ਗਿੱਲ ਡੀ ਜੇ ਅਤੇ ਹੋਰ ਸੱਜਣਾ ਦਾ ਇਸ ਵਿਚ ਭਰਭੂਰ ਸਹਿਯੋਗ ਰਿਹਾ।



## ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਤੇ ਭੱਤਿਆਂ ਲਈ ਰੈਲੀ 17 ਨੂੰ

**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)**- ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਹੱਲ ਕਰਨ ਤੋਂ ਇਨਕਾਰੀ ਪੰਜਾਬ ਸਰਕਾਰ ਖਿਲਾਫ਼ ਪੁਰਾਣੇ ਸਕੇਲ, ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚੇ ਦੀ ਅਗਵਾਈ ਵਿਚ 17 ਮਈ ਨੂੰ ਮੋਹਾਲੀ ਵਿਖੇ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ । ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੋਰਚੇ ਦੇ ਸੂਬਾ ਆਗੂ ਸੰਦੀਪ ਸਿੰਘ ਗਿੱਲ, ਮੁਕੇਸ਼ ਗੁਜਰਾਤੀ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਡਾਨਸੀਵਾਲ, 4161 ਮਾਸਟਰ ਕੇਡਰ ਯੂਨੀਅਨ ਦੇ ਆਗੂ ਬਲਕਾਰ ਸਿੰਘ ਮਘਾਣੀਆ, 5994 ਅਧਿਆਪਕ ਯੂਨੀਅਨ ਦੇ ਆਗੂ ਸਮੁੰਦਰ ਗੁਪਤ ਨੇ ਦੱਸਿਆ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਪ੍ਰਤੀ ਅਪਣਾਈ ਬੇਰੁਖੀ ਦਾ ਬਣਦਾ ਜਵਾਬ ਵੱਡੇ ਸੰਘਰਸ਼ਾਂ ਰਾਹੀਂ ਦਿੱਤਾ ਜਾਵੇਗਾ।17 ਮਈ ਨੂੰ ਮੋਹਾਲੀ ਵਿਖੇ ਹਜ਼ਾਰਾਂ ਮੁਲਾਜ਼ਮਾਂ ਦੀ ਸ਼ਮੂਲੀਅਤ ਕਰਵਾਉਂਦੇ ਹੋਏ ਵਿਸ਼ਾਲ ਸੂਬਾਈ ਰੈਲੀ ਕੀਤੀ ਜਾਵੇਗੀ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਚੰਡੀਗੜ੍ਹ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਵਿਨੇ ਕੁਮਾਰ, ਜਗਦੀਪ ਸਿੰਘ, ਸੰਦੀਪ ਕੁਮਾਰ, ਜਰਨੈਲ ਸਿੰਘ, ਜਸਵਿੰਦਰ ਸਿੰਘ, ਇਕਬਾਲ ਸਿੰਘ ਲੁਧਿਆਣਾ, ਕੁਲਦੀਪ ਸਿੰਘ ਰਾਮਨਗਰ ਤੇ ਬੱਗਾ ਸਿੰਘ ਮਾਨਸਾ ਆਦਿ ਆਗੂ ਵੀ ਹਾਜ਼ਰ ਸਨ।



# ਗੁੜ ਤੇ ਸ਼ੱਕਰ ਦੇ ਸੈਂਪਲ ਭਰੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਕਮਲਪ੍ਰੀਤ ਕੌਰ ਬਰਾੜ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਨਿਰਦੇਸ਼ਾਂ ਅਤੇ ਡਾ.ਜਤਿੰਦਰ ਭਾਟੀਆ ਡਿਜ਼ਿਗਨੇਟਡ ਅਫ਼ਸਰ-ਕਮ- ਜਿਲਾ ਸਿਹਤ ਅਫ਼ਸਰ ਹੁਸ਼ਿਆਰਪੁਰ ਦੀ ਦੇਖ ਰੇਖ ਹੇਠ ਫੂਡ ਸੇਫਟੀ ਅਫ਼ਸਰ ਵਿਵੇਕ ਕੁਮਾਰ ਵੱਲੋਂ ਜ਼ਿਲ੍ਹੇ ਵਿੱਚ ਖਾਧ ਪਦਾਰਥਾਂ ਦੀ ਗੁਣਵੱਤਾ ਯਕੀਨੀ ਬਣਾਉਣ ਲਈ ਫੂਡ ਸੇਫਟੀ ਟੀਮ ਵੱਲੋਂ ਲਗਾਤਾਰ ਚੈਕਿੰਗ ਮੁਹਿੰਮ ਚਲਾਈ ਜਾ ਰਹੀ ਹੈ।ਇਸੇ ਮੁਹਿੰਮ ਦੌਰਾਨ ਪ੍ਰਾਪਤ ਹੋਈ ਸ਼ਿਕਾਇਤ ਦੇ ਆਧਾਰ ਤੇ ਹੁਸ਼ਿਆਰਪੁਰ ਫਗਵਾੜਾ ਰੋਡ ਤੇ ਸਥਿਤ ਪਿੰਡ ਡਵਿੱਡਾ ਅਹਿਰਾਣਾ ਵਿਖੇ ਇਕ ਗੁੜ ਦੇ ਬੇਲਣੇ ਤੋ ਗੁੜ੍ਹ ਅਤੇ ਸ਼ੱਕਰ ਦਾ ਇੱਕ ਇੱਕ ਐਨਫੋਰਸਮੈਂਟ ਸੈਂਪਲ ਲਿਆ ਗਿਆ ਤਾਂ ਜੋ ਸ਼ੂਗਰ ਦੀ ਮਿਲਾਵਟ ਦੀ ਜਾਂਚ ਕੀਤੀ ਜਾ ਸਕੇ ।ਇਹ ਸੈਂਪਲ ਲੈਬ ਟੈਸਟ ਲਈ ਫੂਡ ਲੈਬ ਖਰੜ ਭੇਜੇ ਗਏ ਹਨ। ਰਿਪੋਰਟ ਪ੍ਰਾਪਤ ਹੋਣ ਉਪਰੰਤ ਜੇਕਰ ਕਿਸੇ ਸੈਂਪਲ ਵਿੱਚ ਮਿਆਰਾਂ ਦੀ ਉਲੰਘਣਾ ਜਾਂ ਮਿਲਾਵਟ ਪਾਈ ਗਈ ਤਾਂ ਸੰਬੰਧਿਤ ਵਿਕਰੇਤਾ ਖਿਲਾਫ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ ਅਧੀਨ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਸ਼ਹਿਰ ਦੇ ਸਾਰੇ ਗੁੜ੍ਹ ਦੇ ਬੇਲਣੇ ਵਾਲਿਆਂ ਨੂੰ ਸਖ਼ਤ ਹਦਾਇਤ ਕੀਤੀ ਹੈ ਕਿ ਗੁੜ੍ਹ ਵਿੱਚ ਕਿਸੇ ਵੀ ਤਰ੍ਹਾਂ ਦੀ ਚੀਨੀ ਜਾਂ ਕੈਮੀਕਲ ਦੀ ਮਿਲਾਵਟ ਨਾ ਕੀਤੀ ਜਾਵੇ। ਜੇਕਰ ਜਾਂਚ ਦੌਰਾਨ ਕਿਸੇ ਦੇ ਵੀ ਗੁੜ੍ਹ ਵਿਚ ਮਿਲਾਵਟ ਪਾਈ ਜਾਂਦੀ ਹੈ ਤਾਂ ਉਸ ਖ਼ਿਲਾਫ਼ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ ਅਧੀਨ ਕਾਰਵਾਈ ਕੀਤੀ ਜਾਵੇਗੀ।ਡੀ ਐਚ ਓ ਡਾ. ਜਤਿੰਦਰ ਭਾਟੀਆ ਤੇ ਫੂਡ ਸੇਫਟੀ ਅਫਸਰ ਵਿਵੇਕ ਕੁਮਾਰ ਨੇ ਸਾਰੇ ਫੂਡ ਬਿਜ਼ਨਸ ਆਪਰੇਟਰਾਂ ਨੂੰ ਲਾਜ਼ਮੀ ਰਜਿਸਟ੍ਰੇਸ਼ਨ ਅਤੇ ਲਾਇਸੈਂਸਿੰਗ ਦੀ ਪਾਲਣਾ ਯਕੀਨੀ ਬਣਾਉਣ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।



# ਡਿਪਟੀ ਸਪੀਕਰ ਵੱਲੋਂ ਲੈਬ ਦਾ ਉਦਘਾਟਨ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਦੀ ਸੂਰਾ ਸਿੰਘ ਵਿਖੇ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵਿਧਾਇਕ ਹਲਕਾ ਗੜ੍ਹਸ਼ੰਕਰ ਵੱਲੋਂ ਸਕੂਲ ਵਿੱਚ ਤਿਆਰ ਕੀਤੀ ਹੋਲੀਸਟਿਕ ਪਲਾਨ ਲੈਬ ਦਾ ਉਦਘਾਟਨ ਕੀਤਾ ਗਿਆ। ਇਸ ਹੋਲਇਸਟਿਕ ਲੈਬ ਤੇ ਨਵੇਂ ਕਮਰਿਆਂ ਲਈ 70 ਲੱਖ ਰੁਪਏ ਦੀ ਗਰਾਂਟ ਪ੍ਰਾਪਤ ਹੋਈ ਸੀ। ਇਸ ਮੌਕੇ ਸਕੂਲ ਪ੍ਰਿੰਸੀਪਲ ਹਰਬਲਾਸ ਬੰਗਾ ਨੇ ਆਏ ਹੋਏ ਮੁੱਖ ਮਹਿਮਾਨ ਦਾ ਸਵਾਗਤ ਸਮੂੰਹ ਸਟਾਫ ਨਾਲ ਰਲ ਕੇ ਕੀਤਾ। ਸਕੂਲ ਵਿੱਚ ਬਹੁਤ ਹੀ ਸ਼ਾਨਦਾਰ ਪ੍ਰੋਗਰਾਮ ਅਤੇ ਦਰਸ਼ਕਾਂ ਦਾ ਇਕੱਠ ਆਪਣੀ ਵਿਲੱਖਣਤਾ ਪੇਸ਼ ਕਰਦਾ ਸੀ। ਵਿਦਿਆਰਥੀਆਂ ਦੇ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ। ਸਕੂਲ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ। ਇਸ ਉਦਘਾਟਨੀ ਸਮਾਗਮ ਵਿੱਚ ਬਲਦੀਪ ਸਿੰਘ ਚੇਅਰਮੈਨ ਮਾਰਕਿਟ ਕਮੇਟੀ ਗੜ੍ਹਸ਼ੰਕਰ, ਚਰਨਜੀਤ ਸਿੰਘ ਚੰਨੀ ਓ ਐੱਸ ਡੀ ਡਿਪਟੀ ਸਪੀਕਰ, ਸੋਹਣ ਲਾਲ ਸਿੱਖਿਆ ਕੋਆਰਡੀਨੇਟਰ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ, ਕਿਰਪਾਲ ਸਿੰਘ ਸਾਬਕਾ ਪ੍ਰਿੰਸੀਪਲ, ਸ੍ਰੀਮਤੀ ਇੰਦਰਜੀਤ ਕੌਰ ਬੀ.ਐਨ.ਓ ਗੜ੍ਹਸ਼ੰਕਰ ਟੂ ਬਲਾਕ, ਜੁਝਾਰ ਸਿੰਘ ਸਰਪੰਚ, ਗੁਲਸ਼ਨ ਰਾਮ ਬਲਾਕ ਪ੍ਰਧਾਨ, ਸਤਵੰਤ ਸਿੰਘ, ਪ੍ਰੇਮ ਸਿੰਘ ਲੰਬੜਦਾਰ ਬਗਵਾਈ, ਇੰਦਰਜੀਤ ਸਿੰਘ ਮੈਂਬਰ ਜ਼ਿਲਾ ਪਰੀਸ਼ਦ ਅਤੇ ਬਲਾਕ ਸੰਮਤੀ ਮੈਂਬਰਾਂ ਸਮੇਤ ਇਲਾਕੇ ਦੇ ਮੋਹਤਬਰ ਵਿਅਕਤੀਆਂ ਨੇ ਹਿੱਸਾ ਲਿਆ। ਇਸ ਮੌਕੇ ਜਸਪਾਲ ਕੌਰ ਸੈਲਾ ਖੁਰਦ, ਮਨਜੀਤ ਕੌਰ ਸੈਲਾਂ ਕਲਾਂ, ਨਰਿੰਦਰ ਕੌਰ ਪੋਸੀ, ਜਸਪ੍ਰੀਤ ਕੌਰ ਪੱਦੀ ਸੂਰਾ ਸਿੰਘ ਮਨਜੀਤ ਕੌਰ ਚਾਹਲਪੁਰ ਸੁਖਵਿੰਦਰ ਕੌਰ ਆਦਿ ਵੀ ਹਾਜ਼ਰ ਸਨ।

ਸਕੂਲ ਸਟਾਫ ਵਿੱਚ ਪ੍ਰਿੰਸੀਪਲ ਹਰਬਲਾਸ ਬੰਗਾ, ਲੈਕਚਰਰ ਮਨੋਜ ਕੁਮਾਰ, ਸੁਨੀਤਾ ਕੁਮਾਰੀ, ਕਿਰਨ ਬਾਲਾ, ਰਾਜ ਕੁਮਾਰ, ਜਸਵੀਰ ਸਿੰਘ, ਅਵਿਨਾਸ਼ ਕੌਰ, ਪਰਮਜੀਤ ਕੌਰ, ਰਜਨੀ, ਕੁਲਦੀਪ ਕੌਰ, ਮਨਦੀਪ ਕੌਰ, ਰਾਜਦੀਪ ਕੌਰ, ਰੁਪਿੰਦਰ, ਰਣਜੀਤ ਸਿੰਘ, ਸੰਦੇਸ਼ ਕੁਮਾਰੀ, ਰਿਸ਼ੀ, ਹਰਮਿੰਦਰ ਸਿੰਘ, ਸੁਰੇਖਾ, ਰੀਤੂ, ਮਹਿੰਦਰ ਕੌਰ, ਸਤਨਾਮ ਸਿੰਘ, ਮਨਜੀਤ ਸਿੰਘ, ਵਿਵੇਕ ਸਮੇਤ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।ਸਟੇਜ ਸੈਕਟਰੀ ਦੀ ਭੂਮਿਕਾ ਗੁਰਿੰਦਰ ਸਿੰਘ ਸਾਇੰਸ ਮਾਸਟਰ ਨੇ ਬਾਖੂਬੀ ਨਿਭਾਈ। ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪੰਜਾਬ ਸਰਕਾਰ ਦੀਆਂ ਸਿੱਖਿਆ ਪ੍ਰਤੀ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।



## ਸਿਹਤ ਵਿਭਾਗ ਵੱਲੋਂ ਲੂ ਤੋਂ ਬਚਾਅ ਲਈ ਐਡਵਾਇਜ਼ਰੀ ਜਾਰੀ

**ਮੋਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਸਿਹਤ ਵਿਭਾਗ ਨੇ ਗਰਮੀ ਅਤੇ ਲੂ ਦੇ ਮੌਸਮ ਵਿੱਚ ਹੋਣ ਵਾਲੀਆਂ ਆਮ ਬੀਮਾਰੀਆਂ ਤੋਂ ਲੋਕਾਂ ਨੂੰ ਬਚਾਉਣ ਲਈ ਪੂਰੀ ਤਿਆਰੀ ਕਰ ਲਈ ਹੈ।ਆਗਾਮੀ ਦਿਨਾਂ 'ਚ ਸੰਭਾਵੀ ਲੂ ਤੋਂ ਬਚਾਅ ਲਈ ਐਡਵਾਇਜ਼ਰੀ ਜਾਰੀ ਕਰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਸਿਹਤ ਵਿਭਾਗ ਨੇ ਗਰਮੀ ਅਤੇ ਲੂ ਦੇ ਮੌਸਮ ਵਿਚ ਸੰਭਾਵੀ ਸਿਹਤ ਖ਼ਤਰਿਆਂ ਨਾਲ ਨਜਿੱਠਣ ਲਈ ਢੁਕਵੇਂ ਪ੍ਰਬੰਧ ਕਰ ਲਏ ਹਨ ਤਾਕਿ ਪ੍ਰਭਾਵਤ ਲੋਕਾਂ ਲਈ ਤੁਰੰਤ ਡਾਕਟਰੀ ਸਹਾਇਤਾ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਦਸਿਆ ਕਿ ਵੱਖ-ਵੱਖ ਸਰਕਾਰੀ ਹਸਪਤਾਲਾਂ ਵਿੱਚ ਹੀਟ ਸਟਰੋਕ ਯੂਨਿਟ ਕਾਰਜਸ਼ੀਲ ਕੀਤੇ ਗਏ ਹਨ ਅਤੇ ਗਰਮੀ ਨਾਲ ਸਬੰਧਤ ਸਿਹਤ ਸਮੱਸਿਆਵਾਂ ਵਾਲੇ ਮਰੀਜ਼ਾਂ ਲਈ ਬੈੱਡ ਰਾਖਵੇਂ ਰੱਖੇ ਗਏ ਹਨ। ਇਸ ਤੋਂ ਇਲਾਵਾ, ਸਰਕਾਰੀ ਹਸਪਤਾਲਾਂ ਵਿੱਚ ਢੁਕਵੀਂ ਮਾਤਰਾ ਵਿੱਚ ਓ.ਆਰ.ਐਸ. ਪੈਕਟਾਂ ਦੀ ਸਪਲਾਈ ਸਮੇਤ ਲੋੜੀਂਦੀਆਂ ਦਵਾਈਆਂ ਉਪਲੱਬਧ ਕੀਤੀਆਂ ਗਈਆਂ ਹਨ। ਜ਼ਿਲ੍ਹੇ ਦੇ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਦਿਨ-ਰਾਤ ਤਿਆਰ ਰਹਿਣ ਲਈ ਕਿਹਾ ਗਿਆ ਹੈ।



## ਵਿਰੋਧੀ ਧਿਰ ਨੇ ਮਹਿਲਾਵਾਂ ਦੇ ਅਧਿਕਾਰਾਂ 'ਚ ਰੋੜੇ ਅਟਕਾਉਣ ਦਾ ਕੰਮ ਕੀਤਾ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਾਲ ਹੀ ਵਿੱਚ ਸੰਸਦ ਵਿੱਚ ਵਿਰੋਧੀ ਧਿਰ ਨੇ ਨਾਰੀ ਸ਼ਕਤੀ ਵੰਦਨ ਅਧਿਨਿਯਮ ਬਿੱਲ ਨੂੰ ਪਾਸ ਨਹੀਂ ਹੋਣ ਦਿੱਤਾ ਤੇ ਅਜਿਹਾ ਕਰ ਕੇ ਸਾਰੀ ਵਿਰੋਧੀ ਪਾਰਟੀਆਂ ਨੇ ਮਹਿਲਾਵਾਂ ਦੇ ਅਧਿਕਾਰਾਂ ਦੇ ਰਸਤੇ ਵਿੱਚ ਰੋੜੇ ਅਟਕਾਉਣ ਦਾ ਕੰਮ ਕੀਤਾ ਹੈ। ਹੁਣ ਤੱਕ ਕਾਂਗਰਸ ਨੇ ਮਹਿਲਾਵਾਂ ਨੂੰ ਰਾਖਵਾਂ ਦਿਖਾਉਣ ਦੇ ਨਾਂਅ 'ਤੇ ਸਿਰਫ ਦਿਖਾਵਾ ਕੀਤਾ ਹੈ।ਮੁੱਖ ਮੰਤਰੀ ਰੋਹਤਕ ਵਿੱਚ ਪ੍ਰੈੱਸ ਕਾਨਫ੍ਰੈਂਸ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਪੱਛਮੀ ਦਿੱਲੀ ਤੋਂ ਸਾਂਸਦ ਕਮਲਜੀਤ ਸਹਿਰਾਵਤ, ਭਾਜਪਾ ਦੇ ਸੂਬਾ ਪ੍ਰਧਾਨ ਮੋਹਨ ਲਾਲ ਕੌਸ਼ਿਕ ਸਮੇਤ ਹੋਰ ਮਾਣਯੋਗ ਨੇਤਾ ਮੌਜੂਦ ਸਨ।ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪਿਛਲੀ 16 ਤੇ 17 ਅਪ੍ਰੈਲ ਨੂੰ ਦੇਸ਼ ਦੀ ਸਰਵੋਚ ਪੰਚਾਇਤ ਵਿੱਚ ਵਿਰੋਧੀ ਧਿਰ ਨੇ ਨਾਰੀ ਸ਼ਕਤੀ ਵੰਦ ਅਧਿਨਿਯਮ, ਬਿੱਲ ਦਾ ਵਿਰੋਧ ਕਰ ਕੇ ਸਾਡੀ ਭੇਣ-ਬੇਟੀਆਂ ਦੇ ਹੱਕ 'ਤੇ ਡਾਕਾ ਪਾਇਆ ਹੈ। ਲੋਕਤੰਤਰ ਦੇ ਮੰਦਿਰ, ਸਾਂਸਦ ਵਿੱਚ ਜੋ ਕੁੱਝ ਵੀ ਹੋਇਆ, ਉਹ ਨਾ ਸਿਰਫ ਅਲੋਕਤਾਂਤਰਿਕ ਸੀ, ਸਗੋ ਸਾਡੇ ਦੇਸ਼ ਦੀ ਅੱਧੀ ਆਬਾਦੀ ਦੇ ਭਵਿੱਖ 'ਤੇ ਇੱਕ ਵੱਡਾ ਵਾਰ ਸੀ। ਇਸ ਪ੍ਰਕਰਣ ਨੇ ਕਾਂਗਰਸ, ਸਮਾਜਵਾਦੀ ਪਾਰਟੀ, ਟੀ ਐੱਮ ਸੀ ਤੇ ਡੀ ਐੱਮ ਕੇ ਵਰਗੇ ਵਿਰੋਧੀ ਪਾਰਟੀਆਂ ਦਾ ਅਸਲੀ ਚਿਹਰਾ ਦੇਸ਼ ਦੇ ਸਾਹਮਣੇ ਉਜਾਗਰ ਕਰ ਦਿੱਤਾ ਹੈ।ਉਨ੍ਹਾਂ ਨੇ ਦੋਸ਼ ਲਗਾਇਆ ਕਿ ਇੰਨ੍ਹਾਂ ਪਾਰਟੀਆਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਕਿ ਜਦੋਂ ਗੱਲ ਮਹਿਲਾਵਾਂ ਨੂੰ ਅਧਿਕਾਰ ਦੇਣ ਦੀ ਆਉਂਦੀ ਹੈ, ਤਾਂ ਉਨ੍ਹਾਂ ਦਾ ਅਸਲੀ ਕਿਰਦਾਰ ਮਹਿਲਾ-ਵਿਰੋਧੀ ਅਤੇ ਸੱਤਾ ਦਾ ਲੋਭੀ ਹੋ ਜਾਂਦਾ ਹੈ। ਇਹ ਮਹਿਲਾਵਾਂ ਨੂੰ ਉਨ੍ਹਾਂ ਦਾ ਸੰਵੈਧਿਕ ਅਧਿਕਾਰ ਦਿਵਾਉਣ ਦਾ ਇਤਿਹਾਸਕ ਮੌਕਾ ਸੀ, ਪਰ ਵਿਰੋਧੀ ਧਿਰ ਨੇ ਇਸ ਮੌਕੇ ਨੂੰ ਵੀ ਆਪਣੀ ਮਾੜੀ ਸਿਆਸਤ ਦੇ ਭੇਂਟ ਚੜ੍ਹਾ ਦਿੱਤਾ।

# ਸੀ ਟੀ ਯੂ ਵੱਲੋਂ ਰੇਲਵੇ ਸਟੇਸ਼ਨ 'ਤੇ ਮਈ ਦਿਵਸ ਮਨਾਉਣ ਦਾ ਫ਼ੈਸਲਾ

**ਜਲੰਧਰ (ਰਾਜੇਸ਼ ਥਾਪਾ)**- ਸੈਂਟਰ ਫਾਰ ਟਰੇਡ ਯੂਨੀਅਨ ਵੱਲੋਂ ਇੱਕ ਅਹਿਮ ਮੀਟਿੰਗ ਸੀ ਟੀ ਯੂ ਦੇ ਦਫਤਰ ਸੰਤੋਖਪੁਰਾ ਵਿਖੇ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਹਰੀਮੁਨੀ ਸਿੰਘ ਅਤੇ ਉਪ ਪ੍ਰਧਾਨ ਦਿਨੇਸ਼ ਕੁਮਾਰ ਦੀ ਪ੍ਰਧਾਨਗੀ ਵਿੱਚ ਕੀਤੀ ਗਈ, ਜਿਸ ਵਿੱਚ ਫੈਸਲਾ ਲਿਆ ਗਿਆ ਕਿ ਇਸ ਵਾਰ ਦਾ ਮਈ ਦਿਵਸ (ਮਜ਼ਦੂਰ ਦਿਵਸ) ਜਲੰਧਰ ਰੇਲਵੇ ਸਟੇਸ਼ਨ 'ਤੇ ਪੂਰੇ ਜੋਸ਼ ਅਤੇ ਇਨਕਲਾਬੀ ਜਜ਼ਬੇ ਨਾਲ ਮਨਾਇਆ ਜਾਵੇਗਾ। ਮਜ਼ਦੂਰ ਹੱਕਾਂ ' ਤੇ ਹਮਲੇ ਵਿਰੁੱਧ ਆਵਾਜ਼ ਕਾਮਰੇਡ ਹਰੀਮੁਨੀ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਅਸੀਂ ਜੋ 8 ਘੰਟੇ ਕੰਮ ਦੀ ਦਿਹਾੜੀ ਤੇ 29 ਲੇਬਰ ਕਾਨੂੰਨਾਂ ਵੱਡੀਆਂ ਕੁਰਬਾਨੀਆਂ ਅਤੇ ਲੰਬੇ ਸੰਘਰਸ਼ਾਂ ਨਾਲ ਲਏ ਸਨ। ?ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਨਿਖੇਧੀ ਕਰਦਿਆਂ ਆਗੂਆਂ ਨੇ ਦੋਸ਼ ਲਾਇਆ ਕਿ ਮੌਜੂਦਾ ਕੇਂਦਰ ਸਰਕਾਰ ਪੂੰਜੀਪਤੀਆਂ ਅਤੇ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਆ ਕੇ ਮਜ਼ਦੂਰਾਂ ਦੇ ਇਨ੍ਹਾਂ ਇਤਿਹਾਸਕ ਹੱਕਾਂ ਨੂੰ ਖ਼ਤਮ ਕਰਨ 'ਤੇ ਤੁਲੀ ਹੋਈ ਹੈ। ?ਸਰਕਾਰ ਵੱਲੋਂ ਲਿਆਂਦੇ ਗਏ ਚਾਰ ਲੇਬਰ ਕੋਡ ਸਿੱਧੇ ਤੌਰ 'ਤੇ ਮਜ਼ਦੂਰਾਂ ਦੀ ਲੁੱਟ ਕਰਨ ਅਤੇ ਉਨ੍ਹਾਂ ਨੂੰ ਗੁਲਾਮੀ ਵੱਲ ਧੱਕਣ ਦੀ ਸਾਜ਼ਿਸ਼ ਹਨ।ਇਨ੍ਹਾਂ ਕੋਡਾਂ ਰਾਹੀਂ ਕਿਰਤ ਕਾਨੂੰਨਾਂ ਨੂੰ ਕਮਜ਼ੋਰ ਕਰਕੇ ਮਜ਼ਦੂਰਾਂ ਦੀ ਸੁਰੱਖਿਆ ਅਤੇ ਹੱਕਾਂ 'ਤੇ ਡਾਕਾ ਮਾਰਿਆ ਜਾ ਰਿਹਾ ਹੈ।ਅਸੀਂ ਕਿਸੇ ਵੀ ਕੀਮਤ 'ਤੇ ਮਜ਼ਦੂਰਾਂ ਦੀਆਂ ਕੁਰਬਾਨੀਆਂ ਨੂੰ ਜ਼ਾਇਆ ਨਹੀਂ ਜਾਣ ਦਿਆਂਗੇ। ਕੇਂਦਰ ਦੀਆਂ ਲੋਕ-ਮਾਰੂ ਨੀਤੀਆਂ ਵਿਰੁੱਧ ਜੰਗ ਜਾਰੀ ਰਹੇਗੀ। ਸਮੂਹ ਮਜ਼ਦੂਰਾਂ, ਮਿਹਨਤਕਸ਼ਾਂ ਅਤੇ ਜਥੇਬੰਦੀਆਂ ਨੂੰ ਅਪੀਲ ਕੀਤੀ ਹੈ ਕਿ ਉਹ 1 ਮਈ ਨੂੰ ਜਲੰਧਰ ਰੇਲਵੇ ਸਟੇਸ਼ਨ 'ਤੇ ਹੋਣ ਵਾਲੇ ਇਸ ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਮੂਲੀਅਤ ਕਰਨ।ਇਸ ਮੌਕੇ 'ਤੇ ਜਵਾਹਰ ਚੌਰਸੀਆ, ਦਿਨੇਸ਼ ਕੁਮਾਰ, ਅਨਿਲ ਕੁਮਾਰ ਆਦਿ ਹਾਜ਼ਰ ਸਨ।




## ਰਹਿ ਗਈਆਂ ਏ ਪੀ ਏ ਆਰ ਇਨੀਸ਼ੀਏਟ ਕਰਨ ਲਈ ਸਮਾਂ ਦਿੱਤਾ ਜਾਵੇ : ਡੀ ਟੀ ਐੱਫ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਿੱਖਿਆ ਵਿਭਾਗ ਵਿੱਚ ਕੰਮਾਂ ਦੀ ਬਹੁਤਾਤ ਨੇ ਅਧਿਆਪਕਾਂ ਦੀ ਮਾਨਸਿਕ ਹਾਲਤ ਤੇ ਐਨਾ ਦਬਾਅ ਬਣਾਇਆ ਹੈ ਕਿ ਉਹ ਵੱਖ ਵੱਖ ਐਪਾਂ, ਪੋਰਟਲਾਂ ਤੇ ਕੀਤੇ ਜਾਣ ਵਾਲੇ ਕੰਮ ਉਲਝ ਕੇ ਰਹਿ ਗਏ ਹਨ। ਅਜਿਹੀ ਹਾਲਤ ਵਿੱਚ ਕੁਝ ਪੋਰਟਲਾਂ ਤੇ ਕੋਈ ਕੰਮ ਅਪਡੇਟ ਕਰਨਾ ਰਹਿ ਜਾਣਾ ਸੁਭਾਵਿਕ ਹੋ ਗਿਆ ਹੈ, ਇਸੇ ਲੜੀ ਵਿੱਚ ਅਨੇਕਾਂ ਸਕੂਲ ਮੁਖੀਆਂ ਵੱਲੋਂ ਉਸ ਸਕੂਲ ਦੇ ਅਧਿਆਪਕਾਂ ਦੀਆਂ ਏ ਪੀ ਏ ਆਰ (ਐਕਚੁਅਲ ਪ੍ਰਫਾਰਮੈਂਸ ਅਸੈੱਸਮੈਂਟ ਰਿਪੋਰਟ) ਸ਼ੁਰੂ (ਇਨੀਸ਼ੀਏਟ) ਕਰਨੀਆਂ ਰਹਿ ਗਈਆਂ ਹਨ। ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਅਧਿਆਪਕਾਂ 'ਤੇ ਪਾਏ ਜਾ ਰਹੇ ਗੈਰ ਵਿੱਦਿਅਕ ਕੰਮਾਂ ਦੀ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਨੇ ਅਧਿਆਪਕਾਂ ਨੂੰ ਸਕੂਲਾਂ ਵਿੱਚ ਡਾਟਾ ਐਂਟਰੀ ਅਪਰੇਟਰ ਬਣਾ ਕੇ ਰੱਖਿਆ ਹੋਇਆ ਹੈ। ਉਨ੍ਹਾਂ ਤੋਂ ਹਰ ਰੋਜ਼ ਵੱਖ ਵੱਖ ਪੋਰਟਲਾਂ ਤੇ ਵੱਖ ਵੱਖ ਜਾਣਕਾਰੀ ਹਰ ਰੋਜ਼ ਹੀ ਭਰਵਾਈ ਜਾਂਦੀ ਹੈ। ਪਿਛਲੇ ਲੰਮੇ ਸਮੇਂ ਤੋਂ ਅਧਿਆਪਕਾਂ ਨੂੰ ਗੈਰ ਵਿੱਦਿਅਕ ਕੰਮਾਂ ਜਿੰਨ੍ਹਾਂ ਵਿੱਚ ਜਨਗਣਨਾ ਡਿਊਟੀਆਂ, ਡਰੱਗ ਜਨਗਣਨਾ ਡਿਊਟੀਆਂ, ਬੀ ਐੱਲ ਓ ਡਿਊਟੀਆਂ, ਹੈਲਥ ਕਾਰਡ ਬਣਾਉਣ ਸਬੰਧੀ ਡਿਊਟੀਆਂ, ਇਲੈਕਸ਼ਨ ਡਿਊਟੀਆਂ ਆਦਿ ਵਿੱਚ ਉਲਝਾ ਕੇ ਰੱਖਿਆ ਗਿਆ ਹੈ। ਆਗੂਆਂ ਨੇ ਮੰਗ ਕੀਤੀ ਕਿ ਇਸ ਲਈ ਸਕੂਲ ਮੁਖੀਆਂ ਨੂੰ ਇੱਕ ਮੌਕਾ ਦਿੰਦੇ ਹੋਏ ਏ ਪੀ ਏ ਆਰ ਇੰਨੀਸ਼ੀਏਟ ਕਰਨ ਦੀ ਅੰਤਿਮ ਮਿਤੀ ਘੱਟੋ ਘੱਟ 30 ਅਪ੍ਰੈਲ ਕੀਤੀ ਜਾਵੇ ਅਤੇ ਕਰਮਚਾਰੀ ਨੂੰ ਆਪਣੀ ਏ ਪੀ ਏ ਆਰ ਲਿਖਣ ਲਈ 15 ਮਈ ਤੱਕ ਦਾ ਸਮਾਂ ਦਿੱਤਾ ਜਾਵੇ।

## ਹਰਪ੍ਰੀਤ ਪਿੰਟੂ ਤੇ ਰਣਧੀਰ ਸਿੰਘ ਸਾਥੀਆਂ ਸਮੇਤ ਅਕਾਲੀ ਦਲ 'ਚ ਸ਼ਾਮਿਲ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ ਪੱਖੀ ਨੀਤੀਆਂ ਅਤੇ ਪਾਰਟੀ ਦੀ ਚੜ੍ਹਦੀ ਕਲਾ ਨੂੰ ਵੇਖਦੇ ਹੋਏ ਅੱਜ ਇਲਾਕੇ ਦੇ ਪ੍ਰਮੁੱਖ ਆਗੂਆਂ ਰਣਧੀਰ ਸਿੰਘ ਅਤੇ ਹਰਪ੍ਰੀਤ ਪਿੰਟੂ ਨੇ ਆਪਣੇ ਸਾਥੀਆਂ ਸਮੇਤ ਪਾਰਟੀ ਦਾ ਪੱਲਾ ਫੜ ਲਿਆ।ਇਨ੍ਹਾਂ ਆਗੂਆਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਵਾਉਣ ਲਈ ਹਲਕਾ ਇੰਚਾਰਜ ਸੰਜੀਵ ਤਲਵਾੜ ਨੇ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਲਾਲੀ ਬਾਜਵਾ ਨੇ ਨਵੇਂ ਸ਼ਾਮਿਲ ਹੋਏ ਆਗੂਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਅਤੇ ਪਾਰਟੀ ਵਿੱਚ ਜੀ ਆਇਆਂ ਨੂੰ ਕਿਹਾ। ਇਸ ਮੌਕੇ ਗੱਲਬਾਤ ਕਰਦਿਆਂ ਲਾਲੀ ਬਾਜਵਾ ਨੇ ਕਿਹਾ ਕਿ ਰਣਧੀਰ ਸਿੰਘ ਤੇ ਹਰਪ੍ਰੀਤ ਪਿੰਟੂ ਦੇ ਆਉਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਵੱਡੀ ਮਜ਼ਬੂਤੀ ਮਿਲੇਗੀ। ਸੰਜੀਵ ਤਲਵਾੜ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਹ ਦਿਨ-ਰਾਤ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰ ਰਹੇ ਹਨ।ਸ਼ਾਮਿਲ ਹੋਣ ਵਾਲੇ ਆਗੂਆਂ ਨੇ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਅਕਾਲੀ ਦਲ ਦੀ ਜਿੱਤ ਯਕੀਨੀ ਬਣਾਉਣ ਲਈ ਡਟ ਕੇ ਕੰਮ ਕਰਨਗੇ।

ਇਸ ਮੌਕੇ ਅਨੁਸੂਚਿਤ ਜਾਤੀ ਮੋਰਚੇ ਦੇ ਜ਼ਿਲ੍ਹਾ ਪ੍ਰਧਾਨ ਪ੍ਰੇਮ ਸਿੰਘ ਪਿਪਲਾਂ ਵਾਲਾ ਸ਼ਹਿਰੀ ਪ੍ਰਧਾਨ ਸੰਜੀਵ ਥਾਪਰ ਜਿਲਾ ਉਪ ਪ੍ਰਧਾਨ ਹਰਭਜਨ ਸਿੰਘ ਵਧਾਵਨ ਅਤੇ ਪਾਰਟੀ ਦੇ ਹੋਰ ਵੀ ਕਈ ਸੀਨੀਅਰ ਆਗੂ ਅਤੇ ਵਰਕਰ ਮੌਜੂਦ ਸਨ, ਜਿਨ੍ਹਾਂ ਨੇ ਨਵੇਂ ਸਾਥੀਆਂ ਦਾ ਉਤਸ਼ਾਹ ਵਧਾਇਆ।

## ਇਲੈਕਟਰੋ ਹੋਮਿਓਪੈਥਿਕ ਡਾਕਟਰਾਂ ਦੀ ਸੂਬਾ ਪੱਧਰੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਇਲੈਕਟਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਅਪ੍ਰੈਲ ਮਹੀਨੇ ਦੀ ਅਹਿਮ ਮੀਟਿੰਗ ਮੋਗਾ ਦੇ ਚੋਖਾ ਅੰਪਾਇਰ ਵਿਖੇ ਹੋਈ।ਇਸ ਮੀਟਿੰਗ ਵਿੱਚ ਪੰਜਾਬ ਤੇ ਹਰਿਆਣਾ ਤੋਂ ਲਗਭਗ 130 ਤੋਂ ਵੱਧ ਡਾਕਟਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ ਅਤੇ ਬਿਮਾਰੀਆਂ ਤੇ ਉਨ੍ਹਾਂ ਦੇ ਇਲਾਜ ਸਬੰਧੀ ਵਿਚਾਰ ਸਾਂਝੇ ਕੀਤੇ।ਖੂਨਦਾਨ ਕੈਂਪ ਦੀ ਸਫ਼ਲਤਾ ਲਈ ਸ਼ਮੂਲੀਅਤ ਕਰਨ ਵਾਲਿਆਂ ਦਾ ਧੰਨਵਾਦ ਕੀਤਾ ਗਿਆ।ਮੀਟਿੰਗ ਦੀ ਸ਼ੁਰੂਆਤ ਡਾ. ਜਗਜੀਤ ਸਿੰਘ ਗਿੱਲ ਵੱਲੋਂ ਕੀਤੀ ਗਈ।ਉਨ੍ਹਾਂ ਕਾਊਂਟ ਸੀਜ਼ਰ ਮੈਟੀ ਜੀ ਦੀ 130ਵੀਂ ਬਰਸੀ ਨੂੰ ਸਮਰਪਤ ਲਗਾਏ ਗਏ ਖੂਨਦਾਨ ਕੈਂਪ ਦੀ ਸਫ਼ਲਤਾ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਡਾਕਟਰਾਂ ਦੇ ਸਹਿਯੋਗ ਸਦਕਾ ਇਸ ਕੈਂਪ ਵਿੱਚ 159 ਯੂਨਿਟ ਖੂਨ ਇਕੱਤਰ ਕੀਤਾ ਗਿਆ, ਡਾਕਟਰ ਗਿੱਲ ਨੇ ਸਮੁੱਚੇ ਖੂਨਦਾਨੀਆਂ ਦਾ ਧੰਨਵਾਦ ਕੀਤਾ।ਮੀਟਿੰਗ ਦੌਰਾਨ ਵੱਖ-ਵੱਖ ਮਾਹਰ ਡਾਕਟਰਾਂ ਡਾ. ਜਗਤਾਰ ਸਿੰਘ ਸੇਖੋਂ, ਡਾ. ਪ੍ਰਮਿੰਦਰ ਪਾਠਕ, ਡਾ. ਕਮਲਜੀਤ ਕੌਰ ਸੇਖੋਂ, ਡਾ. ਅਵਤਾਰ ਸਿੰਘ, ਡਾ. ਰਾਜੇਸ਼ ਸਿਰਸਾ, ਡਾ. ਅੰਮ੍ਰਿਤਪਾਲ ਸਿੰਘ ਗੋਨਿਆਣਾ ਤੇ ਮੀਟਿੰਗ ਦੇ ਦੂਜੇ ਪੜਾਅ ਵਿੱਚ ਡਾ. ਮਨਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ, ਡਾ. ਸਰਬਜੀਤ ਸਿੰਘ, ਡਾ. ਜਸਵਿੰਦਰ ਸਿੰਘ ਗਿੱਲ, ਡਾ. ਪ੍ਰਦੀਪ ਕੁਮਾਰ, ਡਾ. ਨਿਰਮਲਜੀਤ ਸਿੰਘ ਤੇ ਡਾ. ਮਨਦੀਪ ਸਿੰਘ ਮੱਖਣ ਨੇ ਨੇ ਇਲੈਕਟਰੋ ਹੋਮਿਓਪੈਥੀ ਤੇ ਹੋਰ ਗੰਭੀਰ ਬਿਮਾਰੀਆਂ ਦੇ ਇਲਾਜ ਸਬੰਧੀ ਜਾਣਕਾਰੀ ਸਾਂਝੀ ਕੀਤੀ।ਅੰਤ 'ਚ ਪ੍ਰਧਾਨ ਡਾ. ਸੰਤੋਖ ਸਿੰਘ ਜੋਸਨ ਨੇ ਆਏ ਹੋਏ ਸਮੁੱਚੇ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਅਗਲੇ ਮਹੀਨੇ ਦੀ ਮੀਟਿੰਗ ਵਿੱਚ ਆਉਣ ਦਾ ਸੱਦਾ ਦਿੱਤਾ।

## ਡਾ. ਆਤਮਜੀਤ ਦੇ ਨਾਟਕ 'ਕਿਸ਼ਤੀਆਂ ਵਿੱਚ ਜਹਾਜ਼' ਦੇ ਨਾਟ-ਪਾਠ 'ਤੇ ਗੰਭੀਰ ਵਿਚਾਰ ਚਰਚਾ




**ਲੁਧਿਆਣਾ (ਰੈਕਟਰ ਕਥੂਰੀਆ)**

ਪੰਜਾਬੀ ਸਾਹਿਤ ਅਕਾਡਮੀ ਵੱਲੋਂ ਡਾ. ਦੀਵਾਨ ਸਿੰਘ ਕਾਲੇਪਾਣੀ ਦੇ ਜੀਵਨ ਅਤੇ ਸੰਘਰਸ਼ ਨੂੰ ਸਮਰਪਤ ਨਾਟਕ ਕਿਸ਼ਤੀਆਂ ਵਿੱਚ ਜਹਾਜ਼ ਦਾ ਨਾਟਕ ਪਾਠ ਕੀਤਾ ਗਿਆ, ਜਿਸ ਵਿੱਚ ਉੱਘੇ ਨਾਟਕਕਾਰ ਡਾ. ਆਤਮਜੀਤ ਨੇ ਨਾਟ-ਪਾਠ ਪੇਸ਼ ਕੀਤਾ, ਜਿਸ ਦੀ ਪ੍ਰਧਾਨਗੀ ਪ੍ਰੋ. ਗੁਰਭਜਨ ਗਿੱਲ ਵੱਲੋਂ ਕੀਤੀ ਗਈ। ਡਾ. ਆਤਮਜੀਤ ਨੂੰ ਨਾਟਕਕਾਰ ਤਰਲੋਚਨ ਸਿੰਘ ਤੇ ਡਾ.ਹਰੀ ਸਿੰਘ ਜਾਚਕ ਵੱਲੋਂ ਬੁੱਕਾ ਭੇਟ ਕੀਤਾ ਗਿਆ।ਸਮਾਗਮ ਵਿੱਚ ਡਾ. ਗੁਲਜ਼ਾਰ ਸਿੰਘ ਪੰਧੇਰ, ਡਾ. ਹਰੀ ਸਿੰਘ ਜਾਚਕ, ਡਾ. ਨਿਰਮਲ ਜੌੜਾ, ਡਾ. ਸੋਮਾ ਸਬਲੋਕ, ਡਾ. ਗੁਰਇਕਬਾਲ ਸਿੰਘ, ਡਾ. ਗੁਰਚਰਨ ਕੌਰ ਕੋਚਰ, ਸ੍ਰੀ ਸੁਰਿੰਦਰ ਕੈਲੇ, ਤ੍ਰੈਲੋਚਨ ਲੋਚੀ, ਨਾਟਕਕਾਰ ਤਰਲੋਚਨ ਸਿੰਘ, ਕੇ ਸਾਧੂ ਸਿੰਘ, ਸ੍ਰੀਮਤੀ ਮਨਜੀਤ ਕੌਰ ਭੰਮਰਾ, ਅਮਰਜੀਤ ਸ਼ੇਰਪੁਰੀ, ਨਾਟਕਕਾਰ ਮੋਹੀ ਅਮਰਜੀਤ, ਡਾ. ਪੁਸ਼ਪਿੰਦਰਪਾਲ ਸਿੰਘ, ਮੀਤ ਅਨਮੋਲ, ਡਾ. ਸੁਖਦੇਵ ਸਿੰਘ, ਰਣਧੀਰ ਕੰਵਲ, ਦੀਪ ਜਗਦੀਪ ਸਿੰਘ, ਬਲਕਾਰ ਸਿੰਘ ਸ਼ਾਮਿਲ ਹੋਏ।ਨਾਟ-ਪਾਠ ਉਪਰੰਤ ਸ੍ਰੀ ਸੁਰਿੰਦਰ ਕੈਲੇ ਹੁਣਾ ਨੇ ਕਿਹਾ ਕਿ ਇਹ ਸੋਲੋ ਨਾਟਕ ਹੋ ਨਿੱਬੜਿਆ ਹੈ।

ਡਾ. ਗੁਰਇਕਬਾਲ ਸਿੰਘ ਵੱਲੋਂ ਸਵਾਲ ਕੀਤਾ ਗਿਆ ਕੇ ਨਾਟ-ਪਾਠ ਦੌਰਾਨ ਕਈ ਥਾਵਾਂ 'ਤੇ ਮਹਿਸੂਸ ਹੋਇਆ ਕਿ ਨਾਟਕ ਖਤਮ ਹੋ ਗਿਆ ਹੈ।ਡਾ. ਗੁਲਜ਼ਾਰ ਸਿੰਘ ਪੰਧੇਰ ਵੱਲੋਂ ਮੰਚ ਸੰਚਾਲਣ ਕਰਦਿਆਂ ਟਿੱਪਣੀ ਕੀਤੀ ਕਿ ਇਹ ਨਾਟਕ ਦੂਸਰੇ ਵਿਸ਼ਵ ਯੁੱਧ ਸਮੇਂ ਹਿੰਦੁਸਤਾਨ ਦੇ ਆਜ਼ਾਦੀ ਸੰਗਰਾਮ ਵਿੱਚ ਪੈਦਾ ਹੋਏ ਕਈ ਸ਼ੰਕਿਆਂ ਨੂੰ ਖੋਜ ਭਰਪੂਰ ਅੰਦਾਜ਼ ਵਿੱਚ ਦੂਰ ਕਰਦਾ ਹੈ।ਡਾ. ਕਾਲੇਪਾਣੀ ਦੀ ਪਤਨੀ ਇੰਦਰ ਕੌਰ ਦੀ ਸ਼ਖ਼ਸੀਅਤ ਉਸਾਰੀ ਨਾਲ ਡਾ. ਕਾਲੇਪਾਣੀ ਬੌਣਾ ਨਹੀਂ ਹੁੰਦਾ, ਸਗੋਂ ਨਾਇਕ ਵਜੋਂ ਉਭਰਦੇ ਹਨ।ਡਾ. ਨਿਰਮਲ ਜੌੜਾ, ਡਾ. ਸੁਖਦੇਵ ਸਿੰਘ, ਦੀਪ ਜਗਦੀਪ, ਮਨਦੀਪ ਕੌਰ ਭੰਮਰਾ ਵੱਲੋਂ ਕੁਝ ਸਵਾਲ ਕੀਤੇ, ਜਿਸ ਦੇ ਜਵਾਬ ਵਿੱਚ ਡਾ. ਆਤਮਜੀਤ ਹੁਣਾ ਨੇ ਦੱਸਿਆ ਕਿ ਇਹ ਨਾਟਕ ਲਿਖਣ ਲਈ ਦਸ ਸਾਲ ਦੀ ਮਿਹਨਤ ਕਰਨੀ ਪਈ ਤੇ ਖੋਜ ਕਰਦੇ ਹੋਏ ਕਈ ਕਿਤਾਬਾਂ ਦਾ ਅਧਿਐਨ ਕਰਨ ਉਪਰੰਤ ਹੀ ਨਾਟਕ ਲਿਖਿਆ ਗਿਆ।

ਸਮਾਗਮ ਦੀ ਪ੍ਰਧਾਨਗੀ ਕਰਦਿਆਂ ਪ੍ਰੋ. ਗੁਰਭਜਨ ਸਿੰਘ ਗਿੱਲ ਵੱਲੋਂ ਡਾ. ਦੀਵਾਨ ਸਿੰਘ ਕਾਲੇਪਾਣੀ ਦੇ ਜੀਵਨ ਸਾਹਿਤ ਅਤੇ ਕੁਰਬਾਨੀ ਸਬੰਧੀ ਵਿਸਥਾਰ ਸਾਹਿਤ ਵਿਚਾਰ ਰੱਖੇ।ਉਨ੍ਹਾਂ ਡਾ. ਕਾਲੇਪਾਣੀ ਦੇ ਜੀਵਨ ਸਬੰਧੀ ਕਈ ਮਿਸਾਲਾਂ ਵੀ ਕਾਇਮ ਕੀਤੀਆਂ, ਉਹ ਜਿਥੇ ਵੀ ਗਏ ਸਿੱਖ ਧਰਮ, ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੀਆਂ ਚੰਗਿਆਈਆਂ ਨਾਲ ਲੈ ਕੇ ਗਏ।ਡਾ. ਦੀਵਾਨ ਸਿੰਘ ਕਾਲੇਪਾਣੀ ਦਾ ਪਿੰਡ ਗੁਰੂ ਕੀਆਂ ਗਲੋਟੀ ਵਾਰੇ ਬੋਲਦਿਆਂ ਡਾ. ਦੀਵਾਨ ਸਿੰਘ ਕਾਲੇਪਾਣੀ ਜੀ ਦੀ ਸ਼ਖ਼ਸੀਅਤ ਉਸਾਰੀ ਵਿੱਚ ਉਸ ਧਰਤੀ ਦੇ ਯੋਗਦਾਨ ਦੀ ਗੱਲ ਕੀਤੀ। ਗੁਰਬਖਸ਼ ਸਿੰਘ ਪ੍ਰੀਤਲੜੀ ਤੇ ਗਜ਼ਲ ਗਾਇਕ ਗੁਲਾਮ ਅਲੀ ਹੁਣਾ ਦਾ ਪਿੰਡ ਵੀ ਉਹੀ ਹੈ।ਅੰਡੇਮਾਨ ਵਿਖੇ ਹੋਰਨਾਂ ਧਰਮਾਂ ਦੇ ਲੋਕਾਂ ਨਾਲ ਮਿਲ ਕੇ ਗੁਰਦੁਆਰਾ ਸਾਹਿਬ ਦੀ ਸਥਾਪਨਾ ਕੀਤੀ ਅਤੇ ਖਾਲਸਾ ਸਕੂਲ ਚਲਾਇਆ।ਇਹ ਗੁਰੂ ਘਰ ਡਾ. ਦੀਵਾਨ ਸਿੰਘ ਕਾਲੇਪਾਣੀ ਦੇ ਨਾਂ ਤੇ ਸਥਾਪਿਤ ਹੈ।ਡਾ. ਆਤਮਜੀਤ ਨੇ ਡਾ. ਕਾਲੇਪਾਣੀ ਦੇ ਜੀਵਨ ਸੰਘਰਸ਼, ਕੁਰਬਾਨੀ ਵਾਰੇ ਅਣਛੋਹੀਆਂ ਘਟਨਾਵਾਂ ਬਾਰੇ ਸਾਂਝ ਪਵਾਈ।ਡਾ. ਕਾਲੇਪਾਣੀ ਦੀ ਸ਼ਖ਼ਸੀਅਤ ਨੂੰ ਸੱਚੀ-ਸੁੱਚੀ ਕਿਰਤ ਸਾਂਝੀਵਾਦਤਾ ਦੇ ਹਾਮੀ ਦੇਸ਼-ਭਗਤੀ ਦੇ ਮੁਜੱਸਮੇ ਵਜੋਂ ਉਭਾਰਿਆ।ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਵੱਲੋਂ ਦਫਤਰੀ ਸਕੱਤਰ ਕੇ. ਸਾਧੂ ਸਿੰਘ, ਸਾਹਿਤਕ ਸਰਗਰਮੀਆਂ ਸਕੱਤਰ ਡਾ. ਹਰੀ ਸਿੰਘ ਜਾਚਕ, ਮੀਤ ਪ੍ਰਧਾਨ ਡਾ. ਗੁਰਚਰਨ ਕੌਰ ਕੋਚਰ, ਮੈਂਬਰ ਪ੍ਰਬੰਧਕੀ ਬੋਰਡ ਤ੍ਰੈਲੋਚਨ ਲੋਚੀ ਵੱਲੋਂ ਡਾ. ਆਤਮਜੀਤ ਨੂੰ ਦੁਸ਼ਾਲਾ ਭੇਟ ਕਰਦਿਆਂ ਸਨਮਾਨਤ ਕੀਤਾ ਗਿਆ

## ਡੀ.ਏ.ਵੀ. ਸੈਂਟੇਨਰੀ ਸਕੂਲ 'ਚ ਮਹਾਤਮਾ ਹੰਸਰਾਜ ਦਾ ਜਨਮ ਦਿਵਸ ਮਨਾਇਆ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ ਮਾਲੇਰਕੋਟਲਾ ਵਿਖੇ 1886 ਵਿੱਚ ਡੀ.ਏ.ਵੀ. ਸੰਸਥਾਵਾਂ ਦੇ ਸੰਸਥਾਪਕ ਤੇ ਡੀ.ਏ.ਵੀ. ਹਾਈ ਸਕੂਲ ਲਾਹੌਰ ਦੇ ਪਹਿਲੇ ਪ੍ਰਿੰਸੀਪਲ ਮਹਾਤਮਾ ਹੰਸਰਾਜ ਦਾ 162ਵਾਂ ਜਨਮ ਦਿਵਸ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਸਮਾਗਮ ਸਕੂਲ ਦੇ ਪ੍ਰਿੰਸੀਪਲ ਸੈਣੀ ਰਣਵੀਰ ਸਿੰਘ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਵਿਸ਼ੇਸ਼ ਸਵੇਰੇ ਦੀ ਸਭਾ ਕੀਤੀ ਗਈ। ਪ੍ਰਿੰਸੀਪਲ, ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਵੱਲੋਂ ਮਹਾਤਮਾ ਹੰਸਰਾਜ ਦੇ ਚਿੱਤਰ ਨੂੰ ਫੁੱਲ ਤੇ ਮਾਲਾਵਾਂ ਅਰਪਿਤ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਸਾਰੇ ਵਾਤਾਵਰਣ ਵਿੱਚ ਆਦਰ ਤੇ ਸ਼ਰਧਾ ਦਾ ਮਾਹੌਲ ਬਣਿਆ ਰਿਹਾ। ਵਿਦਿਆਰਥੀਆਂ ਵੱਲੋਂ ਮਹਾਤਮਾ ਹੰਸਰਾਜ ਜੀ ਦੇ ਜੀਵਨ ਤੇ ਯੋਗਦਾਨ ਬਾਰੇ ਪ੍ਰੇਰਨਾਦਾਇਕ ਭਾਸ਼ਣ ਪੇਸ਼ ਕੀਤੇ ਗਏ। ਉਪਰੰਤ ਵਿਸ਼ੇਸ਼ ਹਵਨ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਪ੍ਰਿੰਸੀਪਲ, ਸਟਾਫ ਤੇ ਵਿਦਿਆਰਥੀਆਂ ਨੇ ਸ਼ਰਧਾ ਨਾਲ ਭਾਗ ਲਿਆ। ਨਰਸਰੀ ਤੋਂ ਯੂ.ਕੇ.ਜੀ. ਤੱਕ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ ਵੀ ਅਰਦਾਸ ਕਰਕੇ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਸੈਣੀ ਰਣਵੀਰ ਸਿੰਘ ਨੇ ਮਹਾਤਮਾ ਹੰਸਰਾਜ ਦੇ ਜੀਵਨ, ਉਪਦੇਸ਼ਾਂ ਤੇ ਤਿਆਗ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸਮਾਗਮ ਦਾ ਸਮਾਪਨ ਮਹਾਤਮਾ ਹੰਸਰਾਜ ਦੇ ਆਦਰਸ਼ਾਂ 'ਤੇ ਚੱਲਣ ਤੇ ਸਮਾਜ ਦੀ ਭਲਾਈ ਲਈ ਨਿਸ਼ਠਾ ਨਾਲ ਕੰਮ ਕਰਨ ਦੇ ਸੰਦੇਸ਼ ਨਾਲ ਕੀਤਾ ਗਿਆ।

## ਜੀ ਟੀ ਬੀ ਸਕੂਲ ਦੀ ਵਿਦਿਆਰਥਣ ਇਸ਼ੀਤਾ ਗੋਇਲ ਅੱਵਲ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀ ਮੋਹਰੀ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਪਾਤੜਾਂ ਸਕੂਲ ਵਿਦਿਆਰਥੀਆਂ ਨੇ ਸੀਬੀਐੱਸਈ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜਿਆਂ 'ਚ ਆਪਣੀ ਕਾਬਲੀਅਤ ਦਾ ਲੋਹਾ ਮਨਵਾਉਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਜਿੱਥੇ ਸਕੂਲ ਦਾ ਨਤੀਜਾ 100 ਫੀਸਦੀ ਰਿਹਾ, ਉਥੇ ਵਿਦਿਆਰਥਣ ਇਸ਼ੀਤਾ ਗੋਇਲ ਪੁੱਤਰੀ ਮੱਖਣ ਗੋਇਲ ਨੇ 95.2 ਫੀਸਦੀ ਅੰਕ ਪ੍ਰਾਪਤ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ। ਇਸੇ ਪਰਵਾਰ ਦੇ ਦੀਸ਼ਾਂਤ ਗੋਇਲ 92.6 ਫੀਸਦੀ ਅੰਕ ਪ੍ਰਾਪਤ ਕੀਤੇ।ਇਸੇ ਦੌਰਾਨ ਜਪਬੀਰ ਸਿੰਘ 94.2 ਫੀਸਦੀ, ਜੈਸਮੀਨ ਕੌਰ ਨੇ 93.8 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ ਹੈ।ਸਕੂਲ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਬੱਚਿਆਂ ਤੇ ਮਾਪਿਆਂ ਨੂੰ ਮੁਬਾਰਕਬਾਦ ਦਿੰਦਿਆਂ ਦੱਸਿਆ ਕਿ ਪ੍ਰੀਖਿਆ 'ਚ ਸ਼ਾਮਲ ਕੁੱਲ 133 ਵਿਦਿਆਰਥੀਆਂ ਵਿੱਚੋਂ ਜਸਪ੍ਰੀਤ ਸਿੰਘ ਤੇ ਅਭੀਜੋਤ ਸਿੰਘ (93.6 ਫੀਸਦੀ), ਅਵਰੀਨ ਕੌਰ ਤੇ ਅਮਨਪ੍ਰੀਤ ਕੌਰ (93 ਫੀਸਦੀ), ਦੀਸ਼ਾਂਤ ਗੋਇਲ (92.6 ਫੀਸਦੀ) ਤੇ ਰਾਜਵੀਰ ਕੌਰ (90.4 ਫੀਸਦੀ) ਅੰਕਾਂ ਨਾਲ ਮੋਹਰੀ ਰਹੇ।ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸੁਖਜੀਤ ਸਿੰਘ ਹੈਪੀ ਕਾਲੇਕਾ ਨੇ ਵਿਦਿਆਰਥੀਆਂ ਦੀ ਪ੍ਰਾਪਤੀ 'ਤੇ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਇਹ ਨਤੀਜਾ ਸਾਡੇ ਵਿਦਿਆਰਥੀਆਂ ਦੀ ਸਾਲ ਭਰ ਦੀ ਅਣਥੱਕ ਮਿਹਨਤ ਤੇ ਸੰਸਥਾ ਦੇ ਅਨੁਸ਼ਾਸਨ ਦਾ ਪ੍ਰਤੀਕ ਹੈ।ਉਨ੍ਹਾਂ ਇਸ ਸਫਲਤਾ ਦਾ ਸਿਹਰਾ ਪ੍ਰਿੰਸੀਪਲ ਦੀ ਯੋਗ ਅਗਵਾਈ ਤੇ ਅਧਿਆਪਕਾਂ ਦੀ ਲਗਨ ਸਿਰ ਬੰਨ੍ਹਿਆ।ਇਸ ਮੌਕੇ ਮੈਨੇਜਰ ਗੁਰਪਿੰਦਰ ਸਿੰਘ ਕਾਲੇਕਾ ਤੇ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾ ਕੇ ਆਸ਼ੀਰਵਾਦ ਦਿੱਤਾ।

## ਅਕਾਲ ਡਿਗਰੀ ਕਾਲਜ ਵਿਖੇ 10 ਰੋਜ਼ਾ ਸੰਗੀਤ ਤੇ ਕਲਾ ਵਰਕਸ਼ਾਪ ਸੰਪੰਨ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਅਕਾਲ ਡਿਗਰੀ ਕਾਲਜ ਵਿਖੇ ਸਕੱਤਰ ਸ੍ਰ. ਜਸਵੰਤ ਸਿੰਘ ਖਹਿਰਾ ਦੀ ਸਰਪ੍ਰਸਤੀ ਹੇਠ ਚੱਲ ਰਹੀ 10 ਰੋਜ਼ਾ ਵਿਸ਼ੇਸ਼ 'ਸੰਗੀਤ ਤੇ ਕਲਾ ਵਰਕਸ਼ਾਪ' ਆਪਣੀਆਂ ਅਮਿੱਟ ਯਾਦਾਂ ਛੱਡਦੀ ਹੋਈ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋ ਗਈ।ਸਮਾਪਤੀ ਸਮਾਗਮ ਦੌਰਾਨ ਉੱਘੇ ਲੋਕ-ਗਾਇਕ ਬਾਬਾ ਬੇਲੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਹੱਲਾਸ਼ੇਰੀ ਦਿੱਤੀ।ਵਰਕਸ਼ਾਪ ਦੇ ਆਖਰੀ ਦਿਨ ਵਿਦਿਆਰਥੀਆਂ ਨੇ ਦਸ ਦਿਨਾਂ ਦੌਰਾਨ ਪ੍ਰਾਪਤ ਕੀਤੀ ਸਿਖਲਾਈ ਦਾ ਲੋਹਾ ਮਨਵਾਇਆ।ਸਮਾਗਮ ਦੌਰਾਨ ਸੰਗੀਤ ਦੇ ਖੇਤਰ ਦੇ ਵਿਦਿਆਰਥੀਆਂ ਨੇ ਲੋਕ ਗਾਇਕੀ ਤੇ ਸ਼ਾਸਤਰੀ ਸੰਗੀਤ ਦੀਆਂ ਸੁਰਾਂ ਬਿਖੇਰੀਆਂ।ਲੋਕ ਨਾਚ ਵਿੱਚ ਪੰਜਾਬੀ ਸੱਭਿਆਚਾਰ ਦੀ ਤਰਜਮਾਨੀ ਕਰਦੇ ਲੋਕ ਨਾਚਾਂ ਦੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਮੰਤਰ-ਮੁਗਧ ਕਰ ਦਿੱਤਾ। ਕੋਮਲ-ਕਲਾਵਾਂ ਅਤੇ ਲੋਕ-ਕਲਾਵਾਂ ਦੀ ਪ੍ਰਦਰਸ਼ਨੀ ਵਿੱਚ ਕਾਲਜ ਦੇ ਵਿਹੜੇ ਵਿੱਚ ਕਢਾਈ, ਪੀੜ੍ਹੀਆਂ, ਕਰੋਸ਼ੀਏ ਦੀ ਕਢਾਈ, ਪੱਖੀ ਦੀ ਬਣਾਈ, ਪੋਸਟਰ ਮੇਕਿੰਗ, ਕਲੇਅ ਮਾਡਲਿੰਗ, ਮੌਕੇ 'ਤੇ ਚਿੱਤਰਕਾਰੀ ਤੇ ਕਾਰਟੂਨਿੰਗ ਦੀ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਸਾਫ਼ ਝਲਕ ਰਹੀ ਸੀ।ਮੁੱਖ ਮਹਿਮਾਨ ਬਾਬਾ ਬੇਲੀ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਨੌਜਵਾਨਾਂ ਨੂੰ ਆਪਣੀਆਂ ਜੜ੍ਹਾਂ ਤੇ ਅਮੀਰ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਕੌਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਵਿਦਿਆਰਥੀਆਂ ਦੀ ਸਫ਼ਲਤਾ 'ਤੇ ਖੁਸ਼ੀ ਜ਼ਾਹਰ ਕੀਤੀ।ਡਾਇਰੈਕਟਰ ਡਾ. ਮੇਜਰ ਸਿੰਘ ਤੇ ਯੁਵਕ ਸੇਵਾਵਾਂ ਵਿਭਾਗ ਦੇ ਇੰਚਾਰਜ ਡਾ. ਹਰਜਿੰਦਰ ਸਿੰਘ ਨੇ ਦੱਸਿਆ ਕਿ ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਨੂੰ ਆਉਣ ਵਾਲੇ ਯੂਥ ਫੈਸਟੀਵਲ ਤੇ ਹੋਰ ਮੁਕਾਬਲਿਆਂ ਲਈ ਤਿਆਰ ਕਰਨਾ ਸੀ, ਜਿਸ ਵਿੱਚ ਉਹ ਪੂਰੀ ਤਰ੍ਹਾਂ ਸਫ਼ਲ ਰਹੇ ਹਨ।ਸਮਾਗਮ ਦੇ ਅੰਤ ਵਿੱਚ ਵਰਕਸ਼ਾਪ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਸਾਰਿਕਾ ਜੈਨ, ਪ੍ਰੋ. ਜੋਗਿੰਦਰ ਸਿੰਘ, ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਮਨਪ੍ਰੀਤ ਸਿੰਘ, ਪ੍ਰੋ. ਅਨੀਸ਼ ਸੋਨੀ, ਪ੍ਰੋ. ਨਿਸ਼ਾ, ਪ੍ਰੋ. ਰਮਨਪ੍ਰੀਤ ਕੌਰ ਫਿਜੀਕਲ ਕਾਲਜ, ਪ੍ਰੋ. ਰਮਨਦੀਪ ਕੌਰ, ਸ੍ਰੀਮਤੀ ਤਜਿੰਦਰ ਕੌਰ, ਸ੍ਰ. ਸੁਖਪਾਲ ਸਿੰਘ ਤੇ ਹੋਰ ਸਟਾਫ ਮੈਂਬਰਾਨ ਹਾਜ਼ਰ ਸਨ।ਸਟੇਜ ਸਕੱਤਰ ਵਜੋਂ ਕਾਲਜ ਦੀ ਵਿਦਿਆਰਥਣ ਅਨੁਪ੍ਰੀਤ ਕੌਰ ਨੇ ਆਪਣੀ ਭੂਮਿਕਾ ਬਾਖੂਬੀ ਨਿਭਾਈ।

## ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ 'ਚ 1 ਗ੍ਰਿਫ਼ਤਾਰ, ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ ਵਿੱਚ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐਸ.ਆਈ. ਜੁਗਰਾਜ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਨਹਿਰ ਦੀ ਪੱਟੜੀ ਤੇ ਪਿੰਡ ਅਮੀਰ ਖਾਸ ਤੋਂ ਪੀਰ ਬਖਸ਼ ਚੌਹਾਨ ਨੂੰ ਜਾ ਰਹੇ ਸੀ ਤਾਂ ਨਹਿਰ ਦੀ ਪੱਟੜੀ ਦੇ ਨਾਲ ਝਾੜੀਆ ਵਿੱਚ ਬੈਠਾ ਇਕ ਨੌਜਵਾਨ ਨਸ਼ਾ ਕਰਦਾ ਦਿਖਾਈ ਦਿੱਤਾ, ਜਿਸਨੂੰ ਸ਼ੱਕ ਦੇ ਅਧਾਰ ਤੇ ਕਾਬੂ ਕਰਨ ਉਪਰੰਤ ਪੁਛਗਿੱਛ ਕੀਤੀ ਗਈ ਤਾਂ ਉਸਨੇ ਮੰਨਿਆ ਕਿ ਉਹ ਇਥੇ ਹੈਰੋਇਨ ਦਾ ਸੇਵਨ ਕਰ ਰਿਹਾ ਸੀ। ਪੁਲਸ ਸਤਨਾਮ ਸਿੰਘ ਉਰਫ ਮਿੱਠੂ ਪੁੱਤਰ ਸਵਰਨ ਸਿੰਘ ਵਾਸੀ ਅਮੀਰ ਖਾਸ ਨੂੰ ਸਿਲਵਰ ਪੰਨੀ, ਲਾਈਟਰ ਅਤੇ 10 ਰੁਪਏ ਦਾ ਨੋਟ ਸਮੇਤ ਗ੍ਰਿਫਤਾਰ ਕਰਨ ਉਪਰੰਤ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਨੰਬਰ 34 ਮਿਤੀ 19 ਅਪ੍ਰੈਲ 2026 ਨੂੰ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।

## ਪ੍ਰਿੰ. ਮੋਹਨ ਲਾਲ 'ਵਿਕਸਤ ਭਾਰਤ ਜੀ ਰਾਮ ਜੀ' ਸੈੱਲ ਦੇ ਸੂਬਾ ਮੁੱਖ ਸਲਾਹਕਾਰ ਨਿਯੁਕਤ



**ਸਮਾਣਾ (ਇਕਬਾਲ ਸਿੰਘ ਬੱਲ)**-ਭਾਰਤੀ ਜਨਤਾ ਪਾਰਟੀ ਦੀ ਕੇਂਦਰੀ ਹਾਈਕਮਾਂਡ ਤੇ ਸੂਬਾ ਪ੍ਰਧਾਨ ਸੁਨੀਲ ਜਾਖੜ ਦੀ ਪ੍ਰਵਾਨਗੀ ਤੋਂ ਬਾਅਦ ਪੰਜਾਬ ਭਾਜਪਾ ਨੇ ਪ੍ਰਸਿੱਧ ਸਿੱਖਿਆ ਸ਼ਾਸਤਰੀ ਤੇ ਚਿੰਤਕ ਪ੍ਰਿੰਸੀਪਲ ਮੋਹਨ ਲਾਲ ਨੂੰ 'ਪੰਜਾਬ ਵਿਕਸਤ ਭਾਰਤ ਜੀ ਰਾਮ ਜੀ ਸੈੱਲ' ਦਾ ਸੂਬਾ ਮੁੱਖ ਸਲਾਹਕਾਰ ਨਿਯੁਕਤ ਕੀਤਾ ਹੈ।ਇਸ ਨਿਯੁਕਤੀ ਤੋਂ ਬਾਅਦ ਪ੍ਰਿੰਸੀਪਲ ਮੋਹਨ ਲਾਲ ਦੇ ਗ੍ਰਿਹ ਵਿਖੇ ਸੈੱਲ ਦੀ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਜਥੇਬੰਦੀ ਦੀ ਮਜ਼ਬੂਤੀ ਤੇ ਭਵਿੱਖ ਦੀਆਂ ਰਣਨੀਤੀਆਂ 'ਤੇ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਸੈੱਲ ਦੇ ਸੂਬਾ ਕਨਵੀਨਰ ਭੀਮ ਸਿੰਘ ਤੇ ਕੋ-ਕਨਵੀਨਰ ਚਮਕੀਲਾ ਸਿੰਘ ਨੇ ਪ੍ਰਿੰਸੀਪਲ ਮੋਹਨ ਲਾਲ ਨੂੰ ਮੁੱਖ ਸਲਾਹਕਾਰ ਬਣਨ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਆਗੂਆਂ ਨੇ ਕਿਹਾ ਕਿ ਤਰੁਣ ਚੁੱਘ (ਕੌਮੀ ਜਨਰਲ ਸਕੱਤਰ) ਤੇ ਅਸ਼ਵਨੀ ਸ਼ਰਮਾ ਦੀ ਰਹਿਨੁਮਾਈ ਹੇਠ ਇਹ ਸੈੱਲ ਪੰਜਾਬ ਦੇ ਪਿੰਡਾਂ ਵਿੱਚ ਰੋਜ਼ਗਾਰ, ਸਵੱਛਤਾ ਤੇ ਆਜੀਵਿਕਾ ਮਿਸ਼ਨ ਰਾਹੀਂ ਲੋਕਾਂ ਦੇ ਭਵਿੱਖ ਨੂੰ ਸੁਧਾਰਨ ਵਿੱਚ ਵੱਡਾ ਯੋਗਦਾਨ ਪਾਵੇਗਾ। ?ਇਸ ਮੌਕੇ ਪੰਜਾਬੀ ਲੋਕ ਗਾਇਕ ਜਗਜੀਤ ਜੁਗਨੂੰ ਨੇ ਆਪਣੇ ਕਈ ਸਾਥੀਆਂ ਸਮੇਤ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜਿਆ।ਪ੍ਰਿੰਸੀਪਲ ਮੋਹਨ ਲਾਲ ਨੇ ਸਾਰੇ ਨਵੇਂ ਸ਼ਾਮਲ ਹੋਏ ਮੈਂਬਰਾਂ ਨੂੰ ਜੀ ਆਇਆਂ ਆਖਿਆ ਤੇ ਭਰੋਸਾ ਦਿੱਤਾ ਕਿ ਭਾਜਪਾ ਹਰ ਵਰਗ ਦੇ ਦੁੱਖ-ਸੁੱਖ ਵਿੱਚ ਹਮੇਸ਼ਾ ਨਾਲ ਖੜ੍ਹੀ ਹੈ।ਮੀਟਿੰਗ ਤੇ ਸਨਮਾਨ ਸਮਾਰੋਹ ਦੌਰਾਨ ਜ਼ਿਲ੍ਹਾ ਪਟਿਆਲਾ ਸੋਸ਼ਲ ਮੀਡੀਆ ਇੰਚਾਰਜ ਸੰਜੀਵ ਗਰਗ, ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸਮਾਣਾ ਪਰਦੱਮਨ ਸਿੰਘ ਵਿਰਕ, ਰਾਜੇਸ਼ ਮੋਦਗਿੱਲ, ਦਿਨੇਸ਼ ਜੈਨ, ਜਸਵੰਤ ਸ਼ਰਮਾ, ਯੂਥ ਆਗੂ ਸ਼ੁਭਨੀਤ ਗਰਗ ਤੇ ਜਨਕ ਰਾਜ ਜਿੰਦਲ ਹਾਜ਼ਰ ਸਨ।

## ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਸਰਕਾਰ ਖ਼ਿਲਾਫ਼ ਨਿੰਦਾ ਪ੍ਰਸਤਾਵ ਪਾਸ



**ਮਾਨਸਾ/ਬਰੇਟਾ (ਆਤਮਾ ਸਿੰਘ ਪਮਾਰ)**-ਸਥਾਨਕ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਇੱਕ ਅਹਿਮ ਮਹੀਨਾਵਾਰ ਮੀਟਿੰਗ ਸ੍ਰੀ ਦੁਰਗਾ ਮੰਦਰ ਧਰਮਸ਼ਾਲਾ ਵਿਖੇ ਪ੍ਰਿੰਸੀਪਲ ਦਰਸ਼ਨ ਸਿੰਘ ਬਰੇਟਾ ਤੇ ਸਰਪ੍ਰਸਤ ਜਲਾਵਰ ਸਿੰਘ ਚਹਿਲ ਦੀ ਪ੍ਰਧਾਨਗੀ ਹੇਠ ਹੋਈ।ਰਾਜਿੰਦਰ ਮਲੂਕਾ ਵੱਲੋਂ ਹਾਜ਼ਰ ਮੈਂਬਰਾਂ ਨੂੰ ਜੀ ਆਇਆਂ ਕਹਿੰਦਿਆਂ ਜਥੇਬੰਦਕ ਪਹੁੰਚ ਨੂੰ ਹੋਰ ਮਜ਼ਬੂਤ ਕਰਨ ਦੀ ਗੱਲ ਰੱਖੀ।ਖਜ਼ਾਨਚੀ ਗੁਲਜਾਰ ਸਿੰਘ ਨੇ ਪੈਨਸ਼ਨ ਨਾਲ ਜੁੜੇ ਵੱਖ ਵੱਖ ਮਸਲਿਆਂ ਬਾਰੇ ਪ੍ਰਸ਼ਨ ਉੱਤਰ ਸਾਂਝੇ ਕੀਤੇ ਤੇ ਬਕਾਇਆਂ ਬਾਰੇ ਵੀ ਚਰਚਾ ਕੀਤੀ।ਮਾਸਟਰ ਕ੍ਰਿਸ਼ਨ ਗੋਇਲ ਨੇ ਸਮਾਜ ਸੇਵਾ ਦੇ ਕੰਮਾਂ 'ਚ ਪੈਨਸ਼ਨਰਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ। ਦਸੌਂਧਾ ਸਿੰਘ ਬਹਾਦਰਪੁਰ ਨੇ ਸਰਕਾਰ ਦੀ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਸੰਬੰਧੀ ਆਨਾ-ਕਾਨੀ ਕਰਨ ਦੀ ਸਖ਼ਤ ਨਿਖੇਧੀ ਕੀਤੀ।ਮੁੱਖ ਸਲਾਹਕਾਰ ਦਰਸ਼ਨ ਬਰੇਟਾ ਨੇ ਪੈਨਸ਼ਨਰ ਭਵਨ ਦੇ ਕੇਸ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਸਾਂਝੀ ਕੀਤੀ।ਪੈਨਸ਼ਨਰਾਂ ਤੇ ਬੀ, ਸੀ, ਡੀ ਕੇਡਰਾਂ ਦੇ ਮੁਲਾਜ਼ਮਾਂ ਦਾ ਬਕਾਇਆ, ਡੀ ਏ ਜਾਰੀ ਕਰਨ ਤੋਂ ਆਨਾ-ਕਾਨੀ ਕਰਨ ਲਈ ਪੰਜਾਬ ਸਰਕਾਰ ਵਿਰੁੱਧ ਨਿੰਦਾ ਪ੍ਰਸਤਾਵ ਪੇਸ਼ ਕੀਤਾ ਗਿਆ, ਜਿਸ ਨੂੰ ਪਾਸ ਕਰ ਦਿੱਤਾ ਗਿਆ।ਸਰਦੂਲ ਸਿੰਘ ਚਹਿਲ ਨੇ ਸਟੇਟ ਵੱਲੋਂ ਉਲੀਕੇ ਜਾਣ ਵਾਲੇ ਸੰਘਰਸ਼ਾਂ ਦੇ ਪ੍ਰੋਗਰਾਮਾਂ 'ਚ ਹਿੱਸਾ ਲੈਣ ਲਈ ਤਿਆਰ ਰਹਿਣ ਦੀ ਅਪੀਲ ਕੀਤੀ। ਮੈਡਮ ਬਲਵੀਰ ਕੌਰ ਨੇ ਭਾਵਪੂਰਤ ਕਵਿਤਾ ਪੇਸ਼ ਕੀਤੀ।ਮਿਲਖ ਰਾਜ ਸ਼ਰਮਾ ਨੇ ਖੂਬਸੂਰਤ ਗੀਤ ਪੇਸ਼ ਕੀਤਾ।ਮੈਡਮ ਨਿਰਮਲਾ ਸਿੰਗਲਾ, ਕੁਸਮ ਲਤਾ, ਜਰਨੈਲ ਸਿੰਘ ਬਰੇਟਾ, ਗੁਰਦੀਪ ਸਿੰਘ ਮੰਡੇਰ, ਖੇਮ ਚੰਦ, ਗੁਰਤੇਜ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ। ਖੇਮ ਚੰਦ ਸਿੰਗਲਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਅਪ੍ਰੈਲ ਮਹੀਨੇ 'ਚ ਜਨਮ ਦਿਨ ਵਾਲੇ ਸਾਥੀਆਂ ਦਾ ਹਾਰ ਪਾ ਕੇ ਸਨਮਾਨ ਕਰਦਿਆਂ ਐਸੋਸੀਏਸ਼ਨ ਦਾ ਯਾਦਗਾਰੀ ਬੈਗ ਤੋਹਫ਼ੇ ਵਜੋਂ ਦੇ ਕੇ ਮੁਬਾਰਕਾਂ ਦਿੱਤੀਆਂ ਗਈਆਂ।

## ਆਂਗਨਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਦੀ ਪੰਜਾਬ ਸਰਕਾਰ ਨੂੰ ਸਖਤ ਚਿਤਾਵਨੀ

### ਨਵੇਂ ਫੋਨ ਨਾ ਮਿਲੇ ਤਾਂ 'ਮਾਂਵਾਂ ਧੀਆਂ ਸਤਿਕਾਰ ਯੋਜਨਾ' ਦਾ ਹੋਵੇਗਾ ਬਾਈਕਾਟ

**ਲੁਧਿਆਣਾ (ਰਾਜ ਸਿੰਗਲਾ)**-ਆਂਗਨਵਾੜੀ ਮੁਲਾਜ਼ਮਾਂ ਯੂਨੀਅਨ ਪੰਜਾਬ (ਸੀਟੂ) ਜ਼ਿਲ੍ਹਾ ਲੁਧਿਆਣਾ ਵੱਲੋਂ ਪੰਜਾਬ ਦੀ ਜਨਰਲ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਸ਼੍ਰੀਮਤੀ ਸੁਭਾਸ ਰਾਣੀ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿਤਾ ਗਿਆ। ਸੁਭਾਸ਼ ਰਾਣੀ ਨੇ ਕਿਹਾ ਕਿ ਜਿਹੜੇ ਸਮਾਰਟ ਫੋਨ ਆਂਗਨਵਾੜੀ ਕੇਂਦਰਾਂ ਲਈ ਖਰੀਦੇ ਗਏ ਹਨ, ਉਹ ਸਮਾਰਟ ਫੋਨਾਂ ਨੂੰ ਪੇਂਡੂ ਵਿਕਾਸ ਵਿਭਾਗ ਨੂੰ ਸੌਂਪਣ ਦੇ ਫੈਸਲੇ ਦਾ ਤਿੱਖਾ ਵਿਰੋਧ ਕੀਤਾ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਵੱਲੋਂ ਉਨ੍ਹਾਂ ਨੂੰ ਸਮਾਰਟ ਫੋਨ ਮੁੱਹਈਆ ਨਾ ਕਰਾਏ ਗਏ ਤਾਂ ਉਹ ਮਾਂਵਾਂ ਧੀਆਂ ਸਨਮਾਨ ਯੋਜਨਾ ਤਹਿਤ ਡਾਟਾ ਆਨਲਾਈਨ ਅਪਲੋਡ ਨਹੀਂ ਕਰਨਗੀਆਂ।ਉਨ੍ਹਾਂ ਮੰਗ ਕੀਤੀ ਕਿ ਪੋਸ਼ਣ ਅਭਿਆਨ ਦੇ ਫੰਡਾਂ ਨਾਲ ਖਰੀਦੇ ਜਾਣ ਵਾਲੇ ਮੋਬਾਈਲ ਨਵੇਂ ਡੱਬਾਬੰਦ ਹੋਣੇ ਚਾਹੀਦੇ ਹਨ ਅਤੇ ਸਿੱਧੇ ਤੌਰ 'ਤੇ ਵਰਕਰਾਂ ਤੇ ਹੈਲਪਰਾਂ ਨੂੰ ਦਿੱਤੇ ਜਾਣ ਤੇ ਨਾਲ ਹੀ ਕਿਸੇ ਵੀ ਕ੍ਰਮਚਾਰੀ ਨੂੰ ਆਪਣੇ ਨਿੱਜੀ ਮੋਬਾਈਲ ਤੋਂ ਸਰਕਾਰੀ ਯੋਜਨਾਵਾਂ ਦੀ ਰਜਿਸਟ੍ਰੇਸ਼ਨ ਕਰਨ ਲਈ ਮਜਬੂਰ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਆਂਗਨਵਾੜੀ ਮੁਲਾਜ਼ਮ ਲਈ ਮੋਬਾਈਲ ਫੋਨ ਦੀ ਮੰਗ ਪਿਛਲੇ ਕਈ ਸਾਲਾਂ ਤੋਂ ਨਿਰੰਤਰ ਕੀਤੀ ਜਾ ਰਹੀ ਹੈ, ਪਰ ਸਰਕਾਰ ਵੱਲੋਂ ਇਸ ਮੰਗ 'ਤੇ ਜੂੰ ਨਹੀਂ ਸਰਕ ਰਹੀ ਤੇ ਹੁਣ ਸਰਕਾਰ ਵੱਲੋਂ ਜੋ ਫੋਨ ਦਿੱਤੇ ਜਾ ਰਹੇ ਹਨ, ਉਹ ਵੀ ਸੈਕਿੰਡ ਹੈਂਡ ਮੁਹੱਈਆ ਕੀਤੇ ਜਾ ਰਹੇ ਹਨ, ਜੋ ਆਂਗਨਵਾੜੀ ਵਰਕਰ ਮੁਲਾਜ਼ਮ ਕਿਸੇ ਵੀ ਕਿਸਮ 'ਤੇ ਪ੍ਰਾਪਤ ਨਹੀਂ ਕਰਨਗੇ।ਸੁਭਾਸ਼ ਰਾਣੀ ਨੇ ਕਿਹਾ ਕਿ ਹੁਣ ਤੱਕ ਆਂਗਨਵਾੜੀ ਮੁਲਾਜ਼ਮ ਆਪਣੇ ਪੱਧਰ 'ਤੇ ਹੀ ਆਪਣੇ ਮੋਬਾਇਲ ਦੀ ਵਰਤੋਂ ਕਰਕੇ ਸਰਕਾਰ ਦੀ ਸਾਖ ਬਚਾਈ ਜਾ ਰਹੀ ਹੈ।ਆਂਗਨਵਾੜੀ ਮੁਲਾਜ਼ਮ ਯੂਨੀਅਨ ਦੀ ਮੰਗ ਹੈ ਕਿ ਨਵੇਂ ਫੋਨ ਦੇ ਕੇ ਉਸ ਵਿੱਚ ਹੀ ਸਰਕਾਰ ਦੀਆਂ ਮਨਜ਼ੂਰਸ਼ੁਦਾ ਐਪ ਡਾਊਨਲੋਡ ਕਰਾਈਆਂ ਜਾਣ।

## ਸਾਹਿਤ ਦੀ ਸੁਗੰਧ ਨਾਲ ਮਹਿਕੀ ਸਾਂਝੀ ਸੱਥ ਦੀ ਮਹੀਨਾਵਾਰ ਬੈਠਕ

### ਡਾ. ਅਮਰ ਕੋਮਲ ਨੂੰ ਅਦਬੀ ਸ਼ਰਧਾਂਜਲੀ ਅਰਪਿਤ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਪੰਜਾਬੀ ਸਾਹਿਤ ਦੀ ਸੁਗੰਧ ਨਾਲ ਮਹਿਕਦੀ ਇਕ ਹੋਰ ਸੁਹਾਵਣੀ ਸਵੇਰ ਤੋਂ ਦੁਪਹਿਰ ਦਾ ਦਰਸ਼ਨ ਉਸ ਵੇਲੇ ਹੋਇਆ, ਜਦੋਂ ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਦੀ ਮਹੀਨਾਵਾਰ ਇਕੱਤਰਤਾ ਏ. ਐਸ. ਸੀਨੀਅਰ ਸੈਕੰਡਰੀ ਸਕੂਲ ਖੰਨਾ ਦੇ ਪ੍ਰਾਂਗਣ ਵਿੱਚ ਸਜੀ।ਇਸ ਸਾਹਿਤਕ ਬੈਠਕ ਦੀ ਅਗਵਾਈ ਸੱਥ ਦੇ ਸਰਪ੍ਰਸਤ ਅਵਤਾਰ ਸਿੰਘ ਉਟਾਲਾਂ ਨੇ ਸਹਿਜ, ਸਨਿਮਰ ਤੇ ਸੰਜੀਦੇ ਅੰਦਾਜ਼ ਵਿੱਚ ਕੀਤੀ। ਇਕੱਤਰਤਾ ਦੀ ਸ਼ੁਰੂਆਤ ਗੰਭੀਰਤਾ ਤੇ ਸੰਵੇਦਨਾ ਦੇ ਰੰਗ ਨਾਲ ਹੋਈ, ਜਦੋਂ ਪ੍ਰਸਿੱਧ ਸਾਹਿਤਕਾਰ ਡਾ. ਅਮਰ ਕੋਮਲ ਦੀ ਅਚਾਨਕ ਵਿਛੋੜੇ ਭਰੀ ਮੌਤ 'ਤੇ ਗਹਿਰਾ ਦੁੱਖ ਪ੍ਰਗਟਾਇਆ ਗਿਆ। ਹਾਜ਼ਰ ਸਾਹਿਤ ਪ੍ਰੇਮੀਆਂ ਨੇ ਦੋ ਮਿੰਟ ਦਾ ਮੌਨ ਧਾਰ ਕੇ ਵਿੱਛੜੀ ਰੂਹ ਨੂੰ ਅਦਬੀ ਸ਼ਰਧਾਂਜਲੀ ਅਰਪਿਤ ਕੀਤੀ, ਜਿਸ ਨਾਲ ਮਾਹੌਲ ਵਿੱਚ ਇਕ ਵਿਸ਼ੇਸ਼ ਗੰਭੀਰਤਾ ਛਾ ਗਈ।ਰਚਨਾਵਾਂ ਦੇ ਦੌਰ 'ਚ ਸੁਖਵਿੰਦਰ ਸਿੰਘ ਬਿੱਟੂ ਖੰਨੇਵਾਲਾ, ਨਰਿੰਦਰ ਮਣਕੂ ਤੇ ਨਰੇਸ਼ ਨਿਮਾਣਾ, ਪਰਮਜੀਤ ਸਿੰਘ ਮੁੰਡੀਆਂ, ਮਨਜੀਤ ਸਿੰਘ ਧੰਜਲ, ਸੁਖਵਿੰਦਰ ਭਾਦਲਾ, ਗੁਰਸੇਵਕ ਸਿੰਘ ਢਿੱਲੋਂ, ਮਾਸਟਰ ਰਾਜ ਸਿੰਘ ਬਧੌਛੀ, ਅਵਤਾਰ ਸਿੰਘ ਉਟਾਲਾਂ ਨੇ ਆਪੋ ਆਪਣੀਆਂ ਲਿਖਤਾਂ ਨਾਲ ਹਾਜ਼ਰੀ ਲਵਾਈ।ਇਸ ਮੌਕੇ ਪਿਛਲੇ ਮਹੀਨੇ ਆਯੋਜਿਤ ਸਲਾਨਾ ਸਮਾਗਮ ਦਾ ਵਿਸਥਾਰਪੂਰਵਕ ਲੇਖਾ-ਜੋਖਾ ਵੀ ਪੇਸ਼ ਕੀਤਾ ਗਿਆ ਤੇ ਸਾਰੇ ਮਹਿਮਾਨਾਂ ਤੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ ਗਿਆ।ਸਾਰੀ ਕਾਰਵਾਈ ਨੂੰ ਸੁਚਾਰੂ ਤੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਂਦੇ ਹੋਏ ਸੁਖਵਿੰਦਰ ਸਿੰਘ ਭਾਦਲਾ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ।

## ਧਰਮਸੋਤ ਦੀ ਅਗਵਾਈ 'ਚ ਕਰਾਇਆ ਗਿਆ ਬੂਥ ਇੰਚਾਰਜਾਂ ਲਈ ਟ੍ਰੇਨਿੰਗ ਪ੍ਰੋਗਰਾਮ



**ਨਾਭਾ (ਵਰਿੰਦਰ ਵਰਮਾ)**-ਰੋਟਰੀ ਕਲੱਬ ਪਟਿਆਲਾ ਗੇਟ ਵਿਖੇ ਸੂਬੇ ਦੇ ਸਾਬਕਾ ਕੈਬਨਿਟ ਮੰਤਰੀ ਸਾਧੂ ਸਿੰਘ ਧਰਮਸੋਤ ਦੀ ਅਗਵਾਈ 'ਚ ਕਾਂਗਰਸ ਦੇ ਬੂਥ ਲੈਵਲ ਇੰਚਾਰਜਾਂ ਲਈ ਇੱਕ ਵਿਸ਼ਾਲ ਟ੍ਰੇਨਿੰਗ ਪ੍ਰੋਗਰਾਮ ਕਰਾਇਆ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਕੋਆਰਡੀਨੇਟਰ ਹਰਦੀਪ ਸਿੰਘ ਕਿੰਗਰਾ ਨੇ ਸ਼ਿਰਕਤ ਕਰਦਿਆਂ ਭਾਜਪਾ 'ਤੇ ਵੋਟ ਚੋਰੀ ਦੇ ਇਲਜ਼ਾਮ ਲਾਏ।ਉਨ੍ਹਾਂ ਜਾਣਕਾਰੀ ਦਿੱਤੀ ਕਿ ਕਿਵੇਂ ਨਵੀਂ ਵੋਟ ਬਣਾਈ ਜਾਂਦੀ ਹੈ ਤੇ ਕਿਵੇਂ ਪੁਰਾਣੀ ਵੋਟ ਕਟਵਾਈ ਜਾਂਦੀ ਹੈ।ਇਸ ਦੌਰਾਨ ਵੱਡੀ ਗਿਣਤੀ 'ਚ ਕਾਂਗਰਸੀ ਅਹੁਦੇਦਾਰ ਤੇ ਵਰਕਰਾਂ ਨੇ ਹਿੱਸਾ ਲਿਆ।ਸੂਬੇ ਦੇ ਸਾਬਕਾ ਜਲ ਸਰੋਤ ਚੇਅਰਮੈਨ ਤੇ ਸਾਬਕਾ ਦਿਹਾਤੀ ਪ੍ਰਧਾਨ ਮਹੰਤ ਹਰਵਿੰਦਰ ਸਿੰਘ ਖਨੌੜਾ ਵੱਲੋਂ ਵੀ ਸੰਬੋਧਨ ਕੀਤਾ ਗਿਆ।ਮੁੱਖ ਮਹਿਮਾਨ ਹਰਦੀਪ ਸਿੰਘ ਕਿੰਗਰ ਨੇ ਕਿਹਾ ਕਿ ਮਹਿਲਾ ਰਾਖਵੇਂਕਰਨ ਦੇ ਨਾਂਅ ਉੱਤੇ ਹੱਦਬੰਦੀ ਸਬੰਧੀ ਫ਼ੈਸਲਾ ਕਿਸੇ ਵੀ ਪੱਖੋਂ ਕਬੂਲ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਮਹਿਲਾ ਰਾਖਵੇਂਕਰਨ ਬਿੱਲ ਨੂੰ ਲਾਗੂ ਕਰਨ ਦੇ ਬਹਾਨੇ ਹੱਦਬੰਦੀ ਦੀ ਪ੍ਰਕਿਰਿਆ ਨੂੰ ਅੱਗੇ ਵਧਾਉਣਾ ਚਾਹੁੰਦੀ ਸੀ, ਜੋ ਲੋਕਤੰਤਰਕ ਢਾਂਚੇ ਲਈ ਚਿੰਤਾਜਨਕ ਗੱਲ ਸੀ।ਉਨ੍ਹਾਂ ਸਪੱਸ਼ਟ ਕੀਤਾ ਕਿ ਸੰਵਿਧਾਨ ਅਨੁਸਾਰ ਜਨਗਣਨਾ ਤੋਂ ਬਾਅਦ ਹੀ ਹਦਬੰਦੀ ਦੀ ਪ੍ਰਕਿਰਿਆ ਕੀਤੀ ਜਾਣੀ ਚਾਹੀਦੀ ਹੈ ਤਾਂ ਜੁ ਸਾਰੇ ਰਾਜਾਂ ਨੂੰ ਸਮਾਨ ਤੇ ਅਨੁਪਾਤਿਕ ਪ੍ਰਤੀਨਿਧਤਾ ਮਿਲ ਸਕੇ।ਉਨ੍ਹਾਂ ਕਿਹਾ ਕਿ ਔਰਤਾਂ ਦੇ ਹੱਕ 'ਚ ਪਾਸ ਹੋਇਆ ਰਾਖਵਾਂਕਰਨ ਬਿੱਲ 2023 ਹੀ ਸਰਬਸੰਮਤੀ ਨਾਲ ਪਾਸ ਹੋਇਆ ਸੀ, ਜਿਸ 'ਤੇ ਕਾਂਗਰਸ ਦੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਸਮੁੱਚੀ ਵਿਰੋਧੀ ਧਿਰ ਨੂੰ ਇਕਜੁਟ ਕਰਕੇ ਮਹਿਲਾਵਾਂ ਦੇ ਨਾਂਅ 'ਤੇ ਕੇਂਦਰ ਸਰਕਾਰ ਦੇ ਹੱਦਬੰਦੀ ਅਤੇ ਕੇਂਦਰੀ ਪ੍ਰਬੰਧਤ ਪ੍ਰਦੇਸ਼ ਵਿਧੀ ਸੋਧ ਬਿੱਲ ਨੂੰ ਖਾਰਜ ਕਰਾਉਣ 'ਚ ਵੱਡੀ ਸਫਲਤਾ ਹਾਸਲ ਕੀਤੀ ਹੈ।ਉਨ੍ਹਾਂ ਕਿਹਾ ਕਿ ਹੱਦਬੰਦੀ ਸੋਧ ਬਿੱਲ ਦੇਸ਼ ਦੇ ਛੋਟੇ ਸੂਬੇ, ਜਿਸ 'ਚ ਪੰਜਾਬ ਵੀ ਆਉਂਦਾ ਹੈ, ਨੂੰ ਸਭ ਤੋਂ ਵੱਧ ਨੁਕਸਾਨ ਹੋਣ ਦਾ ਖਦਸ਼ਾ ਹੈ, ਜਿਸ ਨਾਲ ਸੂਬੇ ਦੀ ਕੇਂਦਰ 'ਚ ਰਾਜਨੀਤਕ ਹੋਂਦ ਖਤਰੇ 'ਚ ਪੈ ਸਕਦੀ ਹੈ।ਬਿੱਲਾਂ ਦਾ ਖਾਰਜ ਹੋਣਾ ਭਾਰਤ ਦੇ ਲੋਕਤੰਤਰ ਸੰਗੀ ਢਾਂਚੇ ਤੇ ਸੰਵਿਧਾਨ ਦੀ ਜਿੱਤ ਹੈ।

## ਦੀਦਾਰ ਸਿੰਘ ਸਾਥੀਆਂ ਸਮੇਤ 'ਆਪ' 'ਚ ਸ਼ਾਮਲ, ਸੇਖੋਂ ਵੱਲੋਂ ਸਵਾਗਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹੋ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਸੁੰਦਰ ਨਗਰ (ਫ਼ਰੀਦਕੋਟ) ਦੇ ਵਸਨੀਕ ਦੀਦਾਰ ਸਿੰਘ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਜੀ-ਆਇਆਂ ਕਹਿੰਦਿਆਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਿੱਖਿਆ, ਸਿਹਤ ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਕੰਮ ਕਰ ਰਹੀ ਹੈ।ਲੋਕਾਂ ਨੂੰ ਹਰ ਸਹੂਲਤ ਬਿਨਾਂ ਕਿਸੇ ਪੱਖਪਾਤ ਦੇ ਮੁਹੱਈਆ ਕਰਵਾਈ ਜਾ ਰਹੀ ਹੈ, ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਪਾਰਟੀ ਨਾਲ ਜੁੜ ਕੇ ਸਰਗਰਮ ਭੂਮਿਕਾ ਨਿਭਾਉਣ।ਦੀਦਾਰ ਸਿੰਘ ਦੇ ਨਾਲ ਮੁਹੰਮਦ ਫਰੀਦ ਖਾਨ, ਸੁਖਦੇਵ ਸਿੰਘ, ਸਾਗਰ ਸਿੰਘ, ਰਹੀਸ ਖਾਨ, ਗੁਰਮੀਤ ਸਿੰਘ, ਅਮਨਦੀਪ ਸਿੰਘ ਤੇ ਗੁਰਪ੍ਰੀਤ ਸਿੰਘ ਨੇ ਵੀ 'ਆਪ' ਦਾ ਪੱਲਾ ਫੜਿਆ।

## ਵਿਕਾਸ ਕਾਰਜਾਂ ਤੋਂ ਬਾਗ਼ੋ-ਬਾਗ਼ ਲੋਕਾਂ ਵੱਲੋਂ ਸਰਪੰਚ ਦਾ ਵਿਸ਼ੇਸ਼ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗ੍ਰਾਮ ਪੰਚਾਇਤ ਮਹਿਲ ਕਲਾਂ ਵੱਲੋਂ ਕਰਵਾਏ ਜਾ ਰਹੇ ਸ਼ਾਨਦਾਰ ਵਿਕਾਸ ਕਾਰਜਾਂ ਤੋਂ ਖੁਸ਼ ਹੋ ਕੇ ਸਥਾਨਕ ਦਲਿਤ ਬਸਤੀ ਦੇ ਵਸਨੀਕਾਂ ਵੱਲੋਂ ਸਰਪੰਚ ਬੀਬੀ ਕਿਰਨਾ ਰਾਣੀ ਤੇ ਯੂਥ ਆਗੂ ਅਰੁਣ ਕੁਮਾਰ ਬਾਂਸਲ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਦਲਿਤ ਆਗੂ ਗੁਰਚਰਨ ਸਿੰਘ ਸਹੋਤਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਕਸਰ ਦੇਖਿਆ ਜਾਂਦਾ ਹੈ ਕਿ ਚੋਣਾਂ ਜਿੱਤਣ ਤੋਂ ਬਾਅਦ ਆਗੂ ਆਪਣੇ ਵਾਅਦਿਆਂ ਨੂੰ ਭੁੱਲ ਜਾਂਦੇ ਹਨ, ਪਰ ਬੀਬੀ ਕਿਰਨਾ ਰਾਣੀ ਨੇ ਆਪਣੇ ਕੀਤੇ ਹਰ ਵਾਅਦੇ ਨੂੰ ਪੂਰਾ ਕਰਦਿਆਂ ਪਿੰਡ ਵਿੱਚ ਵਿਕਾਸ ਦੀ ਲਹਿਰ ਜਾਰੀ ਰੱਖੀ ਹੈ।ਇਸੇ ਤਰ੍ਹਾਂ ਅਵਤਾਰ ਸਿੰਘ ਸਹੋਤਾ ਨੇ ਪਿਛਲੇ ਹਾਲਾਤਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪਹਿਲਾਂ ਇਸ ਬਸਤੀ ਦੇ ਰਸਤੇ ਬੇਹੱਦ ਖਸਤਾ ਸਨ ਅਤੇ ਪੀਣ ਵਾਲੇ ਪਾਣੀ ਦਾ ਪ੍ਰਬੰਧ ਨਾ ਹੋਣ ਕਾਰਨ ਲੋਕ ਨਰਕ ਵਰਗੀ ਜ਼ਿੰਦਗੀ ਜਿਉਣ ਲਈ ਮਜਬੂਰ ਸਨ, ਪਰ ਮੌਜੂਦਾ ਸਰਪੰਚ ਨੇ ਗਲੀਆਂ ਵਿੱਚ ਇੰਟਰਲੌਕ ਟਾਈਲਾਂ ਲਗਾ ਕੇ ਉਨ੍ਹਾਂ ਨੂੰ ਪੱਕਾ ਕਰਨ ਦੇ ਨਾਲ-ਨਾਲ ਸਬਮਰਸੀਬਲ ਮੋਟਰਾਂ ਲਗਵਾ ਕੇ ਪਾਣੀ ਦੀ ਕਿੱਲਤ ਨੂੰ ਹਮੇਸ਼ਾ ਲਈ ਖਤਮ ਕਰ ਦਿੱਤਾ ਹੈ।ਉਨ੍ਹਾਂ ਇਹ ਵੀ ਸਾਂਝਾ ਕੀਤਾ ਕਿ ਇਸ ਤੋਂ ਪਹਿਲਾਂ ਉਹ ਕਈ ਪੰਚਾਇਤਾਂ ਕੋਲ ਇਨ੍ਹਾਂ ਮੁਸ਼ਕਲਾਂ ਦੇ ਹੱਲ ਲਈ ਗੇੜੇ ਮਾਰ ਕੇ ਥੱਕ ਚੁੱਕੇ ਸਨ, ਪਰ ਕਿਸੇ ਨੇ ਵੀ ਉਨ੍ਹਾਂ ਦੀ ਸਾਰ ਨਹੀਂ ਲਈ ਸੀ।ਪੰਚ ਮਨਜੀਤ ਸਿੰਘ ਸਹੋਤਾ ਨੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਤੇ ਸਰਪੰਚ ਬੀਬੀ ਕਿਰਨਾ ਰਾਣੀ ਦਾ ਦਿਲੋਂ ਧੰਨਵਾਦ ਕੀਤਾ।ਇਸ ਸਨਮਾਨ ਸਮਾਰੋਹ ਦੌਰਾਨ ਹੋਰਨਾਂ ਤੋਂ ਇਲਾਵਾ ਬੰਤ ਸਿੰਘ, ਅਮਨਦੀਪ ਸਿੰਘ, ਜਗਸੀਰ ਸਿੰਘ, ਸਤਕਰਤਾਰ ਸਿੰਘ, ਮਨਜੀਤ ਸਿੰਘ ਪੰਚ, ਗੱਗਰ ਸਿੰਘ ਹਲਵਾਈ ਅਤੇ ਗੁਰਪ੍ਰੀਤ ਸਿੰਘ ਹਲਵਾਈ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਚਾਲਬਾਜ਼ੀ ਨਾਲ ਲਿਆਂਦਾ ਮਹਿਲਾ ਰਿਜ਼ਰਵੇਸ਼ਨ ਬਿੱਲ ਮੂਧੇ ਮੂੰਹ ਡਿੱਗਿਆ : ਜੀਰਖ, ਗਿੱਲ

**ਲੁਧਿਆਣਾ (ਸਤੀਸ਼ ਸਚਦੇਵਾ)**-ਬੀਜੇਪੀ ਦੀ ਮੰਨੂਵਾਦੀ ਸਰਕਾਰ ਵੱਲੋਂ ਚਾਲਬਾਜ਼ੀ ਨਾਲ ਮਹਿਲਾ ਰਿਜ਼ਰਵੇਸ਼ਨ ਬਿੱਲ ਦੇ ਨਾਂਅ ਹੇਠ ਲਿਆਂਦਾ ਗਿਆ ਬਿੱਲ ਆਪਣੇ ਆਪ ਨੂੰ ਨਾਨ ਬਾਇਓਲੋਜੀਕਲੀ ਪੈਦਾ ਹੋਏ ਕਹਿਣ ਵਾਲੇ ਪ੍ਰਧਾਨ ਮੰਤਰੀ ਦੀ ਅਪੀਲ ਨਾਲ ਵੀ ਪਾਸ ਨਾ ਹੋ ਸਕਿਆ। ਇੱਕ ਜੁੱਟ ਹੋਈ ਅਪੋਜ਼ੀਸ਼ਨ ਨੇ 528 ਵਿੱਚੋਂ 230 ਮੈਂਬਰਾਂ ਨੇ ਇਸ ਵਿਰੁੱਧ ਵੋਟਾਂ ਪਾ ਕੇ ਬਿੱਲ ਧੜੰਮ ਕਰਕੇ ਮੂਧੇ ਮੂੰਹ ਡੇਗ ਦਿੱਤਾ।ਨਾਨ ਬਾਇਓਲੋਜੀਕਲੀ ਪੈਦਾ ਕਰਨ ਵਾਲੀ ਕੋਈ ਵੀ ਅਜਿਹੀ ਅਗੰਮੀ ਸ਼ਕਤੀ ਪ੍ਰਧਾਨ ਮੰਤਰੀ ਦੇ ਕੰਮ ਨਾ ਆ ਸਕੀ।ਇਸ ਬਿੱਲ ਦੇ ਡਿੱਗਣ ਉਪਰੰਤ ਸਰਕਾਰ ਹਲਕਾ ਬੰਦੀ ਸੋਧ ਬਿੱਲ ਤੇ ਕੇਂਦਰ ਸ਼ਾਸਤ ਪ੍ਰਦੇਸ਼ ਸੋਧ ਬਿੱਲ 'ਤੇ ਵੋਟਿੰਗ ਕਰਵਾਉਣ ਦੀ ਹਿੰਮਤ ਵੀ ਨਾ ਕਰ ਸਕੀ।ਤਰਕਸ਼ੀਲ ਸੁਸਾਇਟੀ ਪੰਜਾਬ ਦੇ ਜ਼ੋਨ ਲੁਧਿਆਣਾ ਦੇ ਜਥੇਬੰਦਕ ਮੁਖੀ ਜਸਵੰਤ ਜ਼ੀਰਖ ਤੇ ਮਹਾਂ ਸਭਾ ਲੁਧਿਆਣਾ ਦੇ ਪ੍ਰਧਾਨ ਬਲਕੌਰ ਸਿੰਘ ਗਿੱਲ ਨੇ ਲੋਕਾਂ ਨੂੰ ਹਰ ਗੁੰਮਰਾਹਕੁੰਨ 'ਪ੍ਰਵਚਨ' ਰਾਹੀਂ ਸੱਤਾ 'ਤੇ ਬਣੇ ਰਹਿਣ ਲਈ ਕੀਤੇ ਜਾਂਦੇ ਡਰਾਮਿਆਂ ਨੂੰ ਸਮਝਣ ਦੀ ਅਪੀਲ ਕੀਤੀ।ਆਗੂਆਂ ਨੇ ਦੇਸ਼ ਦੇ ਪਬਲਿਕ ਅਦਾਰਿਆਂ ਨੂੰ ਕਾਰਪੋਰੇਟਾਂ ਤੇ ਨਿੱਜੀ ਹੱਥਾਂ ਵਿੱਚ ਵੇਚਣ ਦੇ ਰਾਹ ਪਏ ਸਿਆਸਤਦਾਨਾਂ ਤੋਂ ਦੇਸ਼ ਨੂੰ ਬਚਾਉਣ ਲਈ ਇੱਕ ਜੁੱਟ ਹੋ ਕੇ ਵਿਰੋਧ ਕਰਨ ਦਾ ਸੱਦਾ ਦਿੱਤਾ ਹੈ।

## ਸਰਕਾਰੀ ਪ੍ਰਾਇਮਰੀ ਸਕੂਲ ਬਾਹਮਣੀਵਾਲਾ ਵਿਖੇ ਕਮਰੇ ਦਾ ਉਦਘਾਟਨ



**ਜਲਾਲਾਬਾਦ (ਜੀਤ ਕੁਮਾਰ)**-ਸਰਕਾਰੀ ਪ੍ਰਾਇਮਰੀ ਸਕੂਲ ਬਾਹਮਣੀ ਵਾਲਾ ਵਿਖੇ ਨਵੇਂ ਬਣੇ ਕਮਰੇ ਦਾ ਉਦਘਾਟਨ ਮਾਰਕਿਟ ਕਮੇਟੀ ਦੇ ਚੇਅਰਮੈਨ ਦੇਵ ਰਾਜ ਸ਼ਰਮਾ ਵੱਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਪਿੰਡ ਦੇ ਸਰਪੰਚ ਬਲਬੀਰ ਸਿੰਘ, ਐਸ ਐਮ ਸੀ ਚੇਅਰਮੈਨ ਹਰਜਿੰਦਰ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਹਮਣੀ ਵਾਲਾ ਦੇ ਪ੍ਰਿੰਸੀਪਲ ਸਪੁਭਾਸ਼ ਸਿੰਘ, ਕਲੱਸਟਰ ਦੇ ਅਧਿਆਪਕ ਤੇ ਮੁੱਖ ਅਧਿਆਪਕ ਮੌਜੂਦ ਸਨ। ਮੁੱਖ ਅਧਿਆਪਕ ਸ੍ਰੀਮਤੀ ਸੁਖਵਿੰਦਰ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਨਵੇਂ ਬਣੇ ਕਮਰੇ ਦਾ ਉਦਘਾਟਨ ਕਰਨ ਤੋਂ ਬਾਅਦ ਸਕੂਲ ਦੇ ਬੱਚਿਆਂ ਵੱਲੋਂ ਗਿੱਧਾ ਤੇ ਡਾਂਸ ਪੇਸ਼ ਕੀਤਾ ਗਿਆ। ਸੁਰਜੀਤ ਸਿੰਘ ਈ.ਟੀ.ਟੀ. ਅਧਿਆਪਕ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਚੇਅਰਮੈਨ ਦੇਵ ਰਾਜ ਸ਼ਰਮਾ ਨੇ ਲੋਕਾਂ ਅਤੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ 2022 ਤੋਂ ਬਾਅਦ ਸਰਕਾਰ ਵੱਲੋਂ ਕੀਤੇ ਕੰਮਾਂ ਤੇ ਰਫਾਰਤੀਆਂ ਦਾ ਜਿਕਰ ਕੀਤਾ। ਬੱਚਿਆਂ ਨੂੰ ਵਧੀਆਂ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਰਮਨਦੀਪ ਕੌਰ ਜੋ ਵਿਸ਼ੇਸ਼ ਲੋੜਾ ਵਾਲਾ ਬੱਚਾ ਸਟੇਟ ਪੱਧਰ ਦੀਆਂ ਖੇਡਾਂ ਵਿੱਚ ਭਾਗ ਲੈ ਕੇ ਆਇਆ ਹੈ, ਉਸਦਾ ਸਨਮਾਨ ਮੁੱਖ ਮਹਿਮਾਨ ਦੇਵ ਰਾਜ ਸ਼ਰਮਾ ਵੱਲੋਂ ਕੀਤਾ ਗਿਆ ਤੇ ਸਮੂਹ ਪੰਚਾਇਤ ਅਤੇ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਪੜ੍ਹਾਈ ਵਿੱਚ ਵਧੀਆਂ ਪ੍ਰਾਪਤੀਆਂ ਕਰਨ ਵਾਲੇ ਬੱਚਿਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਹੈੱਡਟੀਚਰ ਬਚਨ ਸਿੰਘ. ਗੁਰਚਰਨ ਸਿੰਘ, ਰੀਨਾ ਰਾਣੀ, ਸਾਜੀਆ ਮੋਗਾ, ਵੀਰਪਾਲ ਕੌਰ ਵੀ ਹਾਜ਼ਰ ਸਨ।

## ਲੋਕ ਸੇਵਾ ਸੁਸਾਇਟੀ ਵੱਲੋਂ ਮੁਫਤ ਮੈਡੀਕਲ ਚੈੱਕਅਪ ਕੈਂਪ



**ਜਗਰਾਉਂ (ਅਮਿਤ ਖੰਨਾ)**-ਸਵਰਗਵਾਸੀ ਜਗਦੀਪ ਕੱਕੜ ਦੀ ਪੰਜਵੀਂ ਬਰਸੀ ਨੂੰ ਸਮਰਪਤ ਕੱਕੜ ਪਰਵਾਰ ਦੇ ਸਹਿਯੋਗ ਨਾਲ ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ ਹੱਡੀਆਂ, ਨੱਕ, ਕੰਨ, ਗਲੇ ਤੇ ਚਮੜੀ ਅਤੇ ਜਨਰਲ ਰੋਗਾਂ ਦਾ ਮੁਫਤ ਚੈੱਕਅਪ ਕੈਂਪ ਲਗਾਇਆ ਗਿਆ। ਚੇਅਰਮੈਨ ਗੁਲਸ਼ਨ ਅਰੋੜਾ ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾ. ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਗੁਰਦੁਆਰਾ ਸ੍ਰੀ ਗੁਰੂ ਨਾਨਕਪੁਰਾ ਮੋਰੀ ਗੇਟ ਜਗਰਾਉਂ ਵਿਖੇ ਲਗਾਏ ਮੈਡੀਕਲ ਚੈੱਕਅਪ ਕੈਂਪ ਵਿੱਚ ਸੀ ਐੱਮ ਸੀ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ 172 ਮਰੀਜ਼ਾਂ ਦਾ ਚੈੱਕਅਪ ਕਰਕੇ ਮਰੀਜ਼ਾਂ ਨੂੰ ਮੌਕੇ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਮੋਰੀ ਗੇਟ ਦੇ ਪ੍ਰਧਾਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਨੇ ਸੀ ਐੱਮ ਸੀ ਹਸਪਤਾਲ ਦੇ ਡਾਕਟਰਾਂ ਦੀ ਟੀਮ ਤੇ ਲੋਕ ਸੇਵਾ ਸੁਸਾਇਟੀ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸੋਸਾਇਟੀ ਦੇ ਵਾਈਸ ਚੇਅਰਮੈਨ ਕੰਵਲ ਕੱਕੜ, ਸੁਖਜਿੰਦਰ ਸਿੰਘ ਢਿੱਲੋਂ, ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਗੋਪਾਲ ਗੁਪਤਾ, ਆਰ ਕੇ ਗੋਇਲ, ਪ੍ਰੇਮ ਬਾਂਸਲ, ਅਨਿਲ ਮਲਹੋਤਰਾ, ਰਜੀਵ ਮਿੱਤਲ, ਕਪਲ ਸ਼ਰਮਾ ਤੋਂ ਇਲਾਵਾ ਕੱਕੜ ਪਰਵਾਰ ਦੇ ਮੈਂਬਰ ਹਾਜ਼ਰ ਸਨ।

## ਮੋਟਰਸਾਈਕਲ ਸਵਾਰ ਸੋਨੇ ਦੀ ਵਾਲ਼ੀ ਝਪਟ ਕੇ ਫਰਾਰ

**ਧੂਰੀ (ਮਨੋਹਰ ਸਿੰਘ ਸੱਗੂ)**-ਮੁਹੱਲੇ 'ਚ ਝਪਟਮਾਰਾਂ ਵੱਲੋਂ ਬਿਰਧ ਔਰਤ ਦੇ ਕੰਨ੍ਹ 'ਚ ਪਾਈ ਸੋਨੇ ਦੀ ਵਾਲ਼ੀ ਝਪਟ ਕੇ ਫਰਾਰ ਹੋਣ ਦੀ ਖਬਰ ਹੈ।ਜਨਤਾ ਨਗਰ ਦੀ ਗੈਸ ਏਜੰਸੀ ਵਾਲੀ ਗਲੀ 'ਚ ਐਤਵਾਰ ਨੂੰ ਸਿਖਰ ਦੁਪਹਿਰੇ ਝਪਟਮਾਰੀ ਦਾ ਸ਼ਿਕਾਰ ਹੋਈ ਬਿਰਧ ਔਰਤ ਦੇ ਬੇਟੇ ਹਰਦੀਪ ਸਿੰਘ ਦੇ ਦੱਸਣ ਅਨੁਸਾਰ ਉਸ ਦੀ ਮਾਤਾ ਦੁਪਹਿਰ ਸਮੇਂ ਘਰ ਦੇ ਦਰਵਾਜ਼ੇ ਮੋਹਰੇ ਬੈਠੀ ਸੀ ਕਿ ਦੋ ਮੋਟਰਸਾਈਕਲ ਸਵਾਰਾਂ 'ਚੋਂ ਇੱਕ ਪਾਣੀ ਪੀਣ ਦੇ ਬਹਾਨੇ ਮਾਤਾ ਕੋਲ ਆਇਆ ਅਤੇ ਮਾਤਾ ਦੇ ਕੰਨ 'ਚ ਪਾਈ ਵਾਲੀ ਝਪਟ ਕੇ ਆਪਣੇ ਸਾਥੀ ਨਾਲ ਮੋਟਰਸਾਈਕਲ 'ਤੇ ਫਰਾਰ ਹੋ ਗਿਆ।ਉਨ੍ਹਾਂ ਦੱਸਿਆ ਕਿ ਘਟਨਾ ਸਬੰਧੀ ਸਥਾਨਕ ਪੁਲਿਸ ਨੂੰ ਸੂਚਿਤ ਕੀਤਾ ਗਿਆ।

## ਧੂਰੀ ਉਪ ਮੰਡਲ ਪੁਲਸ ਨੇ 7 ਮੁਕੱਦਮਿਆਂ 'ਚ ਕੀਤੇ 11 ਗ੍ਰਿਫ਼ਤਾਰ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਉਪ ਮੰਡਲ ਪੁਲਸ ਵੱਲੋਂ ਵੱਖ-ਵੱਖ ਮਾਮਲਿਆਂ 'ਚ 11 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਨਸ਼ੀਲੀਆਂ ਗੋਲੀਆਂ ਤੇ ਨਜਾਇਜ਼ ਸ਼ਰਾਬ ਬਰਾਮਦ ਕਰਨ ਦਾ ਦਾਅਵਾ ਕੀਤਾ ਜਾ ਰਿਹਾ ਹੈ।ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਾਹਲ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਿਲਾਫ਼ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਧੂਰੀ ਉਪ ਮੰਡਲ ਪੁਲਿਸ ਵੱਲੋਂ 13 ਅਪ੍ਰੈਲ ਤੋਂ 19 ਅਪ੍ਰੈਲ ਤੱਕ ਦਰਜ ਕੀਤੇ ਗਏ 7 ਮੁਕੱਦਮਿਆਂ 'ਚ 11 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 201 ਨਸ਼ੀਲੀਆਂ ਗੋਲੀਆਂ, 80 ਗ੍ਰਾਮ ਹੈਰੋਇਨ ਤੇ 44 ਬੋਤਲਾਂ ਸ਼ਰਾਬ ਠੇਕਾ ਦੇਸ਼ੀ ਬਰਾਮਦ ਕਰਾਈ ਗਈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਇੱਕ ਚੋਰੀ ਦੇ ਮਾਮਲੇ 'ਚ 5 ਵਿਅਕਤੀਆਂ ਦੀ ਕੀਤੀ ਗਈ ਗ੍ਰਿਫਤਾਰੀ ਦੌਰਾਨ 1400 ਨਸ਼ੀਲੀਆਂ ਗੋਲੀਆਂ ਤੇ 2 ਮੋਟਰਸਾਈਕਲ ਬਿਨਾਂ ਨੰਬਰੀ ਬਰਾਮਦ ਕੀਤੇ ਗਏ।

## ਇਮਾਰਤ-ਏ-ਸ਼ਰੀਆ ਪੰਜਾਬ ਦੀ ਸਾਲਾਨਾ ਮੀਟਿੰਗ 'ਚ ਲਏ ਅਹਿਮ ਫੈਸਲੇ

**ਮਾਲੇਰਕੋਟਲਾ (ਅਸਗਰ ਪਰਿਹਾਰ)**



ਮੁਸਲਿਮ ਵੈੱਲਫੇਅਰ ਐਂਡ ਸ਼ਰੀਅਤ ਸੁਸਾਇਟੀ ਦੇ ਅਧੀਨ ਕਾਰਜਸ਼ੀਲ ਪ੍ਰਮੁੱਖ ਸੰਸਥਾ 'ਇਮਾਰਤ-ਏ-ਸ਼ਰੀਆ ਪੰਜਾਬ' ਦੀ ਸਾਲਾਨਾ ਮਜਲਿਸ-ਏ-ਮੁੰਤਜ਼ਿਮਾ (ਗਵਰਨਿੰਗ ਬਾਡੀ) ਦੀ ਇੱਕ ਵਿਸ਼ੇਸ਼ ਮੀਟਿੰਗ ਲੁਧਿਆਣਾ ਬਾਈਪਾਸ ਸਥਿਤ ਕੇਂਦਰੀ ਦਫਤਰ ਵਿਖੇ ਬਹੁਤ ਹੀ ਸੁਖਾਵੇਂ ਮਾਹੌਲ ਵਿੱਚ ਸੰਪੰਨ ਹੋਈ। ਇਸ ਅਹਿਮ ਪ੍ਰੋਗਰਾਮ ਦੀ ਪ੍ਰਧਾਨਗੀ ਇਮਾਰਤ-ਏ-ਸ਼ਰੀਆ ਪੰਜਾਬ ਦੇ ਚੇਅਰਮੈਨ ਜਨਾਬ ਅਹਿਮਦ ਹੁਸੈਨ ਸਾਹਿਬ (ਰਿਟਾਇਰਡ ਆਈ.ਆਰ.ਐੱਸ.) ਵੱਲੋਂ ਕੀਤੀ ਗਈ। ਇਸ ਮੌਕੇ ਪੰਜਾਬ ਦੀਆਂ ਕਈ ਉੱਘੀਆਂ ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਕੇ ਪ੍ਰੋਗਰਾਮ ਦੀ ਰੌਣਕ ਵਧਾਈ। ਮੀਟਿੰਗ ਵਿੱਚ ਮੁੱਖ ਤੌਰ 'ਤੇ ਸੰਸਥਾ ਦੇ ਪ੍ਰਧਾਨ ਮੁਫ਼ਤੀ ਖਲੀਲ ਕਾਸਮੀ, ਜਨਰਲ ਸਕੱਤਰ ਮੌਲਾਨਾ ਮੁਜਤਬਾ ਯਜ਼ਦਾਨੀ, ਜਲੰਧਰ ਤੋਂ ਆਬਿਦ ਸਲਮਾਨੀ, ਖੰਨਾ ਤੋਂ ਕਾਰੀ ਸ਼ਕੀਲ, ਨਾਭਾ ਤੋਂ ਮੁਫ਼ਤੀ ਜ਼ਕੀ ਉੱਲਾਹ ਤੇ ਲੁਧਿਆਣਾ ਤੋਂ ਮੌਲਵੀ ਨਸੀਮ, ਜਥੇਦਾਰ ਹਾਕਮ ਸਿੰਘ ਚੱਕ, ਮੌਲਵੀ ਮੁਰਸ਼ੀਦ ਆਲਮ ਸੁਨਾਮ ਸਮੇਤ ਵੱਡੀ ਗਿਣਤੀ ਵਿੱਚ ਉਲਮਾ-ਏ-ਦੀਨ ਤੇ ਬੁੱਧੀਜੀਵੀ ਹਾਜ਼ਰ ਸਨ।

ਮੀਟਿੰਗ ਦੀ ਸ਼ੁਰੂਆਤ ਪਵਿੱਤਰ ਕੁਰਾਨ ਦੀ ਤਿਲਾਵਤ ਨਾਲ ਹੋਈ, ਜਿਸ ਤੋਂ ਬਾਅਦ ਜਨਰਲ ਸਕੱਤਰ ਸੱਯਦ ਮੁਜਤਬਾ ਯਜ਼ਦਾਨੀ ਨੇ ਪਿਛਲੇ ਸਮੇਂ ਦੀ ਕਾਰਗੁਜ਼ਾਰੀ ਰਿਪੋਰਟ ਸਭ ਦੇ ਸਾਹਮਣੇ ਪੇਸ਼ ਕੀਤੀ। ਇਸ ਦੌਰਾਨ ਭਵਿੱਖ ਦੀਆਂ ਯੋਜਨਾਵਾਂ ਨੂੰ ਲੈ ਕੇ ਪੰਜ ਮੁੱਖ ਏਜੰਡਿਆਂ 'ਤੇ ਵਿਸਤ੍ਰਿਤ ਚਰਚਾ ਕੀਤੀ ਗਈ, ਜਿਸ ਵਿੱਚ ਨਵੀਂ ਮੈਂਬਰਸ਼ਿਪ ਮੁਹਿੰਮ ਚਲਾਉਣ, ਸੰਸਥਾ ਦੇ ਨਿੱਜੀ ਦਫਤਰ ਲਈ ਯਤਨ ਤੇਜ਼ ਕਰਨ, ਸਾਲਾਨਾ ਰਿਪੋਰਟ ਦੀ ਸਮੀਖਿਆ ਕਰਨ ਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਬ-ਸੋਸਾਇਟੀਆਂ ਦੇ ਗਠਨ ਵਰਗੇ ਅਹਿਮ ਮੁੱਦੇ ਸ਼ਾਮਲ ਸਨ। ਚੇਅਰਮੈਨ ਅਹਿਮਦ ਹੁਸੈਨ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਸਮੂਹ ਮੈਂਬਰਾਂ ਨੂੰ ਕਿਹਾ ਕਿ ਇਮਾਰਤ-ਏ-ਸ਼ਰੀਆ ਪੰਜਾਬ ਦਾ ਮੁੱਖ ਉਦੇਸ਼ ਭਾਈਚਾਰੇ ਦੀ ਧਾਰਮਿਕ ਅਗਵਾਈ ਦੇ ਨਾਲ-ਨਾਲ ਸਮਾਜਿਕ ਸੁਧਾਰ ਕਰਨਾ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਸੰਸਥਾ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨ ਲਈ ਨੌਜਵਾਨਾਂ ਤੇ ਪੜ੍ਹੇ-ਲਿਖੇ ਵਰਗ ਨੂੰ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਵੱਖ-ਵੱਖ ਜਥੇਬੰਦਕ ਮਾਮਲਿਆਂ 'ਤੇ ਪ੍ਰਧਾਨ ਸਾਹਿਬ ਦੀ ਪ੍ਰਵਾਨਗੀ ਨਾਲ ਕਈ ਮਤੇ ਵੀ ਪਾਸ ਕੀਤੇ ਗਏ। ਅੰਤ ਵਿੱਚ ਸਾਰੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਦੇਸ਼ ਦੀ ਤਰੱਕੀ ਤੇ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਣ ਲਈ ਦੁਆ ਕੀਤੀ ਗਈ।

## ਦਸਮੇਸ਼ ਸਕੂਲ ਹਰੀਨੌਂ ਵਿਖੇ ਵਲੰਟੀਅਰਾਂ ਨੂੰ ਵੰਡੇ ਸਰਟੀਫਿਕੇਟ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਐਨ.ਐਸ.ਐਸ. ਦੇ 7 ਰੋਜ਼ਾ ਸਪੈਸ਼ਲ ਕੈਂਪ ਵਿੱਚ ਭਾਗ ਲੈਣ ਵਾਲੇ ਵਲੰਟੀਅਰਾਂ ਨੂੰ ਸਰਟੀਫਿਕੇਟ ਵੰਡੇ ਗਏ।ਇਹ ਸੱਤ ਰੋਜ਼ਾ ਸਪੈਸ਼ਲ ਕੈਂਪ 24 ਦਸੰਬਰ ਤੋਂ 30 ਦਸੰਬਰ ਤੱਕ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀਨੌਂ ਵਿਖੇ ਲਾਇਆ ਗਿਆ ਸੀ। ਇਸ ਕੈਂਪ ਵਿੱਚ 50ਵਲੰਟੀਅਰਾਂ ਨੇ ਭਾਗ ਲਿਆ ਸੀ।ਇਸ 7 ਰੋਜ਼ਾ ਕੈਂਪ ਦੀ ਅਗਵਾਈ ਐਨ ਐਸ ਐਸ ਪ੍ਰੋਗਰਾਮ ਅਫਸਰ ਸ੍ਰੀਮਤੀ ਸ਼ਮਿੰਦਰ ਕੌਰ ਤੇ ਸਹਾਇਕ ਪ੍ਰੋਗਰਾਮ ਅਫਸਰ ਗੁਰਵਿੰਦਰ ਸਿੰਘ ਵੱਲੋਂ ਕੀਤੀ ਗਈ।ਕੈਂਪ ਦੌਰਾਨ ਵਲੰਟੀਅਰਾਂ ਨੇ ਪ੍ਰੋਜੈਕਟ ਵਰਕ ਵਿੱਚ ਸਕੂਲ ਕੈਂਪਸ ਦੀ ਸਫਾਈ, ਸਕੂਲ ਦੇ ਬਾਹਰਲੇ ਰਸਤੇ ਦੀ ਸਫਾਈ ਕਰਕੇ ਉਸ ਨੂੰ ਪੱਧਰਾ ਕਰਨ, ਮੇਨ ਗੁਰਦੁਆਰਾ ਸਾਹਿਬ ਹਰੀ ਨੌਂ ਤੇ ਸਮਾਧ ਭਾਈ ਸਾਈ ਦਾਸ ਜੀ ਦੀ ਸਫਾਈ ਕੀਤੀ ਗਈ। ਇਸ ਤੋਂ ਇਲਾਵਾ ਵਲੰਟੀਅਰਾਂ ਨੂੰ ਗੁਰਦੁਆਰਾ ਜਨਮ ਸਥਾਨ ਸ਼੍ਰੀ ਗੁਰੂ ਅੰਗਦ ਦੇਵ ਜੀ ਸਰਾਏਨਾਗਾ ਤੇ ਮੁਕਤਸਰ ਸਾਹਿਬ ਵਿਖੇ ਵੱਖ-ਵੱਖ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਾ ਕੇ ਉਹਨਾਂ ਦੇ ਇਤਿਹਾਸ ਤੋਂ ਜਾਣੂ ਕਰਾਇਆ ਗਿਆ।ਕੈਂਪ ਵਿੱਚ ਟ੍ਰੇਨਿੰਗ ਸੈਸ਼ਨ ਵਿੱਚ ਵੱਖ-ਵੱਖ ਤਜਰਬੇਕਾਰ ਮਹਿਮਾਨਾਂ ਨੇ ਸ਼ਿਰਕਤ ਕਰਕੇ ਵਲੰਟੀਅਰਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਕੈਂਪ ਦੀ ਸਮੁੱਚੀ ਕਾਰਗੁਜ਼ਾਰੀ ਦੀ ਪ੍ਰਸ਼ੰਸਾ ਕਰਦਿਆਂ ਵਲੰਟੀਅਰਾਂ ਨੂੰ ਇਹ ਸਕੀਮ ਰਾਹੀਂ ਆਪਣੀ ਸ਼ਖ਼ਸੀਅਤ ਦੀ ਉਸਾਰੀ ਦੀ ਪ੍ਰੇਰਨਾ ਦਿੱਤੀ। ਸੰਸਥਾ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਕੈਂਪ ਦੀਆਂ ਸਮੁੱਚੀਆਂ ਗਤੀਵਿਧੀਆਂ ਦੀ ਪ੍ਰਸ਼ੰਸਾ ਕੀਤੀ

# 6 ਪਿਸਤੌਲਾਂ ਸਮੇਤ ਤਿੰਨ ਮੁਲਜ਼ਮ ਕਾਬੂ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਸਰਹੱਦ ਪਾਰ ਤੇ ਮੱਧ ਪ੍ਰਦੇਸ਼ ਅਧਾਰਤ ਗ਼ੈਰ-ਕਾਨੂੰਨੀ ਹਥਿਆਰ ਸਪਲਾਈ ਮਾਡਿਊਲ ਦੇ ਤਿੰਨ ਮੁਲਜ਼ਮਾਂ ਨੂੰ ਛੇ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਦੀਪਕ ਸਿੰਘ ਉਰਫ਼ ਦੀਪੂ (22) ਵਾਸੀ ਕਸ਼ਮੀਰ ਐਵੇਨਿਊ, ਅੰਮ੍ਰਿਤਸਰ; ਅਰੁਣ ਕੁਮਾਰ ਉਰਫ਼ ਸਾਬੂ (26) ਵਾਸੀ ਨਾਰਾਇਣਗੜ੍ਹ, ਅੰਮ੍ਰਿਤਸਰ ਤੇ ਸੁਖਜਿੰਦਰ ਸਿੰਘ ਉਰਫ਼ ਸੁੱਖਾ (29) ਵਾਸੀ ਰਿਹਾਣਾ ਜੱਟਾਂ, ਕਪੂਰਥਲਾ ਵਜੋਂ ਹੋਈ ਹੈ। ਬਰਾਮਦ ਕੀਤੀਆਂ ਪਿਸਤੌਲਾਂ ਵਿਚ ਇਕ .30 ਬੋਰ ਪੀਐਕਸ5 ਪਿਸਤੌਲ, ਤਿੰਨ .32 ਬੋਰ ਅਤੇ ਦੋ .30 ਬੋਰ ਪਿਸਤੌਲਾਂ ਸਮੇਤ ਸੱਤ ਜ਼ਿੰਦਾ ਕਾਰਤੂਸ ਸ਼ਾਮਲ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਮੱਧ ਪ੍ਰਦੇਸ਼ ਤੋਂ ਗੈਰ-ਕਾਨੂੰਨੀ ਹਥਿਆਰ ਖ਼ਰੀਦਦੇ ਸਨ। ਉਨ੍ਹਾਂ ਇਹ ਵੀ ਦੱਸਿਆ ਕਿ ਉਕਤ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਅਧਾਰਤ ਤਸਕਰਾਂ ਦੇ ਸੰਪਰਕ ਵਿਚ ਸਨ, ਜੋ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੇ ਗੈਰ-ਕਾਨੂੰਨੀ ਹਥਿਆਰਾਂ ਨੂੰ ਆਪਣੇ ਸਥਾਨਕ ਹੈਂਡਲਰਾਂ ਰਾਹੀਂ ਖੇਤਰ ਵਿਚ ਸਪਲਾਈ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਇਹ ਨੈੱਟਵਰਕ ਮਾਝਾ ਤੇ ਦੋਆਬਾ ਖੇਤਰਾਂ ਵਿਚ ਸਰਗਰਮੀ ਨਾਲ ਕੰਮ ਕਰ ਰਿਹਾ ਸੀ।ਆਪਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਪੁਲਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਖ਼ਤਾ ਇਤਲਾਹ ਦੇ ਆਧਾਰ 'ਤੇ ਯੋਜਨਾਬੱਧ ਆਪ੍ਰੇਸ਼ਨ ਤਹਿਤ ਪੁਲਸ ਟੀਮਾਂ ਨੇ ਕਾਰਵਾਈ ਕਰਦਿਆਂ ਪਹਿਲਾਂ ਦੀਪਕ ਉਰਫ਼ ਦੀਪੂ ਨੂੰ ਇਕ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ ਤੇ ਬਾਅਦ ਵਿਚ ਉਸ ਦੀ ਨਿਸ਼ਾਨਦੇਹੀ 'ਤੇ ਦੋ ਹੋਰ ਪਿਸਤੌਲ ਬਰਾਮਦ ਕੀਤੇ ਗਏ। ਉਨ੍ਹਾਂ ਅੱਗੇ ਦੱਸਿਆ ਕਿ ਦੀਪਕ ਦੇ ਖ਼ੁਲਾਸੇ 'ਤੇ ਉਸਦੇ ਦੋ ਹੋਰ ਸਾਥੀਆਂ ਅਰੁਣ ਉਰਫ਼ ਸਾਬੂ ਤੇ ਸੁਖਜਿੰਦਰ ਉਰਫ਼ ਸੁੱਖਾ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿਚੋਂ ਤਿੰਨ ਪਿਸਤੌਲ ਬਰਾਮਦ ਕੀਤੇ ਗਏ। ਸੀ.ਪੀ. ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਮੁਲਜ਼ਮਾਂ ਨੇ ਇਹ ਗੈਰ-ਕਾਨੂੰਨੀ ਹਥਿਆਰ ਵੱਡੀ ਅਪਰਾਧਿਕ ਵਾਰਦਾਤ ਨੂੰ ਅੰਜਾਮ ਦੇਣ ਲਈ ਖ਼ਰੀਦੇ ਸਨ, ਜਿਸ ਨੂੰ ਪੁਲਸ ਦੀ ਮੁਸਤੈਦ ਕਾਰਵਾਈ ਨੇ ਸਫਲਤਾਪੂਰਵਕ ਟਾਲ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਮੁਲਜ਼ਮ ਦੀਪਕ ਉਰਫ਼ ਦੀਪੂ ਤੇ ਅਰੁਣ ਉਰਫ਼ ਸਾਬੂ ਦੀ ਪਹਿਲਾਂ ਵੀ ਇਰਾਦਾ ਕਤਲ, ਚੋਰੀ ਤੇ ਹੋਰ ਗੰਭੀਰ ਅਪਰਾਧਾਂ ਨਾਲ ਸਬੰਧਤ ਮਾਮਲਿਆਂ ਵਿਚ ਸ਼ਮੂਲੀਅਤ ਹੈ। ਇਸ ਸਬੰਧ ਵਿਚ ਐੱਫਆਈਆਰ ਅੰਮ੍ਰਿਤਸਰ ਦੇ ਸਿਵਲ ਲਾਈਨਜ਼ ਪੁਲਸ ਸਟੇਸ਼ਨ ਵਿਚ ਦਰਜ ਕੀਤੀ ਗਈ ਹੈ।



## ਸਿਹਤ ਟੀਮਾਂ ਨੇ ਘਰ-ਘਰ ਜਾ ਕੇ ਡੇਂਗੂ/ਚਿਕਨਗੁਨੀਆ ਤੋਂ ਬਚਾਅ ਸਬੰਧੀ ਦਿੱਤੀ ਜਾਣਕਾਰੀ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਜ਼ਿਲਾ ਵਾਸੀਆਂ ਨੂੰ ਸੱਦਾ ਦਿੱਤਾ ਕਿ ਭਾਈਚਾਰੇ ਨਾਲ ਜੁੜਕੇ ਡੇਂਗੂ, ਚਿਕਨਗੁਨੀਆ ਅਤੇ ਮਲੇਰੀਆ ਨੂੰ ਨੱਥ ਪਾਈ ਜਾਵੇ। ਉਨ੍ਹਾਂ ਕਿਹਾ ਕਿ ਇਸ ਦੀ ਸ਼ੁਰੂਆਤ ਸਾਨੂੰ ਆਪਣੇ ਘਰਾਂ ਤੋਂ ਹੀ ਕਰਨੀ ਚਾਹੀਦੀ ਹੈ।ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਐਪੀਡਿਮੋਲੋਜਿਸਟ ਡਾ. ਰਾਘਵ ਗੁਪਤਾ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ ਅਤੇ ਹੈਲਥ ਸੁਪਰਵਾਈਜ਼ਰ ਗੁਰਦੇਵ ਸਿੰਘ ਢਿੱਲੋਂ ਦੀ ਅਗਵਾਈ ਹੇਠ ਡਰਾਈ ਡੇਅ ਸਬੰਧੀ ਟੀਮਾਂ ਵੱਲੋਂ ਅਰਬਨ ਏਰੀਏ ਅਤੇ ਨੇੜਲੇ ਇਲਾਕੇ ਵਿਚ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਬੁਖ਼ਾਰ ਅਤੇ ਇਸ ਤੋਂ ਬਚਾਅ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਡੇਂਗੂ ਬੁਖ਼ਾਰ ਐਡਿਸ ਐਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫ਼ੈਲਦਾ ਹੈ।ਇਹ ਮੱਛਰ ਸਾਫ਼ ਪਾਣੀ ਵਿਚ ਪਨਪਦਾ ਹੈ ਅਤੇ ਇਹ ਦਿਨ ਅਤੇ ਸ਼ਾਮ ਵੇਲੇ ਕੱਟਦਾ ਹੈ।ਲੋਕਾਂ ਨੂੰ ਕਿਹਾ ਗਿਆ ਕਿ ਆਪਣੇ ਆਲੇ-ਦੁਆਲੇ ਸਾਫ਼-ਸਫ਼ਾਈ ਦਾ ਖਾਸ ਖਿਆਲ ਰੱਖਣ ਅਤੇ ਬਾਰਿਸ਼ ਦੇ ਪਾਣੀ ਨੂੰ ਘਰਾਂ ਲਾਗੇ ਖੜ੍ਹਾ ਨਾ ਹੋਣ ਦੇਣ।ਉਨ੍ਹਾਂ ਨੂੰ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟਰੇਆਂ, ਛੱਤਾਂ ਅਤੇ ਆਲੇ-ਦੁਆਲੇ ਪਏ ਪੁਰਾਣੇ ਟਾਇਰਾਂ, ਭਾਂਡਿਆਂ, ਟੁੱਟੇ ਗਮਲਿਆਂ, ਟੈਂਕੀਆਂ ਵਿਚ ਬਾਰਿਸ਼ ਦਾ ਪਾਣੀ ਨਾ ਇਕੱਠਾ ਹੋਣ ਲਈ ਪ੍ਰੇਰਿਤ ਕੀਤਾ ਗਿਆ।ਲੋਕਾਂ ਨੂੰ ਦੱਸਿਆ ਗਿਆ ਕਿ ਡੇਂਗੂ ਦੇ ਮੱਛਰ ਕਾਰਨ ਜਿਥੇ ਬੁਖ਼ਾਰ ਹੁੰਦਾ ਹੈ, ਉਥੇ ਸਿਰਦਰਦ, ਮਸੂੜਿਆਂ ਵਿਚੋਂ ਖ਼ੂਨ ਆਉਣਾ, ਮਾਸਪੇਸ਼ੀਆਂ ਵਿਚ ਦਰਦ, ਉਲਟੀਆਂ ਆਉਣਾ ਆਦਿ ਹੋ ਸਕਦੇ ਹਨ।ਇਸ ਤੋਂ ਬਚਾਅ ਲਈ ਆਪਣੇ ਸਰੀਰ ਨੂੰ ਪੂਰੀ ਤਰਾਂ ਕਵਰ ਕਰ ਕੇ ਰੱਖਣਾ ਚਾਹੀਦਾ ਹੈ।ਡੇਂਗੂ ਬੁਖ਼ਾਰ ਦਾ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਮੁਫ਼ਤ ਕੀਤਾ ਜਾਦਾ ਹੈ।ਕੂਲਰਾਂ, ਫਰਿੱਜਾਂ, ਗਮਲਿਆਂ ਕੰਟੇਨਰਾਂ ਆਦਿ ਵਿਚੋਂ ਲਾਰਵਾ ਚੈੱਕ ਕੀਤਾ ਗਿਆ।ਮਿਲੇ ਲਾਰਵੇ ਨੂੰ ਮੌਕੇ 'ਤੇ ਹੀ ਨਸ਼ਟ ਕਰਵਾਇਆ ਗਿਆ।ਇਸ ਮੌਕੇ ਐਂਟੀ ਲਾਰਵਾ ਬ੍ਰਾਂਚ ਤੋਂ ਮਨਜਿੰਦਰ ਸਿੰਘ, ਜਸਪਿੰਦਰ ਸਿੰਘ ਪ੍ਰਦੀਪ ਸਿੰਘ ਆਦਿ ਹਾਜ਼ਰ ਸਨ।



## ਆਂਗਣਵਾੜੀ ਵਰਕਰਾਂ ਨੇ ਡੀ ਸੀ ਨੂੰ ਸੌਂਪਿਆ ਮੰਗ ਪੱਤਰ

ਛੇਹਰਟਾ, (ਮਨੋਜ ਕੁਮਾਰ): ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ ਵੱਲੋਂ ਜ਼ਿਲ੍ਹਾ ਪ੍ਰਧਾਨ ਗੁਰਮਿੰਦਰ ਕੌਰ ਦੀ ਅਗਵਾਈ ਹੇਠ ਡੀਸੀ ਅੰਮ੍ਰਿਤਸਰ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਮੰਗ ਪੱਤਰ ਵਿਚ ਮੰਗ ਕੀਤੀ ਗਈ ਹੈ ਕਿ ਸਾਲ 2018 ਵਿਚ ਵਰਕਰਾਂ ਨੂੰ ਮੋਬਾਈਲ ਫੋਨ ਦਿੱਤੇ ਜਾਣੇ ਸਨ, ਲੇਕਿਨ ਪੰਜ ਸਾਲ ਬੀਤ ਜਾਣ ਤੋਂ ਬਾਅਦ ਵੀ ਦਿੱਤੇ ਨਹੀਂ ਗਏ। ਜਦੋਂਕਿ ਇਨ੍ਹਾਂ ਫੋਨਾਂ ਦਾ ਪੰਜਾਬ ਸਰਕਾਰ ਵੱਲੋਂ ਸਾਰਾ ਪੈਸਾ ਵਿਭਾਗ ਨੂੰ ਦਿੱਤਾ ਗਿਆ ਹੈ। ਬੀਐੱਲਓ ਡਰੱਗ ਸਰਵੇ ਆਦਿ ਵਰਗੇ ਹੋਰ ਕੰਮ ਮੁਲਾਜ਼ਮਾਂ ਨੂੰ ਪੰਜ-ਛੇ ਮਹੀਨੇ ਲਈ ਦਿੱਤੇ ਜਾ ਰਹੇ ਹਨ, ਜੋ ਕਿ ਬਹੁਤ ਗਲਤ ਹੈ। ਆਂਗਣਵਾੜੀ ਵਰਕਰਾਂ ਦਾ ਮੋਬਾਈਲ ਭੱਤਾ 2000 ਰੁਪਏ ਹੈ। ਉਨ੍ਹਾਂ ਦੱਸਿਆ ਕਿ 13 ਮਹੀਨੇ ਦੇ ਹਿਸਾਬ ਨਾਲ ਇਕ ਮਹੀਨੇ ਦਾ ਮੋਬਾਈਲ ਭੱਤਾ ਸਿਰਫ਼ 153 ਰੁਪਏ 80 ਪੈਸੇ ਬਣਦਾ ਹੈ। ਇੰਨੇ ਪੈਸਿਆਂ ਵਿਚ ਦੇਸ਼ ਦੀ ਕੋਈ ਵੀ ਕੰਪਨੀ ਮੋਬਾਈਲ ਫੋਨ ਰਿਚਾਰਜ਼ ਨਹੀਂ ਕਰਦੀ। ਆਂਗਣਵਾੜੀ ਵਰਕਰਾਂ ਨੂੰ ਇਸ ਕੰਮ ਲਈ ਵਿਭਾਗ ਵੱਲੋਂ ਫੋਨ ਵੀ ਨਹੀਂ ਦਿੱਤੇ ਜਾਂਦੇ। ਫਿਰ ਵੀ ਆਂਗਣਵਾੜੀ ਵਰਕਰਾਂ ਲੰਮੇ ਸਮੇਂ ਤੋਂ ਆਪਣੇ ਨਿੰਜੀ ਮੋਬਾਈਲ ਫੋਨਾਂ ਤੋਂ ਹੀ ਕੰਮ ਕਰ ਰਹੀਆਂ ਹਨ। ਇਨ੍ਹਾਂ ਕੰਮਾਂ ਵਿਚ ਹਾਜ਼ਰੀ ਲਾਉਣੀ, ਵੇਟ ਚੈਕ ਕਰਨਾ ਤੇ ਉਨ੍ਹਾਂ ਦੀਆਂ ਰਿਪੋਰਟਾਂ ਭੇਜਣੀਆਂ, ਇਕ ਹੋਰ ਨਵੀਂ ਸਕੀਮ 'ਮਾਵਾਂ ਧੀਆਂ ਦਾ ਸਤਿਕਾਰ' ਯੋਜਨਾ ਵੀ ਉਨ੍ਹਾਂ ਨੂੰ ਸੌਂਪੀ ਜਾ ਰਹੀ ਹੈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਉਨ੍ਹਾਂ ਨੂੰ ਦੱਸੇ ਕਿ ਇਹ ਸਕੀਮ ਮੋਬਾਈਲ ਫੋਨਾਂ ਤੋਂ ਬਿਨਾਂ ਕਿਵੇਂ ਲਾਗੂ ਕੀਤੀ ਜਾ ਸਕਦੀ ਹੈ।

ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਬਲਜਿੰਦਰ ਕੌਰ, ਜ਼ਿਲ੍ਹਾ ਕੈਸ਼ੀਅਰ ਜਸਪਾਲ ਕੌਰ, ਪਰਮਿੰਦਰ ਕੌਰ, ਨਿਰਮਲ ਕੌਰ, ਰਾਜਵੀਰ ਕੌਰ ਰਈਆ, ਜਸਵਿੰਦਰ ਕੌਰ, ਜਗਜੀਤ ਕੌਰ ਅਜਨਾਲਾ, ਸੰਦੀਪ ਕੌਰ ਹਰਸ਼ਾ ਛੀਨਾ, ਜਨਕ ਮਜੀਠਾ, ਸ਼ਿਲਪਾ, ਰਜਵੰਤ ਕੌਰ ਆਦਿ ਹਾਜ਼ਰ ਸਨ।



## ਚੇਅਰਮੈਨ ਚੀਮਾ ਨੇ ਨਹਿਰੀ ਨਵੀਨੀਕਰਨ ਪ੍ਰੋਜੈਕਟ ਦਾ ਲਿਆ ਜਾਇਜ਼ਾ

ਪੱਟੀ, (ਬਲਦੇਵ ਸਿੰਘ ਸੰਧੂ)-ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ ਨੇ ਹਲਕਾ ਪੱਟੀ ਵਿਖੇ ਨਹਿਰੀ ਨਵੀਨੀਕਰਨ ਦੇ ਚੱਲ ਰਹੇ ਪ੍ਰੋਜੈਕਟ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਦੱਸਿਆ ਕਿ ਰਸੂਲਪੁਰ ਡਿਸਟ੍ਰੀਬਿਊਟਰੀ ਦੇ ਆਰ.ਡੀ. 0 ਤੋਂ 97884 (ਲੱਗਭਗ 30 ਕਿਲੋਮੀਟਰ) ਤੱਕ ਲਾਈਨਿੰਗ ਦਾ 15 ਕਰੋੜ ਦੀ ਲਾਗਤ ਨਾਲ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜੋ ਕਿ ਹਲਕਾ ਪੱਟੀ ਅਤੇ ਹਲਕਾ ਖੇਮਕਰਨ ਦੇ ਦੇ ਕਿਸਾਨਾਂ ਲਈ ਵਰਦਾਨ ਸਾਬਤ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਪਾਣੀ ਦੀ ਬੱਚਤ ਕਰਨਾ, ਰਿਸਾਅ ਨੂੰ ਘਟਾਉਣਾ ਅਤੇ ਸਿੰਚਾਈ ਪ੍ਰਨਾਲੀ ਨੂੰ ਹੋਰ ਕੁਸ਼ਲ ਬਣਾਉਣਾ ਹੈ।ਉਨ੍ਹਾਂ ਦੱਸਿਆ ਕਿ ਇਸ ਲਾਈਨਿੰਗ ਕਾਰਜ ਨਾਲ ਲੱਗਭਗ 45,000 ਏਕੜ ਖੇਤੀਬਾੜੀ ਜ਼ਮੀਨ ਨੂੰ ਸਿੱਧਾ ਲਾਭ ਪ੍ਰਾਪਤ ਹੋਵੇਗਾ। ਉਨ੍ਹਾਂ ਕਿਹਾ ਕਿ ਪਾਣੀ ਦੀ ਸਮੇਂ ਸਿਰ ਅਤੇ ਬਰਾਬਰ ਵੰਡ ਨਾਲ ਕਿਸਾਨਾਂ ਦੀ ਉਤਪਾਦਕਤਾ ਵਿਚ ਵਾਧਾ ਹੋਵੇਗਾ ਅਤੇ ਫ਼ਸਲਾਂ ਦੀ ਗੁਣਵੱਤਾ ਵੀ ਸੁਧਰੇਗੀ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਦੇ ਅਧੀਨ ਰਸੂਲਪੁਰ ਡਿਸਟ੍ਰੀਬਿਊਟਰੀ ਨਾਲ ਜੁੜੇ ਕਈ ਪਿੰਡਾਂ ਨੂੰ ਲਾਭ ਮਿਲੇਗਾ, ਜਿਨ੍ਹਾਂ ਵਿਚ ਪੱਟੀ ਹਲਕੇ ਦੇ ਲੌਹੁਕਾ, ਕੈਰੋਂ ,ਬਾਹਮਣੀ ਵਾਲਾ,ਪੱਟੀ ਸ਼ਹਿਰ ਦਾ ਰਕਬਾ, ਠੱਕਰਪੁਰਾ, ਚੂਸਲੇਵੜ੍ਹ, ਧਾਰੀਵਾਲ, ਭੱਗੂਪੁਰ, ਚੀਮਾ ਕਲਾਂ, ਸੈਦੋ, ਬਰਵਾਲਾ, ਜੌੜ ਸਿੰਘ ਵਾਲਾ, ਦੁੱਬਲੀ, ਕਾਲੇਕੇ ਅਤੇ ਹਲਕਾ ਵਲਟੋਹਾ ਦੇ ਬਹੁਤ ਸਾਰੇ ਪਿੰਡ ਸ਼ਾਮਿਲ ਹਨ, ਜਿੱਥੋਂ ਦੇ ਕਿਸਾਨਾਂ ਨੂੰ ਪਾਣੀ ਦੀ ਉਪਲਬੱਧਤਾ ਵਿਚ ਸੁਧਾਰ ਦੇ ਨਾਲ-ਨਾਲ ਖੇਤੀ ਦੀ ਲਾਗਤ ਘਟਣ ਅਤੇ ਆਮਦਨ ਵਿਚ ਵਾਧਾ ਹੋਣ ਦੀ ਉਮੀਦ ਹੈ।ਇਸ ਮੌਕੇ ਐਕਸੀਅਨ ਦਿਲਪ੍ਰੀਤ ਸਿੰਘ, ਐੱਸਡੀਓ ਮੁਕੇਸ਼ ਅਤੇ ਹੋਰ ਹਾਜ਼ਰ ਸਨ।



## ਸ੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਕੱਲ੍ਹ ਤੋਂ



ਧਾਰੀਵਾਲ, (ਮਨਦੀਪ ਵਿੱਕੀ)-ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ, ਬਾਣੀ ਕੇ ਬੋਹਿਥ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੀ ਲੜੀ ਕੱਲ ਤੋਂ ਆਰੰਭ ਹੋ ਰਹੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਧਾਰੀਵਾਲ ਦੇ ਮੁੱਖ ਸੇਵਾਦਾਰ ਡਾਕਟਰ ਗੁਰਜਿੰਦਰ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਰੋਜ਼ਾਨਾ ਹੀ 18 ਜੂਨ ਸ਼ਹੀਦੀ ਗੁਰਪੁਰਬ ਤੱਕ ਚਲਣਗੇ ਜਿਸ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਤੋਂ ਇਲਾਵਾ ਭਾਈ ਜਗਰੂਪ ਸਿੰਘ ਕਲਿਆਣਪੁਰ ਰੋਜ਼ਾਨਾ ਹੀ ਕਥਾ ਦੁਆਰਾ ਸੰਗਤਾਂ ਨੂੰ ਸਿੱਖੀ ਨਾਲ ਜੋੜਣਗੇ।ਕੱਲ ਦੇ ਸਮਾਗਮ ਦੀ ਸੇਵਾ ਭਾਈ ਹਰਭਜਨ ਸਿੰਘ ਭਾਟੀਆ ਦੇ ਪਰਿਵਾਰ ਵਲੋਂ ਹੋਵੇਗੀ।ਸਮਾਗਮਾਂ ਦਾ ਸਮਾਂ ਸ਼ਾਮ 2:30 ਵਜੇ ਤੋਂ 5:30 ਵਜੇ ਤੱਕ ਹੋਵੇਗਾ ਜੀ 14 ਜੂਨ ਦਿਨ ਐਤਵਾਰ ਨੂੰ ਮਹਾਨ ਸ਼ਹੀਦੀ ਨਗਰ ਕੀਰਤਨ ਸਜਾਇਆ ਜਾਵੇਗਾ।ਆਪ ਸਰਬੱਤ ਇਲਾਕਾ ਨਿਵਾਸੀ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਨੇ ਰੋਜ਼ਾਨਾ ਹੀ ਇਸ ਮਹਾਨ ਮਹਾਂ ਪਵਿੱਤਰ ਲੜੀ ਵਿੱਚ ਪਰਿਵਾਰ ਸਮੇਤ ਹਾਜ਼ਰੀਆਂ ਭਰ ਕੇ ਆਪਣੇ ਜੀਵਨ ਦੀਆਂ ਘੜੀਆਂ ਸਫਲ ਕਰਨੀਆਂ।

## ਬੀ ਡੀ ਓ ਹਰਜੀਤ ਸਿੰਘ ਨੇ ਪਿੰਡ ਵਾਸੀਆਂ ਨੂੰ ਕੂੜੇ ਵਾਲਾ ਡੰਪ ਕਿਸੇ ਹੋਰ ਥਾਂ ਬਣਾਉਣ ਦਾ ਦਿੱਤਾ ਭਰੋਸਾ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਇਤਿਹਾਸਕ ਗੁਰਦੁਆਰਾ ਬੀਬੀ ਵੀਰੋ ਜੀ ਅਤੇ ਗੁਰਦੁਆਰਾ ਮਾਤਾ ਭਾਗ ਕੌਰ ਜੀ ਨੂੰ ਜਾਣ ਵਾਲੇ ਪਵਿੱਤਰ ਰਸਤੇ ਵਿੱਚ ਬਣਾਏ ਗਏ ਕੂੜੇ ਦੇ ਡੰਪ ਅਤੇ ਝਬਾਲ ਦੀਆਂ ਪੰਚਾਇਤਾਂ ਦੀ ਪੰਚਾਇਤੀ ਜ਼ਮੀਨ ਨਾਲ ਸੰਬੰਧਿਤ ਮਸਲੇ ਨੂੰ ਲੈ ਕੇ ਕੁਝ ਦਿਨ ਪਹਿਲਾਂ ਇਲਾਕਾ ਨਿਵਾਸੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਏਡੀਸੀ ਨੂੰ ਮੰਗ ਪੱਤਰ ਦਿੱਤਾ ਗਿਆ ਸੀ।ਮੰਗ ਪੱਤਰ ਵਿੱਚ ਧਾਰਮਿਕ ਅਸਥਾਨਾਂ ਦੇ ਦਰਮਿਆਨ ਬਣੇ ਡੰਪ ਕਾਰਨ ਪੈਦਾ ਹੋ ਰਹੀਆਂ ਦਿਕਤਾਂ ਅਤੇ ਪੰਚਾਇਤੀ ਜ਼ਮੀਨ ਦੇ ਸਹੀ ਉਪਯੋਗ ਬਾਰੇ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ।ਇਸ ਸੰਬੰਧ ਵਿੱਚ ਬੀਡੀਓ.ਹਰਜੀਤ ਸਿੰਘ ਵੱਲੋਂ ਨਿਰਧਾਰਿਤ ਸਮੇਂ ਅਨੁਸਾਰ ਮੌਕੇ 'ਤੇ ਪਹੁੰਚ ਕੇ ਡੰਪ ਵਾਲੀ ਜਗ੍ਹਾ ਦਾ ਜਾਇਜ਼ਾ ਲਿਆ ਗਿਆ ਅਤੇ ਸਥਿਤੀ ਦੀ ਪੂਰੀ ਜਾਣਕਾਰੀ ਪ੍ਰਾਪਤ ਕੀਤੀ ਗਈ। ਉਨ੍ਹਾਂ ਵੱਲੋਂ ਸੰਗਤ ਅਤੇ ਪਿੰਡ ਵਾਸੀਆਂ ਨੂੰ ਭਰੋਸਾ ਦਵਾਇਆ ਗਿਆ ਕਿ ਇਸ ਮਾਮਲੇ ਨੂੰ ਜਲਦੀ ਹੀ ਉਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਡੰਪ ਦੀ ਮੌਜੂਦਾ ਜਗ੍ਹਾ ਨੂੰ ਬਦਲਣ ਲਈ ਉਚਿਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਬੀਡੀਓ ਹਰਜੀਤ ਸਿੰਘ ਨੂੰ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਗੁਰਦੁਆਰਾ ਮਾਤਾ ਭਾਗ ਕੌਰ ਜੀ ਦੇ ਮੁੱਖ ਸੇਵਾਦਾਰ ਬਾਬਾ ਗੁਰਸੇਵਕ ਸਿੰਘ, ਸੀਨੀਅਰ ਅਕਾਲੀ ਆਗੂ ਪੂਰਨ ਸਿੰਘ,ਪ੍ਰੋ. ਭੁਪਿੰਦਰ ਸਿੰਘ ਸਵਰਗਾਪੁਰੀ, ਭਾਈ ਮਨਜੀਤ ਸਿੰਘ ਝਬਾਲ, ਕਾਂਗਰਸ ਦੇ ਵਾਈਸ ਪ੍ਰਧਾਨ ਰਮਨ ਕੁਮਾਰ, ਸਮਾਜ ਸੇਵੀ ਵਿਕਰਮ ਸਿੰਘ ਢਿੱਲੋਂ, ਸਾਬਕਾ ਸਰਪੰਚ ਨਰਿੰਦਰ ਪੱਪਾ, ਕਾਮਰੇਡ ਦਵਿੰਦਰ ਸੋਹਲ, ਸਾਬਕਾ ਸਰਪੰਚ ਹਰਦਿਆਲ ਸਿੰਘ ਝਬਾਲ, ਸਾਬਕਾ ਸਰਪੰਚ ਪ੍ਰੀਤਇੰਦਰ ਸਿੰਘ ਚੀਨੀਆ, ਹਰਪਾਲ ਸਿੰਘ ਠੱਠਗੜ੍ਹ, ਸੁਖਦੇਵ ਸਿੰਘ ਝਬਾਲ ਖੁਰਦ, ਸਾਬ ਸਿੰਘ ਹੀਰਾਪੁਰ, ਕਾਮਰੇਡ ਕੁਲਦੀਪ ਸਿੰਘ ਝਬਾਲ, ਮੈਂਬਰ ਪੰਚਾਇਤ ਜਤਿੰਦਰ ਸਿੰਘ ਰੂਬੀ, ਮੈਂਬਰ, ਸਰਵਣ ਸਿੰਘ, ਮੈਂਬਰ ਗੁਰਜੰਟ ਸਿੰਘ, ਗੁਰਸਿੰਦਰ ਸਿੰਘ ਭੱਟੀ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਦੇ ਲੋਕ ਹਾਜ਼ਰ ਸਨ।



## ਉੱਤਰਾਖੰਡ ਦੇ ਰਾਜਪਾਲ ਨੇ ਗੁ. ਗੁਰੂਆਣਾ ਸਾਹਿਬ ਵਿਖੇ ਮੱਥਾ ਟੇਕਿਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਉੱਤਰਾਖੰਡ ਦੇ ਮਾਨਯੋਗ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ ਜਲਾਲ ਉਸਮਾ ਨੇ ਮੀਰੀ ਪੀਰੀ ਦੇ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂਆਣਾ ਸਾਹਿਬ ਵੈਰੋਨੰਗਲ ਵਿਖੇ ਮੱਥਾ ਟੇਕਿਆ। ਰਹਿਤ ਮਰਯਾਦਾ ਅਨੁਸਾਰ ਉਨ੍ਹਾਂ ਨੇ ਕੜਾਹ ਪ੍ਰਸ਼ਾਦ ਦੀ ਦੇਗ ਅਤੇ ਲੂਣ, ਝਾੜੂ ਮਾਂਝਾ ਭੇਟ ਕੀਤਾ ।ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਬਲਵੀਰ ਸਿੰਘ ਸੂਰੋ ਪੱਡਾ ਅਤੇ ਮੈਨੇਜਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਗੁਰਵਿੰਦਰ ਪਾਲ ਸਿੰਘ ਗੋਰਾ ਨੇ ਸਿਰੀ ਸਾਹਿਬ, ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ।ਇਸ ਮੌਕੇ ਉਨ੍ਹਾਂ ਦੇ ਨਾਲ ਨੌਜਵਾਨ ਆਗੂ ਸੁਖਜੀਤ ਸਿੰਘ ਮਾਨ ਜਲਾਲ ਉਸਮਾ, ਡਾਕਟਰ ਅਜੈਪਾਲ ਸਿੰਘ ਰੰਧਾਵਾ ਜਲਾਲ ਉਸਮਾ, ਮਾਸਟਰ ਗੁਰਪ੍ਰੀਤ ਸਿੰਘ ਰੰਧਾਵਾ ਜਲਾਲ ਉਸਮਾ, ਚੇਅਰਮੈਨ ਕੰਵਰਦੀਪ ਸਿੰਘ ਮਾਨ, ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦੇ ਡਾਇਰੈਕਟਰ ਨਰਿੰਦਰ ਸਿੰਘ ਬਾਠ, ਚੇਅਰਮੈਨ ਰਾਜਵੰਤ ਕੌਰ ਬਾਠ ਆਦਿ ਹਾਜ਼ਰ ਸਨ।



## ਸੰਵਿਧਾਨ ਨੂੰ ਬਚਾਉਣਾ ਹੀ ਡਾ. ਅੰਬੇਡਕਰ ਨੂੰ ਸੱਚੀ ਸ਼ਰਧਾਂਜਲੀ: ਜਸਬੀਰ ਸਿੰਘ

ਝਬਾਲ (ਹਰਜਿੰਦਰ ਸਿੰਘ ਸੋਨੀ)-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਪਿੰਡ ਚਿਤੌੜਗੜ੍ਹ ਵਿਖੇ ਮਜ਼ਦੂਰਾਂ ਦੀ ਭਰਵੀਂ ਮੀਟਿੰਗ ਸਾਥੀ ਧੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਜਥੇਬੰਦੀ ਦੇ ਸੂਬਾਈ ਆਗੂ ਜਸਬੀਰ ਸਿੰਘ ਝਬਾਲ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਭਾਰਤੀ ਸੰਵਿਧਾਨ ਨੂੰ ਤੋੜਨ ਦਾ ਯਤਨ ਕਰ ਰਹੀ ਹੈ।ਜਿਵੇਂ ਮਜ਼ਦੂਰਾਂ ਦੇ ਹੱਕਾਂ ਦੇ ਕਾਨੂੰਨ ਮਨਰੇਗਾ ਲੇਬਰ ਕਾਨੂੰਨ, ਬਿਜਲੀ ਸੋਧ ਬਿੱਲ ਕਾਨੂੰਨ ਆਦਿ ਵਿੱਚ ਬਦਲਾਅ ਕਰਕੇ ਮਜ਼ਦੂਰਾਂ ਦੇ ਹੱਕਾਂ 'ਤੇ ਡਾਕਾ ਮਾਰ ਰਹੀ ਹੈ।ਮਨਰੇਗਾ ਕਾਨੂੰਨ ਦੀ ਬਹਾਲੀ ਲਈ 15 ਮਈ ਨੂੰ ਜਥੇਬੰਦੀ ਪੂਰੇ ਭਾਰਤ ਵਿੱਚ ਮਨਰੇਗਾ ਕਾਮਿਆਂ ਦੀ ਹੜਤਾਲ ਕਰਕੇ ਪੇਂਡੂ ਮਜ਼ਦੂਰਾਂ ਨੂੰ ਜਥੇਬੰਦ ਕਰਕੇ ਸੰਘਰਸ਼ਾਂ ਦਾ ਪਿੜ ਮੱਲੇਗੀ।ਮਜ਼ਦੂਰਾਂ ਦੇ ਹੱਕਾਂ ਲਈ ਸੰਘਰਸ਼ ਕਰਨਾ ਹੀ ਡਾ. ਭੀਮ ਰਾਓ ਅੰਬੇਡਕਰ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਮੀਟਿੰਗ ਨੂੰ ਸਾਥੀ ਧੀਰ ਸਿੰਘ ਅਤੇ ਬੰਟੀ ਨੇ ਸੰਬੋਧਨ ਕਰਦਿਆਂ ਖੇਤ ਮਜ਼ਦੂਰਾਂ ਨੂੰ ਆਪਣੇ ਲੋਕਲ ਮਸਲਿਆਂ 'ਤੇ ਜਥੇਬੰਦੀ ਨੂੰ ਮਜ਼ਬੂਤ ਕਰਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ ਅਤੇ 15 ਮਈ ਨੂੰ ਪਿੰਡਾਂ ਵਿੱਚ ਮਨਰੇਗਾ ਵਰਕਰਾਂ ਨੂੰ ਸੰਪੂਰਨ ਹੜਤਾਲ ਕਰਨ ਅਤੇ ਜਥੇਬੰਦੀ ਦੀ ਮੈਂਬਰਸ਼ਿਪ ਕਰਨ ਦਾ ਹੋਕਾ ਦਿੱਤਾ ਗਿਆ।



## ਗੁ: ਸ੍ਰੀ ਕੋਤਵਾਲੀ ਸਾਹਿਬ ਵਿਖੇ ਧਾਰਮਿਕ ਸਮਾਗਮ ਅੱਜ

ਮੋਰਿੰਡਾ (ਨਿਹਾਲ ਸਿੰਘ ਕਲਸੀ)-ਡੇਰਾ ਕਾਰ ਸੇਵਾ ਮੋਰਿੰਡਾ ਵਲੋਂ ਪੰਥ ਰਤਨ ਜਥੇਦਾਰ ਬਾਬਾ ਹਰਬੰਸ ਸਿੰਘ ਕਾਰ ਸੇਵਾ ਦਿੱਲੀ ਵਾਲਿਆਂ ਦੀ ਯਾਦ 'ਚ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ 21 ਅਪ੍ਰੈਲ ਨੂੰ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਸੁਰਿੰਦਰ ਸਿੰਘ ਕਾਰ ਸੇਵਾ ਦਿੱਲੀ ਵਾਲਿਆਂ ਨੇ ਦੱਸਿਆ ਹੈ ਕਿ ਪੰਥ ਰਤਨ ਜਥੇਦਾਰ ਬਾਬਾ ਹਰਬੰਸ ਸਿੰਘ ਦੀ ਯਾਦ ਵਿੱਚ ਅੱਜ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ ਗਏ ਹਨ। ਜਿਸ ਦਾ ਭੋਗ 21 ਅਪ੍ਰੈਲ ਨੂੰ ਸਵੇਰੇ 9 ਵਜੇ ਪਾਏ ਜਾਣਗੇ।

ਉਪਰੰਤ ਪ੍ਰਸਿੱਧ ਰਾਗੀ ਸੇਵਕ ਸਿੰਘ ਕੰਵਲ ਆਪਣੇ ਜਥੇ ਸਮੇਤ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।

## ਸਤਲੁਜ ਪਬਲਿਕ ਸਕੂਲ 'ਚ ਅੱਠਵੀ ਕਲਾਸ ਦਾ ਨਤੀਜਾ ਸੌ ਫ਼ੀਸਦੀ

ਪੱਟੀ, (ਬਲਦੇਵ ਸਿੰਘ ਸੰਧੂ)-ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ 'ਚ ਅੱਠਵੀ ਕਲਾਸ ਦਾ ਨਤੀਜਾ 100 ਪ੍ਰਤੀਸ਼ਤ ਰਿਹਾ।ਸਕੂਲ ਦੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿਚ ਪਾਸ ਹੋਏ।ਲੜਕੀਆਂ ਅਨੁਰੀਤ ਕੌਰ ਨੇ 95.5 ਪ੍ਰਤੀਸ਼ਤ ਅੰਕ ਹਾਸਲ ਕਰਕੇ ਪਹਿਲੇ ਸਥਾਨ ਤੇ ਰਹੀ। ਸੁਖਮਨਪ੍ਰੀਤ ਕੌਰ 93.5 ਪ੍ਰਤੀਸ਼ਤ ਅੰਕ ਹਾਸਲ ਕਰਕੇ ਦੂਸਰੇ ਸਥਾਨ ਤੇ ਹਰਪ੍ਰੀਤ ਕੌਰ 92.6 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਮੈਨੇਜਮੈਂਟ ਮੈਂਬਰ ਹਰਬੀਰ ਸਿੰਘ ਗਿੱਲ, ਪ੍ਰਿੰਸੀਪਲ ਮੈਡਮ ਰਾਜਬੀਰ ਕੌਰ, ਵਾਈਸ ਪ੍ਰਿੰਸੀਪਲ ਦਲਬੀਰ ਕੌਰ ਤੇ ਯਾਦਵਿੰਦਰ ਸਿੰਘ ਵੱਲੋਂ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕਰਕੇ ਹੌਸਲਾ ਅਫਜ਼ਾਈ ਕੀਤੀ ਗਈ।ਬੱਚਿਆਂ ਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਭਵਿੱਖ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।



## ਅੰਮ੍ਰਿਤਸਰ ਪ੍ਰੈੱਸ ਕਲੱਬ ਦੀਆਂ ਚੋਣਾਂ 'ਚ ਰਾਜੇਸ਼ ਗਿੱਲ ਦਾ ਧੜਾ ਰਿਹਾ ਜੇਤੂ

ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)-ਹਾਲ ਹੀ ਵਿੱਚ ਦਿ ਅੰਮ੍ਰਿਤਸਰ ਪ੍ਰੈੱਸ ਕਲੱਬ ਦੀਆਂ ਹੋਈਆਂ ਚੋਣਾਂ ਵਿੱਚ ਰਾਜੇਸ਼ ਗਿੱਲ ਦੇ ਧੜੇ ਨੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕੀਤੀ ਹੈ।

ਇਤਿਹਾਸਕ ਨਗਰ ਬਾਬਾ ਬਕਾਲਾ ਸਾਹਿਬ ਤੋਂ ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਵੱਲੋਂ ਸਬ-ਡਵੀਜ਼ਨ ਦੇ ਪ੍ਰਧਾਨ ਸ: ਸ਼ਲਿੰਦਰਜੀਤ ਸਿੰਘ ਰਾਜਨ ਦੀ ਅਗਵਾਈ ਹੇਠ 30 ਦੇ ਲੱਗਭਗ ਪੱਤਰਕਾਰਾਂ ਨੇ ਉਕਤ ਚੋਣਾਂ ਵਿੱਚ ਸ਼ਮੂਲੀਅਤ ਕੀਤੀ ਅਤੇ ਰਾਜੇਸ਼ ਗਿੱਲ ਧੜੇ ਦੇ ਹੱਕ ਵਿੱਚ ਵੋਟ ਪਾਈ। ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਸਬ-ਡਵੀਜ਼ਨ ਬਾਬਾ ਬਕਾਲਾ ਸਾਹਿਬ ਵੱਲੋਂ ਨਵੇਂ ਚੁਣੇ ਗਏ ਸਰਪ੍ਰਸਤ ਸ: ਜਸਵੰਤ ਸਿੰਘ ਜੱਸ, ਪ੍ਰਧਾਨ ਰਜੇਸ਼ ਗਿੱਲ, ਜਨਰਲ ਸਕੱਤਰ ਸ: ਰੇਸ਼ਮ ਸਿੰਘ, ਸਕੱਤਰ ਰਾਜਿੰਦਰ ਸਿੰਘ ਰੂਬੀ, ਸੀਨੀਅਰ ਮੀਤ ਪ੍ਰਧਾਨ ਵਿਪਨ ਰਾਣਾ, ਮੀਤ ਪ੍ਰਧਾਨ ਵਿਕਰਮਜੀਤ ਸ਼ਰਮਾ, ਕੈਸ਼ੀਅਰ ਰਮਨ ਸ਼ਰਮਾ, ਜੁਆਇੰਟ ਸੈਕਟਰੀ ਹਰਮੀਤ ਸਿੰਘ ਸਮੇਤ ਸਭ ਅਹੁਦੇਦਾਰਾਂ ਨੂੰ ਹਾਰਦਿਕ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਪ੍ਰੈੱਸ ਕਲੱਬ ਦੀ ਹੋਰ ਵੀ ਤਰੱਕੀ ਅਤੇ ਖੁਸ਼ਹਾਲੀ ਲਈ ਨਵੀਨ ਟੀਮ ਵੱਧ ਚੜ੍ਹ ਕੇ ਯਤਨਸ਼ੀਲ ਰਹੇਗੀ। ਇਸ ਮੌਕੇ ਸਬ-ਡਵੀਜ਼ਨ ਦੇ ਪ੍ਰਧਾਨ ਸ: ਸ਼ਲਿੰਦਰਜੀਤ ਸਿੰਘ ਰਾਜਨ, ਸੂਬਾ ਪ੍ਰਧਾਨ ਹਰਜੀਤਪ੍ਰੀਤ ਸਿੰਘ ਕੰਗ, ਅਤਰ ਸਿੰਘ ਤਰਸਿੱਕਾ, ਧਰਮਿੰਦਰ ਸਿੰਘ ਭਮਰਾ, ਜਗੀਰ ਸਿੰਘ ਸਫਰੀ, ਸੁਖਵਿੰਦਰ ਸਿੰਘ ਚਾਹਲ, ਕੈਪਟਨ ਸਿੰਘ ਮਹਿਤਾ, ਲੱਖਾ ਸਿੰਘ ਅਜ਼ਾਦ, ਪਰਮਜੀਤ ਸਿੰਘ ਰੱਖੜਾ, ਗੌਰਵ ਜੋਸ਼ੀ, ਬਲਵਿੰਦਰ ਸਿੰਘ ਅਠੌਲਾ, ਗੁਰਪ੍ਰੀਤ ਸਿੰਘ ਬਾਬਾ ਬਕਾਲਾ, ਵਿਸ਼ਵਜੀਤ ਸਿੰਘ, ਲੱਖਾ ਸਿੰਘ ਆਜ਼ਾਦ, ਸੁਸ਼ੀਲ ਅਰੋੜਾ, ਰਣਜੀਤ ਸਿੰਘ ਸੰਧੂ, ਸੰਦੀਪ ਸਹਿਗਲ, ਸੁਰਜੀਤ ਸਿੰਘ ਬੁਤਾਲਾ, ਜਸਪਾਲ ਸਿੰਘ ਗੱਗੜਭਾਣਾ, ਸਤਨਾਮ ਸਿੰਘ ਨੌਰੰਗਪੁਰੀ, ਨਿਰਮਲ ਸਿੰਘ ਸੰਘਾ, ਰਾਜਦੀਪ ਸਿੰਘ ਮਹਿਤਾ, ਬਾਬਾ ਸੁਖਵੰਤ ਸਿੰਘ ਚੰਨਣਕੇ, ਕਮਲਪ੍ਰੀਤ ਸਿੰਘ ਹੈਪੀ, ਸਕੱਤਰ ਸਿੰਘ ਪੁਰੇਵਾਲ, ਅਮਰਵੀਰ ਸਿੰਘ ਆਜ਼ਾਦ, ਬਲਜਿੰਦਰ ਸਿੰਘ ਖਿਲਚੀਆਂ, ਕਰਮਜੀਤ ਸਿੰਘ ਖਿਲਚੀਆਂ ਆਦਿ ਦੇ ਪੱਤਰਕਾਰ ਹਾਜ਼ਰ ਸਨ ।



## ਮੂਰਤੀ ਸਥਾਪਨਾ ਤੇ ਪ੍ਰਾਣ ਪ੍ਰਤਿਸ਼ਠਾ ਸਮਾਗਮ

ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਸ਼ਿਵਾਲਾ ਮੰਦਿਰ, ਸੰਨੀ ਇਨਕਲੇਵ ਫੇਜ਼ 3, ਰਾਮ ਤੀਰਥ ਰੋਡ ਵਿਖੇ ਮੂਰਤੀ ਸਥਾਪਨਾ ਤੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਕਰਵਾਇਆ ਗਿਆ। ਸਭ ਤੋਂ ਪਹਿਲਾਂ ਹਵਨ ਯੱਗ ਕੀਤਾ ਗਿਆ, ਜਿਸ ਤੋਂ ਬਾਅਦ ਮੂਰਤੀ ਸਥਾਪਨਾ ਅਤੇ ਪ੍ਰਾਣ ਪ੍ਰਤਿਸ਼ਠਾ ਕੀਤੀ ਗਈ।

ਇਸ ਸਮਾਗਮ ਵਿਚ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਹਿੱਸਾ ਲਿਆ। ਪ੍ਰਾਣ ਪ੍ਰਤਿਸ਼ਠਾ ਤੋਂ ਬਾਅਦ ਕੀਰਤਨ ਕੀਤਾ ਗਿਆ। ਸ਼ਰਧਾਲੂਆਂ ਲਈ ਫ਼ਲ, ਮਠਿਆਈਆਂ ਤੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਸ਼ੁੱਭ ਮੌਕੇ 'ਤੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਵਿਸ਼ੇਸ਼ ਤੌਰ 'ਤੇ ਪੁੱਜੇ ਸਨ ਅਤੇ ਮੰਦਰ ਕਮੇਟੀ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਮਾਜਸੇਵੀ ਅਸ਼ਵਨੀ ਜੋਸ਼ੀ, ਆਚਾਰੀਆ ਵਿਨੋਦ ਕੁਮਾਰ, ਮਨੀਕਰਨ ਸ਼ਰਮਾ, ਐਡਵੋਕੇਟ ਮੇਘਾ ਬਾਲੀ, ਵਿਜੇ ਰਾਣਾ, ਪੂਰਨ ਸਿੰਘ, ਹੀਰਾ ਲਾਲ, ਦੀਪਾਂਸ਼ੀ, ਵਿੱਕੀ, ਵਿਕਰਮਜੀਤ ਰਾਮਪਾਲ, ਨਰਿੰਦਰ ਰਾਮਪਾਲ, ਕਪਿਸ਼ ਖੇਮਕਾ, ਸਿਧਾਰਥ ਅਗਰਵਾਲ, ਹੀਰਾ ਲਾਲ ਤੇ ਮੰਦਰ ਕਮੇਟੀ ਦੇ ਸਮੂਹ ਮੈਂਬਰ ਹਾਜ਼ਰ ਸਨ।




**Capital Small Finance Bank Ltd.**

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਜਾਇਦਾਦ ਵਿਕਰੀ ਨੋਟਿਸ**

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।
ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 11.05.2026 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | 1. ਮੈਸਰਜ਼ ਨਰੇਸ਼ ਕੁਮਾਰ ਐਂਡ ਸੰਨਜ਼, ਡਬਲਯੂ ਆਰ 278 ਵਿਖੇ ਸਥਿਤ, ਨੇੜੇ ਗੌਰਮਿੰਟ ਗਰਲਜ਼ ਸਕੂਲ, ਬਸਤੀ ਸ਼ੇਖ, ਜਲੰਧਰ ਰਾਹੀਂ ਇਸੇ ਦੇ ਮਾਲਕ ਸ੍ਰੀ ਨਰੇਸ਼ ਕੁਮਾਰ (ਕਰਜ਼ਦਾਰ) 2. ਸ੍ਰੀ ਨਰੇਸ਼ ਕੁਮਾਰ ਪੁੱਤਰ ਰੋਸ਼ਨ ਲਾਲ ਵਾਸੀ ਡਬਲਯੂ ਆਰ 278 ਵਿਖੇ ਸਥਿਤ, ਨੇੜੇ ਗੌਰਮਿੰਟ ਗਰਲਜ਼ ਸਕੂਲ, ਬਸਤੀ ਸ਼ੇਖ, ਜਲੰਧਰ (ਮਾਲਕ ਮੈਸਰਜ਼ ਨਰੇਸ਼ ਕੁਮਾਰ ਐਂਡ ਸੰਨਜ਼) 3. ਸ੍ਰੀ ਲੇਖ ਰਾਜ ਪੁੱਤਰ ਸ੍ਰੀ ਨਰੇਸ਼ ਕੁਮਾਰ ਵਾਸੀ ਵਾਸੀ ਡਬਲਯੂ ਆਰ 278 ਵਿਖੇ ਸਥਿਤ, ਨੇੜੇ ਗੌਰਮਿੰਟ ਗਰਲਜ਼ ਸਕੂਲ, ਬਸਤੀ ਸ਼ੇਖ, ਜਲੰਧਰ (ਗਰੰਟਰ) 4. ਸ੍ਰੀਮਤੀ ਵਰਸ਼ਾ ਰਾਣੀ ਪਤਨੀ ਨਰੇਸ਼ ਕੁਮਾਰ ਵਾਸੀ ਡਬਲਯੂ ਆਰ 278 ਵਿਖੇ ਸਥਿਤ, ਨੇੜੇ ਗੌਰਮਿੰਟ ਗਰਲਜ਼ ਸਕੂਲ, ਬਸਤੀ ਸ਼ੇਖ, ਜਲੰਧਰ (ਗਰੰਟਰ) |
| ਬਕਾਇਆ ਰਾਸ਼ੀ (17.04.26 ਨੂੰ) OD/025400000155 WCTL(ECLGS)/ 025612000136 | ਰੁਪਏ 16,98,891 (ਮਿਤੀ 01.04.2026 ਤੋਂ ਲਾਗੂ ਭਵਿੱਖੀ ਵਿਆਜ ਤੋਂ ਬਿਨਾਂ) |
| ਜਾਇਦਾਦ ਦਾ ਵੇਰਵਾ | ਅਚੱਲ ਜਾਇਦਾਦ ਦਾ ਉਚਿੱਤ ਗਿਰਵੀਨਾਮਾ :-ਬੈਨਾਮਾ ਨੰ. 2644 ਮਿਤੀ 12.07.2017 ਅਨੁਸਾਰ ਸ੍ਰੀਮਤੀ ਵਰਸ਼ਾ ਰਾਣੀ ਪਤਨੀ ਨਰੇਸ਼ ਕੁਮਾਰ ਦੀ ਮਲਕੀਅਤ ਜਾਇਦਾਦ ਰਕਬਾ 1.5 ਮਰਲੇ, ਅਬਾਦੀ ਚੇਤ ਵਿਹਾਰ ਵਿਖੇ ਸਥਿਤ, ਜਨਕ ਨਗਰ, ਬਸਤੀ ਸ਼ੇਖ, ਨੇੜੇ ਗੌਰਮਿੰਟ ਗਰਲਜ਼ ਸਕੂਲ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। |
| ਰਾਖਵੀਂ ਕੀਮਤ | ਰੁ. 8,00,000/- (ਰੁਪਏ ਅੱਠ ਲੱਖ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਿਟਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 11-05-2026 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਿਟਡ : ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ ਅਧਾਰ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ (ਰਕਮ ਬਿਆਨਾ) ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਿਟਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 11.05.2026 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫਤਰ ਵਿਜੇ ਨਗਰ, ਜਲੰਧਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਊਰਟਾਈਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 20.04.2026 ਅਧਿਕਾਰਤ ਅਫਸਰ


## ਵਿਸਾਖੀ ਨੂੰ ਸਮਰਪਿਤ ਸਤਿਸੰਗ ਸਮਾਗਮ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਵਿਸਾਖੀ ਨੂੰ ਸਮਰਪਿਤ ਸਤਿਸੰਗ ਸਮਾਗਮ ਰੱਖਿਆ ਗਿਆ, ਜਿਸ ਦੌਰਾਨ ਆਸ਼ੂਤੋਸ਼ ਮਹਾਰਾਜ ਦੇ ਪਰਮ ਸ਼ਿਸ਼ ਸਵਾਮੀ ਸੰਗਿਆਮਾਨੰਦ ਨੇ ਵਿਸਾਖੀ ਦੇ ਮਹੱਤਵ ਨੂੰ ਦੱਸਦਿਆਂ ਕਿਹਾ ਕਿ ਇਹ ਇੱਕ ਮਹਾਨ ਪਰਵ ਹੈ, ਇਸ ਦਿਨ ਹੀ 1699 ਈ: ਨੂੰ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਾਜਨਾ ਕੀਤੀ ਅਤੇ ਇਸ ਦਿਨ ਨੂੰ ਖਾਲਸਾ ਪੰਥ ਸਾਜਨਾ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ 5 ਪਿਆਰੇ ਸਾਜ ਕੇ ਮਾਨਵ ਦੇ ਅੰਦਰ ਮਾਨਵਤਾ ਨੂੰ ਬਚਾਉਣ ਲਈ ਉਨ੍ਹਾਂ 5 ਪਿਆਰਿਆ ਦੇ ਅੰਦਰ ਐਸੀ ਸ਼ਕਤੀ ਭਰ ਦਿੱਤੀ ਜੋ ਗਊ ਗਰੀਬ ਦੀ ਰੱਖਿਆ ਕਰੇ ਅਤੇ ਜੋ ਮਾਨਵਤਾ ਦੇ ਦੁਸ਼ਮਣ ਹਨ ਉਨ੍ਹਾਂ ਦੇ ਅੰਦਰੋਂ ਦਾਨਵੀ ਪ੍ਰਵਿਰਤੀ ਨੂੰ ਖਤਮ ਕਰ ਕੇ ਉਨ੍ਹਾਂ ਅੰਦਰ ਵੀ ਮਾਵਨਤਾ ਦਾ ਸੰਚਾਰ ਹੋਵੇ।

ਇਸ ਦੌਰਾਨ ਸਵਾਮੀ ਰਾਜੇਸ਼ ਅਤੇ ਗੁਰੂ ਭਾਈ ਬਲਦੇਵ ਸਿੰਘ ਦੁਆਰਾ ਗੁਰਬਾਣੀ ਸ਼ਬਦ, ਭਜਨਾਂ ਦਾ ਗਾਇਨ ਕੀਤਾ ਗਿਆ। ਸਭ ਸੰਗਤਾਂ ਨੂੰ ਖਾਲਸਾ ਪੰਥ ਦਿਵਸ ਅਤੇ ਵਿਸਾਖੀ ਦੀਆਂ ਬਹੁਤ ਬਹੁਤ ਵਧਾਈਆਂ ਦਿੱਤੀਆਂ

## ਸ਼ਹਿਰ 'ਚ ਆਵਾਰਾ ਕੁੱਤਿਆਂ ਨੇ ਦੋ ਨੌਜਵਾਨਾਂ ਨੂੰ ਵੱਢਿਆ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਾਦੀਆਂ 'ਚ ਕੁੱਤਿਆਂ ਦਾ ਆਤੰਕ ਵੱਧ ਗਿਆ ਹੈ ਜਦਕਿ ਸਥਾਨਕ ਪ੍ਰਸ਼ਾਸਨ ਕੁੱਤਿਆਂ ਦੇ ਆਤੰਕ ਤੋਂ ਜਨਤਾ ਨੂੰ ਬਚਾਉਣ ਵਿੱਚ ਬੁਰੀ ਤਰਾਂ ਅਸਫ਼ਲ ਹੋ ਕੇ ਰਹਿ ਗਿਆ ਹੈ।ਆਵਾਰਾ ਕੁੱਤਿਆਂ ਨੂੰ ਕਾਬੂ ਕਰਨ ਲਈ ਨਗਰ ਕੌਂਸਲ ਕੋਲ ਕੋਈ ਪਲਾਨ ਨਹੀਂ ਹੈ।ਆਮ ਜਨਤਾ ਇਨ੍ਹਾਂ 'ਤੇ ਕਾਬੂ ਪਾ ਨਹੀਂ ਸਕਦੀ। ਤੇਜਪਾਲ ਪ੍ਰੈਸ਼ਰ, ਹੈਪੀ ਖੋਸਲਾ ਅਤੇ ਤਨਮਏ ਨੂੰ ਸ਼ਹਿਰ 'ਚ ਆਵਾਰਾ ਕੁੱਤਿਆਂ ਵੱਲੋਂ ਕੱਟਣ ਦਾ ਸਮਾਚਾਰ ਪ੍ਰਾਪਤ ਹੋਇਆ ।ਜ਼ਖ਼ਮੀ ਹੋਏ ਵਿਅਕਤੀਆਂ ਨੇ ਦੱਸਿਆ ਕਿ ਉਨ੍ਹਾਂ ਦਾ ਇਲਾਜ ਸਥਾਨਕ ਹਸਪਤਾਲ 'ਚ ਚੱਲ ਰਿਹਾ ਹੈ।ਟੀਕੇ ਲਗਾਏ ਜਾ ਰਹੇ ਹਨ।ਇਸ ਸਬੰਧ ਵਿੱਚ ਸਮਾਜ ਸੇਵਿਕਾ ਮੁਸਕਾਨ ਦਾ ਕਹਿਣਾ ਹੈ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਆਵਾਰਾ ਕੁੱਤਿਆਂ ਦੇ ਆਤੰਕ ਤੋਂ ਲੋਕਾਂ ਨੂੰ ਬਚਾਵੇ।ਉਨ੍ਹਾਂ ਕਿਹਾ ਕਿ ਵੇਖਣ 'ਚ ਆ ਰਿਹਾ ਹੈ ਕਿ ਪੂਰੇ ਪੰਜਾਬ 'ਚ ਆਵਾਰਾ ਕੁੱਤਿਆਂ ਤੋਂ ਲੋਕਾਂ ਨੂੰ ਬਚਾਉਣ ਲਈ ਕੋਈ ਯੋਜਨਾ ਪੰਜਾਬ ਸਰਕਾਰ ਵੱਲੋਂ ਨਹੀਂ ਬਣਾਈ ਗਈ।ਇਸੇ ਤਰ੍ਹਾਂ ਕੋਈ ਵੀ ਸਮਾਜ ਸੇਵੀ ਸੰਸਥਾ ਲੋਕਾਂ ਨੂੰ ਇਸ ਆਫਤ ਤੋਂ ਛੁਟਕਾਰਾ ਦਿਵਾਉਣ ਲਈ ਅੱਗੇ ਨਹੀਂ ਆ ਰਹੀ।ਸਮਾਜ ਸੇਵਕ ਜੰਗੀ ਦਾ ਕਹਿਣਾ ਹੈ ਕਿ ਪੰਜਾਬ ਇਸ ਮਸਲੇ ਨਾਲ ਨਿਜੱਠਣ ਲਈ ਤੁਰੰਤ ਪਾਲਿਸੀ ਬਣਾਏ।ਉਨ੍ਹਾਂ ਕਿਹਾ ਕਿ ਪੰਜਾਬ 'ਚ ਕਈ ਥਾਵਾਂ 'ਤੇ ਕੁੱਤਿਆਂ ਦੇ ਆਤੰਕ ਕਾਰਨ ਕਈ ਮੌਤਾਂ ਹੋ ਚੁੱਕੀਆਂ ਹਨ ਜਾਂ ਲੋਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਕੇ ਜੀਵਨ ਮੌਤ ਦੀ ਜੰਗ ਲੜ ਰਹੇ ਹਨ।ਉਨ੍ਹਾਂ ਆਸ ਪ੍ਰਗਟ ਕੀਤੀ ਕਿ ਪੰਜਾਬ ਸਰਕਾਰ ਇਸ ਬਾਰੇ ਜ਼ਰੂਰ ਜਲਦ ਕੋਈ ਫ਼ੈਸਲਾ ਲਵੇਗੀ।



## ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ 'ਚ ਪੁਜ਼ੀਸ਼ਨ ਹੋਲਡਰ ਬੱਚੇ ਸਨਮਾਨਿਤ

ਕਲਾਨੌਰ, (ਮਨਦੀਪ ਕੋਹਲੀ)-ਜ਼ਿਲ੍ਹਾ ਗੁਰਦਾਸਪੁਰ ਦੇ ਸਰਹੱਦੀ ਖੇਤਰ ਵਿੱਚ ਵਿੱਦਿਆ ਦੇ ਖੇਤਰ ਵਿੱਚ ਵੱਡੀਆਂ ਮੱਲਾਂ ਮਾਰਨ ਵਾਲੀ ਸੰਸਥਾ ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਨਤੀਜਿਆਂ ਵਿੱਚ ਬੱਚਿਆਂ ਨੇ ਵਧੀਆ ਪੁਜ਼ੀਸ਼ਨਾਂ ਹਾਸਿਲ ਕੀਤੀਆਂ। ਪੰਜਵੀਂ ਕਲਾਸ ਵਿੱਚੋਂ ਟੌਪ ਪੋਜੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਵਿੱਚ ਪਹਿਲੇ ਨੰਬਰ ਤੇ ਗੁਰਸਾਹਿਜਪ੍ਰੀਤ ਸਿੰਘ ਦੂਸਰੇ ਨੰਬਰ ਤੇ ਅਕਾਲਜੋਤ ਕੌਰ, ਹਰਸੀਰਤ ਕੌਰ, ਜਸਮੀਤ ਕੌਰ ਬਲਰਾਜ ਸਿੰਘ ਅਤੇ ਤੀਸਰੇ ਨੰਬਰ 'ਤੇ ਅਸ਼ਮੀਤ ਕੌਰ ਰਹੀ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ ਕਾਹਲੋਂ ਨੇ ਕਿਹਾ ਕਿ ਸਕੂਲ ਵਿੱਚ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਅਤੇ ਧਾਰਮਿਕ ਸਿੱਖਿਆ ਤੋਂ ਵੀ ਜਾਣੂ ਕਰਵਾਇਆ ਜਾਂਦਾ ਹੈ ਅਤੇ ਵੱਖ-ਵੱਖ ਤਰ੍ਹਾਂ ਦੀ ਜਨਰਲ ਨੌਲੇਜ ਕੁਇਜ਼ ਮੁਕਾਬਲੇਬਾਜ਼ੀ ਰਾਹੀਂ ਵੀ ਦਿੱਤੀ ਜਾਂਦੀ ਹੈ ਤਾਂ ਜੋ ਬੱਚਿਆਂ ਨੂੰ ਜ਼ਿੰਦਗੀ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਮੌਕੇ ਸਕੂਲ ਵਿੱਚੋਂ ਟੌਪ ਪੁਜ਼ੀਸ਼ਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ, ਮੈਨੇਜਮੈਂਟ ਕਮੇਟੀ ਅਤੇ ਸਟਾਫ ਵੱਲੋਂ ਸਨਮਾਨਿਤ ਕੀਤਾ ਗਿਆ।



## 'ਆਪ' ਹਰ ਵਰਕਰ ਦੀ ਕਦਰ ਕਰਦੀ ਹੈ ਤੇ ਉਸ ਨੂੰ ਉਸਦਾ ਹੱਕ ਦੇਣ 'ਚ ਯਕੀਨ ਰੱਖਦੀ ਹੈ: ਈ ਟੀ ਓ

### * ਰੰਧਾਵਾ ਨੂੰ ਪੰਜਾਬ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦਾ ਚੇਅਰਮੈਨ ਬਣਨ 'ਤੇ ਦਿੱਤੀ ਵਧਾਈ

ਤਰਸਿੱਕਾ/ਜੰਡਿਆਲਾ ਗੁਰੂ , (ਤਰਸੇਮ ਸਿੰਘ ਸਾਧਪੁਰ/ਹਰਿੰਦਰ ਪਾਲ ਸਿੰਘ )-ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਪਿੰਡ ਮਹਿਤਾ ਚੌਂਕ, ਜੰਡਿਆਲਾ ਗੁਰੂ ਵਿਖੇ ਪਹੁੰਚ ਕੇ ਸੁਖਦੇਵ ਸਿੰਘ ਰੰਧਾਵਾ ਨੂੰ ਪੰਜਾਬ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਬਣਨ 'ਤੇ ਵਧਾਈ ਦਿੱਤੀ ਹੈ।ਇਸ ਮੌਕੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣਾਂ, ਪਾਰਟੀ ਵਰਕਰ ਅਤੇ ਸਥਾਨਕ ਨੁਮਾਇੰਦਿਆਂ ਨੇ ਹਾਜ਼ਰੀ ਭਰੀ ਅਤੇ ਨਵੀਂ ਜ਼ਿੰਮੇਵਾਰੀ ਲਈ ਸ. ਸੁਖਦੇਵ ਸਿੰਘ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਸੁਖਦੇਵ ਸਿੰਘ ਰੰਧਾਵਾ ਦੀ ਇਹ ਨਿਯੁਕਤੀ ਉਨ੍ਹਾਂ ਦੀ ਲੋਕ ਸੇਵਾ ਅਤੇ ਲੋਕਾਂ ਨਾਲ ਜੁੜੇ ਰਹਿਣ ਦੇ ਸਨਮਾਨ ਵਜੋਂ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸੁਖਦੇਵ ਸਿੰਘ ਰੰਧਾਵਾ ਲੰਬੇ ਸਮੇਂ ਤੱਕ ਕਾਂਗਰਸ ਪਾਰਟੀ ਵਿੱਚ ਰਹੇ ਹਨ, ਪਰ ਸਾਲ 2024 ਵਿੱਚ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਰਾਜ ਸਰਕਾਰ ਦੀਆਂ ਇਮਾਨਦਾਰ ਨੀਤੀਆਂ ਅਤੇ ਲੋਕ-ਹਿਤੈਸ਼ੀ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸਨ।ਉਨ੍ਹਾਂ ਕਿਹਾ ਕਿ ਥੋੜ੍ਹੇ ਸਮੇਂ ਵਿੱਚ ਹੀ ਉਨ੍ਹਾਂ ਨੇ ਪਾਰਟੀ ਲਈ ਵੱਡੀ ਅਤੇ ਇਮਾਨਦਾਰ ਸੇਵਾ ਨਿਭਾਈ ਹੈ, ਜਿਸ ਦਾ ਫਲ ਉਨ੍ਹਾਂ ਨੂੰ ਇਸ ਮਹੱਤਵਪੂਰਨ ਜ਼ਿੰਮੇਵਾਰੀ ਦੇ ਰੂਪ ਵਿੱਚ ਮਿਲਿਆ ਹੈ।ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਰ ਵਰਕਰ ਦੀ ਕਦਰ ਕਰਦੀ ਹੈ ਅਤੇ ਉਸ ਨੂੰ ਉਸਦਾ ਹੱਕ ਦੇਣ ਵਿੱਚ ਯਕੀਨ ਰੱਖਦੀ ਹੈ, ਜਦਕਿ ਪਿਛਲੀਆਂ ਸਰਕਾਰਾਂ ਵਿੱਚ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਵਰਕਰਾਂ ਨੂੰ ਵੀ ਉਚਿਤ ਮਾਣ-ਸਨਮਾਨ ਨਹੀਂ ਮਿਲਦਾ ਸੀ।ਉਨ੍ਹਾਂ ਨੇ ਕਿਹਾ ਕਿ ਲੋਕਾਂ ਦੀ ਸੇਵਾ ਕਰਨ ਵਾਲੇ ਇਮਾਨਦਾਰ ਆਗੂਆਂ ਨੂੰ ਅੱਗੇ ਲਿਆਉਣਾ ਹੀ ਸਰਕਾਰ ਦਾ ਮਕਸਦ ਹੈ।ਇਸ ਮੌਕੇ ਮੰਤਰੀ ਨੇ ਸਰਵਰਿੰਦਰ ਸਿੰਘ ਨੂੰ ਵੀ ਬੈਂਕ ਦੇ ਵਾਈਸ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਵਧਾਈ ਦਿੱਤੀ।ਨਾਲ ਹੀ ਨਿਯੁਕਤ ਹੋਏ ਹੋਰ ਡਾਇਰੈਕਟਰਾਂ ਗੁਰਭੇਜ ਸਿੰਘ, ਵਿਸ਼ਾਲ ਸ਼ਰਮਾ, ਸਵਿੰਦਰ ਸਿੰਘ ਅਤੇ ਰਜਵੰਤ ਕੌਰ ਨੂੰ ਵੀ ਮੁਬਾਰਕਬਾਦ ਕਹੀ।



## ਵਿਦੇਸ਼ਾਂ 'ਚ ਪੰਜਾਬੀਆਂ ਦਾ ਕਤਲ ਹੋਣਾ ਵੱਡੀ ਚਿੰਤਾ : ਛੋਟੇਪੁਰ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕ ਪੈਂਦੇ ਪਿੰਡ ਦਰਗਾਬਾਦ ਦੇ ਸਾਬਕਾ ਸਰਪੰਚ ਅਮਰੀਕ ਸਿੰਘ ਦੇ ਹੋਣਹਾਰ ਪੁੱਤਰ ਰਜਿੰਦਰ ਸਿੰਘ ਰੰਮੀ ਜਿਸ ਦਾ ਇਟਲੀ ਦੇ ਗੁਰਦੁਆਰਾ ਮਾਤਾ ਸਾਹਿਬ ਕੌਰ ਦੇ ਸਾਹਮਣੇ ਬੀਤੇ ਦਿਨੀਂ ਗੋਲੀਆਂ ਚਲਾ ਕੇ ਇੱਕ ਹੋਰ ਸਾਥੀ ਸਮੇਤ ਕਤਲ ਕਰ ਦਿੱਤਾ ਗਿਆ ਸੀ, ਦੀ ਬੇਵਕਤੀ ਮੌਤ ਦੀ ਖਬਰ ਸੁਣਦਿਆਂ ਹੀ ਸੋਮਵਾਰ ਨੂੰ ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਪੰਜਾਬ ਵੱਲੋਂ ਪਿੰਡ ਦਰਗਾਬਾਦ ਪਹੁੰਚ ਕੇ ਰੰਮੀ ਦੇ ਪਿਤਾ ਸਾਬਕਾ ਸਰਪੰਚ ਅਮਰੀਕ ਸਿੰਘ ਸਰਪੰਚ ਅਤੇ ਸਮੁੱਚੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।ਛੋਟੇਪੁਰ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਪੰਜਾਬੀਆਂ ਦੇ ਹੋ ਰਹੇ ਕਤਲ ਵੱਡੀ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਕਿਹਾ ਕਿ ਵਿਦੇਸ਼ਾਂ ਦੀਆਂ ਸਰਕਾਰਾਂ ਅਤੇ ਭਾਰਤ ਸਰਕਾਰ ਨੂੰ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਬੇਹੱਦ ਜ਼ਰੂਰੀ ਹੈ।ਇਸ ਮੌਕੇ ਅਮਨਦੀਪ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਐਡਵੋਕੇਟ ਅਜੇ ਪਾਲ ਸਿੰਘ ਸੰਧੂ, ਪ੍ਰੋਫੈਸਰ ਧਿਆਨ ਸਿੰਘ, ਜਸਬੀਰ ਸਿੰਘ, ਬਲਦੇਵ ਸਿੰਘ, ਜਗਦੀਪ ਸਿੰਘ, ਹਰਦੇਵ ਸਿੰਘ, ਅਮਰਜੀਤ ਸਿੰਘ, ਬਲਜੀਤ ਸਿੰਘ ਆਦਿ ਇਲਾਕੇ ਦੀਆਂ ਸ਼ਖਸੀਅਤਾਂ ਹਾਜ਼ਰ ਸਨ।


**SBI STATE BANK OF INDIA**

RETAIL ASSETS CENTRAL PROCESSING CENTRE (05296), 1ST FLOOR, CIVIL LINES, FOUNTAIN CHOWK, LUDHIANA

**ਅਚੱਲ/ਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ "ਅੰਤਿਕਾ-IV-A [ ਦੇਖੋ ਰੂਲ 8 (6) ਦੀ ਵਿਵਸਥਾ ]**
**ਨਿਲਾਮੀ ਦੀ ਮਿਤੀ ਤੇ ਸਮਾਂ 24.05.2026 ਸਵੇਰੇ 11.00 ਵਜੇ ਤੋਂ ਸ਼ਾਮ 5.00 ਵਜੇ ਤੱਕ (10 ਮਿੰਟਾਂ ਦੇ ਸਵੈ-ਵਾਧਿਆਂ ਨਾਲ)**
**ਈ ਐੱਮ ਡੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ ਅਤੇ ਸਮਾਂ 23.04.2026 ਨੂੰ ਸ਼ਾਮ 5.00 ਵਜੇ ਜਾਂ ਇਸ ਤੋਂ ਪਹਿਲਾਂ**

ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਤਹਿਤ ਅਚੱਲ ਸਕਿਊਰਡ ਐੱਸਟਸ ਦੀ ਵਿਕਰੀ ਦਾ 30 ਦਿਨਾ ਨੋਟਿਸ
ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਊਰੇਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਕਟੀ ਐਕਟ 2002 ਦੇ ਤਹਿਤ ਅਚੱਲ/ਚੱਲ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ/ਚੱਲ ਜਾਇਦਾਦ ਸਕਿਊਰਡ ਕ੍ਰੈਡਿਟਰ ਕੋਲ ਗਿਰਵੀ/ਚਾਰਜ਼ਡ/ਹਾਈਪੋਥੇਕੇਟਿਡ ਹੈ, ਜਿਸ ਦਾ ਸਟੇਟ ਬੈਂਕ ਆਫ ਇੰਡੀਆ/ਸਕਿਊਰਡ ਕ੍ਰੈਡਿਟਰ ਨੇ ਸੰਬੰਧਤ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਤੋਂ ਬਕਾਇਆ ਦੀ ਵਸੂਲੀ ਲਈ ਸਟੇਟ ਬੈਂਕ ਆਫ ਇੰਡੀਆ ਦੇ ਅਧਿਕਾਰਤ ਅਫਸਰ (ਸਕਿਊਰਡ ਕ੍ਰੈਡਿਟਰ) ਵੱਲੋਂ "ਜਿਵੇਂ ਹੈ ਜਿੱਥੇ ਹੈ", "ਉਥੇ ਜੋ ਹੈ ਜਿਵੇਂ ਹੈ" ਅਤੇ "ਉਥੇ ਜੋ ਵੀ ਹੈ" ਦੇ ਆਧਾਰ 'ਤੇ 24.05.2026 ਨੂੰ ਵਿਕਰੀ ਕੀਤੀ ਜਾਵੇਗੀ। ਸੰਬੰਧਤ ਜਾਇਦਾਦਾਂ ਦੀ ਰਾਖਵੀਂ ਕੀਮਤ ਅਤੇ ਰਕਮ ਬਿਆਨਾ ਜਮ੍ਹਾਂ ਹੇਠਾਂ ਸਾਰਣੀ 'ਚ ਦਰਸਾਈ ਗਈ ਹੈ। ਆਨਲਾਈਨ ਈ-ਨਿਲਾਮੀ ਵੈੱਬ ਪੋਰਟਲ/ਵੈੱਬਸਾਈਟ https://baanknet.com ਰਾਹੀਂ ਉੱਪਰ ਦਰਸਾਈ ਮਿਤੀ ਅਤੇ ਸਮੇਂ ਤੇ ਅਸੀਮਤ 10 ਮਿੰਟਾਂ ਦੇ ਵਾਧਿਆਂ ਸਹਿਤ ਕੀਤੀ ਜਾਵੇਗੀ।

| ਕਰਜ਼ਦਾਰ ਦਾ ਨਾਂਅ | ਬਕਾਇਆ ਰਕਮ / ਕਬਜ਼ੇ ਦੀ ਮਿਤੀ | ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ ਈ ਐੱਮ ਡੀ ਵਾਧਾ ਰਕਮ | ਜਾਇਦਾਦ ਦੇ ਨਿਰੀਖਣ ਦੀ ਮਿਤੀ ਅਤੇ ਸਮਾਂ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|---|---|
| ਕਰਜ਼ਦਾਰ : ਸ੍ਰੀ ਨਰਿੰਦਰ ਸਿੰਘ ਪੁੱਤਰ ਸ੍ਰੀ ਦਲੀਪ ਸਿੰਘ, ਸ੍ਰੀਮਤੀ ਅਮਰਜੀਤ ਕੌਰ ਪਤਨੀ ਸ੍ਰੀ ਨਰਿੰਦਰ ਸਿੰਘ ਅਤੇ ਕੁਮਾਰੀ ਜਸਮੀਨ ਕੌਰ ਪੁੱਤਰੀ ਨਰਿੰਦਰ ਸਿੰਘ, ਜੈਨ ਕਾਲੋਨੀ, ਨੇੜੇ ਉਬਰਾਏ ਨਰਸਿੰਗ ਹੋਮ, 33 ਫੁੱਟ ਰੋਡ, ਭਾਮੀਆਂ-ਖੁਰਦ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। | 28.03.2026 ਨੂੰ ਰੁਪਏ 32,31,000/- ਅਤੇ ਇਸ 'ਤੇ ਵਿਆਜ / 17.06.2022 | ਤਬਾਦਲਾ ਬੈਨਾਮਾ ਵਸੀਕਾ ਨੰ. 13456 ਮਿਤੀ 27/11/2025 ਅਨੁਸਾਰ ਸ੍ਰੀਮਤੀ ਅਮਰਜੀਤ ਕੌਰ ਪਤਨੀ ਸ੍ਰੀ ਨਰਿੰਦਰ ਸਿੰਘ ਦੇ ਨਾਂਅ ਰਜਿਸਟਰਡ ਜਾਇਦਾਦ/ਮਕਾਨ ਰਕਬਾ64.44 ਵਰਗ ਗਜ਼, ਖਸਰਾ ਨੰ. 37//3, 36//22, 37//2, ਖੇਤਾ ਨੰ. 33/54, 34/55, 117/143, ਸਫਾ ਨੰ. 63, 64, 162, ਜਮ੍ਹਾਂਬੰਦੀ ਸਾਲ 2005-06, ਹਦਬਸਤ ਨੰ. 180, ਵਾਕਿਆ ਭਾਮੀਆਂ ਖੁਰਦ, ਅਬਾਦੀ ਜੈਨ ਕਾਲੋਨੀ ਵਜੋਂ ਜਾਣੀ ਜਾਂਦੀ, ਨੇੜੇ ਉਬਰਾਏ ਨਰਸਿੰਗ ਹੋਮ, 33 ਫੁੱਟ ਰੋਡ, ਭਾਮੀਆਂ ਖੁਰਦ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। | Rs. 14,40,000/- Rs. 1,44,000/- Rs. 10,000/- | 22.04.2026 10 AM To 4:00 PM | 24.05.2026 11 AM To 5:00 PM |

ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ : ਈ-ਨਿਲਾਮੀ "ਜਿਵੇਂ ਹੈ ਜਿੱਥੇ ਹੈ", "ਜੋ ਹੈ ਜਿਵੇਂ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਕੀਤੀ ਜਾਵੇਗੀ : (1) ਅਧਿਕਾਰਤ ਅਫਸਰ ਦੀ ਜਾਣਕਾਰੀ ਅਨੁਸਾਰ ਜਾਇਦਾਦ 'ਤੇ ਕੋਈ ਵੀ ਬੋਝ ਨਹੀਂ ਹੈ। ਫਿਰ ਵੀ ਚਾਹਵਾਨ ਬੋਲੀਕਾਰ ਨੂੰ ਆਪਣੀ ਬੋਲੀ ਜਮ੍ਹਾਂ ਕਰਨ ਤੋਂ ਪਹਿਲਾਂ, ਨਿਲਾਮੀ 'ਤੇ ਰੱਖੀ ਗਈ ਜਾਇਦਾਦ ਦੇ ਬੋਝ, ਸਿਰਲੇਖ ਅਤੇ ਦਾਅਵਿਆਂ/ਅਧਿਕਾਰਾਂ/ਬਕਾਇਆਂ/ਜਾਇਦਾਦ ਨੂੰ ਪ੍ਰਭਾਵਿਤ ਕਰਨ ਵਾਲੇ ਦਾਅਵਿਆਂ ਬਾਰੇ ਆਪਣੇ ਤੌਰ 'ਤੇ ਪੁੱਛਗਿੱਛ ਕਰ ਲੈਣੀ ਚਾਹੀਦੀ ਹੈ। (2) ਬੋਲੀਕਾਰਾਂ ਨੂੰ ਹੇਠਾਂ ਦਰਸਾਈਆਂ ਰਸਮਾਂ ਪਹਿਲਾਂ ਹੀ ਪੂਰੀਆਂ ਕਰ ਲੈਣੀਆਂ ਹੋਣਗੀਆਂ : ਕਦਮ 1-ਬੋਲੀਕਾਰ/ਖਰੀਦਦਾਰ ਰਜਿਸਟਰੇਸ਼ਨ : ਬੋਲੀਕਾਰ ਨੂੰ ਆਪਣੇ ਮੋਬਾਇਲ ਨੰ. ਅਤੇ ਈ-ਮੇਲ ਆਈ ਡੀ ਦੀ ਵਰਤੋਂ ਕਰਦੇ ਈ-ਨਿਲਾਮੀ ਪੋਰਟਲ https://BAANKNET.com 'ਤੇ ਰਜਿਸਟਰ ਕਰਨਾ ਹੋਵੇਗਾ। ਕਦਮ-2 ਕੇ ਵਾਈ ਸੀ ਵੈਰੀਫਿਕੇਸ਼ਨ : ਬੋਲੀਕਾਰ ਨੂੰ ਲੋੜੀਂਦੇ ਦਸਤਾਵੇਜ਼ ਅਪਲੋਡ ਕਰਨੇ ਹੋਣਗੇ। ਕੇ ਵਾਈ ਸੀ ਦਸਤਾਵੇਜ਼ ਦੀ ਪੁਸ਼ਟੀ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਦੁਆਰਾ ਕੀਤੀ ਜਾਵੇਗੀ। (ਇਸ ਵਿੱਚ ਦੋ ਕੰਮਕਾਜ਼ੀ ਦਿਨ ਲੱਗ ਸਕਦੇ ਹਨ) (3) ਈ ਐੱਮ ਡੀ ਰਕਮ ਦਾ ਉਸ ਦੇ ਗਲੋਬਲ ਈ ਐੱਮ ਡੀ ਵਾਲੇਟ ਵਿੱਚ ਟਰਾਂਸਫਰ ਕਰਨਾ। ਐੱਨ ਈ ਐੱਫ ਟੀ/ਟਰਾਂਸਫਰ ਦੀ ਵਰਤੋਂ ਕਰਕੇ ਫੰਡ ਦਾ ਆਨਲਾਈਨ/ਆਫ ਲਾਈਨ ਟਰਾਂਸਫਰ, ਈ-ਨਿਲਾਮੀ ਪੋਰਟਲ 'ਤੇ ਤਿਆਰ ਕੀਤੇ ਚਲਾਨ ਦੀ ਵਰਤੋਂ ਕਰਕੇ/ਕਦਮ 1 ਤੋਂ 3 ਬੋਲੀਕਾਰ ਦੁਆਰਾ ਈ-ਨਿਲਾਮੀ ਦੀ ਮਿਤੀ ਤੋਂ ਪਹਿਲਾਂ ਐਡਵਾਂਸ 'ਚ ਪੂਰਾ ਕੀਤਾ ਜਾਣਾ ਚਾਹੀਦਾ ਹੈ, ਪਤੇ ਦੇ ਸਬੂਤ ਦੀ ਕਾਪੀ, ਜਿਸ ਤੋਂ ਬਿਨਾਂ ਬੋਲੀ ਰੱਦ ਹੋ ਸਕਦੀ ਹੈ। ਅਨੁਸੂਚੀ-II ਅਤੇ III (ਟੈਂਡਰ ਨੋਟਿਸ 'ਚ ਦਰਸਾਈ ਗਈ ਹੈ) ਦੀ ਸਕੈਨ ਕਾਪੀ ਅਪਲੋਡ ਕਰਨਾ ਪੂਰੀ ਤਰ੍ਹਾਂ ਭਰੇ ਜਾਣ ਅਤੇ ਦਸਤਖਤ ਕਰਨ ਤੋਂ ਬਾਅਦ (3) ਬੋਲੀਆਂ ਜਮ੍ਹਾਂ ਕਰਵਾਉਣ ਅਤੇ ਈ-ਨਿਲਾਮੀ 'ਚ ਭਾਗ ਲੈਣ ਲਈ ਪਹਿਲਾਂ ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ ਲਈ ਕਿਰਪਾ ਕਰਕੇ https ://BAANKNET.com ਅਤੇ ਸਕਿਊਰਡ ਕ੍ਰੈਡਿਟਰ ਦੀ ਵੈੱਬਸਾਈਟ https//www.SBI.bank.in ਲਿੰਕ ਦਾ ਹਵਾਲਾ ਲਿਆ ਜਾਵੇ।

ਮਿਤੀ : 20.04.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

